24-APRIL-PAGE-1.qxd 4/23/2024 10:24 PM Page 1

ਬੁੱਧਵਾਰ, 24 ਅਪ੍ਰੈਲ, 2024
12 ਵਿਸਾਖ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 72
ਅੰਕ/NO. : 324

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 24 APRIL, 2024
ਜਲੰਧਰ

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

# ਸੀ ਪੀ ਆਈ ਤੇ ਸੀ ਪੀ ਐੱਮ ਵੱਲੋਂ ਪੰਜਾਬ 'ਚ ਲੋਕ ਸਭਾ ਲਈ 4 ਉਮੀਦਵਾਰਾਂ ਦਾ ਐਲਾਨ

**ਚੰਡੀਗੜ੍ਹ** : ਲੋਕ ਸਭਾ ਦੀਆਂ ਚੋਣਾਂ ਵਿਚ ਪੰਜਾਬ ਦੀਆਂ ਦੋਵਾਂ ਕਮਿਊਨਿਸਟ ਪਾਰਟੀਆਂ ਸੀ ਪੀ ਆਈ ਅਤੇ ਸੀ ਪੀ ਆਈ (ਐੱਮ) ਵੱਲੋਂ ਸਾਂਝੇ ਤੌਰ 'ਤੇ 4 ਸੀਟਾਂ ਜਲੰਧਰ, ਅੰਮ੍ਰਿਤਸਰ, ਖਡੂਰ ਸਾਹਿਬ ਅਤੇ ਫਰੀਦਕੋਟ ਲਈ ਉਮੀਦਵਾਰ ਐਲਾਨ ਦਿੱਤੇ ਹਨ।

ਜਲੰਧਰ ਤੋਂ ਸੀ ਪੀ ਆਈ (ਐੱਮ) ਦੇ ਪ੍ਰਸਿੱਧ ਟਰੇਡ ਯੂਨੀਅਨ ਆਗੂ ਪੁਰਸ਼ੋਤਮ ਲਾਲ ਬਿਲਗਾ, ਅੰਮ੍ਰਿਤਸਰ ਤੋਂ ਬੀਬੀ ਦਸਵਿੰਦਰ ਕੌਰ ਪ੍ਰਸਿੱਧ ਟਰੇਡ ਯੂਨੀਅਨ ਆਗੂ ਸੀ ਪੀ ਆਈ, ਖਡੂਰ ਸਾਹਿਬ ਤੋਂ ਸੀ ਪੀ ਆਈ ਦੇ ਗੁਰਦਿਆਲ ਸਿੰਘ ਪ੍ਰਸਿੱਧ ਖੇਤ ਮਜ਼ਦੂਰ ਆਗੂ ਅਤੇ ਫਰੀਦਕੋਟ ਤੋਂ ਸੀ ਪੀ ਆਈ ਆਗੂ ਗੁਰਚਰਨ ਸਿੰਘ ਮਾਨ ਉਮੀਦਵਾਰ ਹੋਣਗੇ, ਜਿਹੜੇ ਟਰੇਡ ਯੂਨੀਅਨ ਆਗੂ ਹਨ।

ਦੋਵਾਂ ਕਮਿਊਨਿਸਟ ਪਾਰਟੀਆਂ ਦੇ ਸਕੱਤਰਾਂ ਬੰਤ ਸਿੰਘ ਬਰਾੜ (ਸੀ ਪੀ ਆਈ) ਅਤੇ ਸੁਖਵਿੰਦਰ ਸਿੰਘ ਸੇਖੋਂ (ਸੀ ਪੀ ਆਈ ਮਾਰਕਸਵਾਦੀ) ਨੇ ਮੰਗਲਵਾਰ ਸਾਂਝੇ ਬਿਆਨ ਵਿਚ ਉਮੀਦਵਾਰਾਂ ਦਾ ਐਲਾਨ ਕਰਦਿਆਂ ਕਿਹਾ ਕਿ ਦੇਸ਼ ਅੰਦਰ ਭਾਜਪਾ ਦੀ ਫਾਸ਼ੀ ਵਿਚਾਰਾਂ ਆਧਾਰਤ ਅਗਵਾਈ ਵਾਲੇ ਐੱਨ ਡੀ ਏ ਨੂੰ ਸੱਤਾ ਤੋਂ ਬਾਹਰ ਰੱਖਣ ਲਈ ਅਤੇ ਜਮਹੂਰੀਅਤ ਅਤੇ ਸੰਵਿਧਾਨ ਦੀ ਰਾਖੀ ਲਈ ਖੱਬੀਆਂ ਪਾਰਟੀਆਂ–'ਇੰਡੀਆ ਗਠਜੋੜ' ਵਿਚ ਪ੍ਰਮੁੱਖ ਭੂਮਿਕਾ ਨਿਭਾ ਰਹੀਆਂ ਹਨ। ਦੋਵਾਂ ਆਗੂਆਂ ਨੇ ਪ੍ਰਧਾਨ ਮੰਤਰੀ ਦੇ ਬਿਆਨ, ਜਿਸ ਵਿਚ ਉਸ ਨੇ ਸਾਰੀਆਂ ਮਰਿਆਦਾਵਾਂ ਦੀ ਉਲੰਘਣਾ ਕਰਕੇ ਘੱਟ ਗਿਣਤੀਆਂ 'ਤੇ ਜ਼ੋਰਦਾਰ ਹਮਲਾ ਕਰਕੇ ਸਾਰੀਆਂ ਵਿਰੋਧੀ ਧਿਰਾਂ ਦੀਆਂ ਪਾਰਟੀਆਂ ਨੂੰ ਕਿਹਾ ਕਿ ਉਹ ਘਰਾਂ ਅਤੇ ਜਾਇਦਾਦਾਂ ਖੋਹ ਕੇ ਵਧੇਰੇ ਬੱਚੇ ਪੈਦਾ ਕਰਨ ਵਾਲਿਆਂ ਨੂੰ ਦੇ ਦੇਣਗੇ ਤੇ ਬਗੈਰ ਨਾਂਅ ਲਏ ਮੁਸਲਮਾਨਾਂ ਤੇ ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾਇਆ, ਦੀ ਸਖਤ ਨਿੰਦਾ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਹਾਰ ਵੇਖ ਕੇ ਪਾਗਲਾਂ ਵਾਲੀ ਹਰਕਤ ਵਿਚ ਆ ਗਿਆ ਹੈ ਅਤੇ ਭੱਦੀ ਸ਼ਬਦਾਵਲੀ ਦੀ ਵਰਤੋਂ ਕਰ ਰਿਹਾ ਹੈ।


ਦਸਵਿੰਦਰ ਕੌਰ, ਗੁਰਚਰਨ ਸਿੰਘ ਮਾਨ, ਗੁਰਦਿਆਲ ਸਿੰਘ ਤੇ ਪੁਰਸ਼ੋਤਮ ਲਾਲ ਬਿਲਗਾ

ਪੰਜਾਬ ਬਾਰੇ ਆਗੂਆਂ ਨੇ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀ ਨੁਕਤਾਚੀਨੀ ਕਰਦਿਆਂ ਕਿਹਾ ਕਿ ਇਹ ਦੋਵੇਂ ਪਾਰਟੀਆਂ ਦੇ ਆਗੂ ਹੰਕਾਰ ਦਾ ਸ਼ਿਕਾਰ ਹਨ, ਜਿਸ ਕਰਕੇ ਇਹ ਪੰਜਾਬ ਅੰਦਰ 'ਇੰਡੀਆ ਗਠਜੋੜ' ਕਾਇਮ ਕਰਨ ਵਿਚ ਅਸਫਲ ਰਹੇ ਹਨ। ਦੋਵਾਂ ਆਗੂਆਂ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਪੰਜਾਬ ਸੈਕੂਲਰ, ਜਮਹੂਰੀਅਤ ਅਤੇ ਆਜ਼ਾਦੀ ਦੀਆਂ ਲਹਿਰਾਂ ਦਾ ਕੇਂਦਰ ਰਿਹਾ ਹੈ। ਇਸ ਨੂੰ ਗੁਰੂਆਂ, ਬੱਬਰ ਅਕਾਲੀ, ਗਦਰੀ ਬਾਬਿਆਂ ਅਤੇ ਭਗਤ, ਸਰਾਭਿਆਂ ਦੀ ਬਖਸ਼ਿਸ਼ ਹੈ ਤੇ ਇਥੋਂ ਇਕ ਵੀ ਗੌਡਸੇ, ਹਿਟਲਰ ਅਤੇ ਅੰਗਰੇਜ਼-ਪਿੱਠੂ ਭਾਜਪਾ ਉਮੀਦਵਾਰ ਜਿੱਤ ਕੇ ਨਹੀਂ ਜਾਣ ਦਿੱਤਾ ਜਾਵੇਗਾ। ਉਹਨਾਂ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਸੰਵਿਧਾਨ, ਜਮਹੂਰੀਅਤ, ਸੈਕੂਲਰ ਅਤੇ ਫੈਡਰਲ ਢਾਂਚੇ ਵਿਚ ਵਿਸ਼ਵਾਸ ਰੱਖਣ ਵਾਲੇ ਅਤੇ ਬੇਰੁਜ਼ਗਾਰੀ ਤੇ ਗਰੀਬੀ ਦੂਰ ਕਰਨ ਵਾਲੀਆਂ ਪਾਰਟੀਆਂ ਦੇ ਉਮੀਦਵਾਰਾਂ ਨੂੰ ਜਿਤਾ ਕੇ ਸੰਸਦ ਵਿਚ ਭੇਜਣ।

# ਚੀਨ 'ਚ ਸਦੀ ਦਾ ਭਿਆਨਕ ਹੜ੍ਹ



**ਬੀਜਿੰਗ** : ਬੀਤੀ 21 ਅਪ੍ਰੈਲ ਨੂੰ ਸਾਊਥ ਚਾਇਨਾ ਦੇ ਸਮੁੰਦਰੀ ਇਲਾਕਿਆਂ 'ਚ ਇਕ ਵੱਡਾ ਤੂਫਾਨ ਟਕਰਾਇਆ, ਜਿਸ ਕਾਰਨ ਚੀਨ 'ਚ ਇਸ ਸਦੀ ਦਾ ਸਭ ਤੋਂ ਵੱਡਾ ਹੜ੍ਹ ਆ ਗਿਆ। ਇਸ 'ਚ 4 ਲੋਕਾਂ ਦੀ ਮੌਤ ਹੋ ਗਈ, ਜਦਕਿ 10 ਲੋਕ ਲਾਪਤਾ ਦੱਸੇ ਜਾ ਰਹੇ ਹਨ। ਸਥਾਨਕ ਪ੍ਰਸ਼ਾਸਨ ਹੜ੍ਹ 'ਚੋਂ ਲੋਕਾਂ ਨੂੰ ਬਚਾਉਣ ਲਈ ਰੈਸਕਿਊ ਅਭਿਆਨ ਚਲਾ ਰਿਹਾ ਹੈ। ਅਜੇ ਤੱਕ 10 ਹਜ਼ਾਰ ਲੋਕਾਂ ਨੂੰ ਸੁਰੱਖਿਅਤ ਸਥਾਨਾਂ 'ਤੇ ਪਹੁੰਚਾਇਆ ਗਿਆ ਹੈ। ਹੜ੍ਹ ਕਾਰਨ ਚੀਨ 'ਚ ਹੁਣ ਤੱਕ 165 ਕਰੋੜ ਦੇ ਨੁਕਸਾਨ ਦਾ ਖਦਸ਼ਾ ਪ੍ਰਗਟਾਇਆ ਗਿਆ ਹੈ। ਭਾਰੀ ਬਾਰਿਸ਼ ਕਾਰਨ ਗੁਆਂਗਡੋਂਗ 'ਚ ਨਦੀ, ਨਾਲਿਆਂ 'ਤੇ ਬਣੇ ਪੁਲ ਢਹਿ-ਢੇਰੀ ਹੋ ਗਏ। ਮੌਸਮ ਵਿਭਾਗ ਨੇ ਪਹਿਲਾਂ ਹੀ ਇਸ ਤੂਫ਼ਾਨ ਨੂੰ ਲੈ ਕੇ ਚੇਤਾਵਨੀ ਜਾਰੀ ਕਰ ਦਿੱਤੀ ਸੀ। ਮੰਨਿਆ ਜਾ ਰਿਹਾ ਹੈ ਇਸ ਤੂਫ਼ਾਨ ਨਾਲ 12 ਕਰੋੜ ਲੋਕ ਪ੍ਰਭਾਵਤ ਹੋ ਸਕਦੇ ਸਨ। ਦੱਸਿਆ ਜਾ ਰਿਹਾ ਹੈ ਕਿ ਸਾਊਥ ਚਾਇਨਾ 'ਚ ਰਿਹਾਇਸ਼ੀ ਇਲਾਕਿਆਂ 'ਚ 19 ਫੁੱਟ ਪਾਣੀ ਚੜ੍ਹ ਗਿਆ।

ਤੂਫਾਨ ਦਾ ਅਸਰ ਸ਼ਾਓਕਿੰਗ, ਸ਼ੋਗੁਯਾਨ, ਕਵਿੰਗਯੂਆਨ ਅਤੇ ਜਿਯਾਂਗਮੇਨ ਸ਼ਹਿਰਾਂ 'ਚ ਵੀ ਦੇਖਿਆ ਗਿਆ। ਇਨ੍ਹਾਂ ਇਲਾਕਿਆਂ 'ਚ ਲਗਾਤਾਰ ਬਾਰਿਸ਼ ਹੋ ਰਹੀ ਹੈ।

# ਲੋਕ ਸਭਾ ਚੋਣਾਂ ਲੋਕਤੰਤਰ ਤੇ ਤਾਨਾਸ਼ਾਹੀ ਵਿਚਾਲੇ ਸੰਘਰਸ਼ ਦਾ ਸਿਖਰ : ਅਰਸ਼ੀ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ/ ਐਲਿਗਜ਼ੈਂਡਰ ਡਿਸੂਜਾ)**

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਕੌਂਸਲ ਫਰੀਦਕੋਟ ਦੀ ਹੰਗਾਮੀ ਮੀਟਿੰਗ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ ਦੀ ਪ੍ਰਧਾਨਗੀ ਹੇਠ ਸਥਾਨਕ ਸ਼ਹੀਦ ਕਾਮਰੇਡ ਅਮੋਲਕ ਭਵਨ ਵਿਖੇ ਹੋਈ। ਮੀਟਿੰਗ ਨੂੰ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ 18ਵੀਂ ਲੋਕ ਸਭਾ ਲਈ ਹੋਣ ਵਾਲੀਆਂ ਚੋਣਾਂ ਲੋਕਤੰਤਰ ਅਤੇ ਤਾਨਾਸ਼ਾਹੀ ਵਿਚਕਾਰ ਪਿਛਲੇ ਸਮੇਂ ਤੋਂ ਚੱਲ ਰਹੀ ਵਿਚਾਰਧਾਰਕ ਜੰਗ ਦਾ ਸਿਖਰ ਹਨ, ਜਿਸ ਨੇ ਦੇਸ਼ ਦਾ ਭਵਿੱਖ ਤਹਿ ਕਰਨਾ ਹੈ। ਉਨ੍ਹਾ ਦੱਸਿਆ ਕਿ ਕਮਿਊਨਿਸਟ ਪਾਰਟੀ ਆਪਣੀ 98 ਸਾਲ ਪਹਿਲਾਂ ਹੋਈ ਸਥਾਪਨਾ ਤੋਂ ਲੈ ਕੇ ਲਗਾਤਾਰ ਦੇਸ਼ ਦੀ ਬਹੁਗਿਣਤੀ ਵਸੋਂ ਖਾਸ ਕਰਕੇ ਕਿਸਾਨ, ਮਜ਼ਦੂਰ, ਮੁਲਾਜ਼ਮ ਅਤੇ ਔਰਤਾਂ ਦੇ ਹੱਕਾਂ ਦੀ ਰਾਖੀ ਲਈ ਸੰਸਦ ਦੇ ਅੰਦਰ ਅਤੇ ਬਾਹਰ ਸੰਘਰਸ਼ ਕਰਦੀ ਆ ਰਹੀ ਹੈ। ਇਹ ਚੋਣਾਂ ਵੀ ਸਾਡੇ ਲੋਕ ਸੰਘਰਸ਼ਾਂ ਦਾ ਹੀ ਹਿੱਸਾ ਹਨ। ਉਨ੍ਹਾ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੂੰ ਪਾਰਟੀ ਦੇ ਫਰੀਦਕੋਟ ਹਲਕੇ ਵਿੱਚ ਚੋਣ ਲੜਨ ਲਈ ਯੋਗ ਉਮੀਦਵਾਰ ਦੀ ਸਿਫ਼ਾਰਸ਼ ਕਰਨ ਲਈ ਕਿਹਾ। ਜ਼ਿਲ੍ਹਾ ਸਕੱਤਰ ਅਸ਼ੋਕ ਕੌਸ਼ਲ ਨੇ ਸੇਵਾ-ਮੁਕਤ ਲੈਕਚਰਾਰ ਗੁਰਚਰਨ ਸਿੰਘ ਮਾਨ ਦਾ ਨਾਂਅ ਪੇਸ਼ ਕਰਦੇ ਹੋਏ ਕਿਹਾ ਕਿ ਇਸ ਸਾਥੀ ਨੇ ਨਾ ਸਿਰਫ ਇਕ ਆਦਰਸ਼ ਅਧਿਆਪਕ ਵਜੋਂ ਨਾਂਅ ਕਮਾਇਆ ਹੈ,ਸਗੋਂ ਮੁਲਾਜ਼ਮ ਸੰਘਰਸ਼ਾਂ ਅਤੇ ਜਥੇਬੰਦੀਆਂ ਵਿੱਚ ਹਮੇਸ਼ਾ ਬਿਨਾਂ ਕਿਸੇ ਅਹੁਦੇ ਦਾ ਲਾਲਚ ਕੀਤੇ ਪਿੱਛੇ ਰਹਿ ਕੇ ਡਿਊਟੀ ਨਿਭਾਈ ਹੈ।ਕਿਸਾਨ ਆਗੂ ਸੁਖਜਿੰਦਰ ਸਿੰਘ ਤੂੰਬੜਭੰਨ, ਸਾਬਕਾ ਸਰਪੰਚ ਜਗਤਾਰ ਸਿੰਘ ਭਾਣਾ ਅਤੇ ਨਰੇਗਾ ਮਜ਼ਦੂਰ ਆਗੂ ਗੋਰਾ ਪਿਪਲੀ ਨੇ ਇਸ ਦਾ ਸਮਰਥਨ ਕਰਦੇ ਹੋਏ ਮਾਸਟਰ ਗੁਰਚਰਨ ਸਿੰਘ ਮਾਨ ਨੂੰ ਮੁਲਾਜ਼ਮ ਅਤੇ ਜਨਤਕ ਸੰਘਰਸ਼ਾਂ ਦਾ ਪਰਖਿਆ ਹੋਇਆ ਆਗੂ ਕਰਾਰ ਦਿੱਤਾ। ਮੀਟਿੰਗ ਨੇ ਸਰਬਸੰਮਤੀ ਨਾਲ ਮਾਸਟਰ ਗੁਰਚਰਨ ਸਿੰਘ ਮਾਨ ਦੇ ਨਾਂਅ ਦੀ ਸਿਫਾਰਸ਼ ਕੀਤੀ। ਹਾਜ਼ਰ ਮੈਂਬਰਾਂ ਨੇ ਮੌਕੇ 'ਤੇ ਹੀ ਚੋਣ ਖਰਚਿਆਂ ਲਈ ਇਕ ਲੱਖ ਰੁਪਏ ਦੀ ਮਦਦ ਦਾ ਵਚਨ ਦਿੱਤਾ ਅਤੇ ਕਮਿਊਨਿਸਟ ਉਮੀਦਵਾਰ ਦੀ ਚੋਣ ਮੁਹਿੰਮ

● ਬਾਕੀ ਸਫ਼ਾ 2 'ਤੇ



## ਸਰਕਾਰੀ ਬੈਂਕ ਲੋਨ ਡਿਫਾਲਟਰਾਂ ਖਿਲਾਫ ਐੱਲ ਓ ਸੀ ਜਾਰੀ ਨਹੀਂ ਕਰ ਸਕਦੇ

**ਮੁੰਬਈ** : ਬੰਬੇ ਹਾਈ ਕੋਰਟ ਨੇ ਹੁਕਮ ਦਿੱਤਾ ਹੈ ਕਿ ਜਨਤਕ ਖੇਤਰ (ਸਰਕਾਰੀ) ਦੇ ਬੈਂਕਾਂ ਕੋਲ ਕਰਜ਼ਾ ਡਿਫਾਲਟਰਾਂ ਖਿਲਾਫ ਲੁੱਕ ਆਊਟ ਸਰਕੂਲਰ (ਐੱਲ ਓ ਸੀ) ਜਾਰੀ ਕਰਨ ਦਾ ਕਾਨੂੰਨੀ ਅਧਿਕਾਰ ਨਹੀਂ ਹੈ। ਅਦਾਲਤ ਦੇ ਫੈਸਲੇ ਤੋਂ ਬਾਅਦ ਅਜਿਹੇ ਬੈਂਕਾਂ ਵੱਲੋਂ ਡਿਫਾਲਟਰਾਂ ਵਿਰੁੱਧ ਜਾਰੀ ਕੀਤੇ ਸਾਰੇ ਐੱਲ ਓ ਸੀ ਰੱਦ ਹੋ ਜਾਣਗੇ। ਜਸਟਿਸ ਗੌਤਮ ਪਟੇਲ ਅਤੇ ਜਸਟਿਸ ਮਾਧਵ ਜਾਮਦਾਰ ਦੀ ਡਵੀਜ਼ਨ ਬੈਂਚ ਨੇ ਕੇਂਦਰ ਸਰਕਾਰ ਦੇ ਦਫਤਰੀ ਮੈਮੋਰੰਡਮ ਦੀ ਧਾਰਾ ਨੂੰ ਗੈਰ-ਸੰਵਿਧਾਨਕ ਕਰਾਰ ਦਿੱਤਾ, ਜਿਸ 'ਚ ਜਨਤਕ ਖੇਤਰ ਦੇ ਬੈਂਕਾਂ ਦੇ ਚੇਅਰਪਰਸਨਾਂ ਨੂੰ ਕਰਜ਼ਾ ਡਿਫਾਲਟਰਾਂ ਵਿਰੁੱਧ ਐੱਲ ਓ ਸੀ ਜਾਰੀ ਕਰਨ ਦਾ ਅਧਿਕਾਰ ਦਿੱਤਾ ਗਿਆ ਸੀ।

## ਰੋਬਿਨ ਸਾਂਪਲਾ ਆਪ 'ਚ ਸ਼ਾਮਲ



**ਚੰਡੀਗੜ੍ਹ** : ਸਾਬਕਾ ਕੇਂਦਰੀ ਮੰਤਰੀ ਤੇ ਭਾਜਪਾ ਆਗੂ ਵਿਜੇ ਸਾਂਪਲਾ ਦੇ ਰਿਸ਼ਤੇਦਾਰ ਰੋਬਿਨ ਸਾਂਪਲਾ ਮੰਗਲਵਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮਿਲ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਏ। ਉਹ 10 ਤੋਂ ਵੱਧ ਸਾਲ ਭਾਜਪਾ ਵਿਚ ਸਰਗਰਮ ਰਹੇ ਤੇ ਭਾਜਪਾ ਦੇ ਐੱਸ ਸੀ ਮੋਰਚਾ ਦੇ ਉਪ ਪ੍ਰਧਾਨ ਸਨ। ਦੱਸਿਆ ਜਾਂਦਾ ਹੈ ਕਿ ਰੋਬਿਨ ਸਾਂਪਲਾ ਦੀ ਨਜ਼ਰ ਜਲੰਧਰ ਪੱਛਮੀ ਅਸੰਬਲੀ ਸੀਟ 'ਤੇ ਹੈ, ਜਿੱਥੋਂ ਦੇ ਆਪ ਵਿਧਾਇਕ ਸ਼ੀਤਲ ਅੰਗੁਰਾਲ ਦੇ ਭਾਜਪਾ ਵਿਚ ਚਲੇ ਜਾਣ ਕਾਰਨ ਉਪ ਚੋਣ ਹੋਣੀ ਹੈ। ਹੁਸ਼ਿਆਰਪੁਰ ਤੋਂ ਲੋਕ ਸਭਾ ਲਈ ਟਿਕਟ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਦੀ ਪਤਨੀ ਅਨੀਤਾ ਸੋਮ ਪ੍ਰਕਾਸ਼ ਨੂੰ ਦੇਣ 'ਤੇ ਹਾਲ ਹੀ ਵਿਚ ਅਫਵਾਹਾਂ ਸਨ ਕਿ ਵਿਜੇ ਸਾਂਪਲਾ ਕਿਸੇ ਹੋਰ ਪਾਰਟੀ ਵਿਚ ਜਾ ਸਕਦੇ ਹਨ। ਸ਼ਨੀਵਾਰ ਸੂਬਾ ਭਾਜਪਾ ਪ੍ਰਧਾਨ ਸੁਨੀਲ ਜਾਖੜ ਵਿਜੇ ਸਾਂਪਲਾ ਨੂੰ ਮਨਾਉਣ ਹੁਸ਼ਿਆਰਪੁਰ ਗਏ ਸਨ। ਦਿਲਚਸਪ ਗੱਲ ਹੈ ਕਿ ਅਨੀਤਾ ਸੋਮ ਪ੍ਰਕਾਸ਼ ਨੂੰ ਟਿਕਟ ਦੇਣ ਤੋਂ ਬਾਅਦ ਵਿਜੇ ਸਾਂਪਲਾ ਨੇ ਆਪਣੇ 'ਐਕਸ' ਖਾਤੇ ਵਿੱਚੋਂ 'ਮੋਦੀ ਕਾ ਪਰਵਾਰ' ਟੈਗ ਹਟਾ ਲਿਆ ਸੀ ਤੇ ਅਜੇ ਤੱਕ ਬਹਾਲ ਨਹੀਂ ਕੀਤਾ।

## 12 ਸਾਲ ਦੇ ਬੱਚਿਆਂ ਨੂੰ ਜਹਾਜ਼ 'ਚ ਮਾਪਿਆਂ ਨਾਲ ਸੀਟ ਦੇਣ ਦੇ ਨਿਰਦੇਸ਼

**ਨਵੀਂ ਦਿੱਲੀ** : ਹਵਾਬਾਜ਼ੀ ਰੈਗੂਲੇਟਰ ਡੀ ਜੀ ਸੀ ਏ ਨੇ ਹਵਾਈ ਕੰਪਨੀਆਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਹੈ ਕਿ ਸਫਰ ਦੌਰਾਨ 12 ਸਾਲ ਤੱਕ ਦੇ ਬੱਚਿਆਂ ਨੂੰ ਘੱਟੋ-ਘੱਟ ਉਨ੍ਹਾਂ ਦੇ ਮਾਪਿਆਂ ਜਾਂ ਸਰਪ੍ਰਸਤਾਂ ਵਿੱਚੋਂ ਇੱਕ ਦੇ ਨਾਲ ਸੀਟਾਂ ਅਲਾਟ ਕੀਤੀਆਂ ਜਾਣ। ਅਜਿਹੇ ਕਈ ਮਾਮਲੇ ਸਾਹਮਣੇ ਆਏ ਹਨ, ਜਿੱਥੇ 12 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਸਫਰ ਦੌਰਾਨ ਉਨ੍ਹਾਂ ਦੇ ਮਾਤਾ-ਪਿਤਾ ਜਾਂ ਸਰਪ੍ਰਸਤਾਂ ਦੇ ਨਾਲ ਸੀਟ ਅਲਾਟ ਨਹੀਂ ਕੀਤੀ ਗਈ।

## ਅੱਗ ਲੱਗਣ ਨਾਲ ਦੋ ਭੈਣਾਂ ਦੀ ਮੌਤ

**ਬਠਿੰਡਾ** : ਇੱਥੇ ਨਹਿਰ ਵਾਲੇ ਪਾਸੇ ਬਣੀ ਉੜੀਆ ਕਾਲੋਨੀ 'ਚ ਮੰਗਲਵਾਰ ਸਵੇਰੇ 5 ਵਜੇ ਅੱਗ ਲੱਗਣ ਕਾਰਨ ਦੋ ਭੈਣਾਂ 6 ਸਾਲਾ ਸੰਜਣੀ ਕੁਮਾਰੀ ਤੇ 9 ਸਾਲਾ ਪ੍ਰਿਆ ਦੀ ਮੌਤ ਹੋ ਗਈ। ਕੁਝ ਜ਼ਖਮੀਆਂ ਨੂੰ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਘਟਨਾ 'ਚ ਦਰਜਨ ਤੋਂ ਵੱਧ ਝੁੱਗੀਆਂ ਸੜ ਕੇ ਸਵਾਹ ਹੋ ਗਈਆਂ।

## ਨਵਾਜ਼ ਸ਼ਰੀਫ ਚੀਨ ਗਏ

**ਲਾਹੌਰ** : ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਸੋਮਵਾਰ ਦੇਰ ਰਾਤ ਪੰਜ ਦਿਨਾਂ 'ਨਿੱਜੀ ਦੌਰੇ' 'ਤੇ ਚੀਨ ਲਈ ਰਵਾਨਾ ਹੋ ਗਏ। ਪਾਕਿਸਤਾਨ ਮੁਸਲਿਮ ਲੀਗ-ਨਵਾਜ਼ ਨੇ ਕਿਹਾ ਕਿ ਉਸ ਦੇ ਸਰਵਉੱਚ ਨੇਤਾ ਆਪਣੇ ਪੋਤੇ ਜੁਨੈਦ ਸਫਦਰ ਅਤੇ ਨਿੱਜੀ ਸਟਾਫ ਦੇ ਨਾਲ ਲਾਹੌਰ ਹਵਾਈ ਅੱਡੇ ਤੋਂ 'ਚਾਈਨਾ ਸਾਊਥ ਏਅਰਲਾਈਨਜ਼' ਦੀ ਉਡਾਣ 'ਚ ਚੀਨ ਲਈ ਰਵਾਨਾ ਹੋਏ। ਦੱਸਿਆ ਜਾਂਦਾ ਹੈ ਕਿ ਸ਼ਰੀਫ ਇਲਾਜ ਲਈ ਗਏ ਹਨ।

## ਆਸਟਰੇਲੀਅਨ ਪੱਤਰਕਾਰ ਨੂੰ ਭਾਰਤ ਛੱਡਣਾ ਪਿਆ

**ਨਵੀਂ ਦਿੱਲੀ** : ਆਸਟਰੇਲੀਅਨ ਪੱਤਰਕਾਰ ਨੇ ਮੰਗਲਵਾਰ ਦਾਅਵਾ ਕੀਤਾ ਕਿ ਭਾਰਤ ਸਰਕਾਰ ਵੱਲੋਂ ਵਰਕ ਵੀਜ਼ਾ ਵਧਾਉਣ ਤੋਂ ਇਨਕਾਰ ਕਰਨ ਮਗਰੋਂ ਉਸ ਨੂੰ ਭਾਰਤ ਛੱਡਣ ਲਈ ਮਜਬੂਰ ਹੋਣਾ ਪਿਆ। ਉਸ ਨੇ ਕਿਹਾ ਕਿ ਵੀਜ਼ੇ ਤੋਂ ਇਹ ਕਹਿ ਕੇ ਇਨਕਾਰ ਕੀਤਾ ਗਿਆ ਕਿ ਉਸ ਦੀਆਂ ਰਿਪੋਰਟਾਂ 'ਸੀਮਾਵਾਂ ਦੀ ਉਲੰਘਣਾ' ਕਰਦੀਆਂ ਹਨ। ਆਸਟਰੇਲੀਅਨ ਬਰਾਡਕਾਸਟਿੰਗ ਕਾਰਪੋਰੇਸ਼ਨ ਦੀ ਦੱਖਣੀ ਏਸ਼ੀਆ ਬਿਊਰੋ ਦੀ ਮੁਖੀ ਅਵਨੀ ਡਾਇਸ ਨੇ ਕਿਹਾ ਕਿ ਸਿੱਖ ਵੱਖਵਾਦੀ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਰਿਪੋਰਟਿੰਗ 'ਤੇ ਭਾਰਤ ਸਰਕਾਰ ਵੱਲੋਂ ਇਤਰਾਜ਼ ਕਰਨ ਬਾਅਦ ਲੋਕ ਸਭਾ ਚੋਣਾਂ ਵਾਲੇ ਦਿਨ 19 ਅਪਰੈਲ ਨੂੰ ਉਸ ਨੂੰ ਭਾਰਤ ਛੱਡਣਾ ਪਿਆ।

# ਟਪੂਸੀਮਾਰ ਜਮਹੂਰੀਅਤ ਲਈ ਚੰਗੇ ਨਹੀਂ : ਨਾਇਡੂ



**ਨਵੀਂ ਦਿੱਲੀ** : ਸਾਬਕਾ ਉਪ ਰਾਸ਼ਟਰਪਤੀ ਐੱਮ ਵੈਂਕਈਆ ਨਾਇਡੂ ਨੇ ਇੱਕ ਪਾਰਟੀ ਛੱਡ ਕੇ ਦੂਜੀ ਵੱਲੋਂ ਚੋਣ ਲੜਨ ਵਾਲੇ ਆਗੂਆਂ ਦੀ ਨੁਕਤਾਚੀਨੀ ਕਰਦਿਆਂ ਕਿਹਾ ਹੈ ਕਿ ਇਹ ਰੁਝਾਨ ਚਿੰਤਾਜਨਕ ਹੈ। ਉਨ੍ਹਾ ਕਿਹਾ— ਸਵੇਰ ਤੁਸੀਂ ਇਕ ਪਾਰਟੀ ਵਿਚ ਹੁੰਦੇ ਹੋ ਤੇ ਬਾਅਦ ਦੁਪਹਿਰ ਦੂਜੀ ਵਿਚ ਸ਼ਾਮਲ ਹੋ ਜਾਂਦੇ ਹੋ। ਅਗਲੇ ਦਿਨ ਤੁਸੀਂ ਚੋਣ ਲੜਨ ਲਈ ਟਿਕਟ ਲੈ ਲੈਂਦੇ ਹੋ। ਪਹਿਲਾਂ ਤੁਸੀਂ ਆਪਣੇ ਨਵੇਂ ਆਗੂ ਦੀਆਂ ਸਿਫਤਾਂ ਕਰਦੇ ਹੋ ਤੇ ਫਿਰ ਪੁਰਾਣੇ ਆਗੂ ਨੂੰ ਬੁਰਾ-ਭਲਾ ਕਹਿੰਦੇ ਹੋ। ਸੋਮਵਾਰ ਰਾਸ਼ਟਰਪਤੀ ਤੋਂ ਪਦਮ ਵਿਭੂਸ਼ਣ ਲੈਣ ਤੋਂ ਬਾਅਦ ਮੰਗਲਵਾਰ ਇਕ ਸਮਾਗਮ ਵਿਚ ਨਾਇਡੂ, ਜਿਹੜੇ ਭਾਜਪਾ ਦੇ ਪ੍ਰਧਾਨ ਵੀ ਰਹਿ ਚੁੱਕੇ ਹਨ, ਨੇ ਕਿਹਾ ਕਿ ਭਾਵੇਂ ਕਿ ਜਮਹੂਰੀਅਤ ਵਿਚ ਪਾਰਟੀਆਂ ਬਦਲਣ ਦੀ ਖੁੱਲ੍ਹ ਹੈ, ਪਰ ਨਵੇਂ ਜਹਾਜ਼ ਵਿਚ ਸਵਾਰ ਹੋਣ ਤੋਂ ਪਹਿਲਾਂ ਆਗੂ ਨੂੰ ਪਹਿਲੀ ਪਾਰਟੀ ਦੇ ਸਾਰੇ ਅਹੁਦੇ ਛੱਡਣੇ ਚਾਹੀਦੇ ਹਨ। ਨਾਇਡੂ ਨੇ ਇਹ ਵੀ ਕਿਹਾ ਕਿ ਦੋਸ਼ ਲਾਏ ਜਾ ਸਕਦੇ ਹਨ, ਪਰ ਗਾਲ੍ਹਾਂ 'ਤੇ ਉਤਰਨਾ ਠੀਕ ਨਹੀਂ। ਨਾਇਡੂ ਨੇ ਇਹ ਬਿਆਨ ਉਦੋਂ ਦਿੱਤਾ, ਜਦੋਂ ਭਾਜਪਾ ਨੇ ਵੱਖ-ਵੱਖ ਪਾਰਟੀਆਂ, ਖਾਸ ਕਰਕੇ ਕਾਂਗਰਸ ਦੇ ਕਈ ਆਗੂ ਆਪਣੇ ਵਿਚ ਸ਼ਾਮਲ ਕੀਤੇ ਹਨ। ਭਾਜਪਾ ਦੇ ਲੋਕ ਸਭਾ ਲਈ 433 ਉਮੀਦਵਾਰਾਂ ਵਿੱਚੋਂ ਇਕ-ਚੁਥਾਈ ਤੋਂ ਵੱਧ ਹੋਰਨਾਂ ਪਾਰਟੀਆਂ ਵਿੱਚੋਂ ਆਏ ਆਗੂ ਹਨ। ਨਾਇਡੂ ਨੇ ਚੋਣਾਂ ਮੌਕੇ ਮੁਫਤ ਤੋਹਫਿਆਂ ਦੇ ਐਲਾਨ ਨੂੰ ਵੀ ਗੈਰਸਿਹਤਮੰਦ ਰੁਝਾਨ ਦੱਸਿਆ ਹੈ। ਉਨ੍ਹਾ ਕਿਹਾ ਕਿ ਸਕੀਮਾਂ ਦਾ ਐਲਾਨ ਕਰਨ ਵੇਲੇ ਪਾਰਟੀਆਂ ਨੂੰ ਦੱਸਣਾ ਚਾਹੀਦਾ ਹੈ ਕਿ ਪੈਸੇ ਕਿੱਥੋਂ ਆਉਣਗੇ। ਉਨ੍ਹਾ ਕਿਹਾ ਕਿ ਸਿਰਫ ਸਿਹਤ ਤੇ ਸਿੱਖਿਆ ਹੀ ਮੁਫਤ ਹੋਣੀ ਚਾਹੀਦੀ ਹੈ, ਹੋਰ ਤੋਹਫਿਆਂ ਨੂੰ ਨਿਰਉਤਸ਼ਾਹ ਕੀਤਾ ਜਾਣਾ ਚਾਹੀਦਾ ਹੈ।

## ਸਲਮਾਨ ਦੇ ਘਰ 'ਤੇ ਫਾਇਰਿੰਗ ਲਈ ਵਰਤੇ ਪਿਸਤੌਲ ਨਦੀ 'ਚੋਂ ਬਰਾਮਦ

**ਮੁੰਬਈ** : ਮੁੰਬਈ ਪੁਲਸ ਦੀ ਅਪਰਾਧ ਸ਼ਾਖਾ ਨੇ ਸਲਮਾਨ ਖਾਨ ਦੀ ਰਿਹਾਇਸ਼ ਦੇ ਬਾਹਰ ਗੋਲੀਬਾਰੀ ਲਈ ਵਰਤੇ ਹਥਿਆਰਾਂ ਨੂੰ ਬਰਾਮਦ ਕਰਨ ਲਈ ਤਲਾਸ਼ੀ ਮੁਹਿੰਮ ਦੌਰਾਨ ਗੁਜਰਾਤ ਦੀ ਤਾਪੀ ਨਦੀ 'ਚੋਂ ਦੋ ਪਿਸਤੌਲ, ਮੈਗਜ਼ੀਨ ਅਤੇ ਗੋਲੀਆਂ ਬਰਾਮਦ ਕੀਤੀਆਂ ਹਨ। ਗ੍ਰਿਫਤਾਰ ਕੀਤੇ ਦੋ ਮੁਲਜ਼ਮਾਂ ਵਿੱਕੀ ਗੁਪਤਾ (24) ਅਤੇ ਸਾਗਰ ਪਾਲ (21) 14 ਅਪਰੈਲ ਨੂੰ ਗੋਲੀਬਾਰੀ ਕਰਕੇ ਮੋਟਰਸਾਈਕਲ 'ਤੇ ਫਰਾਰ ਹੋ ਗਏ ਸੀ। ਉਨ੍ਹਾਂ ਨੂੰ 16 ਅਪਰੈਲ ਨੂੰ ਗੁਜਰਾਤ ਦੇ ਭੁਜ ਕਸਬੇ ਨੇੜੇ ਗ੍ਰਿਫਤਾਰ ਕੀਤਾ ਗਿਆ ਸੀ। ਦੋਵਾਂ ਨੇ ਪੁੱਛ-ਪੜਤਾਲ ਦੌਰਾਨ ਦੱਸਿਆ ਸੀ ਕਿ ਉਹ ਮੁੰਬਈ ਤੋਂ ਸੜਕ ਰਾਹੀਂ ਸੂਰਤ ਪਹੁੰਚਣ ਤੋਂ ਬਾਅਦ ਰੇਲ ਗੱਡੀ 'ਚ ਭੁਜ ਜਾ ਰਹੇ ਸਨ ਤਾਂ ਉਨ੍ਹਾਂ ਨੇ ਹਥਿਆਰ ਰੇਲਵੇ ਪੁਲ ਤੋਂ ਤਾਪੀ ਨਦੀ 'ਚ ਸੁੱਟ ਦਿੱਤੇ ਸੀ।

## 'ਦਿਲ ਦੇ ਦੌਰੇ ਨਾਲ ਹੀ ਮੌਤ ਹੋਈ'



**ਲਖਨਊ** : ਗੈਂਗਸਟਰ ਤੋਂ ਸਿਆਸਤਦਾਨ ਬਣੇ ਮੁਖਤਾਰ ਅਨਸਾਰੀ ਦੀ ਮੰਗਲਵਾਰ ਆਈ ਵਿਸਰਾ ਟੈਸਟ ਰਿਪੋਰਟ ਵਿਚ ਕਿਹਾ ਗਿਆ ਹੈ ਕਿ ਮਰਹੂਮ ਦੇ ਸਰੀਰ 'ਚ ਜ਼ਹਿਰੀਲਾ ਤੱਤ ਨਹੀਂ ਮਿਲਿਆ। ਉਸ ਦੀ ਬਾਂਦਾ ਜ਼ਿਲ੍ਹੇ ਦੇ ਰਾਣੀ ਦੁਰਗਾਵਤੀ ਮੈਡੀਕਲ ਕਾਲਜ 'ਚ 28 ਮਾਰਚ ਨੂੰ ਜੇਲ੍ਹ 'ਚ ਸਜ਼ਾ ਕੱਟਣ ਦੌਰਾਨ ਮੌਤ ਹੋ ਗਈ ਸੀ। ਮੁਖਤਾਰ ਦੇ ਭਰਾ ਅਤੇ ਸੰਸਦ ਮੈਂਬਰ ਅਫਜ਼ਲ ਅਨਸਾਰੀ ਨੇ ਦੋਸ਼ ਲਾਇਆ ਸੀ ਕਿ ਮੁਖਤਾਰ ਨੂੰ ਜ਼ਹਿਰ ਦੇ ਕੇ ਮਾਰਿਆ ਗਿਆ। ਪੋਸਟਮਾਰਟਮ ਰਿਪੋਰਟ ਨੇ ਪੁਸ਼ਟੀ ਕੀਤੀ ਹੈ ਕਿ ਅਨਸਾਰੀ ਦੀ ਮੌਤ ਦਿਲ ਦਾ ਦੌਰਾ ਪੈਣ ਨਾਲ ਹੋਈ ਸੀ। ਅਨਸਾਰੀ ਦੇ ਪਰਿਵਾਰ ਦਾ ਦੋਸ਼ ਹੈ ਕਿ ਉਸ ਦੀ ਮੌਤ ਜੇਲ੍ਹ 'ਚ 'ਸਲੋ ਪੋਇਜ਼ਨਿੰਗ' ਕਾਰਨ ਹੋਈ ਹੈ। ਹਸਪਤਾਲ ਦੇ ਸੀਨੀਅਰ ਸੂਤਰ, ਜਿਸ ਨੇ ਪੋਸਟਮਾਰਟਮ ਜਾਂਚ ਦੀ ਨਿਗਰਾਨੀ ਕੀਤੀ, ਨੇ ਕਿਹਾ—ਮੁਖਤਾਰ ਅਨਸਾਰੀ ਦੀ ਮੌਤ ਦਾ ਕਾਰਨ ਦਿਲ ਦਾ ਦੌਰਾ ਹੈ।

## ਐੱਮ ਡੀ ਐੱਚ ਤੇ ਐਵਰੈਸਟ ਮਸਾਲਿਆਂ ਬਾਰੇ ਰਿਪੋਰਟ ਮੰਗੀ

**ਨਵੀਂ ਦਿੱਲੀ** : ਮਸਾਲਿਆਂ ਦੇ ਵਿਸ਼ਵ ਦੇ ਸਭ ਤੋਂ ਵੱਡੇ ਉਤਪਾਦਕ, ਖਪਤਕਾਰ ਅਤੇ ਨਿਰਯਾਤਕ ਭਾਰਤ ਨੇ ਸਿੰਗਾਪੁਰ ਅਤੇ ਹਾਂਗਕਾਂਗ ਦੇ ਫੂਡ ਸੇਫਟੀ ਰੈਗੂਲੇਟਰਾਂ ਤੋਂ ਦੋ ਭਾਰਤੀ ਕੰਪਨੀਆਂ ਦੇ ਮਸਾਲਾ ਉਤਪਾਦਾਂ 'ਤੇ ਪਾਬੰਦੀ ਦੇ ਸੰਬੰਧ ਵਿਚ ਵੇਰਵੇ ਮੰਗੇ ਹਨ। ਸਿੰਗਾਪੁਰ ਅਤੇ ਹਾਂਗਕਾਂਗ ਨੇ ਗੁਣਵੱਤਾ ਦੀਆਂ ਚਿੰਤਾਵਾਂ ਦੇ ਕਾਰਨ ਹਾਲ ਹੀ 'ਚ ਐੱਮ ਡੀ ਐੱਚ ਅਤੇ ਐਵਰੈਸਟ ਕੰਪਨੀਆਂ ਦੇ ਕੁਝ ਮਸਾਲਿਆਂ 'ਤੇ ਪਾਬੰਦੀ ਲਗਾ ਦਿੱਤੀ ਹੈ। ਵਣਜ ਮੰਤਰਾਲੇ ਨੇ ਇਨ੍ਹਾਂ ਦੋਵਾਂ ਦੇਸ਼ਾਂ 'ਚ ਮੌਜੂਦ ਭਾਰਤੀ ਦੂਤਘਰਾਂ ਨੂੰ ਵੀ ਇਸ ਮਾਮਲੇ 'ਤੇ ਵਿਸਥਾਰਤ ਰਿਪੋਰਟ ਭੇਜਣ ਦੇ ਨਿਰਦੇਸ਼ ਦਿੱਤੇ ਹਨ। ਮੰਤਰਾਲੇ ਨੇ ਪਾਬੰਦੀ ਦੇ ਘੇਰੇ 'ਚ ਆਈਆਂ ਦੋ ਕੰਪਨੀਆਂ ਐੱਮ ਡੀ ਐੱਚ ਅਤੇ ਐਵਰੈਸਟ ਤੋਂ ਵੀ ਵੇਰਵੇ ਮੰਗੇ ਹਨ। ਉਨ੍ਹਾਂ ਦੇ ਉਤਪਾਦਾਂ 'ਤੇ ਕਥਿਤ ਤੌਰ 'ਤੇ ਮਨਜ਼ੂਰਸ਼ੁਦਾ ਹੱਦ ਤੋਂ ਵੱਧ ਕੀਟਨਾਸ਼ਕ ਐਥਿਲੀਨ ਆਕਸਾਈਡ ਹੋਣ ਕਾਰਨ ਪਾਬੰਦੀ ਲਗਾਈ ਗਈ ਹੈ।

## ਐਕਸਟੈਨਸ਼ਨ ਨਹੀਂ ਮਿਲੀ



**ਪਟਿਆਲਾ** : ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਪ੍ਰੋ. ਅਰਵਿੰਦ ਨੂੰ ਦੁਬਾਰਾ ਐਕਸਟੈਨਸ਼ਨ ਨਹੀਂ ਮਿਲੀ। ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਯੂਨੀਵਰਸਿਟੀ ਦਾ ਚਾਰਜ ਉੱਚੇਰੀ ਸਿੱਖਿਆ ਸਕੱਤਰ ਨੂੰ ਸੌਂਪ ਦਿੱਤਾ ਹੈ।

## ਭਾਜਪਾ ਨੇ ਲੱਦਾਖ ਦੇ ਸਾਂਸਦ ਦੀ ਟਿਕਟ ਕੱਟੀ

**ਲੱਦਾਖ** : ਭਾਜਪਾ ਨੇ ਮੰਗਲਵਾਰ ਲੱਦਾਖ ਤੋਂ ਮੌਜੂਦਾ ਸੰਸਦ ਮੈਂਬਰ ਜਾਮਯਾਂਗ ਸੇਰਿੰਗ ਨਾਮਗਿਆਲ ਦੀ ਟਿਕਟ ਕੱਟ ਕੇ ਤਾਸੀ ਗਾਇਲਸਨ ਨੂੰ ਉਮੀਦਵਾਰ ਬਣਾ ਦਿੱਤਾ।

ਭਾਜਪਾ ਨੇ ਨਾਮਗਿਆਲ ਨੂੰ ਹਟਾਉਣ ਦਾ ਫੈਸਲਾ ਲੇਹ ਦੇ ਬੋਧੀਆਂ ਦੇ ਇੱਕ ਹਿੱਸੇ 'ਚ ਭਾਜਪਾ ਪ੍ਰਤੀ ਨਾਰਾਜ਼ਗੀ ਕਾਰਨ ਲਿਆ ਦੱਸਿਆ ਜਾਂਦਾ ਹੈ। ਹਲਕੇ 'ਚ 20 ਮਈ ਨੂੰ ਵੋਟਾਂ ਪੈਣੀਆਂ ਹਨ।

# ਪਿਚੋ ਗ੍ਰਿਫਤਾਰ



**ਜਲੰਧਰ (ਸੁਰਿੰਦਰ ਕੁਮਾਰ)**

ਡੀ ਜੀ ਪੀ ਗੌਰਵ ਯਾਦਵ ਨੇ ਮੰਗਲਵਾਰ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਉਦੋ ਨੰਗਲ ਦੇ ਲਵਪ੍ਰੀਤ ਸਿੰਘ ਉਰਫ ਪਿਚੋ ਨੂੰ ਇੱਕ ਮੈਗਜ਼ੀਨ ਅਤੇ ਚਾਰ ਜ਼ਿੰਦਾ ਕਾਰਤੂਸਾਂ ਸਮੇਤ ਇੱਕ .30 ਬੋਰ ਦੇ ਆਟੋਮੈਟਿਕ ਚੀਨੀ ਪਿਸਤੌਲ ਨਾਲ ਗ੍ਰਿਫਤਾਰ ਕੀਤਾ ਹੈ। ਉਸ ਨੂੰ ਜਲੰਧਰ ਦੀਆਂ ਪੁਲਸ ਟੀਮਾਂ ਨੇ ਰਾਮਾ ਮੰਡੀ ਦੇ ਇਲਾਕੇ 'ਚੋਂ ਫੜਿਆ। ਲਵਪ੍ਰੀਤ ਨੂੰ ਪਾਕਿਸਤਾਨ ਅਧਾਰਤ ਦਹਿਸ਼ਤਗਰਦਾਂ ਨੇ ਜੰਮੂ-ਕਸ਼ਮੀਰ ਖੇਤਰ ਵਿੱਚ ਟਾਰਗੇਟ ਕਿਲਿੰਗ ਨੂੰ ਅੰਜਾਮ ਦੇਣ ਦਾ ਕੰਮ ਸੌਂਪਿਆ ਹੋਇਆ ਸੀ। ਐੱਸ ਐੱਸ ਪੀ ਕਾਊਂਟਰ ਇੰਟੈਲੀਜੈਂਸ ਜਲੰਧਰ ਨਵਜੋਤ ਸਿੰਘ ਮਾਹਲ ਨੇ ਦੱਸਿਆ ਕਿ ਦੁਬਈ ਰਾਹੀਂ ਉਸ ਦੇ ਬੈਂਕ ਖਾਤੇ ਵਿੱਚ ਪੈਸੇ ਜਮ੍ਹਾਂ ਕਰਵਾਏ ਗਏ ਸਨ। ਉਸ ਨੇ ਸਰਹੱਦ ਪਾਰੋਂ ਭੇਜਿਆ ਗਿਆ ਪਿਸਤੌਲ ਸਮੇਤ ਅਸਲਾ ਜੰਮੂ-ਕਸ਼ਮੀਰ ਦੇ ਸਾਂਬਾ ਇਲਾਕੇ ਤੋਂ ਪ੍ਰਾਪਤ ਕੀਤਾ ਸੀ।

## ਫਾਟਕ 'ਤੇ ਗੱਡੀ ਖੜ੍ਹਨ ਨਾਲ ਲੋਕ ਕਾਫੀ ਖੱਜਲ ਹੋਏ

**ਡੇਰਾਬੱਸੀ** : ਮੰਗਲਵਾਰ ਸਵੇਰੇ ਈਸਾਪੁਰ ਅਤੇ ਡੇਰਾਬੱਸੀ ਦੇ ਵਿਚਕਾਰ ਕਰਾਸਿੰਗ 'ਤੇ ਮਾਲ ਗੱਡੀ ਖਰਾਬ ਹੋ ਕੇ ਰੁਕ ਗਈ। ਇਸ ਨਾਲ ਇਲਾਕੇ ਦੇ 12 ਪਿੰਡਾਂ ਦਾ ਤਿੰਨ ਘੰਟੇ ਤੋਂ ਵੱਧ ਸਮੇਂ ਤੱਕ ਆਪਸੀ ਸੰਪਰਕ ਟੁੱਟਿਆ ਰਿਹਾ। ਸਕੂਲ ਬੱਸਾਂ, ਦਫਤਰ ਜਾਣ ਵਾਲੇ ਅਤੇ ਹੋਰ ਲੋਕ ਰੇਲ ਕਰਾਸਿੰਗ ਦੇ ਦੋਵੇਂ ਪਾਸੇ ਫਸ ਗਏ। ਦੁੱਧ ਅਤੇ ਹੋਰ ਸਪਲਾਈ ਵਾਲੇ ਘੰਟਿਆਂ ਤੱਕ ਫਾਟਕ ਖੁੱਲ੍ਹਣ ਦੀ ਉਡੀਕ ਕਰਦੇ ਰਹੇ। ਲੋਕਾਂ ਨੂੰ ਆਪਣੀ ਮੰਜ਼ਿਲ 'ਤੇ ਪਹੁੰਚਣ ਲਈ ਭਾਂਖਰਪੁਰ ਵਾਲੇ ਪਾਸਿਓਂ ਪੰਜ ਕਿਲੋਮੀਟਰ ਦਾ ਰਸਤਾ ਤੈਅ ਕਰਨਾ ਪਿਆ।

## ਦੋ ਹੈਲੀਕਾਪਟਰ ਟਕਰਾਉਣ ਨਾਲ 10 ਮੌਤਾਂ



**ਕੁਆਲਾਲੰਪੁਰ** : ਮਲੇਸ਼ੀਆ ਦੇ ਦੋ ਫੌਜੀ ਹੈਲੀਕਾਪਟਰ ਆਪਸ 'ਚ ਟਕਰਾਉਣ ਕਾਰਨ ਉਨ੍ਹਾਂ 'ਚ ਸਵਾਰ ਸਾਰੇ 10 ਵਿਅਕਤੀਆਂ ਦੀ ਮੌਤ ਹੋ ਗਈ। ਹਾਦਸਾ ਉਸ ਸਮੇਂ ਹੋਇਆ, ਜਦੋਂ ਹੈਲੀਕਾਪਟਰ ਉੱਤਰੀ ਪੇਰਾਕ ਰਾਜ 'ਚ ਜਲ ਸੈਨਾ ਦੀ ਅਗਲੇ ਮਹੀਨੇ 90ਵੀਂ ਵਰ੍ਹੇਗੰਢ ਦੇ ਜਸ਼ਨਾਂ ਦੀ ਤਿਆਰੀ 'ਚ ਅਭਿਆਸ ਕਰ ਰਹੇ ਸਨ।

## ਅੱਜ-ਨਾਮਾ

ਮੁੜ-ਮੁੜ ਮਾਰਦੇ ਗੇੜੀਆਂ ਨਿੱਤ ਬੱਦਲ,
ਪਾਣੀ ਰੋਜ਼ ਉਹ ਜਾਂਦੇ ਨੇ ਛਿੜਕ ਮੀਆਂ।
ਕਦੋਂ ਆਉਂਦੇ ਤੇ ਭੂਰ ਆ ਪੈਣ ਲੱਗਦੀ,
ਲੱਗੇ ਕਦੇ ਨਾ ਰਤਾ ਕੁਝ ਬਿੜਕ ਮੀਆਂ।
ਗਲਤੀ ਕਰੇ ਜਦ ਬੰਦਾ ਤਾਂ ਕੌੜ ਖਾਈਏ,
ਉਸ ਨੂੰ ਕੋਈ ਤਾਂ ਸਕੇਗਾ ਝਿੜਕ ਮੀਆਂ।
ਅੱਗੇ ਵਾਂਗ ਨਹੀਂ ਮੌਸਮੀ ਵਹਿਣ ਮੀਆਂ,
ਗੇੜ ਕੁਦਰਤੀ ਗਿਆ ਹੈ ਤਿੜਕ ਮੀਆਂ।
ਫਸਲ ਪੱਕਣ 'ਤੇ ਕੋਈ ਹੈ ਜਦੋਂ ਆਉਂਦੀ,
ਪੁੱਜਦੇ ਬੱਦਲ ਨੇ ਬਾਘੀਆਂ ਪਾਉਣ ਮੀਆਂ।
ਮੁਆਵਜ਼ਾ ਦੇਣ ਦੇ ਨਾਅਰੇ ਆ ਸੁਣੇ ਜਾਂਦੇ,
ਸਿਆਸਤ ਲੱਗੇ ਜੀ ਰੰਗ ਜਮਾਉਣ ਮੀਆਂ।

-ਤੀਸ ਮਾਰ ਖਾਂ

# ਸੁਪਰੀਮ ਕੋਰਟ ਨੇ ਮਹਿੰਗੇ ਇਲਾਜ 'ਤੇ ਆਈ ਐੱਮ ਏ ਨੂੰ ਲਪੇਟੇ 'ਚ ਲਿਆ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਗੁੰਮਰਾਹਕੁੰਨ ਇਸ਼ਤਿਹਾਰਬਾਜ਼ੀ ਲਈ ਬਾਬਾ ਰਾਮਦੇਵ ਤੇ ਆਚਾਰੀਆ ਬਾਲਕ੍ਰਿਸ਼ਨ ਨੂੰ ਮੰਗਲਵਾਰ ਵੀ ਪੂਰੀ ਤਰ੍ਹਾਂ ਨਹੀਂ ਬਖਸ਼ਿਆ, ਪਰ ਨਾਲ ਹੀ ਉਨ੍ਹਾਂ ਖਿਲਾਫ ਪਟੀਸ਼ਨ ਦਾਇਰ ਕਰਨ ਵਾਲੀ ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈ ਐੱਮ ਏ) ਨੂੰ ਵੀ ਲਪੇਟੇ ਵਿਚ ਲੈਂਦਿਆਂ ਕਿਹਾ ਕਿ ਡਾਕਟਰ ਮਹਿੰਗੀਆਂ ਦਵਾਈਆਂ ਤੇ ਇਲਾਜ ਦੀ ਸਿਫਾਰਸ਼ ਕਿਉਂ ਕਰਦੇ ਹਨ।

ਜਸਟਿਸ ਹਿਮਾ ਕੋਹਲੀ ਤੇ ਜਸਟਿਸ ਅਹਿਸਾਨੁਦੀਨ ਅਮਾਨਉੱਲ੍ਹਾ ਦੀ ਬੈਂਚ ਨੇ ਕਿਹਾ—ਆਈ ਐੱਮ ਏ ਨੂੰ ਵੀ ਜ਼ਬਤ ਵਿਚ ਰਹਿਣ ਦੀ ਲੋੜ ਹੈ। ਆਈ ਐੱਮ ਏ ਦੇ ਅਨੈਤਿਕ ਵਿਹਾਰ ਦੀਆਂ ਕਈ ਸ਼ਿਕਾਇਤਾਂ ਹਨ। ਇਸ ਦੇ ਡਾਕਟਰ ਪੈਸੇ ਖਾਤਰ ਬਹੁਤ ਹੀ ਮਹਿੰਗੀਆਂ ਦਵਾਈਆਂ ਦੀ ਸਿਫਾਰਸ਼ ਕਰਦੇ ਹਨ।

ਆਈ ਐੱਮ ਏ ਦੇ ਵਕੀਲ ਪੀ ਐੱਸ ਪਟਵਾਲੀਆ ਨੇ ਕਿਹਾ ਕਿ ਉਹ ਬੈਂਚ ਵੱਲੋਂ ਉਠਾਏ ਮੁੱਦਿਆਂ ਦਾ ਜਵਾਬ ਦੇਣਗੇ।

ਬੈਂਚ ਨੇ ਸੁਣਵਾਈ ਦਾ ਘੇਰਾ ਵਧਾਉਂਦਿਆਂ ਕਿਹਾ—ਅਸੀਂ ਸਿਰਫ ਇਕ ਖਾਸ ਪਾਰਟੀ ਜਾਂ ਕੰਪਨੀ ਨਾਲ ਹੀ ਨਹੀਂ ਨਜਿੱਠ ਰਹੇ। ਇਹ ਜਨਹਿਤ ਪਟੀਸ਼ਨ ਹੈ। ਇਹ ਸਿਰਫ ਪਤੰਜਲੀ ਆਯੁਰਵੈਦ ਤੇ ਇਸ ਦੇ ਬਾਨੀਆਂ ਖਿਲਾਫ ਹੀ ਨਹੀਂ। ਹੋਰ ਐੱਫ ਐੱਮ ਸੀ ਜੀ (ਫਾਸਟ-ਮੂਵਿੰਗ ਕੰਜ਼ਿਊਮਰ ਗੁਡਜ਼) ਕੰਪਨੀਆਂ ਵੀ ਗੁੰਮਰਾਹਕੁੰਨ ਇਸ਼ਤਿਹਾਰਬਾਜ਼ੀ ਕਰ ਰਹੀਆਂ ਹਨ, ਖਾਸ ਕਰਕੇ ਨਿੱਕੇ ਬੱਚਿਆਂ, ਸਕੂਲ ਜਾਂਦਿਆਂ ਬੱਚਿਆਂ ਤੇ ਬਜ਼ੁਰਗਾਂ ਦੀ ਸਿਹਤ ਨੂੰ ਨੁਕਸਾਨ ਪਹੁੰਚਾ ਰਹੀਆਂ ਹਨ।

## ਰਾਮਦੇਵ ਤੋਂ ਅਖ਼ਬਾਰਾਂ 'ਚ ਕਢਵਾਏ ਮੁਆਫੀਨਾਮੇ ਦਾ ਸਾਈਜ਼ ਪੁੱਛਿਆ



ਬੈਂਚ ਨੇ ਇਸ ਮਾਮਲੇ ਵਿਚ ਖਪਤਕਾਰ ਮਾਮਲਿਆਂ ਦੇ ਮੰਤਰਾਲੇ, ਆਯੂਸ਼ ਮੰਤਰਾਲੇ ਤੇ ਸੂਚਨਾ ਤੇ ਤਕਨਾਲੋਜੀ ਮੰਤਰਾਲੇ ਨੂੰ ਵੀ ਪਾਰਟੀ ਬਣਾ ਲਿਆ ਤੇ ਉਨ੍ਹਾਂ ਨੂੰ ਵੱਖ-ਵੱਖ ਮੁੱਦਿਆਂ 'ਤੇ ਆਪਣਾ ਸਟੈਂਡ ਦੱਸਣ ਲਈ ਕਿਹਾ।

ਆਈ ਐੱਮ ਏ ਨੇ ਪਤੰਜਲੀ ਖਿਲਾਫ ਆਪਣੀ ਪਟੀਸ਼ਨ ਵਿਚ ਕਿਹਾ ਕਿ ਉਸ ਨੇ ਕੋਰੋਨਾ ਮਹਾਂਮਾਰੀ ਦੌਰਾਨ ਐਲੋਪੈਥਿਕ ਪ੍ਰਣਾਲੀ ਤੇ ਡਾਕਟਰਾਂ ਦਾ ਵਿਰੋਧ ਕੀਤਾ ਤੇ ਆਪਣੀਆਂ ਦਵਾਈਆਂ ਨੂੰ ਬਿਨਾਂ ਸਬੂਤਾਂ ਦੇ ਸਹੀ ਦੱਸਿਆ।

ਯੋਗ ਗੁਰੂ ਰਾਮਦੇਵ ਅਤੇ ਪਤੰਜਲੀ ਆਯੁਰਵੇਦ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਬਾਲਕ੍ਰਿਸ਼ਨ ਨੇ ਮੰਗਲਵਾਰ ਸੁਪਰੀਮ ਕੋਰਟ ਦੀ ਬੈਂਚ ਨੂੰ ਦੱਸਿਆ ਕਿ ਉਨ੍ਹਾਂ ਨੇ ਭਰਮਾਊ ਇਸ਼ਤਿਹਾਰ ਮਾਮਲੇ 'ਚ ਉਨ੍ਹਾਂ ਵੱਲੋਂ ਕੀਤੀਆਂ ਗਲਤੀਆਂ ਲਈ ਅਖਬਾਰਾਂ 'ਚ ਬਿਨਾਂ ਸ਼ਰਤ ਮੁਆਫੀ ਮੰਗ ਲਈ ਹੈ। ਜਸਟਿਸ ਕੋਹਲੀ ਨੇ ਪੁੱਛਿਆ ਕਿ ਜਿਸ ਤਰ੍ਹਾਂ ਤੁਸੀਂ ਆਪਣੀ ਮਸ਼ਹੂਰੀ ਕਰਨ ਲਈ ਇਸ਼ਤਿਹਾਰ ਦਿੰਦੇ ਸੀ, ਇਹ ਇਸ਼ਤਿਹਾਰ ਵੀ ਉਸੇ ਸਾਈਜ਼ ਦੇ ਹਨ। ਕ੍ਰਿਪਾ ਕਰਕੇ ਇਸ ਦੀ ਕਟਿੰਗ ਸਾਨੂੰ ਭਿਜਵਾਇਓ। ਅਸੀਂ ਸਾਈਜ਼ ਦੇਖਣਾ ਚਾਹੁੰਦੇ ਹਾਂ। ਚੰਗੀ ਤਰ੍ਹਾਂ ਪੜ੍ਹੇ ਜਾਣ ਵਾਲੇ ਹੋਣ। ਦੂਰਬੀਨ ਨਾਲ ਪੜ੍ਹੇ ਜਾਣ ਵਾਲੇ ਨਾ ਹੋਣ।

ਰਾਮਦੇਵ ਅਤੇ ਬਾਲਕ੍ਰਿਸ਼ਨ ਦੇ ਵਕੀਲ ਮੁਕੁਲ ਰੋਹਤਗੀ ਨੇ ਬੈਂਚ ਨੂੰ ਕਿਹਾ ਕਿ ਉਹ ਆਪਣੀਆਂ ਗਲਤੀਆਂ ਲਈ ਬਿਨਾਂ ਸ਼ਰਤ ਮੁਆਫੀ ਮੰਗਣ ਲਈ ਵਾਧੂ ਇਸ਼ਤਿਹਾਰ ਵੀ ਜਾਰੀ ਕਰਨਗੇ। ਉਨ੍ਹਾਂ ਨੇ ਸੋਮਵਾਰ ਨੂੰ ਦੇਸ਼ ਭਰ ਦੇ 67 ਅਖਬਾਰਾਂ 'ਚ ਮੁਆਫੀਨਾਮਾ ਪ੍ਰਕਾਸ਼ਤ ਕੀਤਾ ਹੈ। ਬੈਂਚ ਨੇ ਮਾਮਲੇ ਦੀ ਅਗਲੀ ਸੁਣਵਾਈ 30 ਅਪਰੈਲ ਤੈਅ ਕੀਤੀ ਹੈ।

## ਕੇਜਰੀਵਾਲ ਨੂੰ ਏਮਜ਼ ਦੀ ਸਲਾਹ 'ਤੇ ਦਿੱਤੀ ਇਨਸੁਲਿਨ



**ਨਵੀਂ ਦਿੱਲੀ** : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਬਲੱਡ ਸ਼ੂਗਰ ਵਧਣ ਤੋਂ ਬਾਅਦ ਇਨਸੁਲਿਨ ਦਿੱਤੀ ਗਈ ਹੈ। ਤਿਹਾੜ ਜੇਲ੍ਹ ਦੇ ਅਧਿਕਾਰੀ ਨੇ ਕਿਹਾ ਕਿ ਏਮਜ਼ ਦੇ ਡਾਕਟਰਾਂ ਦੀ ਸਲਾਹ 'ਤੇ ਕੇਜਰੀਵਾਲ ਨੂੰ ਸੋਮਵਾਰ ਸ਼ਾਮ ਨੂੰ ਘੱਟ-ਡੋਜ਼ ਵਾਲੀ ਇਨਸੁਲਿਨ ਦੀਆਂ ਦੋ ਯੂਨਿਟਾਂ ਦਿੱਤੀਆਂ ਗਈਆਂ। ਸ਼ਾਮ 7 ਵਜੇ ਕੇਜਰੀਵਾਲ ਦਾ ਸ਼ੂਗਰ ਲੈਵਲ 217 ਨਿਕਲਿਆ, ਜਿਸ ਤੋਂ ਬਾਅਦ ਜੇਲ੍ਹ ਦੇ ਡਾਕਟਰਾਂ ਨੇ ਇਨਸੁਲਿਨ ਦੇਣ ਦਾ ਫੈਸਲਾ ਕੀਤਾ।

ਇਸੇ ਦੌਰਾਨ ਸਪੈਸ਼ਲ ਜੱਜ ਕਾਵੇਰੀ ਬਵੇਜਾ ਨੇ ਦਿੱਲੀ ਸ਼ਰਾਬ ਨੀਤੀ ਮਾਮਲੇ 'ਚ ਕੇਜਰੀਵਾਲ ਤੇ ਬੀ ਆਰ ਐੱਸ ਆਗੂ ਕੇ ਕਵਿਤਾ ਦੀ ਨਿਆਂਇਕ ਹਿਰਾਸਤ 7 ਮਈ ਤੱਕ ਵਧਾ ਦਿੱਤੀ ਹੈ।

## ਹੋਲੀ ਹਾਰਟ ਸਕੂਲ 'ਚ ਯੋਗ ਆਸਣ ਬਾਰੇ ਜਾਣਕਾਰੀ ਦਿੱਤੀ



ਅਜੀਤਵਾਲ (ਨਛੱਤਰ ਸੰਧੂ)-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਸਰੀਰਕ ਸੰਭਾਲ ਤੇ ਤੰਦਰੁਸਤੀ ਬਰਕਰਾਰ ਰੱਖਣ ਲਈ ਅਧਿਆਪਕਾਵਾਂ ਦੀ ਅਗਵਾਈ ਹੇਠ ਵਿਦਿਆਰਥੀਆਂ ਨੂੰ ਯੋਗ ਆਸਣ ਤੇ ਧਿਆਨ ਲਾਉਣ ਸੰਬੰਧੀ ਜਾਣਕਾਰੀ ਦਿੱਤੀ ਤੇ ਦੱਸਿਆ ਕਿ ਕਿਵੇਂ ਅਲੱਗ-ਅਲੱਗ ਪ੍ਰਕਾਰ ਦੇ ਆਸਣ ਜਿਵੇਂ ਧਨੁਸ਼ ਆਸਣ, ਸੀਸ ਆਸਣ, ਚੱਕਰ ਆਸਣ, ਹਲ਼ ਆਸਣ ਆਦਿ ਰਾਹੀਂ ਤਣਾਅ ਭਰੀ ਜਿੰਦਗੀ ਵਿੱਚ ਤਨ ਅਤੇ ਮਨ ਨੂੰ ਤਾਜ਼ਾ ਰੱਖਿਆ ਜਾ ਸਕਦਾ ਹੈ।ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਕੂਲ ਚੇਅਰਮੈਨ ਸ਼ੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਦੱਸਿਆ ਕਿ ਯੋਗ ਅਜਿਹੀ ਕਸਰਤ ਹੈ, ਜਿਸ ਰਾਹੀਂ ਭਿਆਨਕ ਬਿਮਾਰੀਆਂ ਤੋਂ ਛੁਟਕਾਰਾ ਪਾ ਕੇ ਤੰਦਰੁਸਤੀ ਭਰੀ ਜਿੰਦਗੀ ਹਾਸਲ ਕੀਤੀ ਜਾ ਸਕਦੀ ਹੈ।ਉਨ੍ਹਾਂ ਬੱਚਿਆਂ ਤੇ ਵੱਡਿਆਂ ਨੂੰ ਅੱਧਾ ਘੰਟਾ ਯੋਗ ਜਾਂ ਕਸਰਤ ਕਰਨ ਦੀ ਅਪੀਲ ਕੀਤੀ।ਇਸ ਮੌਕੇ ਸਕੂਲ ਸਟਾਫ਼ ਤੇ ਵਿਦਿਆਰਥੀ ਮੌਜੂਦ ਰਹੇ।

## ਖਾਲਸਾ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜੇ ਵਿੱਚ ਖਾਲਸਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਸਕੂਲ ਪ੍ਰਿੰਸੀਪਲ ਹਰਿੰਦਰਪਾਲ ਕੌਰ ਤੂਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹੋਣਹਾਰ ਵਿਦਿਆਰਥਣ ਕੋਮਲਪ੍ਰੀਤ ਕੌਰ ਨੇ 650 'ਚੋਂ 605 ਅੰਕ ਹਾਸਲ ਕਰਕੇ ਪਹਿਲਾ, ਅਰਸ਼ਪ੍ਰੀਤ ਕੌਰ ਨੇ 587 ਅੰਕਾਂ ਨਾਲ ਦੂਸਰਾ ਤੇ ਅਮਨਦੀਪ ਕੌਰ ਨੇ 562 ਅੰਕ ਹਾਸਲ ਕਰਕੇ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਬਲਜਿੰਦਰ ਸਿੰਘ ਤੂਰ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਸਭ ਸੂਝਵਾਨ ਮੈਨੇਜਮੈਂਟ ਕਮੇਟੀ, ਅਣਥੱਕ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਮਿਹਨਤ ਦਾ ਨਤੀਜਾ ਹੈ ਕਿ ਸਕੂਲ ਸਾਲ ਦਰ ਸਾਲ ਅਕਾਦਮਿਕ ਖੇਤਰ ਵਿੱਚ ਬੁਲੰਦੀਆਂ ਛੂਹ ਰਿਹਾ ਹੈ। ਇਸ ਮੌਕੇ ਵਾਈਸ ਪ੍ਰਿੰਸੀਪਲ ਰੀਨਾ ਮਲਹੋਤਰਾ, ਮੈਨੇਜਰ ਸੁਖਦੇਵ ਸਿੰਘ, ਅਮਰਿੰਦਰ ਸਿੰਘ, ਮੈਡਮ ਹਰਜੋਤ ਕੌਰ, ਮੈਡਮ ਜਗਦੀਪ ਕੌਰ, ਮੈਡਮ ਨੀਸ਼ਾ, ਮੈਡਮ ਗੁਰਪ੍ਰੀਤ ਕੌਰ, ਗੁਰਿੰਦਰ ਸਿੰਘ ਹਾਜ਼ਰ ਸਨ।

## ਲੋਕ ਜਨ ਸ਼ਕਤੀ ਪਾਰਟੀ 'ਚ ਬੀਬੀਆਂ ਦਾ ਜਥਾ ਸ਼ਾਮਲ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਬੀਤੇ ਦਿਨ ਲੋਕ ਜਨ ਸ਼ਕਤੀ ਪਾਰਟੀ (ਰਾਮ ਵਿਲਾਸ) ਹਲਕਾ ਪਟਿਆਲਾ ਦੇ ਉਮੀਦਵਾਰ ਚਮਕੀਲਾ ਸਿੰਘ ਦੀ ਅਗਵਾਈ ਵਿੱਚ ਮੁੱਖ ਦਫਤਰ ਸਮਾਣਾ ਸ਼ਹਿਰ ਵਿੱਚ ਘੱਗੇ ਸ਼ਹਿਰ ਤੋਂ ਸਵਰਨੋ ਕੌਰ, ਜਸਵਿੰਦਰ ਕੌਰ, ਜਸਪਾਲ ਕੌਰ, ਹਰਮੇਲ ਕੌਰ ਦੀ ਅਗਵਾਈ ਵਿੱਚ ਬੀਬੀਆਂ ਦਾ ਜੱਥਾ ਲੋਕ ਜਨ ਸ਼ਕਤੀ ਪਾਰਟੀ ਵਿੱਚ ਸ਼ਾਮਲ ਹੋਇਆ, ਜਿਨ੍ਹਾਂ ਨੇ ਲੋਕ ਜਨ ਸ਼ਕਤੀ ਪਾਰਟੀ ਦੇ ਉਮੀਦਵਾਰ ਚਮਕੀਲਾ ਸਿੰਘ ਨਾਲ ਮੀਟਿੰਗ ਕੀਤੀ ਤੇ ਉਸ ਨੂੰ ਵੱਧ ਤੋਂ ਵੱਧ ਵੋਟਾਂ ਪਵਾਉਣ ਦਾ ਵਾਅਦਾ ਕੀਤਾ।ਇਸ ਮੀਟਿੰਗ ਵਿੱਚ ਮੁੱਖ ਸਲਾਹਕਾਰ ਬਲਦੇਵ ਸਿੰਘ, ਜਨਰਲ ਸੈਕਟਰੀ ਜਗਪਾਲ ਸਿੰਘ, ਨਰਿੰਦਰਪਾਲ ਸਿੰਘ, ਮਨਪ੍ਰੀਤ ਕੌਰ ਹਾਜ਼ਰ ਹੋਏ।

## ਸਵਾਮੀ ਰੂਪ ਚੰਦ ਜੈਨ ਸਕੂਲ 'ਚ ਅਰਥ ਡੇ ਮਨਾਇਆ



ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)-ਸਵਾਮੀ ਰੂਪ ਚੰਦ ਜੈਨ ਸਕੂਲ ਵਿੱਚ ਅਰਥ ਡੇ ਮਨਾਇਆ ਗਿਆ।ਇਸ ਮੌਕੇ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਧਰਤੀ ਦਿਵਸ ਨਾਲ ਸੰਬੰਧਤ ਕਈ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਦਾ ਮੁੱਖ ਮੰਤਵ ਬੱਚਿਆਂ ਨੂੰ ਆਪਣੀ ਧਰਤੀ ਪ੍ਰਤੀ ਜਾਗਰੂਕ ਕਰਨਾ, ਜਨਤਕ ਜੀਵਨ ਵਿੱਚ ਇਸ ਦਾ ਸਤਿਕਾਰ ਪੈਦਾ ਕਰਨਾ ਤੇ ਇਸ ਦੀ ਮਹੱਤਤਾ ਬਾਰੇ ਦੱਸਣਾ ਅਤੇ ਇਸ ਨੂੰ ਸੁਰੱਖਿਅਤ ਰੱਖਣ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਦੇਣਾ ਹੈ।ਇਸ ਮੌਕੇ ਧਰਤੀ ਦਿਵਸ ਨਾਲ ਸੰਬੰਧਤ ਕਈ ਗਤੀਵਿਧੀਆਂ ਕਰਵਾਈਆਂ।ਇਨ੍ਹਾਂ ਗਤੀਵਿਧੀਆਂ ਵਿੱਚ ਪਹਿਲੀ ਕਲਾਸ ਤੋਂ ਲੈ ਕੇ ਬਾਰਵੀਂ ਕਲਾਸ ਦੇ ਸਾਰੇ ਬੱਚਿਆਂ ਨੇ ਬੜੀ ਦਿਲਚਸਪੀ ਨਾਲ ਹਿੱਸਾ ਲਿਆ।ਹਰ ਜਮਾਤ ਦੇ ਵਿਦਿਆਰਥੀਆਂ ਵੱਲੋਂ ਗਮਲਿਆਂ 'ਚ ਸੁੰਦਰ ਪੌਦੇ ਲਗਾ ਕੇ ਆਪਣਾ ਯੋਗਦਾਨ ਪਾਇਆ ਗਿਆ। ਆਰਟ ਐਂਡ ਕ੍ਰਾਫਟ ਦੇ ਵਿਦਿਆਰਥੀਆਂ ਵੱਲੋਂ ਪੋਸਟਰ ਮੇਕਿੰਗ ਗਤੀਵਿਧੀਆਂ ਵੀ ਕਰਵਾਈਆਂ ਗਈਆਂ, ਜਿਸ ਵਿੱਚ ਵਾਤਾਵਰਨ ਦੀ ਸਾਂਭ ਸੰਭਾਲ ਦੇ ਸੁੰਦਰ ਤੇ ਲਾਜਵਾਬ ਨਮੂਨਿਆਂ ਦੀ ਪੇਸ਼ਕਾਰੀ ਕੀਤੀ ਗਈ।ਪ੍ਰਿੰਸੀਪਲ ਰਾਜਪਾਲ ਕੌਰ ਨੇ ਇਨ੍ਹਾਂ ਬੱਚਿਆਂ ਦੀ ਕਾਰਗੁਜ਼ਾਰੀ ਤੇ ਉਨ੍ਹਾਂ ਦੀ ਪ੍ਰਸੰਸਾ ਕਰਦਿਆਂ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ। ਬੱਚਿਆਂ ਨੂੰ 'ਅਰਥ ਡੇ' ਨਾਲ ਸੰਬੰਧਤ ਜਾਣਕਾਰੀ ਦਿੱਤੀ ਗਈ। ਅੰਤ ਵਿੱਚ ਸਾਰਿਆਂ ਵੱਲੋਂ ਸਹੁੰ ਚੁੱਕ ਕੇ ਧਰਤੀ ਮਾਤਾ ਦੀ ਸਾਂਭ ਸੰਭਾਲ ਕਰਨ ਲਈ ਪ੍ਰਣ ਕੀਤਾ ਗਿਆ।

## ਧਰਤੀ ਦਿਵਸ ਮੌਕੇ ਪੋਸਟਰ ਮੇਕਿੰਗ ਤੇ ਕਵਿਤਾ ਉਚਾਰਨ ਮੁਕਾਬਲੇ



ਫਰੀਦਕੋਟ (ਐਲਿਗਜ਼ੈਂਡਰ ਡਿਸੂਜਾ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੱਤੀ ਰੋੜੀ, ਡੱਗੋ ਰੋਮਾਣਾ, ਫਰੀਦਕੋਟ ਵਿਖੇ ਵਿਸ਼ਵ ਧਰਤੀ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦਿਵਸ ਦੀ ਮਹੱਤਤਾ ਬਾਰੇ ਦੱਸਦੇ ਹੋਏ ਸਾਇੰਸ ਅਧਿਆਪਿਕਾ ਪ੍ਰੀਤੀ ਗੋਇਲ ਨੇ ਵਿਦਿਆਰਥੀਆਂ ਨੂੰ ਧਰਤੀ 'ਤੇ ਜੀਵਨ ਦੀ ਹੋਂਦ ਬਾਰੇ ਦੱਸਿਆ। ਇਸ ਮੌਕੇ ਵੱਖ ਵੱਖ ਤਰ੍ਹਾਂ ਦੇ ਮੁਕਾਬਲੇ ਸਕੂਲ ਵਿੱਚ ਕਰਵਾਏ ਗਏ। ਪੋਸਟਰ ਮੇਕਿੰਗ, ਕਵਿਤਾ ਉਚਾਰਨ ਅਤੇ ਹਰਪ੍ਰੀਤ ਸਿੰਘ ਦੀ ਮਦਦ ਨਾਲ ਧਰਤੀ ਬਚਾਓ ਰੈਲੀ ਵਿਦਿਆਰਥੀਆਂ ਦੁਆਰਾ ਆਲੇ ਦੁਆਲੇ ਦੇ ਪਿੰਡਾਂ ਵਿੱਚ ਕੱਢੀ ਗਈ। ਧਰਤੀ ਦਿਵਸ 2024 ਦੀ ਥੀਮ ਦਾ ਸਿਰਲੇਖ ਪਲੈਨਟ ਵਰਸਿਸ ਪਲਾਸਟਿਕ ਰੱਖਿਆ ਗਿਆ। ਇਸ ਮੌਕੇ ਪ੍ਰਿੰਸੀਪਲ ਕਰਨਜੀਤ ਕੌਰ ਨੇ ਬੱਚਿਆਂ ਨੂੰ ਧਰਤੀ ਦਿਵਸ ਬਾਰੇ ਦੱਸਿਆ ।ਇਹ ਸਾਰੀਆਂ ਗਤੀਵਿਧੀਆਂ ਸਾਇੰਸ ਮਿਸਟ੍ਰੈਸ ਪ੍ਰੀਤੀ ਗੋਇਲ ਅਤੇ ਸ ਸ ਮਿਸਟ੍ਰੈਸ ਰਮਨਦੀਪ ਕੌਰ ਦੀ ਯੋਗ ਅਗਵਾਈ ਵਿੱਚ ਕਰਵਾਈਆਂ ਗਈਆਂ।ਇਸ ਮੌਕੇ ਸਮੂਹ ਸਟਾਫ ਹਾਜ਼ਰ ਸੀ।

## ਸਿਲਵਰ ਓਕਸ ਸਕੂਲ ਦੇ ਬੱਚਿਆਂ ਨੇ ਬਾਜ਼ੀ ਮਾਰੀ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਰੋਲਰ ਸਕੇਟਸ ਫੈਡਰੇਸ਼ਨ ਆਫ ਇੰਡੀਆ ਵੱਲੋਂ ਕਰਾਏ ਗਏ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਦੇ ਬੱਚਿਆਂ ਵੱਲੋਂ ਸ਼ਾਨਦਾਰ ਪੇਸ਼ਕਾਰੀ ਕਰਦੇ ਹੋਏ ਗੋਲਡ, ਸਿਲਵਰ ਤੇ ਬਰੋਨਜ਼ ਮੈਡਲ ਹਾਸਲ ਕੀਤੇ ਗਏ।ਲੜਕੀਆਂ ਦੇ ਵਰਗ ਉਮਰ ਪੰਜ ਤੋਂ ਸੱਤ ਵਿੱਚ 2 ਲੈਪ ਤੇ 3 ਲੈਪ ਵਿੱਚ ਸੁਖਮਨਜੀਤ ਕੌਰ ਨੇ ਗੋਲਡ ਮੈਡਲ ਪ੍ਰਾਪਤ ਕੀਤਾ। ਜਪਜੀਤ ਪਾਲ ਕੌਰ ਨੇ ਉਮਰ ਵਰਗ 9 ਤੋਂ 12 ਵਿੱਚ 1000 ਮੀਟਰ ਸਕੇਟਸ ਦੌੜ ਵਿੱਚ ਸਿਲਵਰ ਮੈਡਲ ਪ੍ਰਾਪਤ ਕੀਤਾ।ਮੁੰਡਿਆਂ ਦੇ ਵਰਗ ਉਮਰ 11 ਤੋਂ 14 ਸਬ-ਜੂਨੀਅਰ ਵਿੱਚ ਤਰਨਪ੍ਰੀਤ ਸਿੰਘ ਨੇ 1 ਲੈਪ, 500 4, ਦੌੜਾਂ ਵਿੱਚ ਭਾਗ ਲੈ ਕੇ ਸਿਲਵਰ ਤੇ ਬਰੋਨਜੇ ਮੈਡਲ ਹਾਸਲ ਕੀਤੇ।ਇਨ੍ਹਾਂ ਸਕੇਟਰਾਂ ਦੀ ਚੋਣ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੋਣ ਜਾ ਰਹੇ ਨੈਸ਼ਨਲ ਪੱਧਰ ਦੇ ਮੁਕਾਬਲਿਆਂ ਲਈ ਹੋ ਚੁੱਕੀ ਹੈ।

## ਮੈਰਿਟ 'ਚ ਆਉਣ ਵਾਲੀਆਂ ਵਿਦਿਆਰਥਣਾਂ ਸਨਮਾਨਤ



ਗੁਰੂਹਰਸਹਾਏ (ਫ਼ਕੀਰ ਚੰਦ ਸਿਕਰੀ)-ਰੋਟਰੀ ਕਲੱਬ ਗੁਰੂਹਰਸਹਾਏ ਵੱਲੋਂ ਹਰ ਸਾਲ ਸਿੱਖਿਆ ਅਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਘਰ ਜਾਂ ਸਕੂਲ ਜਾ ਕੇ ਸਨਮਾਨਤ ਕੀਤਾ ਜਾਂਦਾ ਹੈ।ਪ੍ਰਧਾਨ ਸੰਦੀਪ ਕੰਬੋਜ ਅਤੇ ਜਨਰਲ ਸਕੱਤਰ ਬਲਦੇਵ ਥਿੰਦ ਨੇ ਦੱਸਿਆ ਕਿ ਇਸੇ ਲੜੀ ਨੂੰ ਅੱਗੇ ਵਧਾਉਂਦਿਆਂ ਸਰਕਾਰੀ ਹਾਈ ਸਕੂਲ ਜੰਡਵਾਲਾਂ ਦੀ ਸੁਖਪ੍ਰੀਤ ਕੌਰ ਪੰਜਾਬ ਪੱਧਰੀ ਮੈਰਿਟ ਸੂਚੀ ਵਿੱਚੋਂ 19ਵਾਂ ਰੈਂਕ ਪ੍ਰਾਪਤ ਕੀਤਾ ਅਤੇ ਸਰਕਾਰੀ ਸਕੂਲ ਸੋਹਣਗੜ੍ਹ ਰੱਤੇ ਵਾਲਾਂ ਦੀ ਵਿਦਿਆਰਥਣ ਮਨਪ੍ਰੀਤ ਕੌਰ ਨੇ ਪੰਜਾਬ ਪੱਧਰੀ ਮੈਰਿਟ ਸੂਚੀ ਵਿੱਚੋਂ 16ਵਾਂ ਰੈਂਕ ਪ੍ਰਾਪਤ ਕੀਤਾ ਹੈ। ਇਨ੍ਹਾਂ ਵਿਦਿਆਰਥਣਾਂ ਨੂੰ ਰੋਟਰੀ ਕਲੱਬ ਦੇ ਮੈਂਬਰਾਂ ਵੱਲੋਂ ਸਕੂਲ ਜਾ ਕੇ ਉਨ੍ਹਾਂ ਨੂੰ ਮੈਡਲ ਤੇ ਪ੍ਰਸੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਸੰਦੀਪ ਕੰਬੋਜ, ਜਨਰਲ ਸਕੱਤਰ ਬਲਦੇਵ ਥਿੰਦ, ਉੱਪ ਪ੍ਰਧਾਨ ਹਰਭਜਨ ਲਾਲ, ਮੁੱਖ ਸਲਾਹਕਾਰ ਗੁਰਵਿੰਦਰ ਸਿੰਘ ਗੋਲਡੀ, ਮੀਤ ਪ੍ਰਧਾਨ ਮਨੀਸ਼ ਕੰਬੋਜ ਪਿੰਡੀ, ਡਾਕਟਰ ਰੇਸ਼ਮ ਸਿੰਘ, ਰਸ਼ਪਾਲ ਮਾਨ, ਗੁਰਮੇਜ ਸਿੰਘ ਅਤੇ ਸਕੂਲ ਇੰਚਾਰਜ ਪ੍ਰਿੰਸੀਪਲ ਜਨਕ ਰਾਜ, ਮੁੱਖ ਅਧਿਆਪਕ ਬਲਰਾਜ ਸਿੰਘ ਜੰਡਵਾਲਾਂ, ਡਿੰਪਲ ਮੋਗਾ ਪ੍ਰਵੀਨ ਕੁਮਾਰ ਆਦਿ ਹਾਜ਼ਰ ਸਨ।

## ਫਲੈਕਸ ਬੋਰਡ ਥਾਣਾ ਸਿਟੀ ਦੇ ਘੇਰੇ ਅੰਦਰੋਂ ਚੋਰੀ, ਪੁਲਸ ਬੇਖਬਰ

ਮਲੋਟ (ਗੁਰਮੀਤ ਸਿੰਘ ਮੱਕੜ)-ਸ਼ਹਿਰ ਵਿੱਚ ਦਿਨੋ-ਦਿਨ ਵਧ ਰਹੀਆਂ ਚੋਰੀਆਂ, ਦਿਨ-ਦਿਹਾੜੇ ਲੁੱਟ ਖੋਹ ਕਾਰਨ ਸ਼ਹਿਰ ਵਾਸੀਆਂ ਵਿੱਚ ਸਹਿਮ ਦਾ ਮਾਹੌਲ ਹੈ, ਜਿਸ ਦੀ ਤਾਜ਼ਾ ਮਿਸਾਲ ਰਾਤ ਕਰੀਬ 7 ਵਜੇ ਇਸ਼ਤਿਹਾਰਬਾਜ਼ੀ ਲਈ ਲੱਗੇ ਅਨੇਕਾਂ ਗਿਣਤੀ ਵਿਚ ਫਲੈਕਸ ਬੋਰਡ ਗਾਇਬ ਕਰ ਦਿੱਤੇ ਗਏ, ਜਦਕਿ ਇਹ ਫਲੈਕਸ ਬੋਰਡ ਨਗਰ ਕੌਂਸਲ ਦੀ ਮਨਜ਼ੂਰੀ ਲੈ ਕੇ ਲਾਏ ਗਏ ਸੀ ਤੇ ਇਸ ਲਈ ਫ਼ੀਸ ਵੀ ਅਦਾ ਕੀਤੀ ਗਈ ਸੀ। ਇਹ ਫਲੈਕਸ ਬੋਰਡ ਥਾਣਾ ਸਿਟੀ ਦੇ ਲਗਭਗ 200 ਮੀਟਰ ਦੇ ਘੇਰੇ ਅੰਦਰ ਚੋਰੀ ਹੋਏ, ਜਦੋਂਕਿ ਪੁਲਸ ਪ੍ਰਸ਼ਾਸਨ ਵੱਲੋਂ ਇਹ ਦਾਅਵਾ ਕੀਤਾ ਜਾਂਦਾ ਹੈ ਕਿ ਉਨ੍ਹਾਂ ਦੀ ਪੀ.ਸੀ.ਆਰ ਗਸ਼ਤ ਹਮੇਸ਼ਾ ਚੌਕਸ ਰਹਿੰਦੀ ਹੈ। ਅਜਿਹੀ ਘਟਨਾ ਪਹਿਲੀ ਵਾਰ ਹੋਈ ਹੈ ਕਿ ਜਦੋਂ ਸਾਰੇ ਹੀ ਫਲੈਕਸ ਬੋਰਡ ਗਾਇਬ ਕਰ ਦਿੱਤੇ ਗਏ। ਨਗਰ ਕੌਂਸਲ ਵਿੱਚ ਇਸ਼ਤਿਹਾਰ ਲਈ ਫ਼ੀਸ ਲੈਣ ਵਾਲੇ ਵਿੱਕੀ ਗਰੋਵਰ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਇਸ 'ਤੇ ਹੈਰਾਨਗੀ ਪ੍ਰਗਟ ਕਰਦੇ ਹੋਏ ਕਿਹਾ ਕਿ ਉਹ ਇਸ ਸਬੰਧੀ ਨਗਰ ਕੌਂਸਲ ਵੱਲੋਂ ਪੁਲਸ ਨੂੰ ਸ਼ਿਕਾਇਤ ਦੇ ਦਿੱਤੀ ਗਈ ਹੈ, ਪ੍ਰੰਤੂ ਪੁਲਸ ਵੱਲੋਂ ਕੋਈ ਕਾਰਵਾਈ ਨੂੰ ਅੰਜਾਮ ਨਹੀਂ ਦਿੱਤਾ ਗਿਆ। ਜ਼ਿਕਰਯੋਗ ਹੈ ਕਿ ਅਜਿਹੀਆਂ ਛੋਟੀਆਂ-ਮੋਟੀਆਂ ਚੋਰੀਆਂ ਦੀ ਸ਼ਹਿਰ ਵਾਸੀ ਖੱਜਲ ਖੁਆਰੀ ਕਾਰਨ ਪੁਲਸ ਤੱਕ ਪਹੁੰਚ ਹੀ ਨਹੀਂ ਕਰਦੇ, ਕਿਉਂਕਿ ਪੁਲਿਸ ਸੁਣਵਾਈ ਨਹੀਂ ਕਰਦੀ। ਸ਼ਹਿਰ ਵਾਸੀਆਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਡੀ.ਜੀ.ਪੀ. ਪੰਜਾਬ ਤੇ ਡੀ.ਐਸ.ਪੀ ਮਲੋਟ ਨੂੰ ਇੱਕ ਮੇਲ ਭੇਜ ਕੇ ਮੰਗ ਕੀਤੀ ਕਿ ਉਹ ਪੁਲਿਸ ਪ੍ਰਸ਼ਾਸਨ ਨੂੰ ਤੁਰੰਤ ਕਾਰਵਾਈ ਕਰਨ ਦੇ ਆਦੇਸ਼ ਦੇਵੇ ਤੇ ਸੀ.ਸੀ.ਟੀ.ਵੀ ਫੁਟੇਜ ਦੇਖ ਕੇ ਉਕਤ ਵਿਅਕਤੀਆਂ ਨੂੰ ਕਾਬੂ ਕਰਕੇ ਹੋਏ ਨੁਕਸਾਨ ਦੀ ਭਰਪਾਈ ਕਰੇ ਤਾਂ ਜੁ ਸ਼ਹਿਰ ਵਾਸੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਸਕਣ।

## ਜੰਗਲਾਤ ਵਰਕਰਾਂ ਦੀਆਂ ਮੰਗਾਂ ਸੰਬੰਧੀ ਡੀ ਐੱਫ਼ ਓ ਨੂੰ ਸੌਂਪਿਆ ਮੰਗ ਪੱਤਰ

### ਭਲਕੇ ਜੰਗਲਾਤ ਮੰਤਰੀ ਦੇ ਹਲਕੇ 'ਚ ਕੀਤਾ ਜਾਵੇਗਾ ਰੋਸ ਮਾਰਚ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਫਿਰੋਜ਼ਪੁਰ ਵੱਲੋਂ ਫੀਲਡ ਵਰਕਰਾਂ ਦੀਆਂ ਮੰਗਾਂ ਸਬੰਧੀ ਜੰਗਲਾਤ ਮੰਤਰੀ ਦੇ ਨਾਂਅ ਡੀ ਐੱਫ ਓ ਫਿਰੋਜ਼ਪੁਰ ਨੂੰ ਮੰਗ ਪੱਤਰ ਸੌਂਪਿਆ ਤੇ ਵਰਕਰਾਂ ਵਿਰੋਧੀ ਪੱਤਰਾਂ ਦੀਆਂ ਕਾਪੀਆਂ ਸਾੜੀਆਂ ਗਈਆਂ।ਇਸ ਸਮੇਂ ਬੋਲਦਿਆਂ ਨਿਸ਼ਾਨ ਸਿੰਘ ਜ਼ਿਲ੍ਹਾ ਪ੍ਰਧਾਨ, ਬਲਵੀਰ ਸਿੰਘ ਗੋਖੀਵਾਲਾ ਸੀਨੀਅਰ ਮੀਤ ਪ੍ਰਧਾਨ, ਗੁਰਬੀਰ ਸਿੰਘ ਸਰਕਲ ਜਨਰਲ ਸਕੱਤਰ, ਬਾਕੇ ਲਾਲ ਖਜ਼ਾਨਚੀ ਨੇ ਦੱਸਿਆ ਕਿ ਵਰਕਰਾਂ ਨੂੰ ਵਣ ਤੇ ਜੰਗਲੀ ਜੀਵ ਵਿਭਾਗ ਪੰਜਾਬ ਵਿੱਚ ਪਿਛਲੇ 25 ਸਾਲਾਂ ਤੋਂ ਨਿਗੁਣੀ ਤਨਖਾਹ ਤੇ ਡੇਲੀਵੇਜ 'ਤੇ ਕੰਮ ਕਰਦੇ ਵਰਕਰਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਵਣ ਤੇ ਜੰਗਲੀ ਜੀਵ ਵਿਭਾਗ ਵਿੱਚ ਵਿਭਾਗੀ ਕੰਮ ਵਿਭਾਗ ਦੇ ਵਰਕਰਾਂ ਤੋਂ ਕਰਵਾਏ ਜਾਣ, ਵਰਕਰਾਂ ਨੂੰ ਤਨਖਾਹਾਂ ਹਰ ਮਹੀਨੇ ਦੀ 10 ਤਰੀਕ ਤੋਂ ਪਹਿਲਾਂ ਦਿੱਤੀਆਂ ਜਾਣ, ਹਰ ਵਰਕਰ ਦਾ ਈਪੀਐੱਫ ਕੱਟਿਆ ਜਾਵੇ, ਫੀਲਡ ਵਰਕਰਾਂ ਨੂੰ ਘੱਟੋ ਘੱਟ ਤਨਖਾਹ 25 ਹਜ਼ਾਰ ਦਿੱਤੀ ਜਾਵੇ ਆਦਿ ਮੰਗਾਂ ਦੇ ਸਬੰਧ ਵਿੱਚ ਸੂਬਾਈ ਕਮੇਟੀ ਦੇ ਫੈਸਲੇ ਅਨੁਸਾਰ 25 ਅਪ੍ਰੈਲ ਨੂੰ ਜੰਗਲਾਤ ਮੰਤਰੀ ਦੇ ਹਲਕਾ ਭੋਆ (ਪਠਾਨਕੋਟ) ਵਿੱਚ ਵਿਸ਼ਾਲ ਰੋਸ ਮਾਰਚ ਕੱਢਿਆ ਜਾਵੇਗਾ।ਡੀ ਐੱਫ ਓ ਫਿਰੋਜ਼ਪੁਰ ਨੂੰ ਮੰਗ ਪੱਤਰ ਸੌਂਪਣ ਸਮੇਂ ਜਥੇਬੰਦੀ ਦੇ ਆਗੂ ਗੁਰਮੀਤ ਸਿੰਘ, ਸੁਲੱਖਣ ਸਿੰਘ, ਮੁਖਤਿਆਰ ਸਿੰਘ, ਜੀਤ, ਬਲਵਿੰਦਰ ਕੁਮਾਰ, ਪਰਮਜੀਤ ਸਿੰਘ, ਰਣਜੀਤ ਸਿੰਘ, ਜਸਵਿੰਦਰ ਸਿੰਘ, ਰਾਜ ਸਿੰਘ, ਅਮਰਜੀਤ ਸਿੰਘ, ਗੁਰਬਚਨ ਸਿੰਘ ਆਦਿ ਹਾਜ਼ਰ ਸਨ।ਇਸ ਸਮੇਂ ਜਥੇਬੰਦੀ ਦੇ ਸਲਾਹਕਾਰ ਕਿਸ਼ਨ ਚੰਦ ਜਾਗੋਵਾਲੀਆ ਤੇ ਪੰਜਾਬ ਪੈਨਸ਼ਨ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਬਲਕਾਰ ਸਿੰਘ ਮਾੜੀ ਮੇਘਾ, ਦਲਜੀਤ ਸਿੰਘ ਯਾਰੇਸ਼ਾਹ ਵਾਲਾ ਹਾਜ਼ਰ ਸਨ।

## ਖਹਿਰਾ ਨੂੰ ਇਸਤਰੀ ਵਿੰਗ ਬਲਾਕ ਪ੍ਰਧਾਨ ਨੇ ਕੀਤਾ ਸਨਮਾਨਤ



ਸੁਨਾਮ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)-ਆਉਣ ਵਾਲੀਆਂ ਚੋਣਾਂ ਨੂੰ ਮੱਦੇ ਨਜ਼ਰ ਰੱਖਦੇ ਹੋਏ ਕਾਂਗਰਸ ਪਰਿਵਾਰ ਮਿਲਣੀ ਕੀਤੀ ਗਈ, ਜਿਸ ਵਿੱਚ ਕਾਂਗਰਸੀ ਵਰਕਰਾਂ, ਬਲਾਕ ਤੇ ਜ਼ਿਲ੍ਹਾ ਪ੍ਰਧਾਨਾਂ ਨੇ ਸੁਖਪਾਲ ਸਿੰਘ ਖਹਿਰਾ ਨੂੰ ਪੂਰਾ ਵਿਸ਼ਵਾਸ ਦਿਵਾਇਆ ਕਿ ਚੋਣਾਂ ਵਿੱਚ ਅਸੀਂ ਆਪਣੀ ਜਿੰਦ ਜਾਨ ਲਾ ਦੇਵਾਂਗੇ ਤੇ ਇਹ ਸੀਟ ਜਿੱਤ ਕੇ ਕਾਂਗਰਸ ਦੀ ਝੋਲੀ ਵਿੱਚ ਪਾਵਾਂਗੇ। ਇਸੀ ਤਰ੍ਹਾਂ ਇਸਤਰੀ ਵਿੰਗ ਬਲਾਕ ਪ੍ਰਧਾਨ ਮੈਡਮ ਸ਼ਸ਼ੀ ਬਾਲਾ ਵੱਲੋਂ ਗੁਰਸ਼ਰਨ ਕੌਰ ਰੰਧਾਵਾ ਪੰਜਾਬ ਇਸਤਰੀ ਵਿੰਗ ਪ੍ਰਧਾਨ ਤੇ ਹਲਕਾ ਇੰਚਾਰਜ ਜਸਵਿੰਦਰ ਸਿੰਘ ਧੀਮਾਨ ਦੀ ਅਗਵਾਈ ਵਿੱਚ ਸੁਖਪਾਲ ਸਿੰਘ ਖਹਿਰਾ ਨੂੰ ਸਨਮਾਨਤ ਕੀਤਾ ਗਿਆ ਅਤੇ ਪੂਰਨ ਵਿਸ਼ਵਾਸ ਦਿਵਾਇਆ ਕਿ ਇਸਤਰੀਆਂ ਵੱਲੋਂ ਪੁਰਜ਼ੋਰ ਅਪੀਲ ਕੀਤੀ ਜਾਵੇਗੀ। ਮੈਡਮ ਗੀਤਾ ਸ਼ਰਮਾ, ਕਰਮਜੀਤ ਕੌਰ, ਬੀਬੀ ਗੁਰਦਿਆਲ ਕੌਰ, ਸੰਦੀਪ ਕੌਰ ਖੰਗੂੜਾ, ਮਨਦੀਪ ਕੌਰ, ਸਰਬਜੀਤ ਕੌਰ ਕਾਂਗੜ, ਕਿਰਨਜੀਤ ਕੌਰ, ਸਰਪੰਚ ਬਲਜਿੰਦਰ ਕੌਰ, ਰੂਬੀ ਜੋਤੀ ਅਨੇਕਾਂ ਵਰਕਰ ਹਾਜ਼ਰ ਸਨ।

## ਦੇਸ਼ ਭਗਤ 'ਵਰਸਿਟੀ ਨੇ ਅਕਾਦਮਿਕ ਭਾਈਵਾਲੀ ਲਈ ਵਾਸ਼ਿੰਗਟਨ 'ਵਰਸਿਟੀ ਆਫ਼ ਸਾਇੰਸ ਐਂਡ ਟੈਕਨਾਲੋਜੀ ਵਰਜੀਨੀਆ ਨਾਲ ਸਾਂਝ ਪਾਈ



ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਤੇ ਇੰਜੀ. ਅਬੂਬੇਕਰ ਹਨੀਪ, ਬੋਰਡ ਆਫ਼ ਗਵਰਨੈਂਸ, ਅਲੈਗਜ਼ੈਂਡਰੀਆ, ਵਰਜੀਨੀਆ, ਯੂਐਸਏ ਦੇ ਸੀਈਓ ਅਤੇ ਚੇਅਰਮੈਨ ਖੋਜ ਪ੍ਰੋਜੈਕਟਾਂ ਵਿੱਚ ਵਿਗਿਆਨਕ ਸਹਿਯੋਗ ਵਿੱਚ ਸ਼ਾਮਲ ਹੋਣ ਲਈ ਸਹਿਮਤ ਹੋਏ ਤੇ ਡਬਲਿਊਯੂਐਸਟੀ ਨੇ ਆਪਣੇ ਵਿਦਿਆਰਥੀਆਂ ਨੂੰ ਡੀਬੀਯੂ ਤੇ ਇਸਦੇ ਅੰਤਰਰਾਸ਼ਟਰੀ ਕੈਂਪਸਾਂ ਵਿੱਚ ਡਾਕਟਰੀ ਪੱਧਰ ਦੀ ਪੜ੍ਹਾਈ ਕਰਨ ਦੀ ਆਗਿਆ ਦਿੱਤੀ।ਵਾਸ਼ਿੰਗਟਨ ਯੂਨੀਵਰਸਿਟੀ ਆਫ਼ ਸਾਇੰਸ ਐਂਡ ਟੈਕਨਾਲੋਜੀ ਫੈਕਲਟੀ ਅਤੇ ਵਿਦਿਆਰਥੀਆਂ ਦੇ ਆਦਾਨ-ਪ੍ਰਦਾਨ ਲਈ ਸਹਾਇਤਾ ਕਰੇਗੀ, ਜੋ ਦੋ ਦੇਸ਼ਾਂ ਵਿਚਕਾਰ ਸੱਭਿਆਚਾਰ ਨੂੰ ਵੀ ਉਤਸ਼ਾਹਤ ਕਰੇਗੀ।ਡੀਬੀਯੂ ਪਿਛਲੇ ਤਿੰਨ ਦਹਾਕਿਆਂ ਤੋਂ ਅਕਾਦਮਿਕ ਉੱਤਮਤਾ, ਖੋਜ ਤੇ ਨਵੀਨਤਾ ਲਈ ਜਾਣੀ ਜਾਂਦੀ ਹੈ।ਦੇਸ਼ ਭਗਤ ਯੂਨੀਵਰਸਿਟੀ ਇੰਡੀਆ ਡਿਪਲੋਮਾ, ਯੂਜੀ, ਪੀਜੀ ਤੇ ਪੀਐਚਡੀ ਲਈ 200 ਤੋਂ ਵੱਧ ਪ੍ਰੋਗਰਾਮਾਂ ਦੀ ਪੇਸ਼ਕਸ਼ ਕਰਦੀ ਹੈ।ਦੇਸ਼ ਭਗਤ ਯੂਨੀਵਰਸਿਟੀ ਅਮਰੀਕਾ ਸੇਂਟ ਵਿਨਸੇਂਟ ਤੇ ਗ੍ਰੇਨਾਡਾਈਨਜ਼ ਵਿੱਚ 5 ਸਾਲਾਂ ਲਈ ਐਮ ਬੀ ਬੀ ਐਸ ਪੜ੍ਹਾਈ ਵੀ ਕਰਾਉਂਦੀ ਹੈ।ਡੀ ਬੀ ਯੂ ਅਤੇ ਡਬਲਿਯੂ ਯੂ ਐਸ ਟੀ ਵਿਚਕਾਰ ਅਕਾਦਮਿਕ ਸਹਿਯੋਗ ਸਾਂਝੇ ਖੋਜ ਯਤਨਾਂ ਤੇ ਵੱਖ-ਵੱਖ ਵਿਸ਼ਿਆਂ ਵਿੱਚ ਸਹਿਯੋਗੀ ਪ੍ਰੋਗਰਾਮਾਂ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਪਹਿਲਕਦਮੀਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਵਿੱਚ ਸ਼ਾਮਲ ਹੋ ਰਹੇ ਹਨ।ਇਸ ਸਾਂਝੇਦਾਰੀ ਰਾਹੀਂ ਵਿਦਿਆਰਥੀਆਂ, ਫੈਕਲਟੀ ਅਤੇ ਦੋਵਾਂ ਸੰਸਥਾਵਾਂ ਦੇ ਖੋਜਕਰਤਾਵਾਂ ਨੂੰ ਅਰਥਪੂਰਨ ਸੰਵਾਦ ਵਿੱਚ ਸ਼ਾਮਲ ਹੋਣ, ਮੁਹਾਰਤ ਨੂੰ ਸਾਂਝਾ ਕਰਨ ਅਤੇ ਨਵੀਨਤਾਕਾਰੀ ਪ੍ਰੋਜੈਕਟਾਂ ਵਿੱਚ ਸਹਿਯੋਗ ਕਰਨ ਦਾ ਮੌਕਾ ਮਿਲੇਗਾ।ਵਾਸ਼ਿੰਗਟਨ ਯੂਨੀਵਰਸਿਟੀ ਆਫ਼ ਸਾਇੰਸ ਐਂਡ ਟੈਕਨਾਲੋਜੀ, ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਅਤੇ ਗਣਿਤ ਸਿੱਖਿਆ ਵਿੱਚ ਉੱਤਮਤਾ ਲਈ ਆਪਣੀ ਵਚਨਬੱਧਤਾ ਲਈ ਮਸ਼ਹੂਰ ਇਸ ਭਾਈਵਾਲੀ ਲਈ ਗਿਆਨ ਅਤੇ ਸਰੋਤਾਂ ਦਾ ਭੰਡਾਰ ਹੈ।ਡਬਲਯੂ.ਯੂ.ਐਸ.ਟੀ. ਦੇ ਨਾਲ ਸ਼ਾਮਲ ਹੋ ਕੇ, ਡੀਬੀਯੂ ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰਨ ਤੇ ਵਿਦਿਆਰਥੀਆਂ ਨੂੰ ਸਫ਼ਲਤਾ ਲਈ ਤਿਆਰ ਕਰਨ ਵਾਸਤੇ ਆਪਣੇ ਸਮਰਪਣ ਦੀ ਪੁਸ਼ਟੀ ਕੀਤੀ ਜਾਂਦੀ ਹੈ।

## ਕੇਂਦਰੀ ਜੇਲ੍ਹ 'ਚੋਂ ਮੋਬਾਇਲ ਬਰਾਮਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ ਇਕ ਮੋਬਾਇਲ ਫੋਨ ਬਰਾਮਦ ਹੋਇਆ ਹੈ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਇਕ ਹਵਾਲਾਤੀ ਖਿਲਾਫ 52-ਏ ਪਰੀਸੰਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 4398 ਰਾਹੀਂ ਰਿਸ਼ਵਪਾਲ ਗੋਇਲ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 22 ਅਪ੍ਰੈਲ 2024 ਨੂੰ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਦੇ ਪੁਰਾਣੀ ਹਵਾਲਾਤੀ ਬੈਰਕ ਨੰਬਰ 3 ਦੀ ਅਚਾਨਕ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਹਵਾਲਾਤੀ ਬਲਵਿੰਦਰ ਸਿੰਘ ਉਰਫ ਬਿੰਦੀ ਪੁੱਤਰ ਦਲੀਪ ਸਿੰਘ ਵਾਸੀ ਘੱਟਿਆ ਵਾਲੀ ਬੋਦਲਾ ਜ਼ਿਲ੍ਹਾ ਫਾਜ਼ਿਲਕਾ ਹਾਲ ਕੇਂਦਰੀ ਜੇਲ੍ਹ ਫਿਰੋਜ਼ਪੁਰ ਕੋਲੋਂ 1 ਮੋਬਾਇਲ ਫੋਨ ਸੈਮਸੰਗ ਕੀਪੈਡ ਸਮੇਤ ਬੈਟਰੀ ਤੇ ਸਿੰਮ ਕਾਰਡ ਏਅਰਟੈਲ ਬਰਾਮਦ ਹੋਇਆ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਉਕਤ ਹਵਾਲਾਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਇੰਡਸਟਰੀਅਲ ਚੈਂਬਰ ਵੱਲੋਂ ਮੈਗਾ ਮੈਡੀਕਲ ਕੈਂਪ



ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਬਲਾਕ ਧੂਰੀ ਵੱਲੋਂ ਸਨਾਤਨ ਧਰਮ ਆਸ਼ਰਮ ਵਿਖੇ ਸੰਗਰੂਰ ਚੈਂਬਰ ਚੇਅਰਮੈਨ ਡਾ. ਏ ਆਰ ਸ਼ਰਮਾ ਤੇ ਪ੍ਰਧਾਨ ਮੁਕੇਸ਼ ਕੁਮਾਰ ਸਿੰਗਲਾ (ਬੰਟੀ) ਦੀ ਅਗਵਾਈ ਵਿੱਚ ਇਕ ਮੈਗਾ ਮੈਡੀਕਲ ਕੈਂਪ ਲਾਇਆ ਗਿਆ। ਕੈਂਪ ਵਿੱਚ ਪ੍ਰਾਇਮ ਮਲਟੀਸਪੈਸ਼ਲਿਟੀ ਹਸਪਤਾਲ ਪਟਿਆਲਾ ਦੇ ਮਾਹਰ ਡਾ. ਯਸ਼ਪਾਲ ਗੋਇਲ, ਡਾ. ਗੌਰਵ ਭੱਠਲਾ ਤੇ ਡਾਕਟਰ ਸਿਵਲ ਗੁਪਤਾ ਨੇ ਮਰੀਜ਼ਾਂ ਦੀ ਚੈੱਕਅਪ ਕੀਤੀ।ਇਸ ਮੌਕੇ ਚੇਅਰਮੈਨ ਡਾਕਟਰ ਏ ਆਰ ਸ਼ਰਮਾ ਨੇ ਕੈਂਪ ਦੀ ਸ਼ੁਰੂਆਤ ਕਰਾਉਂਦਿਆਂ ਧੂਰੀ ਬਲਾਕ ਦੇ ਇਸ ਕੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬਲਾਕ ਧੂਰੀ ਨੇ ਜ਼ਰੂਰਤਮੰਦ ਲੋਕਾਂ ਲਈ ਇਹ ਮੁਫ਼ਤ ਮੈਡੀਕਲ ਕੈਂਪ ਲਾ ਕੇ ਇਕ ਨੇਕ ਕੰਮ ਕੀਤਾ ਹੈ।ਇਸ ਮੌਕੇ ਬਲਾਕ ਧੂਰੀ ਦੇ ਚੇਅਰਮੈਨ ਗੁਰਬਖਸ਼ ਸਿੰਘ ਗੁੱਡੂ ਨੇ ਕਿਹਾ ਕਿ ਆਉਣ ਵਾਲੇ ਸਮੇ ਵਿੱਚ ਹੋਰ ਕੈਂਪ ਲਾਏ ਜਾਣਗੇ।ਪ੍ਰਧਾਨ ਮੁਕੇਸ਼ ਕੁਮਾਰ ਬੰਟੀ ਤੇ ਕੈਸ਼ੀਅਰ ਸੰਜੇ ਗੋਇਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਲਗਭਗ ਤਿੰਨ ਸੌ ਦੇ ਕਰੀਬ ਲੋਕਾਂ ਦਾ ਚੈੱਕਅਪ ਕੀਤਾ।ਉਨ੍ਹਾਂ ਦੱਸਿਆ ਕਿ ਧੂਰੀ ਵਿੱਚ ਪਹਿਲੀ ਵਾਰ ਆਧੁਨਿਕ ਤਕਨੀਕ ਵਾਲੀ ਫਾਇਬਰੋ ਸਕੈਨ ਮਸ਼ੀਨ ਨਾਲ ਲੋਕਾਂ ਦੇ ਲਿਵਰ ਦੀ ਚੈਕਿੰਗ ਕੀਤੀ ਗਈ।ਇਸ ਕੈਂਪ ਵਿੱਚ ਈਸੀਜੀ, ਕੈਲਸ਼ੀਅਮ, ਸ਼ੂਗਰ, ਵਿਟਾਮਿਨ ਡੀ ਲਿਪਡ ਪ੍ਰੋਫਾਇਲ ਤੇ ਹੋਰ ਕਈ ਤਰਾਂ ਦੇ ਟੈਸਟ ਮੁਫ਼ਤ ਕੀਤੇ ਗਏ ਤੇ ਦਵਾਈਆਂ ਵੀ ਮੁਫ਼ਤ ਦਿੱਤੀਆਂ ਗਈਆਂ।ਇਸ ਮੌਕੇ ਡਾਕਟਰ ਯਸ਼ਪਾਲ ਗੋਇਲ ਨੇ ਆਏ ਹੋਏ ਮਰੀਜ਼ਾਂ ਨੂੰ ਸਲਾਹ ਦਿਤੀ ਕਿ ਦਵਾਈਆ ਨਾਲੋ ਖਾਣ-ਪੀਣ ਦਾ ਪ੍ਰਹੇਜ਼ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਸਾਨੂੰ ਜੰਕ ਫੂਡ ਦੀ ਵਰਤੋਂ ਨਹੀਂ ਕਰਨੀ ਚਾਹੀਦੀ ਤੇ ਰੋਜ਼ਾਨਾ ਸੈਰ ਕਰਨੀ ਚਾਹੀਦੀ ਹੈ।

## ਅਲਮਸਤ ਦੇਸਰਪੁਰੀ ਦੀ ਯਾਦ 'ਚ ਸਮਾਗਮ 28 ਨੂੰ



ਜਲੰਧਰ : ਪ੍ਰਸਿੱਧ ਫ਼ਕੀਰ ਸ਼ਾਇਰ ਉਸਤਾਦ ਅਲਮਸਤ ਦੇਸਰਪੁਰੀ ਦੀ ਯਾਦ ਵਿਚ ਸਾਲਾਨਾ ਯਾਦਗਾਰੀ ਬਰਸੀ ਮੇਲਾ 28 ਅਪ੍ਰੈਲ ਦਿਨ ਐਤਵਾਰ ਨੂੰ ਉਨ੍ਹਾਂ ਦੀ ਮਜ਼ਾਰ 'ਤੇ ਪਿੰਡ ਦੇਸਰਪੁਰ ਵਿਖੇ ਕਰਵਾਇਆ ਜਾ ਰਿਹਾ ਹੈ।ਮੇਲਾ ਪ੍ਰਬੰਧਕਾਂ ਸਾਗਰ ਦੇਸਰਪੁਰੀ, ਮੁੱਖ ਸੇਵਾਦਾਰ ਸੋਨੂੰ ਦੇਸਰਪੁਰੀ ਤੇ ਮਨੋਹਰ ਧਾਲੀਵਾਲ ਆਦਿ ਨੇ ਦੱਸਿਆ ਕਿ ਨਗਰ ਪੰਚਾਇਤ ਦੇਸਰਪੁਰ ਦੇ ਪੂਰਨ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਮੇਲੇ ਦੀ ਰਹਿਨੁਮਾਈ ਸਾਈਂ ਮਧੂ ਜੀ ਕਰਨਗੇ।ਉਨ੍ਹਾਂ ਦੱਸਿਆ ਕਿ ਇਸ ਮੌਕੇ ਪ੍ਰੋਗਰਾਮ ਦੌਰਾਨ ਵੱਖ-ਵੱਖ ਕਲਾਕਾਰ ਜਿਵੇਂ ਕਿ ਰਮੇਸ਼ ਨੂਸੀਵਾਲ, ਦੀਪਕ ਹੰਸ, ਦਲਵਿੰਦਰ ਦਿਆਲਪੁਰੀ, ਸੁਖਵਿੰਦਰ ਪੰਛੀ, ਉਸਤਾਦ ਗੁਲਸ਼ਨ ਮੀਰ, ਮੁਮਤਾਜ ਹੰਸ, ਅਮਰੀਕ ਮਾਈਕਲ, ਸਾਹਿਲ ਚੌਹਾਨ ਆਦਿ ਪ੍ਰੋਗਰਾਮ ਪੇਸ਼ ਕਰਨਗੇ।ਮੇਲੇ ਦੌਰਾਨ ਵੱਖ-ਵੱਖ ਡੇਰਿਆਂ ਤੋਂ ਫ਼ਕੀਰ ਲੋਕ ਵੀ ਸ਼ਿਰਕਤ ਕਰਨਗੇ।

## ਪਟੇਲ ਕਾਲਜ 'ਚ ਸਾਲਾਨਾ ਇਨਾਮ ਵੰਡ ਸਮਾਰੋਹ ਕਰਾਇਆ



ਰਾਜਪੁਰਾ (ਰਮੇਸ਼ ਕਟਾਰੀਆ)-ਪਟੇਲ ਮੈਮੋਰੀਅਲ ਨੈਸ਼ਨਲ ਕਾਲਜ, ਰਾਜਪੁਰਾ ਵਿਖੇ ਪਟੇਲ ਮੈਮੋਰੀਅਲ ਮੈਨੇਜਮੈਂਟ ਸੁਸਾਇਟੀ ਤੇ ਪ੍ਰਿੰਸੀਪਲ ਡਾ. ਸੀ.ਪੀ.ਗਾਂਧੀ ਦੀ ਅਗਵਾਈ ਹੇਠ ਕਾਲਜ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸਲਾਨਾ ਪ੍ਰਾਪਤੀਆਂ ਲਈ ਸਨਮਾਨਤ ਕਰਨ ਲਈ ਸਾਲਾਨਾ ਇਨਾਮ ਵੰਡ ਸਮਾਰੋਹ ਕਰਾਇਆ ਗਿਆ।ਸਮਾਗਮ ਦਾ ਆਗਾਜ਼ ਜੋਤੀ ਪ੍ਰਜਵਲਿਤ ਤੇ ਯੂਨੀਵਰਸਿਟੀ ਧੁਨੀ ਨਾਲ ਕੀਤਾ ਗਿਆ।ਪ੍ਰਿੰਸੀਪਲ ਡਾ. ਸੀ.ਪੀ.ਗਾਂਧੀ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਮੁਬਾਰਕਬਾਦ ਦਿੱਤੀ।ਸਮਾਗਮ ਦੀ ਸ਼ਾਨ ਡਾ. ਅਰਵਿੰਦ, ਵਾਈਸ ਚਾਂਸਲਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਇਸ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਪਟੇਲ ਮੈਮੋਰੀਅਲ ਮੈਨੇਜਮੈਂਟ ਸੁਸਾਇਟੀ ਦੇ ਪ੍ਰਧਾਨ ਸ਼੍ਰੀ ਰਮਨ ਜੈਨ, ਵਾਈਸ ਪ੍ਰਧਾਨ ਸ਼੍ਰੀ ਰਾਜੇਸ਼ ਆਨੰਦ, ਡਾ. ਸਰਬਜੀਤ ਸਿੰਘ (ਜਨਰਲ ਸਕੱਤਰ), ਸ਼੍ਰੀ ਰਾਜ ਕੁਮਾਰ ਟਾਟਾ (ਵਿੱਤ ਸਕੱਤਰ), ਸ਼੍ਰੀ ਕਮਲ ਟੰਡਨ (ਸਕੱਤਰ) ਆਪਣੇ ਹੀ ਕਾਲਜ ਦੇ ਵਿਹੜੇ ਵਿੱਚ ਵਿਦਿਆਰਥੀਆਂ ਨੂੰ ਆਸ਼ੀਰਵਾਦ ਦੇਣ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ।ਡਾ. ਅਰਵਿੰਦ, ਵਾਈਸ ਚਾਂਸਲਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਜੀਵਨ ਵਿਚ ਸਫ਼ਲ ਹੋਣ ਲਈ ਆਪਣੇ ਪੈਰ ਜ਼ਮੀਨ 'ਤੇ ਰੱਖਣ, ਦੂਜਿਆਂ ਦੀ ਸਹਾਇਤਾ ਕਰਨ, ਆਪਣੇ ਹੀ ਦੇਸ਼ ਵਿੱਚ ਰਹਿ ਕੇ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਸਮਾਗਮ ਦੌਰਾਨ ਵੱਖ-ਵੱਖ ਕਲਾਸਾਂ ਦੇ 6 ਵਿਦਿਆਰਥੀਆ ਨੂੰ ਕਾਲਜ ਕਲਰ, 10 ਵਿਦਿਆਰਥੀ ਖੇਡ ਵਿਭਾਗ, 15 ਵਿਦਿਆਰਥੀ ਐਨ.ਐਸ.ਐਸ, 9 ਵਿਦਿਆਰਥੀ ਐਨ.ਸੀ.ਸੀ, 22 ਵਿਦਿਆਰਥੀ ਯੂਥ ਫੈਸਟੀਵਲ 2022-23, 19 ਵਿਦਿਆਰਥੀ ਯੂਥ ਫੈਸਟੀਵਲ 2023-24, 98 ਵਿਦਿਆਰਥੀ ਯੂਨੀਵਰਸਿਟੀ ਪ੍ਰੀਖਿਆ, ਯੁਵਾ ਕੌਸ਼ਲ ਉਤਸਵ 2023 ਦੇ ਜੇਤੂ 61 ਵਿਦਿਆਰਥੀਆਂ ਨੂੰ ਸਰਟੀਫ਼ਿਕੇਟ ਤੇ ਮੈਡਲ ਨਾਲ ਸਨਮਾਨਤ ਕੀਤਾ ਗਿਆ।ਇਸ ਦੌਰਾਨ ਵਿਦਿਆਰਥੀਆਂ ਵੱਲੋਂ ਨਾਟਕ, ਭੰਗੜੇ ਤੇ ਫੈਸ਼ਨ ਸ਼ੋਅ ਦੀ ਪੇਸ਼ਕਾਰੀ ਵੀ ਕੀਤੀ ਗਈ।ਸਮਾਗਮ ਦੌਰਾਨ ਸਮੂਹ ਕਾਲਜ ਸਟਾਫ਼ ਨੇ ਵੱਖ-ਵੱਖ ਡਿਊਟੀਆਂ ਨਿਭਾਉਂਦੇ ਹੋਏ ਆਪਣੀ ਹਾਜ਼ਰੀ ਲਵਾਈ।

## ਹਰਸਿਮਰਤ ਬਾਦਲ ਨੂੰ ਚੌਥੀ ਵਾਰ ਟਿਕਟ ਮਿਲਣ 'ਤੇ ਲੱਡੂ ਵੰਡੇ

ਬੁਢਲਾਡਾ (ਅਸ਼ੋਕ ਲਾਕੜਾ)-ਸ਼੍ਰੋਮਣੀ ਅਕਾਲੀ ਦਲ ਵੱਲੋਂ ਹਰਸਿਮਰਤ ਕੌਰ ਬਾਦਲ ਨੂੰ ਲੋਕ ਸਭਾ ਹਲਕਾ ਬਠਿੰਡਾ ਤੋਂ ਚੌਥੀ ਵਾਰ ਉਮੀਦਵਾਰ ਐਲਾਨਣ ਦੀ ਖੁਸ਼ੀ ਵਿੱਚ ਹਲਕਾ ਬੁਢਲਾਡਾ ਦੇ ਇੰਚਾਰਜ ਡਾ. ਨਿਸ਼ਾਨ ਸਿੰਘ ਦੀ ਅਗਵਾਈ ਵਿੱਚ ਭੀਖੀ ਰੋਡ, ਬੁਢਲਾਡਾ ਚੋਣ ਦਫਤਰ ਵਿਖੇ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ।ਹਲਕਾ ਇੰਚਾਰਜ ਡਾ. ਨਿਸ਼ਾਨ ਸਿੰਘ ਨੇ ਕਿਹਾ ਕਿ ਇਸ ਵਾਰ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਐਮ.ਪੀ ਅਤੇ ਮੰਤਰੀ ਦੌਰਾਨ ਬਠਿੰਡਾ-ਮਾਨਸਾ ਦੇ ਕੀਤੇ ਕੰਮਾਂ ਨੂੰ ਦੇਖਦੇ ਹੋਏ ਲੋਕ ਭਾਰੀ ਵੋਟਾਂ ਨਾਲ ਜਿਤਾ ਕੇ ਪੰਜਾਬ ਦੀ ਧੀ ਨੂੰ ਦੇਸ਼ ਦੀ ਪਾਰਲੀਮੈਂਟ ਵਿੱਚ ਭੇਜਣਗੇ।


**ਉੱਤਰ ਰੇਲਵੇ**

ਆਜ਼ਾਦੀ का अमृत महोत्सव

**ਈ-ਟੈਂਡਰ ਨੋਟਿਸ**

ਉਪ ਮੁੱਖ ਇੰਜਿਨੀਅਰ/ਪੁਲ/ਵਰਕਸ਼ਾਪ, ਉੱਤਰ ਰੇਲਵੇ ਜਲੰਧਰ ਛਾਉਣੀ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫੋਂ ਸਿੰਗਲ ਪੈਕੇਟ ਸਿਸਟਮ ਤਹਿਤ ਖੁੱਲ੍ਹੇ ਈ-ਟੈਂਡਰ ਦਾ ਸੱਦਾ ਦਿੱਤਾ ਜਾਂਦਾ ਹੈ।

| | | | |
|---|---|---|---|
| ਟੈਂਡਰ ਨੋਟਿਸ ਨੰ. | OT-04-JRC-2024 | | |
| ਕੰਮ ਦਾ ਨਾਂਅ | ਐੱਸ ਐੱਸ ਈ/ਬੀ ਆਰ/ਐੱਮ/ਪੀ ਟੀ ਕੇ ਅਧੀਨ ਜੇ ਯੂ ਸੀ-ਪੀ ਟੀ ਕੇ ਲਾਈਨ 'ਤੇ ਪੁਲ ਨੰ. 188 ਡੀ ਐੱਨ (14×45.7 ਐੱਮ) ਦੇ ਕੋਰੋਡਿਡ ਮੈਂਬਰਾਂ ਦਾ ਪ੍ਰਤੀਸਥਾਪਨ ਕਰਨਾ। | | |
| ਅੰਦਾਜ਼ਨ ਕੀਮਤ (ਰੁ.) | ₹1,04,46,755.24 | ਰਕਮ ਬਿਆਨਾ | ₹2,02,200/- |
| ਖੁੱਲ੍ਹਣ ਦੀ ਮਿਤੀ | 13.05.2024 | ਟੈਂਡਰ ਫਾਰਮ ਦੀ ਕੀਮਤ ਰੁ. | 0.00/- |
| ਆਈ ਆਰ ਈ ਪੀ ਐੱਸ 'ਤੇ ਬੋਲੀ ਲਗਾਉਣ ਦੀ ਮਿਤੀ | 29.04.2024 ਤੋਂ 13.05.2024 | | |
| ਕੰਮ ਮੁਕੰਮਲ ਕਰਨ ਦਾ ਸਮਾਂ | 06 ਮਹੀਨੇ | | |
| ਟੈਂਡਰ ਪੇਸ਼ ਕਰਨ ਅਤੇ ਟੈਂਡਰ ਖੁੱਲ੍ਹਣ ਦੀ ਮਿਤੀ ਅਤੇ ਸਮਾਂ | ਹਰੇਕ ਖਿਲਾਫ ਦਿਖਾਈਆਂ ਗਈਆਂ ਮਿਤੀਆਂ 'ਤੇ 15.00 ਵਜੇ ਤੱਕ ਅਤੇ ਉਸੇ ਮਿਤੀ ਨੂੰ 15.00 ਵਜੇ ਤੋਂ ਬਾਅਦ | | |
| ਵੈੱਬਸਾਈਟ ਵੇਰਵੇ ਜਿੱਥੇ ਟੈਂਡਰ ਦਾ ਪੂਰਾ ਵੇਰਵਾ ਦੇਖਿਆ ਜਾ ਸਕਦਾ ਹੈ ਅਤੇ ਡਾਊਨਲੋਡ ਕੀਤਾ ਜਾ ਸਕਦਾ ਹੈ | ਈ-ਟੈਂਡਰ ਨੋਟਿਸ ਦਾ ਵਿਸਥਾਰ ਉੱਤਰ ਰੇਲਵੇ ਦੀ ਵੈੱਬਸਾਈਟ www.nr.indianrailways.gov.in 'ਤੇ ਅਤੇ ਟੈਂਡਰ ਦਸਤਾਵੇਜ਼ www.ireps.gov.in 'ਤੇ ਉਪਲੱਬਧ ਹੈ। | | |

No.: 80-W/30/Bridges/Invitation ਮਿਤੀ : 19.04.2024 1196/2024

ਗਾਹਕਾਂ ਦੀ ਸੇਵਾ 'ਚ ਮੁਸਕਾਨ ਦੇ ਨਾਲ


## ਸਰੀ (ਕੈਨੇਡਾ) ਵਿਖੇ ਫ੍ਰੀ ਦਸਤਾਰ ਸਿਖਲਾਈ ਕੈਂਪ ਲਗਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕੈਨੇਡਾ ਦੀ ਧਰਤੀ ਬ੍ਰਿਟਿਸ਼ ਕੋਲੰਬੀਆ ਦੇ ਵੱਡੇ ਸ਼ਹਿਰ ਵੈਨਕੂਵਰ ਅਤੇ ਸਰੀ ਵਿਖੇ ਵਿਸਾਖੀ ਨੂੰ ਸਮਰਪਿਤ ਇੰਟਰਨੈਸ਼ਲ ਪੱਧਰ ਤੇ ਸਜਾਏ ਗਏ ਨਗਰ ਕੀਰਤਨ ਮੌਕੇ ਸਿੱਖ ਮੋਟਰਸਾਈਕਲ ਕਲੱਬ ਸਰੀ ਕੈਨੇਡਾ ਵੱਲੋਂ ਐੱਨਆਰ ਵੀਰਾਂ ਦੇ ਸਹਿਯੋਗ ਨਾਲ 1 ਰੋਜ਼ਾ ਵੱਖ-ਵੱਖ ਜਗ੍ਹਾ 'ਤੇ ਤਿੰਨ ਫ੍ਰੀ ਦਸਤਾਰ ਸਿਖਲਾਈ ਕੈਂਪ ਲਗਾਏ ਗਏ ।ਇਸ ਮੌਕੇ ਇੰਟਰਨੈਸ਼ਨਲ ਦਸਤਾਰ ਕੋਚ ਗੁਰਜੀਤ ਸਿੰਘ ਸ਼ਾਹਪੁਰੀਆ (ਗੁਰਦਾਸਪੁਰ) ਅਤੇ ਦਸਤਾਰ ਕੋਚ ਹਰਮਨ ਸਿੰਘ ਵੱਲੋਂ ਇਨ੍ਹਾਂ ਤਿੰਨਾਂ ਫ੍ਰੀ ਦਸਤਾਰ ਸਿਖਲਾਈ ਕੈਂਪਾਂ ਵਿੱਚ 1500 ਤੋ ਵੱਧ ਦਸਤਾਰਾਂ ਸਜਾਉਣ ਦੀ ਸੇਵਾ ਨਿਭਾਈ ਗਈ ।ਇਸ ਨਗਰ ਕੀਰਤਨ ਮੌਕੇ ਕੈਨੇਡਾ ਸਰਕਾਰ ਦੇ ਮੰਤਰੀ ਤੇ ਵੈਨਕੂਵਰ ਸਾਊਥ ਦੇ ਮੈਂਬਰ ਪਾਰਲੀਮੈਂਟ ਹਰਜੀਤ ਸਿੰਘ ਸੱਜਣ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ





ਕੀਤੀ ਗਈ ।ਇਸ ਨਗਰ ਕੀਰਤਨ ਅਤੇ ਫ੍ਰੀ ਦਸਤਾਰ ਸਿਖਲਾਈ ਕੈਂਪ ਬਾਰੇ ਫੋਨ ਰਾਹੀਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਗੁਰਜੀਤ ਸਿੰਘ ਸ਼ਾਹਪੁਰੀਏ ਨੇ ਦੱਸਿਆ ਕਿ 13 ਅਪ੍ਰੈਲ ਨੂੰ ਵੈਨਕੂਵਰ ਵਿਖੇ ਸਜਾਏ ਗਏ ਨਗਰ ਕੀਰਤਨ ਵਿੱਚ ਕਰੀਬ 4 ਲੱਖ ਤੋਂ ਵੱਧ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਦੁਨੀਆ ਦੇ ਸਭ ਤੋਂ ਵੱਡੇ 16 ਅਪ੍ਰੈਲ ਨੂੰ ਸਰੀ ਦੇ ਗੁਰਦੁਆਰਾ ਦਸਮੇਸ਼ ਦਰਬਾਰ ਤੋਂ ਸਜਾਏ ਗਏ ਨਗਰ ਕੀਰਤਨ ਵਿੱਚ 10 ਲੱਖ ਦੇ ਕਰੀਬ ਵੱਖ-ਵੱਖ ਦੇਸ਼ਾਂ ਤੋਂ ਸੰਗਤਾਂ ਨੇ ਹਾਜ਼ਰੀ ਭਰੀ ।ਇਸ ਮੌਕੇ ਸਿੱਖ ਮੋਟਰਸਾਈਕਲ ਕਲੱਬ ਸਰੀ (ਕੈਨੇਡਾ) ਵੱਲੋਂ ਤਿੰਨ ਜਗ੍ਹਾ ਤੇ ਵੱਖ-ਵੱਖ ਫਰੀ ਦਸਤਾਰ ਸਿਖਲਾਈ ਕੈਂਪ ਲਗਾਏ ਗਏ, ਜਿਸ ਵਿੱਚ ਸਿੱਖਾਂ ਤੋਂ ਇਲਾਵਾ ਗੋਰਿਆਂ, ਬਜ਼ੁਰਗਾਂ, ਛੋਟੇ ਵੱਡੇ ਬੱਚਿਆਂ ਅਤੇ ਸਿੱਖ ਬੀਬੀਆਂ ਨੇ ਬੜੀ ਸ਼ਰਧਾ ਨਾਲ ਆਪਣੇ ਸਿਰ ਤੇ ਦਸਤਾਰਾਂ ਸਜਾਈਆਂ।ਇਸ ਕੈਂਪ ਦੌਰਾਨ ਨੌਜਵਾਨਾਂ ਨੂੰ ਫ੍ਰੀ ਦਸਤਾਰਾਂ ਵੀ ਵੰਡੀਆਂ ਗਈਆਂ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ 10 ਦੇ ਕਰੀਬ ਨੌਜਵਾਨਾਂ ਨੇ ਨਸ਼ੇ ਤਿਆਗ ਕੇ ਕੇਸ ਅਤੇ ਦਾੜ੍ਹੀ ਰੱਖਣ ਦਾ ਪ੍ਰਣ ਵੀ ਲਿਆ ਹੈ ।ਇਸ ਮੌਕੇ ਕੈਨੇਡਾ ਸਰਕਾਰ ਦੇ ਮੰਤਰੀ ਹਰਜੀਤ ਸਿੰਘ ਸੱਜਣ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਨੌਜਵਾਨਾਂ ਨੂੰ ਕਿਹਾ ਕਿ ਸਾਨੂੰ ਆਪਣੇ ਗੁਰੂਆਂ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਸਾਬਤ ਸੂਰਤ ਸਿੱਖੀ ਰੂਪ ਧਾਰਨ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਨੌਜਵਾਨਾਂ ਦਾ ਇਹ ਬਹੁਤ ਵੱਡਾ ਉਪਰਾਲਾ ਹੈ, ਜੋ ਪੰਜਾਬ ਭਾਰਤ ਤੋਂ ਆ ਕੇ ਨੌਜਵਾਨ ਪੀੜ੍ਹੀ ਨੂੰ ਸਿੱਖੀ ਤੇ ਗੁਰੂ ਨਾਲ ਜੋੜ ਰਹੇ ਹਨ।ਇਸ ਕੈਂਪ ਵਿੱਚ ਜਸਕਰਨ ਸਿੰਘ, ਪਾਲ ਸਿੰਘ, ਅਤਿੰਦਰ ਪਾਲ ਸਿੰਘ, ਅਭਿਨਵ ਸ਼ਰਮਾ, ਅਭਿਸ਼ੇਕ ਸ਼ਰਮਾ, ਰਮੇਸ਼ ਸ਼ਰਮਾ ਆਦਿ ਵੀਰਾਂ ਵੱਲੋਂ ਵੀ ਸੇਵਾ ਨਿਭਾਈ ਗਈ ।

## ...ਸ.ਫਾ 1 ਦੇ ਬਾਕੀ

### ਲੋਕ ਸਭਾ ਚੋਣਾਂ ਲੋਕਤੰਤਰ ...

ਭਖਾਉਣ ਲਈ ਤਨ, ਮਨ, ਧਨ ਨਾਲ ਸਹਿਯੋਗ ਕਰਨ ਦਾ ਸੰਕਲਪ ਲਿਆ।

ਇਸ ਮੌਕੇ ਬਜ਼ੁਰਗ ਕਾਮਰੇਡ ਸ਼ਾਮ ਸੁੰਦਰ, ਹਰਪਾਲ ਸਿੰਘ ਮਚਾਕੀ, ਇੰਦਰਜੀਤ ਸਿੰਘ ਗਿੱਲ, ਸੁਖਦਰਸ਼ਨ ਰਾਮ ਸ਼ਰਮਾ, ਭਲਵਿੰਦਰ ਸਿੰਘ ਔਲਖ, ਪੱਪੀ ਢਿਲਵਾਂ, ਚਰਨਜੀਤ ਚੰਬੇਲੀ, ਇਸਤਰੀ ਆਗੂ ਮਨਜੀਤ ਕੌਰ ਅਤੇ ਸ਼ਸ਼ੀ ਸ਼ਰਮਾ, ਮੁਖਤਿਆਰ ਸਿੰਘ ਭਾਣਾ, ਗੁਰਮੇਲ ਸਿੰਘ ਲਾਲੇਆਣਾ, ਗੁਰਦੀਪ ਭੋਲਾ ਪੀ ਆਰ ਟੀ ਸੀ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਜ਼ਿਲ੍ਹਾ ਕੌਂਸਲ ਵੱਲੋਂ ਇਸ ਨਾਂਅ ਦੀ ਸਿਫਾਰਸ਼ ਕਰਕੇ ਰਸਮੀ ਪ੍ਰਵਾਨਗੀ ਲਈ ਸੂਬਾ ਕੇਂਦਰ ਨੂੰ ਭੇਜ ਦਿੱਤੀ ਗਈ ਹੈ। ਮਾਸਟਰ ਗੁਰਚਰਨ ਸਿੰਘ ਮਾਨ ਨੇ ਪਾਰਟੀ ਵੱਲੋਂ ਉਨ੍ਹਾ ਵਿੱਚ ਪ੍ਰਗਟ ਕੀਤੇ ਭਰੋਸੇ 'ਤੇ ਪੂਰਾ ਉਤਰਨ ਅਤੇ ਇਲਾਕੇ ਦੇ ਮਿਹਨਤਕਸ਼ ਲੋਕਾਂ ਦੀ ਸੇਵਾ ਹੋਰ ਤਕੜੇ ਮਨੋਬਲ ਨਾਲ ਕਰਦੇ ਰਹਿਣ ਦਾ ਭਰੋਸਾ ਦਿਵਾਇਆ।

## ਗੁਰਦੁਆਰਾ ਸਾਹਿਬ 'ਚ ਲੱਗੀ ਅੱਗ, ਜਾਨੀ ਨੁਕਸਾਨ ਤੋਂ ਬਚਾਅ



ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਫ਼ਰੀਦਕੋਟ ਦੀ ਸੰਜੇ ਨਗਰ ਬਸਤੀ ਗਲੀ ਨੰਬਰ 12 ਵਿਚ ਬਣੇ ਗੁਰਦੁਆਰਾ ਸਾਹਿਬ ਵਿਚ ਅੱਜ ਸਵੇਰੇ ਅਚਾਨਕ ਅੱਗ ਲੱਗ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਮੁਹੱਲਾ ਵਾਸੀਆਂ ਅਤੇ ਮੌਕੇ 'ਤੇ ਪਹੁੰਚੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਦੱਸਿਆ ਕਿ ਇਹ ਅੱਗ ਸ਼ਾਰਟ ਸਰਕਟ ਕਾਰਨ ਲੱਗੀ ਹੈ, ਜਿਸ ਵਿੱਚ ਜਾਨੀ ਨੁਕਸਾਨ ਅਤੇ ਗੁਰੂ ਗ੍ਰੰਥ ਸਾਹਿਬ ਜੀ ਦਾ ਬਚਾਅ ਰਿਹਾ ਪਰ ਗੁਰਦੁਆਰਾ ਸਾਹਿਬ ਅੰਦਰ ਪਏ ਰੁਮਾਲੇ ਅਤੇ ਮੈਟ ਵਗੈਰਾ ਸੜ ਕੇ ਸੁਆਹ ਹੋ ਗਏ। ਇਸ ਮੌਕੇ ਗੁਰਦਵਾਰਾ ਸਾਹਿਬ ਦੇ ਮੁੱਖ ਸੇਵਾਦਾਰ ਅਤੇ ਮੁਹੱਲਾ ਵਾਸੀਆਂ ਅਤੇ ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਇਤਲਾਹ ਮਿਲੀ ਸੀ ਕਿ ਫਰੀਦਕੋਟ ਦੇ ਸੰਜੇ ਨਗਰ ਦੀ ਗਲੀ ਨੰਬਰ 12 ਵਿਚ ਬਣੇ ਗੁਰਦੁਆਰਾ ਸਾਹਿਬ ਵਿਚ ਅਚਾਨਕ ਅੱਗ ਲੱਗ ਗਈ ਹੈ ਅਸੀ ਮੌਕੇ ਤੇ ਪਹੁੰਚੇ ਹਾਂ ਅੱਗ ਤੇ ਕਾਬੂ ਪਾਇਆ ਗਿਆ ਹੈ, ਪ੍ਰਸ਼ਾਸਨਿਕ ਅਧਿਕਾਰੀਆਂ ਨੇ ਦੱਸਿਆ ਕਿ ਜਾਚ ਪੜਤਾਲ ਕੀਤੀ ਜਾ ਰਹੀ ਹੈ ਅਤੇ ਜਾਂਚ ਪੜਤਾਲ ਤੋਂ ਬਾਅਦ ਹੀ ਅਸਲੀ ਕਾਰਨਾਂ ਦਾ ਪਤਾ ਲੱਗ ਸਕੇਗਾ।

## ਬਿੱਟੂ ਨੇ ਚਰਨਜੀਤ ਸਿੰਘ ਅਟਵਾਲ ਨਾਲ ਮੁਲਾਕਾਤ ਕੀਤੀ



ਜਗਰਾਉਂ (ਅਮਿਤ ਖੰਨਾ)-ਲੋਕ ਸਭਾ ਤੋਂ ਭਾਜਪਾ ਦੇ ਉਮੀਦਵਾਰ ਰਵਨੀਤ ਬਿੱਟੂ ਨੇ ਭਾਜਪਾ ਦੇ ਸੀਨੀਅਰ ਆਗੂ ਤੇ ਲੋਕ ਸਭਾ ਦੇ ਸਾਬਕਾ ਡਿਪਟੀ ਸਪੀਕਰ ਚਰਨਜੀਤ ਸਿੰਘ ਅਟਵਾਲ ਨਾਲ ਉਨ੍ਹਾਂ ਦੀ ਰਿਹਾਇਸ਼ ਲੁਧਿਆਣਾ ਵਿਖੇ ਸ਼ਿਸ਼ਟਾਚਾਰ ਨਾਲ ਮੁਲਾਕਾਤ ਕੀਤੀ।ਦੋਵਾਂ ਆਗੂਆਂ ਨੇ ਲੁਧਿਆਣਾ ਦੇ ਲੋਕ ਸਭਾ ਚੋਣਾਂ ਦੇ ਹਾਲਾਤ ਬਾਰੇ ਚਰਚਾ ਕੀਤੀ ਤੇ ਪਾਰਟੀ ਦੀ ਬਿਹਤਰੀ ਲਈ ਮਿਲ ਕੇ ਕੰਮ ਕਰਨ ਲਈ ਸਹਿਮਤੀ ਪ੍ਰਗਟਾਈ।ਮੀਟਿੰਗ ਦੌਰਾਨ ਇੰਦਰ ਇਕਬਾਲ ਸਿੰਘ ਅਟਵਾਲ ਵੀ ਹਾਜ਼ਰ ਸਨ।

## ਡੀ ਆਰ ਐਸ ਸਕੂਲ 'ਚ ਵਿਸ਼ਵ ਧਰਤ ਦਿਵਸ ਮਨਾਇਆ



ਦੋਦਾ (ਵਕੀਲ ਸਿੰਘ ਬਰਾੜ)-ਧਰਤ ਵਿਸ਼ਵ ਦਿਵਸ ਇਸ ਖੇਤਰ ਦੀ ਨਾਮਵਾਰ ਸਿੱਖਿਆ ਸੰਸਥਾ ਡੀ ਆਰ ਐਸ ਕਾਨਵੈਂਟ ਸਕੂਲ ਕਾਉਣੀ ਵਿਖੇ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਧਰਤ ਦਿਵਸ ਉਤੇ ਭਾਸ਼ਣ ਦਿੱਤੇ ਅਤੇ ਸਕੂਲ ਪ੍ਰਿੰਸੀਪਲ ਵਿਪਨ ਕੁਮਾਰ ਨੇ ਵਿਦਿਆਰਥੀਆਂ ਨੂੰ ਇਸ ਦਿਨ ਦੀ ਵਿਸ਼ੇਸ਼ਤਾ 'ਤੇ ਜਾਣਕਾਰੀ ਵਿਸਥਾਰ ਨਾਲ ਦਿੱਤੀ। ਉਨ੍ਹਾਂ ਦੱਸਿਆ ਕਿ ਪਲਾਸਟਿਕ ਧਰਤੀ ਨੂੰ ਬਹੁਤ ਜ਼ਿਆਦਾ ਪ੍ਰਦੂਸ਼ਤ ਕਰ ਰਿਹਾ ਹੈ। ਇਸ ਦੀ ਵਰਤੋਂ ਘੱਟ ਤੋਂ ਘੱਟ ਕੀਤੀ ਜਾਣੀ ਚਾਹੀਦੀ ਹੈ। ਸਕੂਲ ਚੇਅਰਮੈਨ ਨਿਹਾਲ ਸਿੰਘ ਬਰਾੜ ਨੇ ਵਿਦਿਆਰਥੀਆਂ ਨੂੰ ਗੁਰਬਾਣੀ ਦਾ ਹਵਾਲਾ ਦਿੰਦਿਆਂ ਧਰਤੀ ਨੂੰ ਮਾਤਾ ਦਾ ਦਰਜਾ ਦਿੱਤਾ ਅਤੇ ਇਸ ਨੂੰ ਬਚਾਉਣ ਅਤੇ ਹਰੀ ਭਰੀ ਬਣਾਉਣ ਦੀ ਅਪੀਲ ਕੀਤੀ। ਇਸ ਮੌਕੇ ਵਿਦਿਆਰਥੀਆਂ ਵਿਚ ਪੇਂਟਿੰਗ ਮੁਕਾਬਲੇ ਵੀ ਕਰਵਾਏ ਗਏ। ਸਕੂਲ ਵਿਚ ਰੁੱਖ ਵੀ ਲਾਏ। ਇਸ ਮੌਕੇ ਸਮੂਹ ਸਟਾਫ ਅਤੇ ਸਮੂਹ ਵਿਦਿਆਰਥੀ ਮੌਜੂਦ ਸਨ।


**AXIS BANK LTD.**

**ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ**

ਰਿਟੇਲ ਐਸੇਟ ਸੈਂਟਰ : ਦੂਜੀ ਅਤੇ ਤੀਜੀ ਮੰਜ਼ਿਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਕਾਰਪੋਰੇਟ ਦਫਤਰ : "ਐਕਸਿਸ ਹਾਊਸ", ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ "ਤ੍ਰਿਸ਼ੂਲ" ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ - 380006

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿੱਕਰੀ ਵਾਸਤੇ ਈ-ਨਿਲਾਮੀ ਨੋਟਿਸ।

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਭੌਤਿਕ ਕਬਜ਼ਾ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ (1) ਮਿਸ ਦੀਪਤੀ ਕੁਮਾਰੀ ਜੈਨ ਪੁੱਤਰੀ ਸ੍ਰੀ ਰਾਜ ਕੁਮਾਰ (2) ਸ੍ਰੀ ਮਨਦੀਪ ਕੁਮਾਰ ਜੈਨ ਪੁੱਤਰ ਸ੍ਰੀ ਰਾਜ ਕੁਮਾਰ ਨੂੰ ਬਕਾਇਆ ਰਕਮ, ਕਰਜ਼ਾ ਨੰ. ਪੀ ਐੱਚ ਆਰ 004202516181 'ਚ 19.04.2024 ਨੂੰ ਬਕਾਇਆ ਰਕਮ ਰੁਪਏ 2093845/- (ਵੀਹ ਲੱਖ ਤਰਿਆਨਵੇਂ ਹਜ਼ਾਰ ਅੱਠ ਸੌ ਪੰਜਤਾਲੀ ਰੁਪਏ ਕੇਵਲ) ਦੀ ਵਸੂਲੀ 17.05.2024 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 8,86,074/- (ਅੱਠ ਲੱਖ ਛਿਆਸੀ ਹਜ਼ਾਰ ਚੁਹੱਤਰ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 88, 607/- (ਅਠਾਸੀ ਹਜ਼ਾਰ ਛੇ ਸੌ ਸੱਤ ਰੁਪਏ ਕੇਵਲ) |
| ਬੋਲੀ ਵਾਧਾ ਰਕਮ | ਰੁਪਏ 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | 15 ਮਈ 2024 ਸ਼ਾਮ 05.00 ਵਜੇ ਤੱਕ, ਐਕਸਿਸ ਬੈਂਕ ਲਿਮਿਟਡ, ਰਿਟੇਲ ਐੱਸਟ ਸੈਂਟਰ ਦੂਜੀ ਅਤੇ ਤੀਜੀ ਮੰਜ਼ਿਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 17 ਮਈ 2024 ਸਵੇਰੇ 11.00 ਵਜੇ ਅਤੇ 1.00 ਵਜੇ ਦਰਮਿਆਨ ਹਰੇਕ 5 ਮਿੰਟ ਦੇ ਅਸੀਮਤ ਵਾਧੇ ਨਾਲ। ਈ-ਨਿਲਾਮੀ ਟੈਂਡਰ ਦਸਤਾਵੇਜ਼, ਜਿਵੇਂ ਕਿ ਈ-ਨਿਲਾਮੀ ਬੋਲੀ ਫਾਰਮ, ਡੈਕਲੇਰੇਸ਼ਨ ਆਦਿ ਸ਼ਾਮਲ ਹਨ,ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ-ਜਾਇਦਾਦ ਦਾ ਵੇਰਵਾ : ਇੱਕ ਮਕਾਨ ਮਿਊਂਸਪਲ ਕਾਰਪੋਰੇਸ਼ਨ ਨੰ. 1706/374/ਬੀ, ਰਕਬਾ 71 ਵਰਗ ਗਜ਼ ਖਸਰਾ ਨੰ. 897, ਖੇਵਟ/ਖਤੌਨੀ ਨੰ. 1253/1674, ਸਫਾ ਨੰ. 1584, ਜਮ੍ਹਾਂਬੰਦੀ ਸਾਲ 2010-11, ਪਿੰਡ ਗਿੱਲ 2, ਹਦਬਸਤ ਨੰ. 263, ਅਬਾਦੀ ਸੂਰਜ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : (ਬੈਨਾਮੇ ਅਨੁਸਾਰ) ਉੱਤਰ : ਗੁਆਂਢ 44', ਦੱਖਣ : ਗੁਆਂਢ 44', ਪੂਰਬ : ਗੁਆਂਢ 14''5', ਪੱਛਮ : ਗਲੀ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axisbank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਿਟਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਈ-ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਿਟਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਸੰਦੀਪ ਬਵੇਜਾ (ਮੋਬਾਈਲ ਨੰ. 8920705598) ਬੈਂਕ ਦੇ ਅਧਿਕਾਰਤ ਅਫਸਰ ਨਾਲ ਦਫਤਰੀ ਸਮੇਂ ਸਵੇਰੇ 9.30 ਵਜੇ ਤੋਂ ਸ਼ਾਮ ਦੇ 6.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 24-04-2024, ਸਥਾਨ : ਲੁਧਿਆਣਾ — ਸਹੀ/-(ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਿਟਡ

**AXIS BANK LTD.**

ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮ. ਐੱਸ ਸੀ ਓ 367-368, ਸੈਕਟਰ-34 ਏ, ਚੰਡੀਗੜ੍ਹ-160022, ਕਾਰਪੋਰੇਟ ਦਫਤਰ : 'ਐਕਸਿਸ ਹਾਊਸ', ਬਲਾਕ-ਬੀ, ਬੰਬੇ ਡਾਈਂਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿ. ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-380006

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|
| 1. ਮੈਸ. ਕੇਸਰ ਸਿੰਘ ਗੁਰਮੁੱਖ ਸਿੰਘ ਪਤਾ : ਦੁਕਾਨ ਨੰ. 230, ਨਵੀਂ ਦਾਣਾ ਮਾਰਕਿਟ, ਖੰਨਾ, ਲੁਧਿਆਣਾ, ਪੰਜਾਬ-141401 2. ਸ੍ਰੀ ਕੇਸਰ ਸਿੰਘ ਪੁੱਤਰ ਪ੍ਰੀਤਮ ਸਿੰਘ, ਸਮਰਾਲਾ ਪੁਰਬਾ, ਬਗਲੀ ਕਲਾਂ, ਲੁਧਿਆਣਾ, ਪੰਜਾਬ-141412, ਨਾਲ ਹੀ : ਦੁਕਾਨ ਨੰ. 230, ਨਵੀਂ ਦਾਣਾ ਮਾਰਕਿਟ, ਖੰਨਾ, ਲੁਧਿਆਣਾ, ਪੰਜਾਬ-141401 3. ਸ੍ਰੀਮਤੀ ਅਮਰਜੀਤ ਕੌਰ ਪਤਨੀ ਕੇਸਰ ਸਿੰਘ, ਸਮਰਾਲਾ ਪੁਰਬਾ, ਬਗਲੀ ਕਲਾਂ, ਲੁਧਿਆਣਾ ਪੰਜਾਬ-141412, ਸ੍ਰੀ ਪਲਵਿੰਦਰ ਸਿੰਘ ਪੁੱਤਰ ਗੁਰਦੇਵ ਸਿੰਘ ਦੇ ਸਾਰੇ ਕਾਨੂੰਨੀ ਵਾਰਸ, ਪੋਸਟ-ਈਸੜੂ, ਖੰਨਾ, ਲੁਧਿਆਣਾ-ਪੰਜਾਬ-141414 | ਜਾਇਦਾਦ ਨੰ. 01 : ਬੈਨਾਮਾ ਨੰ. 1271 : ਮਿਤੀ 03.08.1998 ਅਤੇ ਬੈਨਾਮਾ ਨੰ. 1795 ਮਿਤੀ 27.07.1994 ਅਨੁਸਾਰ ਅਮਰਜੀਤ ਕੌਰ ਪਤਨੀ ਕੇਸਰ ਸਿੰਘ ਦੀ ਮਲਕੀਅਤ ਜ਼ਮੀਨ ਅਤੇ ਇਮਾਰਤ ਰਕਬਾ 0 ਕੇ-01 ਐੱਮ, ਬੂਥ ਨੰ. 230, ਦਾਣਾ ਮਾਰਕਿਟ, ਖੰਨਾ, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : (ਬੈਨਾਮੇ ਅਨੁਸਾਰ) ਪੂਰਬ : ਬੂਥ ਨੰ. 229 ਸਾਈਡ 30'-4.1/2", ਪੱਛਮ : ਬੂਥ ਨੰ. 231 ਸਾਈਡ 30'-4. 1/2", ਉੱਤਰ : ਪਹਾੜ ਸਾਈਡ 10'-0", ਦੱਖਣ : ਸੜਕ ਸਾਈਡ 10'-0", ਜਾਇਦਾਦ ਨੰ. 02 ਬੈਨਾਮਾ ਨੰ. 4068 ਮਿਤੀ 26.11.2008 ਅਤੇ ਬੈਨਾਮਾ ਨੰ. 4043 ਮਿਤੀ 25.11.2008 ਅਨੁਸਾਰ ਕੇਸਰ ਸਿੰਘ ਪੁੱਤਰ ਪ੍ਰੀਤਮ ਸਿੰਘ ਦੀ ਮਲਕੀਅਤ ਜ਼ਮੀਨ ਅਤੇ ਇਮਾਰਤ ਰਕਬਾ 0 ਕੇ-01 ਐੱਮ, ਬੂਥ ਨੰ. 222, ਦਾਣਾ ਮਾਰਕੀਟ, ਖੰਨਾ, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ : (ਬੈਨਾਮੇ ਅਨੁਸਾਰ) ਪੂਰਬ : ਪਹਾੜ ਸਾਈਡ 10'-0", ਪੱਛਮ : ਗਲੀ ਰਸਤਾ ਸਾਈਡ 10'-0", ਉੱਤਰ : ਬੂਥ ਨੰ. 223 ਸਾਈਡ 30'-4. 1/2", ਦੱਖਣ : ਬੂਥ ਨੰ. 221 ਸਾਈਡ 30'-4. 1/2" | 23/01/2024 | 19.04.2024 ਖੰਨਾ, ਪੰਜਾਬ | ਰੁਪਏ 37,00,711/-(ਸੈਂਤੀ ਲੱਖ ਸੱਤ ਸੌ ਗਿਆਰਾਂ ਰੁਪਏ ਕੇਵਲ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 24.04.2024 ਸਥਾਨ : ਖੰਨਾ, ਪੰਜਾਬ — ਸਹੀ/-(ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਿਟਡ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਮੰਡੀਆਂ 'ਚ ਕਿਸਾਨਾਂ ਦੀ ਖ਼ੱਜਲ-ਖ਼ੁਆਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਡਿਪਟੀ ਕਮਿਸ਼ਨਰ



**ਗੁਰਦਾਸਪੁਰ, ਧਾਰੀਵਾਲ (ਦਿਨੇਸ਼ ਕੁਮਾਰ/ਮਨਦੀਪ ਸਿੰਘ ਵਿੱਕੀ)**-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਕਣਕ ਦੀ ਖ਼ਰੀਦ ਵਿੱਚ ਲੱਗੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਖ਼ਤ ਹਦਾਇਤ ਕੀਤੀ ਹੈ ਕਿ ਉਹ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਦੇ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ ਖ਼ਰੀਦ ਪ੍ਰਬੰਧਾਂ ਵਿੱਚ ਕਿਸੇ ਕਿਸਮ ਦੀ ਢਿੱਲ-ਮੱਠ ਜਾਂ ਅਣਗਹਿਲੀ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਅਣਗਹਿਲੀ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਵੀ ਕੀਤੀ ਜਾਵੇਗੀ।ਡੀਸੀ ਸਵੇਰੇ 8:30 ਵਜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫ਼ਰੰਸ ਹਾਲ ਵਿਖੇ ਪ੍ਰਸ਼ਾਸਨਿਕ ਅਧਿਕਾਰੀਆਂ, ਖ਼ੁਰਾਕ ਤੇ ਸਿਵਲ ਸਪਲਾਈ ਵਿਭਾਗ, ਮੰਡੀ ਬੋਰਡ ਅਤੇ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਤੇ ਇੰਸਪੈਕਟਰਾਂ ਨਾਲ ਮੀਟਿੰਗ ਕਰਕੇ ਜ਼ਿਲ੍ਹੇ ਵਿੱਚ ਚੱਲ ਰਹੀ ਕਣਕ ਦੀ ਖ਼ਰੀਦ ਦਾ ਰੀਵਿਊ ਕਰ ਰਹੇ ਸਨ।ਉਨ੍ਹਾਂ ਜ਼ਿਲ੍ਹੇ ਦੀ ਇਕੱਲੀ-ਇਕੱਲੀ ਮੰਡੀ ਵਿੱਚ ਕਣਕ ਦੀ ਆਮਦ, ਖ਼ਰੀਦ, ਲਿਫ਼ਟਿੰਗ ਅਤੇ ਹੋਰ ਪ੍ਰਬੰਧਾਂ ਬਾਰੇ ਸਬੰਧਿਤ ਮੰਡੀ ਦੇ ਇੰਸਪੈਕਟਰਾਂ ਕੋਲੋਂ ਜਾਣਕਾਰੀ ਹਾਸਲ ਕੀਤੀ ਅਤੇ ਖ਼ਰੀਦ ਪ੍ਰਬੰਧਾਂ ਵਿੱਚ ਲੱਗੇ ਅਮਲੇ ਨੂੰ ਸਖ਼ਤ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਆ ਰਹੀ ਕਣਕ ਦੀ ਫ਼ਸਲ ਨੂੰ ਬਿਨਾਂ ਕਿਸੇ ਦੇਰੀ ਖ਼ਰੀਦਿਆ ਜਾਵੇ।ਉਨ੍ਹਾਂ ਕਿਹਾ ਕਿ 48 ਘੰਟੇ ਦੇ ਅੰਦਰ ਖ਼ਰੀਦੀ ਫ਼ਸਲ ਦੀ ਅਦਾਇਗੀ ਨੂੰ ਯਕੀਨੀ ਬਣਾਇਆ ਜਾਵੇ।ਇਸਦੇ ਨਾਲ ਹੀ ਉਨ੍ਹਾਂ ਮੰਡੀਆਂ ਵਿੱਚ ਲਿਫ਼ਟਿੰਗ ਵਿੱਚ ਤੇਜ਼ੀ ਲਿਆਉਣ ਦੀਆਂ ਹਦਾਇਤਾਂ ਵੀ ਦਿੱਤੀਆਂ। ਉਨ੍ਹਾਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਪੂਰੇ ਭਾਅ ਉੱਪਰ ਖ਼ਰੀਦਣ ਲਈ ਵਚਨਬੱਧ ਹੈ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਕਣਕ ਦੀ ਫ਼ਸਲ ਵੇਚਣ ਸਮੇਂ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਜੇ ਕਿਸੇ ਕਿਸਾਨ ਭਰਾ ਨੂੰ ਕਿਤੇ ਵੀ ਖ਼ਰੀਦ ਜਾਂ ਅਦਾਇਗੀ ਵਿੱਚ ਦਿੱਕਤ ਆ ਰਹੀ ਹੈ ਤਾਂ ਉਹ ਸਰਕਾਰ ਦੇ ਟੋਲ ਫ਼ਰੀ ਨੰਬਰ 1100 ਉੱਤੇ ਸੂਚਨਾ ਦੇ ਸਕਦੇ ਹਨ।ਉਨ੍ਹਾਂ ਕਿਹਾ ਕਿ ਕਿਸਾਨ ਭਰਾਵਾਂ ਵੱਲੋਂ ਦਿੱਤੀ ਸੂਚਨਾ ਉਤੇ ਫ਼ੌਰੀ ਕਾਰਵਾਈ ਕੀਤੀ ਜਾਵੇਗੀ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸੁਭਾਸ਼ ਚੰਦਰ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਬਲਰਾਜ ਸਿੰਘ, ਐੱਸਡੀਐੱਮ ਗੁਰਦਾਸਪੁਰ ਕਰਮਜੀਤ ਸਿੰਘ, ਐੱਸਡੀਐੱਮ ਬਟਾਲਾ ਸ਼ਾਇਰੀ ਮਲਹੋਤਰਾ, ਐੱਸਡੀਐੱਮ ਦੀਨਾਨਗਰ ਗੁਰਦੇਵ ਸਿੰਘ ਧਾਮ, ਐੱਸਡੀਐੱਮ ਕਲਾਨੌਰ ਮੈਡਮ ਜਿਓਤਸਨਾ ਸਿੰਘ, ਐੱਸਡੀਐੱਮ. ਡੇਰਾ ਬਾਬਾ ਨਾਨਕ ਹਰਦੀਪ ਸਿੰਘ, ਐੱਸਡੀਐੱਮ ਫ਼ਤਿਹਗੜ੍ਹ ਚੂੜੀਆਂ ਸੁਖਰਾਜ ਸਿੰਘ ਢਿੱਲੋਂ, ਡੀਐੱਫਐੱਸਸੀ ਸੁਖਵਿੰਦਰ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਤੇ ਖ਼ਰੀਦ ਏਜੰਸੀਆਂ ਦੇ ਅਧਿਕਾਰੀ ਵੀ ਹਾਜ਼ਰ ਸਨ।

## ਸਿਹਤ ਵਿਭਾਗ ਨੇ ਮਲੇਰੀਆ/ਡੇਂਗੂ ਦੇ ਟੈਸਟ ਕਰਵਾਉਣ ਲਈ ਲੋਕਾਂ ਨੂੰ ਕੀਤਾ ਜਾਗਰੂਕ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਸਿਵਲ ਸਰਜਨ ਗੁਰਦਾਸਪੁਰ ਡਾ. ਹਰਭਜਨ ਰਾਮ ਮਾਂਡੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਗੁਰਦਾਸਪੁਰ ਜਿਲੇ ਵਿਚ ਵੱਖ-ਵੱਖ ਥਾਈਂ ਸਿਹਤ ਵਿਭਾਗ ਵਲੋਂ ਡੇਂਗੂ ਅਤੇ ਮਲੇਰੀਆ ਜਾਗਰੂਕਤਾ ਤਹਿਤ ਗਤੀਵਿਧੀਆਂ ਕੀਤੀਆਂ ਗਈਆਂ।ਇਸ ਸਬੰਧੀ ਜਿਲਾ ਐਪੀਡਮੋਲੋਜਿਸਟ ਡਾ. ਪ੍ਰਭਜੋਤ ਕੌਰ ਕਲਸੀ ਨੇ ਦੱਸਿਆ ਕਿ ਵੱਖ ਵੱਖ ਪਿੰਡਾਂ ਵਿਚ ਮਛਰਾਂ ਦਾ ਲਾਰਵਾ ਚੈੱਕ ਕੀਤਾ ਗਿਆ।

ਆਨ ਸਪਾਟ ਟੈਸਟਿੰਗ ਕਿਟ ਨਾਲ ਮਲੇਰੀਆਂ ਜਾਂਚ ਕੀਤੀ ਗਈ।ਉਨ੍ਹਾਂ ਦੱਸਿਆ ਕਿ ਫੀਲਡ ਸਟਾਫ ਨੂੰ ਆਨ ਸਪਾਟ ਟੈਸਟਿੰਗ ਕਿਟ ਦਿਤੀ ਗਈ ਹੈ ਜਿਸ ਨਾਲ ਖ਼ੂਨ ਦੇ ਨਮੂਨੇ ਤੋ ਮੌਕੇ ਤੇ ਹੀ ਮਲੇਰੀਆ ਚੈੱਕ ਕੀਤਾ ਜਾ ਸਕਦਾ ਹੈ।ਫੀਲਡ ਸਟਾਫ ਇਹ ਟੈਸਟ ਕਰ ਰਿਹਾ ਹੈ। ਪਿੰਡਾਂ ਵਿਚ ਜਾਗਰੂਕਤਾ ਗਤੀਵਿਧੀਆਂ ਕਰਵਾਈ ਗਈਆਂ।ਫੀਲਡ ਸਟਾਫ ਵਲੋਂ ਮਲੇਰੀਆ ਜਾਂਚ ਲਈ ਘਰਾਂ ਅਤੇ ਹੋਰ ਜਗ੍ਹਾ ਤੇ ਮੱਛਰ ਦੇ ਲਾਰਵੇ ਦੀ ਜਾਂਚ ਕੀਤੀ।

ਮੱਛਰ ਨਾ ਹੋਣ ਇਸ ਲਈ ਲੋਕਾਂ ਨੂੰ ਉਪਾਅ ਦਸੇ ਗਏ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਤੇ ਵੀ ਫਾਲਤੂ ਵਿਚ ਪਾਣੀ ਨਾ ਜਮ੍ਹਾ ਹੋਣ ਦੇਣ।ਜੇਕਰ ਕਿਤੇ ਮੱਛਰ ਦਾ ਲਾਰਵਾ ਹੋਵੇ, ਉਸ ਨੂੰ ਨਸ਼ਟ ਕੀਤਾ ਜਾਵੇ।ਬੁਖਾਰ ਹੋਣ 'ਤੇ ਤੁਰੰਤ ਨੇੜਲੇ ਸਿਹਤ ਕੇਂਦਰ ਤੋਂ ਜਾਂਚ ਕਰਵਾਈ ਜਾਵੇ ਤੇ ਡਾਕਟਰ ਦੀ ਸਲਾਹ ਨਾਲ ਹੀ ਦਵਾਈ ਖਾਧੀ ਜਾਵੇ।

# ਅਰੁਣਾ ਚੌਧਰੀ ਨੇ ਵੱਖ-ਵੱਖ ਪਿੰਡਾਂ 'ਚ ਕੀਤੀਆਂ ਚੋਣ ਮੀਟਿੰਗਾਂ



**ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਵਿਧਾਇਕਾ** ਅਰੁਣਾ ਚੌਧਰੀ ਨੇ ਭਾਰਤ ਦੇ ਸੰਵਿਧਾਨ ਤੇ ਲੋਕਤੰਤਰ ਨੂੰ ਬਚਾਉਣ ਲਈ ਮੋਦੀ ਸਰਕਾਰ ਨੂੰ ਲਾਂਭੇ ਕਰਨ ਦਾ ਹੋਕਾ ਦਿੱਤਾ ਹੈ। ਉਨ੍ਹਾਂ ਚੋਣ ਪ੍ਰਚਾਰ ਦੇ ਦੂਸਰੇ ਦਿਨ ਪਿੰਡ ਝੜੋਲੀ ਬਾਂਗਰ, ਚੇਂਤਾ, ਜੰਡੀ, ਢਾਕੀ, ਬੇਹੜੀ, ਝੜੋਲੀ ਨਵੀਂ, ਝੜੋਲੀ ਪੁਰਾਣੀ, ਪੱਚੋਵਾਲ ਅਤੇ ਰਸੂਲਪੁਰ ਵਿਖੇ ਭਰਵੀਆਂ ਚੋਣ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਦਾਅਵਾ ਕੀਤਾ ਕਿ ਜੇਕਰ ਮੋਦੀ ਸਰਕਾਰ ਮੁੜ ਸੱਤਾ ਵਿੱਚ ਆਈ ਤਾਂ ਦੇਸ਼ ਅੰਦਰੋਂ ਲੋਕਤੰਤਰ ਪੂਰੀ ਤਰ੍ਹਾਂ ਨਾਲ ਖ਼ਤਮ ਹੋ ਜਾਵੇਗਾ ਅਤੇ ਇਹ ਲੋਕ ਆਰਐੱਸਐੱਸ ਵੱਲੋਂ ਤਿਆਰ ਕੀਤੇ ਗਏ ਸੰਵਿਧਾਨ ਨੂੰ ਲਾਗੂ ਕਰਦੇ ਹੋਏ ਮਨਮਰਜ਼ੀ ਦਾ ਰਾਜ ਪ੍ਰਬੰਧ ਚਲਾਉਣਗੇ।ਉਨ੍ਹਾਂ ਇੱਥੋਂ ਤੱਕ ਕਿਹਾ ਕਿ ਸ਼ਾਇਦ ਹੀ ਮੁੜ ਦੇਸ਼ ਅੰਦਰ ਚੋਣਾਂ ਹੋਣ ਅਤੇ ਲੋਕ ਪੁਰਾਣੇ ਸਮੇਂ ਵਾਂਗ ਗੁਲਾਮੀ ਭਰੀ ਜ਼ਿੰਦਗੀ ਜਿਊਣਗੇ।ਅਰੁਣਾ ਚੌਧਰੀ ਨੇ ਕਿਹਾ ਕਿ ਅਜੇ ਵੀ ਸਮਾਂ ਹੈ ਕਿ ਅਸੀਂ ਸਭ ਜਾਗਰੂਕ ਹੋਈਏ ਅਤੇ ਦੇਸ਼ ਨੂੰ ਜਾਤੀਵਾਦ ਤੇ ਧਰਮ ਦੇ ਨਾਂ 'ਤੇ ਲੜਾਉਣ ਵਾਲੀ ਸਰਮਾਏਦਾਰਾਂ ਦੀ ਸਰਕਾਰ ਕੋਲੋਂ ਖਹਿੜਾ ਛੁਡਵਾਈਏ।ਉਨ੍ਹਾਂ ਕਿਹਾ ਕਿ ਲੋਕ ਫ਼ੈਸਲਾ ਕਰਨ ਕਿ ਉਨ੍ਹਾਂ ਨੂੰ ਲੋਕ ਰਾਜ ਵਾਲੀ ਸਰਕਾਰ ਚਾਹੀਦੀ ਹੈ ਜਾਂ ਡਿਕਟੇਟਰਸ਼ਿਪ ਵਾਲੀ। ਉਨ੍ਹਾਂ ਕਿਹਾ ਕਿ ਪੰਜਾਬ ਨੂੰ 200 ਯੂਨਿਟ ਬਿਜਲੀ ਦੇਣ ਦਾ ਪ੍ਰਬੰਧ ਤਾਂ ਤੱਤਕਾਲੀ ਮੁੱਖ ਮੰਤਰੀ ਚਰਨਜੀਤ ਚੰਨੀ ਨੇ ਕਰ ਦਿੱਤਾ ਸੀ ਅਤੇ 'ਆਪ' ਦੀ ਸਰਕਾਰ ਨੇ ਸਿਰਫ਼ 100 ਯੂਨਿਟ ਹੋਰ ਵਧਾਏ ਹਨ ਜਦਕਿ ਢਿੰਡੋਰਾ 300 ਯੂਨਿਟ ਮੁਆਫ਼ ਕਰਨ ਦਾ ਪਿੱਟਿਆ ਗਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਬਦਲਾਅ ਦੇ ਨਾਂ 'ਤੇ ਪੰਜਾਬ ਦੀ ਜਨਤਾ ਨੂੰ ਠੱਗਿਆ ਗਿਆ ਹੈ ਜਦਕਿ ਅਸਲੀਅਤ ਵਿੱਚ ਨਾ ਤਾਂ ਕੋਈ ਬਦਲਾਅ ਆਇਆ ਹੈ ਅਤੇ ਨਾ ਹੀ ਕੋਈ ਵਿਕਾਸ ਦੇ ਕੰਮ ਪਿਛਲੇ ਦੋ ਸਾਲਾਂ ਚ ਹੋਏ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਾਂਗਰਸ ਪਾਰਟੀ ਦੇ ਹੱਥ ਮਜ਼ਬੂਤ ਕਰਨ ਅਤੇ ਗੁਰਦਾਸਪੁਰ ਹਲਕੇ ਤੋਂ ਪਾਰਟੀ ਉਮੀਦਵਾਰ ਨੂੰ ਵੋਟਾਂ ਪਾ ਕੇ ਜਿਤਾਉਣ।ਇਸ ਮੌਕੇ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਸਾਬਕਾ ਸਰਪੰਚ ਮਨਜੀਤ ਕੁਮਾਰ, ਮਹਿੰਦਰ ਝੜੋਲੀ, ਹਰਜਿੰਦਰ ਸਿੰਘ ਪੱਪੂ, ਸੁਰੇਸ਼ ਕੁਮਾਰ ਬਾਲਾਪਿੰਡੀ, ਬਲਦੇਵ ਰਾਜ ਸੁਲਤਾਨੀ, ਜਨਕ ਰਾਜ ਬੱਬੂ, ਕੈਪਟਨ ਸ਼ੇਰ ਸਿੰਘ, ਦਿੱਗਵਿਜੇ ਸਿੰਘ, ਪ੍ਰਸ਼ੋਤਮ ਸਿੰਘ ਚੇਂਤਾ ਅਤੇ ਕਰਨ ਸਿੰਘ ਸਮੇਤ ਸਾਬਕਾ ਸਰਪੰਚ, ਪੰਚ ਅਤੇ ਕਾਂਗਰਸੀ ਵਰਕਰ ਹਾਜ਼ਰ ਸਨ।

## ਬੱਚਿਆਂ ਲਈ ਵਿੱਦਿਅਕ ਸੈਮੀਨਾਰ ਆਯੋਜਿਤ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅੰਮ੍ਰਿਤਸਰ/ਤਰਨਤਾਰਨ -ਜ਼ੋਨ ਦੇ ਖੇਤਰ ਅਜਨਾਲਾ ਵੱਲੋਂ ਪ੍ਰਚਾਰਕ ਹਰਪ੍ਰਤਾਪ ਸਿੰਘ ਅਜਨਾਲਾ ਦੁਆਰਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨਾਲਾ ਅਤੇ ਸਰਕਾਰੀ ਹਾਈ ਸਕੂਲ ਧਾਰੀਵਾਲ ਕਲੇਰ ਵਿਖੇ 'ਵਿੱਦਿਅਕ ਸੈਮੀਨਾਰ' ਦੁਆਰਾ ਨੈਤਿਕ ਕਦਰਾਂ-ਕੀਮਤਾਂ, ਨਰੋਆ ਸਮਾਜ ਸਿਰਜਣ ਵਾਸਤੇ ਗੁਰੂ ਨਾਨਕ ਸਾਹਿਬ ਜੀ ਦੇ ਸਰਬਸਾਂਝੀਵਾਲਤਾ ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਣ ਲਈ ਵਿਚਾਰ ਸਾਂਝੇ ਕੀਤੇ। ਬੱਚਿਆਂ ਨੂੰ 22 ਅਗਸਤ 2024 ਨੂੰ ਸੰਸਥਾ ਵੱਲੋਂ ਲਏ ਜਾਣ ਵਾਲੇ ਨੈਤਿਕ ਸਿੱਖਿਆ ਪੇਪਰ ਦੇਣ ਲਈ ਵੀ ਪ੍ਰੇਰਿਤ ਕੀਤਾ ਗਿਆ।ਸਕੂਲ ਪ੍ਰਿੰ. ਮੋਨਿਕਾ ਮਹਾਜਨ, ਗੁਰਪ੍ਰੀਤ ਸਿੰਘ ਰਿਆੜ ਸੂਬਾ ਬੀਐੱਡ ਟੀਚਰ ਯੂਨੀਅਨ ਪ੍ਰਧਾਨ ਅਤੇ ਸਮੂਹ ਸਟਾਫ ਮੈਂਬਰਾਂ ਨੇ ਸੰਸਥਾ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਧੰਨਵਾਦ ਕੀਤਾ।

## ਵਰਲਡ ਕੈਂਸਰ ਕੇਅਰ ਚੈਰੀਟੇਬਲ ਸੁਸਾਇਟੀ ਨੇ ਫਰੀ ਚੈੱਕਅਪ ਕੈਂਪ ਲਗਾਇਆ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਅਜਨਾਲਾ ਸ਼ਹਿਰ ਵਿੱਚ ਵਰਲਡ ਕੈਂਸਰ ਕੇਅਰ ਚੈਰੀਟੇਬਲ ਸੁਸਾਇਟੀ ਜਿਸ ਦੇ ਪ੍ਰਧਾਨ ਡਾਕਟਰ ਕੁਲਵੰਤ ਸਿੰਘ ਧਾਰੀਵਾਲ ਦੇ ਉੱਦਮ ਸਦਕਾ ਅਜਨਾਲਾ ਸ਼ਹਿਰ ਦੀ ਕੀਰਤਨ ਦਰਬਾਰ ਗਰਾਊਂਡ ਵਿੱਚ ਵਰਲਡ ਕੈਂਸਰ ਕੇਅਰ ਕੈਂਪ ਲਗਾਇਆ ਗਿਆ ਜਿਸ ਵਿੱਚ ਮਰੀਜ਼ਾਂ ਦੀਆਂ ਤਰ੍ਹਾਂ ਤਰ੍ਹਾਂ ਦੀਆਂ ਬਿਮਾਰੀਆਂ ਦੇ ਫਰੀ ਟੈਸਟ ਅਤੇ ਉਨ੍ਹਾਂ ਨੂੰ ਲੋੜਵੰਦਾਂ ਨੂੰ ਦਵਾਈਆਂ ਅਤੇ ਕੈਂਸਰ ਦੇ ਫਰੀ ਟੈਸਟ ਕੀਤੇ ਗਏ। ਇਸ ਕੈਂਪ ਵਿੱਚ ਫਿਲਮੀ ਅਦਾਕਾਰਾ ਅਤੇ ਸਮਾਜ ਸੇਵਕਾ ਸੋਨੀਆ ਮਾਨ ਅਤੇ ਮੈਡਮ ਅਮਨਦੀਪ ਕੌਰ ਨੇ ਹਾਜ਼ਰੀ ਲਗਵਾਈ। ਇਸ ਮੌਕੇ ਅਜਨਾਲੇ ਦੇ ਨਾਮਵਰ ਵਿਅਕਤੀਆਂ ਅਤੇ ਕੌਂਸਲਰਾਂ ਨੇ ਵੀ ਹਿੱਸਾ ਲਿਆ ਜਿਸ ਵਿੱਚ ਜਸਪਾਲ ਸਿੰਘ ਭੱਟੀ, ਅਵਿਨਾਸ਼ ਮਸੀਹ, ਰਾਜਵੀਰ ਕੌਰ ਚਾਹਲ, ਸ਼ਿਵਦੀਪ ਸਿੰਘ ਚਾਹਲ, ਅਮਿਤ ਔਲ, ਗੁਰਿੰਦਰ ਸਿੰਘ ਗੁਜਰਪੁਰਾ, ਵਿੱਕੀ ਅੱਡਾ ਇੰਚਾਰਜ, ਅਜੇ ਕੁਮਾਰ ਅਮਿਤਪੁਰੀ, ਰਸ਼ਪਾਲ ਸਿੰਘ ਕੋਟਲਾ ਕਾਜ਼ੀਆਂ, ਆਦੀ ਹਾਜ਼ਰ ਸਨ।ਡਾਕਟਰੀ ਸਟਾਫ ਵੱਲੋਂ ਡਾ. ਪਰਮਿੰਦਰ ਸਿੰਘ ਢਿੱਲੋਂ. ਡਾ. ਕੈਲਾਸ਼ਦੀਪ, ਡਾ, ਮਨਦੀਪ, ਡਾ. ਵਿਸ਼ਾਲ, ਡਾ. ਗੁਲਸ਼ਨ, ਡਾ. ਅਮਨ, ਡਾ. ਰਿਤਿਕਾ ਆਦਿ ਹਾਜ਼ਰ ਸਨ। ਇਸ ਮੌਕੇ ਤਕਰੀਬਨ 250 ਦੇ ਮਰੀਜ਼ਾਂ ਨੇ ਆਪਣਾ ਚੈੱਕਅਪ ਕਰਾਇਆ ਅਤੇ ਟੈਸਟ ਕਰਵਾਏ।

## ਓਵੀਐੱਨ ਖਾਲਸਾ ਪਬਲਿਕ ਸੀ. ਸੈ. ਸਕੂਲ ਦਾ ਨਤੀਜਾ ਸ਼ਾਨਦਾਰ

**ਮੱਤੇਵਾਲ (ਦਵਿੰਦਰ ਸਿੰਘ ਤਰਸਿੱਕਾ)**-ਚੇਅਰਪਰਸਨ ਅਨੰਦ ਵਾਨੀ ਨੰਦਾ ਦੀ ਯੋਗ ਅਗਵਾਈ ਹੇਠ ਚੱਲ ਰਹੀ ਵਿੱਦਿਅਕ ਸੰਸਥਾ ਓ. ਵੀ. ਐੱਨ. ਖਾਲਸਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਤਰਸਿੱਕਾ ਦੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਜਮਾਤ ਦਾ ਸਾਲਾਨਾ ਨਤੀਜਾ ਐਲਾਨਿਆ ਗਿਆ ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਗੁਰਸੇਵਕ ਸਿੰਘ 85% ਪਹਿਲਾ ਸਥਾਨ, ਗੁਰਚਰਨ ਸਿੰਘ 84% ਦੂਸਰਾ ਸਥਾਨ ਅਤੇ ਮਨਪ੍ਰੀਤ ਕੌਰ 83% ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਚੇਅਰ ਪਰਸਨ ਅਨੰਦ ਵਾਨੀ ਨੰਦਾ, ਓਮ ਪ੍ਰਕਾਸ਼ ਨੰਦਾ, ਪ੍ਰਿੰਸੀਪਲ ਰਾਜਬੀਰ ਸਿੰਘ ਅਤੇ ਬਚਿੱਤਰ ਸਿੰਘ ਵੱਲੋਂ ਮਾਪਿਆਂ ਨੂੰ ਵਧਾਈ ਦਿੱਤੀ ਗਈ ਅਤੇ ਭਵਿੱਖ 'ਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਗੁਰੂ ਕੀ ਬੇਰ ਮੱਤੇਵਾਲ ਸਕੂਲ ਦਾ ਦਸਵੀਂ ਜਮਾਤ ਦਾ ਨਤੀਜਾ 100% ਰਿਹਾ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**—ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਗੁਰੂ ਕੀ ਬੇਰ ਸਾਹਿਬ ਅੰਮ੍ਰਿਤਸਰ ਦਾ ਦਸਵੀਂ ਕਲਾਸ ਦਾ ਨਤੀਜਾ 100% ਰਿਹਾ ਜਿਸ ਵਿੱਚ ਹਰਮਨਦੀਪ ਕੌਰ ਪੁੱਤਰੀ ਸ਼ੀਤਲ ਸਿੰਘ (95.53%) ਪਹਿਲਾ, ਕੋਮਲਪ੍ਰੀਤ ਕੌਰ ਪੁੱਤਰੀ ਗੁਰਪ੍ਰੀਤ ਸਿੰਘ (93.69%) ਦੂਜਾ, ਪ੍ਰਭਜੋਤ ਕੌਰ ਪੁੱਤਰੀ ਗੁਰਮੁੱਖ ਸਿੰਘ (93.53%) ਅਤੇ ਸ਼ੁਭਨੂਰ ਕੌਰ ਪੁੱਤਰੀ ਕੁਲਬੀਰ ਸਿੰਘ (93.53%)ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਪ੍ਰਿੰ: ਗੁਰਸੇਵਕ ਸਿੰਘ ਨੇ ਜਾਣਕਾਰੀ ਦਿੰਦਿਆਂ ਹੋਏ ਦੱਸਿਆ ਕਿ ਸੈਸ਼ਨ 2023-24 ਦੌਰਾਨ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ।ਇਸ ਮੌਕੇ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਨੇ ਬੱਚਿਆਂ ਨੂੰ ਸਿਰੋਪਾਉ ਅਤੇ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਬੱਚਿਆਂ ਦੇ ਚੰਗੇਰੇ ਭਵਿੱਖ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਅਤੇ ਲੋੜਵੰਦਾਂ ਦੀ ਮਦਦ ਕੀਤੀ ਜਾਵੇਗੀ।ਉਨ੍ਹਾਂ ਸਕੂਲ ਦੇ ਚੰਗੇ ਨਤੀਜੇ ਵਾਸਤੇ ਸਟਾਫ ਨੂੰ ਵਧਾਈ ਦਿੱਤੀ।ਇਸ ਮੌਕੇ ਗੁਰਦੇਵ ਸਿੰਘ ਯੂਐੱਸਏ, ਜਥੇਦਾਰ ਤਰਸੇਮ ਸਿੰਘ ਤਾਹਿਰਪੁਰ, ਸੁਖਵਿੰਦਰ ਸਿੰਘ ਬਾਠ, ਗੁਰਮੇਜ ਸਿੰਘ, ਸਰਬਜੀਤ ਸਿੰਘ ਸਾਬਕਾ ਸਰਪੰਚ, ਜਗਰੂਪ ਸਿੰਘ, ਬਚਿੱਤਰ ਸਿੰਘ, ਤਰਸੇਮ ਸਿੰਘ ਬਾਠ, ਗੁਰਪ੍ਰੀਤ ਸਿੰਘ ਮੱਤੇਵਾਲ, ਕੈਪਟਨ ਸਿੰਘ ਮਹਿਤਾ, ਬਾਬਾ ਜੱਸਾ ਸਿੰਘ, ਬਾਬਾ ਰਾਜਾ, ਬਾਬਾ ਸੁੱਖਾ ਸਿੰਘ, ਰਣਜੀਤ ਸਿੰਘ ਬਾਬੋਵਾਲ, ਨਿੰਦਰ ਸਿੰਘ ਬਾਠ ਭੋਏ, ਜੋਬਨ ਸਿੰਘ ਬੁਲਾਰਾ, ਗੁਰਬਾਜ ਸਿੰਘ, ਜਸਵਿੰਦਰ ਸਿੰਘ, ਪਲਵਿੰਦਰ ਸਿੰਘ, ਵੀਰ ਸਿੰਘ, ਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਮੈਡਮ ਗਗਨਦੀਪ ਕੌਰ, ਮੈਡਮ ਸਿਮਰਜੀਤ ਕੌਰ, ਮੈਡਮ ਸੁਖਵਿੰਦਰ ਕੌਰ ਆਦਿ ਹਾਜ਼ਰ ਸਨ।

## ਵਿੱਤੀ ਧੋਖਾਧੜੀ ਦੌਰਾਨ 1930 ਹੈਲਪਲਾਈਨ ਨੰਬਰ ਦੀ ਮਹੱਤਤਾ ਬਾਰੇ ਕੀਤਾ ਜਾਗਰੂਕ



**ਬਟਾਲਾ, (ਡਾ. ਮਲਵਿੰਦਰ ਸਿੰਘ)**-ਮੈਡਮ ਅਸ਼ਵਨੀ ਗੋਟਿਆਲ, ਐੱਸਐੱਸਪੀ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਾ ਪੁਲਸ ਦੇ ਸ਼ਕਤੀ ਹੈਲਪ ਡੈਸਕ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਵਿਖੇ ਵਿਦਿਆਰਥੀਆਂ ਨੂੰ ਔਰਤਾਂ ਦੇ ਅਧਿਕਾਰਾਂ, ਸਾਈਬਰ ਅਪਰਾਧ ਅਤੇ ਵਿੱਤੀ ਧੋਖਾਧੜੀ ਦੌਰਾਨ 1930 ਹੈਲਪਲਾਈਨ ਨੰਬਰ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੀ ਵੰਡੀ ਗਈ।ਜਾਗਰੂਕਤਾ ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਵਿੱਤੀ ਧੋਖਾਧੜੀ ਦੌਰਾਨ 1930 ਹੈਲਪਲਾਈਨ ਨੰਬਰ ਦੀ ਮਹੱਤਤਾ ਬਾਰੇ ਵਿਸਥਾਰ ਵਿੱਚ ਜਾਣਕਾਰੀ ਪ੍ਰਦਾਨ ਕੀਤੀ ਗਈ।ਨਸ਼ਿਆਂ ਵਿਰੁੱਧ ਜਾਗਰੂਕ ਕਰਦਿਆਂ ਦੱਸਿਆ ਗਿਆ ਕਿ ਨਸ਼ਿਆਂ ਦੀ ਵਿਆਪਕ ਵਰਤੋਂ ਸਮਾਜ ਲਈ ਇਕ ਬਹੁਤ ਗੰਭੀਰ ਚਿੰਤਾ ਦਾ ਵਿਸ਼ਾ ਹੈ, ਇਸ ਲਈ ਸਾਡੇ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਰਲ ਕੇ ਹੰਭਲਾ ਮਾਰੀਏ।ਉਨ੍ਹਾਂ ਦੱਸਿਆ ਕਿ ਜੇਕਰ ਕੋਈ ਵਿਅਕਤੀ ਕਿਸੇ ਕਾਰਨ ਨਸ਼ਿਆਂ ਦੀ ਦਲਦਲ ਵਿੱਚ ਫਸਦਾ ਹੈ ਤਾਂ ਇਸਦਾ ਇਲਾਜ ਵੀ ਸੰਭਵ ਹੈ ਤੇ ਉਸਦਾ ਇਲਾਜ ਨਸ਼ਾ ਛੁਡਾਊ ਕੇਂਦਰ ਵਿੱਚ ਬਿਲਕੁਲ ਮੁਫਤ ਕੀਤਾ ਜਾਂਦਾ ਹੈ। ਇਸ ਮੌਕੇ ਔਰਤਾਂ ਦੇ ਵੱਖ-ਵੱਖ ਅਧਿਕਾਰਾਂ ਆਦਿ ਬਾਰੇ ਵੀ ਜਾਣਕਾਰੀ ਦਿੱਤੀ ਗਈ।ਉਨ੍ਹਾਂ ਹੈਲਪਲਾਈਨ ਨੰਬਰ 112 ਬਾਰੇ ਵੀ ਜਾਗਰੂਕ ਕੀਤਾ ਅਤੇ ਕਿਹਾ ਕਿ ਸਹਾਇਤਾ ਲੈਣ ਲਈ ਇਸ ਨੰਬਰ ਤੇ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ।

## ਵੋਟਿੰਗ ਦਰ ਵਧਾਉਣ ਲਈ ਸਵੀਪ ਗਤੀਵਿਧੀਆਂ ਜ਼ੋਰਾਂ 'ਤੇ : ਚੋਣ ਅਫਸਰ

**ਨਵਾਂ ਸ਼ਹਿਰ, (ਮਨੋਜ ਲਾਡੀ)**- ਲੋਕ ਸਭਾ ਚੋਣਾਂ ਦੌਰਾਨ ਵੋਟਿੰਗ ਦਰ ਵਧਾਉਣ ਲਈ ਜ਼ਿਲ੍ਹੇ ਵਿੱਚ ਸਵੀਪ ਗਤੀਵਿਧੀਆਂ ਜ਼ੋਰਾਂ 'ਤੇ ਚਲਾਈਆਂ ਜਾ ਰਹੀਆਂ ਹਨ।ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਜ਼ਿਲ੍ਹੇ ਵਿੱਚ ਸਵੀਪ ਗਤੀਵਿਧੀਆਂ ਬਾਰੇ ਗੱਲਬਾਤ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਸਵੀਪ ਟੀਮਾਂ ਬਣਾ ਕੇ ਲੋਕਾਂ ਨੂੰ ਨਿਰੰਤਰ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਸਵੀਪ ਟੀਮਾਂ ਵੱਲੋਂ ਬੂਥ ਪੱਧਰ ਤੇ ਵੋਟਰਾਂ ਨੂੰ ਵੋਟ ਦੀ ਮਹੱਤਤਾ ਅਤੇ ਈ.ਵੀ.ਐਮ. ਤੇ ਵੀ.ਵੀ.ਪੈਟ ਮਸ਼ੀਨਾਂ ਦੀ ਜਾਣਕਾਰੀ ਦਿੱਤੀ ਜਾ ਰਹੀ ਹੈ ਤਾਂ ਜੋ ਵੋਟਰਾਂ ਨੂੰ ਆਪਣੀ ਵੋਟ ਦਾ ਇਸਤੇਮਾਲ ਕਰਨ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ 100 ਫੀਸਦੀ ਯੋਗ ਵੋਟਰਾਂ ਦੀਆਂ ਵੋਟਾਂ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਨਵੀਂ ਵੋਟ ਬਣਾਉਣ ਲਈ ਫਾਰਮ ਨੰ: 06 ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੀ ਮਿਤੀ ਤੱਕ ਭਰ ਕੇ ਦਿੱਤੇ ਜਾ ਸਕਦੇ ਹਨ ਤਾਂ ਜੋ ਨੌਜਵਾਨ ਵੋਟਰ ਆਪਣੀ ਵੋਟ ਦਾ ਇਸਤੇਮਾਲ ਕਰ ਸਕਣ। ਉਨ੍ਹਾਂ ਦੱਸਿਆ ਕਿ ਚੋਣਾਂ ਸਬੰਧੀ ਕਿਸੇ ਕਿਸਮ ਦੀ ਜਾਣਕਾਰੀ ਚੋਣ ਕਮਿਸ਼ਨ ਦੀ ਵੈਬਸਾਇਟ ਐਨ.ਵੀ.ਐਸ.ਪੀ. ਅਤੇ ਮੋਬਾਇਲ ਐਪ 'ਵੋਟਰ ਹੈਲਪ ਲਾਇਨ' ਰਾਹੀਂ ਆਨ ਲਾਇਨ ਹਾਸਲ ਕੀਤੀ ਜਾ ਸਕਦੀ ਹੈ।ਉਹਨਾਂ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਵੋਟਰਾਂ ਦੀ ਸਹੂਲਤ ਲਈ ਵੱਖ-ਵੱਖ ਮੋਬਾਇਲ ਐਪਸ ਬਣਾਈਆਂ ਗਈਆਂ ਹਨ ਤਾਂ ਜੋ ਵੋਟਰਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਚੋਣਾਂ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਾਈਆਂ ਜਾ ਸਕਣ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਬਣਾਈ ਗਈ ਸੀ.ਵਿਜਲ ਐਪ ਰਾਹੀਂ ਵੋਟਰ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਸਬੰਧੀ ਸ਼ਿਕਾਇਤ ਪਾ ਸਕਦੇ ਹਨ ਅਤੇ ਉਨ੍ਹਾਂ ਦੀ ਸ਼ਿਕਾਇਤ ਦਾ ਤੈਅ ਸਮੇਂ ਅੰਦਰ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਐਪ 'ਤੇ ਪਹਿਲਾਂ ਤੋਂ ਹੀ ਬਣਾਈ ਗਈ ਵੀਡੀਓ ਜਾਂ ਆਡੀਓ ਕਲਿੱਪ ਨਹੀਂ ਪਾਈ ਜਾ ਸਕਦੀ। ਉਨ੍ਹਾਂ ਹੋਰ ਦੱਸਿਆ ਕਿ ਵੋਟਰਾਂ ਵੱਲੋਂ ਪਾਈਆਂ ਸ਼ਿਕਾਇਤਾਂ ਨੂੰ ਤੁਰੰਤ ਸਬੰਧਤ ਰਿਟਰਨਿੰਗ ਅਫਸਰਾਂ ਨੂੰ ਭੇਜ ਕੇ ਉਨ੍ਹਾਂ ਦਾ ਨਿਪਟਾਰਾ ਕੀਤਾ ਜਾਵੇਗਾ।ਜ਼ਿਲ੍ਹਾ ਚੋਣ ਅਫਸਰ ਨੇ ਹੋਰ ਦੱਸਿਆ ਕਿ ਮੋਬਾਇਲ ਐਪ ਵੋਟਰ ਹੈਲਪਲਾਈਨ ਰਾਹੀਂ ਵੋਟਰ ਜਿਥੇ ਆਪਣੀ ਵੋਟ ਬਣਾਉਣ ਅਤੇ ਉਸ ਨਾਲ ਸਬੰਧਤ ਹੋਰ ਸੇਵਾਵਾਂ ਹਾਸਲ ਕਰ ਸਕਦੇ ਹਨ ਉਥੇ ਹੀ ਇਸ ਐਪ ਰਾਹੀਂ ਚੋਣਾਂ ਦੇ ਨਤੀਜਿਆਂ, ਪੋਲਿੰਗ ਬੂਥ ਆਦਿ ਬਾਰੇ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ।ਉਨ੍ਹਾਂ ਜ਼ਿਲ੍ਹੇ ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਵੋਟ ਦਾ ਇਸਤੇਮਾਲ ਜ਼ਰੂਰ ਕਰਨ ਤਾਂ ਜੋ ਸਾਡੇ ਲੋਕਤੰਤਰ ਨੂੰ ਹੋਰ ਮਜ਼ਬੂਤੀ ਹਾਸਲ ਹੋ ਸਕੇ।

## ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ 'ਚ ਫ੍ਰੀ ਮੈਡੀਕਲ ਕੈਂਪ ਲੱਗਾ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਅਸਰ ਚੈਰੀਟੇਬਲ ਟਰੱਸਟ ਯੂਕੇ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ ਵਿਖੇ ਲਗਾਏ ਗਏ ਦੂਸਰੇ ਮੈਡੀਕਲ ਚੈੱਕਅਪ ਕੈਂਪ ਦੌਰਾਨ ਇਲਾਕੇ ਦੇ 1650 ਦੇ ਕਰੀਬ ਲੋਕਾਂ ਦੀ ਸਿਹਤ ਦੀ ਜਾਂਚ ਕੀਤੀ ਗਈ। ਕੈਂਪ ਦੌਰਾਨ ਚੈਕਅੱਪ ਤੋਂ ਬਾਅਦ ਚੁਣੇ ਗਏ 700 ਦੇ ਕਰੀਬ ਮਰੀਜ਼ਾਂ ਦਾ ਟਰੱਸਟ ਵੱਲੋਂ ਵਿਜਨ ਪਲੱਸ ਹਸਪਤਾਲ ਕੋਰਟ ਰੋਡ ਅੰਮ੍ਰਿਤਸਰ ਤੋਂ ਫਰੀ ਅੱਖਾਂ ਦੇ ਆਪ੍ਰੇਸ਼ਨ ਕਰਵਾਏ ਜਾਣਗੇ।ਕੈਂਪ ਮੌਕੇ ਇੰਗਲੈਂਡ ਤੋਂ ਪਹੁੰਚੇ ਡਾ: ਇੰਦਰਪਾਲ ਸਿੰਘ, ਡਾ: ਭਗਤੇਸ਼ਵਰ ਸਿੰਘ, ਡਾ: ਵਿਨੇਸ਼ਵਰ ਸਿੰਘ, ਡਾ: ਐੱਚ. ਕੇ. ਸਿੰਘ, ਜਤਿੰਦਰ ਸਿੰਘ, ਅਵਨੀਤ ਕੌਰ (ਵੀਆਈਪੀ ਕੰਪਿਊਟਰ), ਡਾ: ਹਰਜੀਤ ਸਿੰਘ, ਡਾ: ਤਨਦੀਪ ਸਿੰਘ, ਡਾ: ਸਰਬਜੀਤ ਸਿੰਘ, ਡਾ: ਮੋਹਨਦੀਪ ਸਿੰਘ, ਡਾ: ਹਰਪ੍ਰੀਤ ਕੌਰ, ਡਾ: ਗੁਰਲੀਨ ਕੌਰ ਸਮੇਤ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਅੱਖਾਂ, ਦੰਦਾਂ, ਗਾਇਨੀ, ਜਨਰਲ ਆਦਿ ਬੀਮਾਰੀਆਂ ਨਾਲ ਸੰਬੰਧਿਤ ਮਰੀਜਾਂ ਦੀ ਸਿਹਤ ਦੀ ਜਾਂਚ ਕੀਤੀ ਗਈ।ਸਕੂਲ ਪ੍ਰਿੰ. ਤਰਨਜੀਤ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਸਰ ਚੈਰੀਟੇਬਲ ਟਰੱਸਟ ਵੱਲੋਂ ਲਗਾਤਾਰ ਦੂਸਰੀ ਵਾਰ ਸਕੂਲ ਵਿੱਚ ਮੈਡੀਕਲ ਕੈਂਪ ਲਗਾਇਆ ਗਿਆ ਅਤੇ ਕੈਂਪ ਵਿੱਚ ਵੱਖ-ਵੱਖ ਬੀਮਾਰੀਆਂ ਨਾਲ ਸੰਬੰਧਿਤ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ 1650 ਦੇ ਕਰੀਬ ਲੋਕਾਂ ਦੀ ਸਿਹਤ ਦੀ ਜਾਂਚ ਕਰਨ ਤੋਂ ਬਾਅਦ ਫਰੀ ਦਵਾਈਆਂ ਦਿੱਤੀਆਂ ਗਈਆਂ ਤੇ 800 ਦੇ ਕਰੀਬ ਲੋਕਾਂ ਨੂੰ ਫਰੀ ਐਨਕਾਂ ਵੀ ਦਿੱਤੀਆਂ ਗਈਆਂ। ਅੱਖਾਂ ਦੀ ਜਾਂਚ ਤੋਂ ਬਾਅਦ 700 ਲੋਕਾਂ ਨੂੰ ਆਪ੍ਰੇਸ਼ਨ ਲਈ ਚੁਣਿਆ ਗਿਆ। ਇਨ੍ਹਾਂ ਮਰੀਜ਼ਾਂ ਨੂੰ ਆਪ੍ਰੇਸ਼ਨ ਲਈ ਲੈ ਕੇ ਜਾਣ ਤੇ ਵਾਪਸ ਛੱਡ ਕੇ ਜਾਣ ਦਾ ਪ੍ਰਬੰਧ ਵੀ ਟਰੱਸਟ ਵੱਲੋਂ ਕੀਤਾ ਜਾਵੇਗਾ।ਇਸ ਮੌਕੇ ਗੁਰਮੀਤ ਸਿੰਘ ਡੀਪੀਈ, ਮਨਿੰਦਰ ਸਿੰਘ, ਜਗਮੀਤ ਸਿੰਘ, ਮੈਡਮ ਕੁਲਵਿੰਦਰ ਕੌਰ, ਗੁਰਦੀਪ ਕੌਰ, ਰੁਪਿੰਦਰਬੀਰ ਸਿੰਘ, ਮਨਦੀਪ ਸੰਧੂ, ਅਮਨਦੀਪ ਕੌਰ, ਹਰਪ੍ਰੀਤ ਕੌਰ, ਰਜਿੰਦਰ ਕੌਰ, ਹਰਪ੍ਰੀਤ ਕੌਰ, ਰਾਜਬੀਰ ਕੌਰ ਸਮੇਤ ਸਮੂਹ ਸਕੂਲ ਸਟਾਫ ਕੈਂਪ ਦੌਰਾਨ ਲੋਕਾਂ ਦੀ ਸੇਵਾ ਲਈ ਹਾਜ਼ਰ ਰਿਹਾ।

## ਨਰੇਗਾ ਮਜ਼ਦੂਰਾਂ ਵੱਲੋਂ ਬੀਡੀਪੀਓ ਦਫਤਰ ਮਜੀਠਾ ਅੱਗੇ ਰੋਸ ਮੁਜ਼ਾਹਰਾ



**ਮਜੀਠਾ (ਸੋਇਮ ਆਨੰਦ)**-ਮਜੀਠਾ ਵਿਚ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਅਗਵਾਈ ਵਿਚ ਮਨਰੇਗਾ ਸਕੀਮ ਵਿਚ ਕੰਮ ਕਰਦੇ ਮਜ਼ਦੂਰਾਂ ਦੇ ਬਕਾਏ ਅਤੇ ਪਿੰਡਾਂ ਦੇ ਵਿਕਾਸ ਵਿਚ ਪਾਈਆਂ ਜਾ ਰਹੀਆਂ ਖਾਮੀਆਂ ਦੂਰ ਕਰਨ ਲਈ ਸੈਂਕੜੇ ਮਜ਼ਦੂਰਾਂ, ਮਨਰੇਗਾ ਕੰਮਕਾਜੀ ਔਰਤਾਂ ਨੇ ਬੀਡੀਪੀਓ ਦਫਤਰ ਮਜੀਠਾ ਅੱਗੇ ਰੋਹ ਭਰਿਆ ਧਰਨਾ ਦੇ ਕੇ ਰੋਸ ਮੁਜ਼ਾਹਰਾ ਕੀਤਾ ਦਿੱਤਾ।ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਆਗੂ ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਕਨਵੀਨਰ ਸੈਮੂਅਲ ਹੰਸ, ਵਿੱਕੀ ਜੌਹਲ ਨੇ ਕਿਹਾ ਕਿ ਪਹਿਲਾਂ ਹੀ ਦਿਹਾੜੀ ਬਹੁਤ ਘੱਟ ਹੈ ਅਤੇ ਮਜ਼ਦੂਰ ਨੂੰ ਕੰਮ ਸਿਰਫ 100 ਦਿਨ ਹੀ ਮਿਲ ਰਿਹਾ ਹੈ ਅਤੇ ਪਿਛਲੇ ਸਾਲ ਦੇ ਕੰਮ ਦੇ ਪੈਸੇ ਵੀ ਕਈਆਂ ਪਿੰਡਾਂ ਵਿਚ ਅਜੇ ਤਕ ਨਹੀਂ ਮਿਲੇ ਜਿਸ ਕਰਕੇ ਮਜ਼ਦੂਰਾਂ ਵਿਚ ਡਾਢਾ ਗੁੱਸਾ ਪਾਇਆ ਜਾ ਰਿਹਾ ਹੈ। ਇਸ ਮੌਕੇ ਮਜ਼ਦੂਰਾਂ ਨੇ ਮੰਗ ਕੀਤੀ ਕਿ ਮਨਰੇਗਾ ਸਕੀਮ ਵਿਚ ਕੰਮ ਕਰਦੇ ਮਜ਼ਦੂਰਾਂ ਨੂੰ 100 ਦਿਨ ਦੀ ਬਜਾਏ ਸਾਰਾ ਸਾਲ ਕੰਮ ਦਿੱਤਾ ਜਾਵੇ ਤੇ ਦਿਹਾੜੀ 700 ਰੁਪਏ ਕੀਤੀ ਜਾਵੇ ਅਤੇ ਨਾਲ ਹੀ ਮਜ਼ਦੂਰਾਂ ਨੂੰ 5-5 ਮਰਲੇ ਦੇ ਪਲਾਟ ਦਿੱਤੇ ਜਾਣ ਤਾਂ ਜੋ ਪਿੰਡਾਂ ਵਿਚ ਬੇਰੁਜ਼ਗਾਰੀ ਨੂੰ ਠੱਲ ਪੈ ਸਕੇ ਅਤੇ ਪਿੰਡਾਂ ਦੇ ਵਿਕਾਸ ਪੂਰੇ ਕੀਤੇ ਜਾਣ।ਇਸ ਮੌਕੇ ਬੀਡੀਪੀਓ ਨੂੰ ਮੰਗ ਪੱਤਰ ਵੀ ਦਿੱਤਾ ਜਾਵੇਗਾ।ਇਸ ਧਰਨੇ ਵਿਚ ਹੋਰਨਾਂ ਤੋਂ ਇਲਾਵਾ ਸੈਮੂਅਲ ਹੰਸ, ਜ਼ਿਲ੍ਹਾ ਕਨਵੀਨਰ ਵਿੱਕੀ ਜੌਹਲ, ਗੁਰਦਿਆਲ ਸਿੰਘ ਪੰਧੇਰ, ਜਸਵੰਤ ਸਿੰਘ ਬੁੱਢਾ ਥੇਹ, ਘੁਦਾ ਮਸੀਹ ਜੌਹਲ, ਬਲਕਾਰ ਮਸੀਹ ਜੌਹਲ, ਮਨਜੀਤ ਕੌਰ ਜੌਹਲ, ਕੁਲਵਿੰਦਰ ਸਿੰਘ ਪੰਧੇਰ, ਸਰਬਜੀਤ ਕੌਰ ਜੌਹਲ, ਨਿੰਦਰ ਕੌਰ ਪੰਧੇਰ, ਜ਼ੀਨਤ ਵਡਾਲਾ, ਗੁਰਮੁਖ ਸਿੰਘ ਗੱਗੋਮਾਹਲ, ਰਾਜਪਾਲ ਗੱਗੋਮਾਹਲ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਮਨਾਇਆ ਵਿਸ਼ਵ ਧਰਤੀ ਦਿਵਸ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਤਰਨ ਤਾਰਨ ਵਿਖੇ ਚੀਫ਼ ਖ਼ਾਲਸਾ ਦੀਵਾਨ, ਅੰਮ੍ਰਿਤਸਰ ਦੀ ਅਗਵਾਈ ਹੇਠ ਵਿਸ਼ਵ ਧਰਤੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰ ਦੀ ਸਭਾ ਦੀ ਸ਼ੁਰੂਆਤ ਭਜਨ ਗਾਇਨ ਨਾਲ ਹੋਈ, ਉਪਰੰਤ ਵਿਦਿਆਰਥੀਆਂ ਨੇ ਧਰਤੀ ਦਿਵਸ ਨੂੰ ਸਮਰਪਿਤ ਕਵਿਤਾਵਾਂ ਅਤੇ ਭਾਸ਼ਣ ਦਿੱਤੇ।ਵਿਦਿਆਰਥੀਆਂ ਵੱਲੋਂ ਵਾਤਾਵਰਣ ਦੀ ਸੰਭਾਲ ਨਾਲ ਸਬੰਧਿਤ ਗਰੁੱਪ ਗੀਤ ਵੀ ਪੇਸ਼ ਕੀਤਾ ਗਿਆ।ਸਕੂਲ ਦੀ ਮਾਣਯੋਗ ਪ੍ਰਿੰ. ਰਣਜੀਤ ਕੌਰ ਭਾਟੀਆ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਮਿਲ ਕੇ ਧਰਤੀ ਨੂੰ ਸੁੰਦਰ, ਸਿਹਤਮੰਦ ਅਤੇ ਜੈਵਿਕ ਵਿਭਿੰਨਤਾ ਨਾਲ ਭਰਪੂਰ ਬਣਾਉਣ ਦਾ ਪ੍ਰਣ ਲਿਆ। ਵਿਦਿਆਰਥੀਆਂ ਨੇ ਵਿਸ਼ਵ ਧਰਤੀ ਦਿਵਸ ਨਾਲ ਸਬੰਧਤ ਪੋਸਟਰ ਮੇਕਿੰਗ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਬੂਟੇ ਲਗਾਏ ਗਏ।ਇਸ ਮੌਕੇ ਵਧੀਕ ਆਨਰੇਰੀ ਸਕੱਤਰ, ਚੀਫ ਖਾਲਸਾ ਦੀਵਾਨ ਅੰਮ੍ਰਿਤਸਰ, ਪ੍ਰਧਾਨ ਲੋਕਲ ਕਮੇਟੀ ਅਤੇ ਮੈਂਬਰ ਇੰਚਾਰਜ ਹਰਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਆਪਣੀ ਧਰਤੀ ਨੂੰ ਸਾਫ ਸੁਥਰਾ ਰੱਖਣ ਲਈ ਪ੍ਰੇਰਿਤ ਕੀਤਾ।ਪਲਾਸਟਿਕ ਦੇ ਥੈਲਿਆਂ ਦੀ ਵਰਤੋਂ ਬੰਦ ਕਰਨ ਅਤੇ ਕੱਪੜੇ ਦੇ ਥੈਲਿਆਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।ਉਪ ਪ੍ਰਧਾਨ, ਸਥਾਨਕ ਕਮੇਟੀ ਅਤੇ ਮੈਂਬਰ ਇੰਚਾਰਜ ਗੁਰਿੰਦਰ ਸਿੰਘ ਨੇ ਪੋਸਟਰ ਬਣਾਉਣ ਦੀ ਗਤੀਵਿਧੀ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਵਾਤਾਵਰਣ ਦੀ ਸੰਭਾਲ ਲਈ ਪ੍ਰੇਰਿਤ ਕੀਤਾ।ਪ੍ਰਿੰਸੀਪਲ ਭਾਟੀਆ ਨੇ ਪੌਦਿਆਂ ਦੀ ਮਹੱਤਤਾ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਇਹ ਕਾਰਬਨ ਡਾਈਆਕਸਾਈਡ ਵਰਗੀਆਂ ਹਾਨੀਕਾਰਕ ਅਤੇ ਜ਼ਹਿਰੀਲੀਆਂ ਗੈਸਾਂ ਨੂੰ ਸੋਖ ਲੈਂਦੇ ਹਨ ਅਤੇ ਸਾਨੂੰ ਆਕਸੀਜਨ ਪ੍ਰਦਾਨ ਕਰਦੇ ਹਨ।ਇਸ ਲਈ ਉਨ੍ਹਾਂ ਸਾਰਿਆਂ ਨੂੰ ਅਪੀਲ ਕੀਤੀ ਕਿ ਉਨ੍ਹਾਂ ਦੇ ਜਨਮ ਦਿਨ ਤੇ ਇਕ ਰੁੱਖ ਲਗਾਓ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਧਰਤੀ ਦੀ ਕੁਦਰਤੀ ਸੁੰਦਰਤਾ ਦਾ ਅਨੰਦ ਲੈਣ ਲਈ ਆਪਣੀ ਸਾਰੀ ਉਮਰ ਇਸ ਦੀ ਦੇਖਭਾਲ ਕਰੋ।

## ਸਰਕਾਰੀ ਕਾਲਜ ਗੁਰਦਾਸਪੁਰ 'ਚ ਸਾਲਾਨਾ ਇਨਾਮ ਵੰਡ ਸਮਾਰੋਹ ਆਯੋਜਿਤ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਸਥਾਨਕ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਪ੍ਰਿੰ. ਪ੍ਰੀਤ ਦਵਿੰਦਰ ਕੌਰ ਦੀ ਰਹਿਨੁਮਾਈ ਹੇਠ ਅਤੇ ਕਾਲਜ ਦੇ ਰਜਿਸਟਰਾਰ ਡਾ. ਕਰਨਜੀਤ ਸ਼ਰਮਾ ਅਤੇ ਕਮੇਟੀ ਇੰਚਾਰਜ ਪ੍ਰੋਫੈਸਰ ਭੁਪਿੰਦਰ ਕੌਰ ਦੀ ਅਗਵਾਈ ਵਿੱਚ ਸਲਾਨਾ ਇਨਾਮ ਵੰਡ ਸਮਾਰੋਹ ਆਯੋਜਿਤ ਕੀਤਾ ਗਿਆ ਜਿਸ ਦਾ ਸ਼ੁਭ ਆਰੰਭ ਕਾਲਜ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕਰਕੇ ਕੀਤਾ ਗਿਆ।ਇਸ ਉਪਰੰਤ ਬੀਏ, ਬੀਐੱਸਸੀ, ਬੀਕਾਮ, ਬੀਸੀਏ, ਐੱਮਏ ਇਕਨਾਮਿਕਸ ਦੇ ਅਕਾਦਮਿਕ ਖੇਤਰ ਵਿੱਚ ਪਹਿਲਾ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ।ਇਸੇ ਲੜੀ ਦੇ ਤਹਿਤ ਐੱਨਸੀਸੀ ਕੈਡਿਟਸ ਅਤੇ ਐੱਨਐੱਸਐੱਸ ਦੇ ਵਿਦਿਆਰਥੀਆਂ ਨੂੰ ਸਰਵੋਤਮ ਵਲੰਟੀਅਰ ਦੇ ਇਨਾਮ ਦਿੱਤੇ ਗਏ। ਰੈੱਡ ਰਿਬਨ ਕਲੱਬ ਵੱਲੋਂ ਹੋਣਹਾਰ ਵਿਦਿਆਰਥੀਆਂ ਨੂੰ ਨਕਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ।ਅਖੀਰ ਵਿੱਚ ਕਾਲਜ ਦੇ ਪ੍ਰਿੰ. ਪ੍ਰੀਤ ਦਵਿੰਦਰ ਕੌਰ ਨੇ ਕਾਲਜ ਦੀ ਸਾਲਾਨਾ ਰਿਪੋਰਟ ਪੇਸ਼ ਕੀਤੀ ਅਤੇ ਇਨਾਮ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਜ਼ਿੰਦਗੀ ਵਿੱਚ ਆਪਣੇ ਮੁਕਾਮ ਨੂੰ ਹਾਸਲ ਕਰਨ ਲਈ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।ਸਟੇਜ ਸਕੱਤਰ ਦੀ ਜ਼ਿੰਮੇਵਾਰੀ ਡਾ. ਸੰਦੀਪ ਕੌਰ ਨੇ ਬਾਖੂਬੀ ਨਿਭਾਈ।ਇਸ ਸਮੇਂ ਪ੍ਰੋ. ਰਨਦੀਪ ਕੌਰ, ਪ੍ਰੋ. ਸਰਬਜੀਤ ਸਿੰਘ, ਪ੍ਰੋ. ਮੀਨਾਕਸ਼ੀ, ਪ੍ਰੋ. ਰਾਜ ਕੌਰ, ਪ੍ਰੋ. ਸਾਖਰਾ, ਪ੍ਰੋ. ਸੀਮਾ ਮਹਾਜਨ, ਡਾ. ਪੂਨਮ, ਪ੍ਰੋ. ਗੁਰਨਾਇਕ, ਡਾ. ਮਨਜੀਤ ਕੌਰ, ਪ੍ਰੋ. ਹਰਜੀਤ ਸਿੰਘ ਡਾ. ਗੁਰਦੀਪ ਸਿੰਘ ਅਤੇ ਪ੍ਰੋ. ਸਤਵਿੰਦਰ ਸਿੰਘ, ਪ੍ਰੋ. ਜੋਗਾ ਸਿੰਘ, ਡਾ. ਉਪਮਾ ਆਦਿ ਹਾਜ਼ਰ ਸਨ।

## ਸੜਕ ਹਾਦਸੇ 'ਚ ਜ਼ਖਮੀ ਨੌਜਵਾਨ ਦੀ ਇਲਾਜ ਦੌਰਾਨ ਮੌਤ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਬੀਤੇ ਦਿਨ ਦੇਰ ਰਾਤ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਕੋਟਲੀ ਸੂਰਤ ਮੱਲ੍ਹੀ ਦੇ ਦੋ ਸਕੇ ਭਰਾ ਆਕਾਸ਼ਦੀਪ ਸਿੰਘ ਤੇ ਦਲਜੀਤ ਸਿੰਘ ਫਤਿਹਗੜ੍ਹ ਚੂੜੀਆਂ ਨਾਲ ਆਉਂਦੇ ਸਮੇਂ ਭਿਆਨਕ ਸੜਕ ਹਾਦਸਾ ਵਾਪਰਿਆ ਸੀ। ਮੌਕੇ ਤੇ ਆਕਾਸ਼ਦੀਪ ਸਿੰਘ ਦੀ ਮੌਤ ਹੋ ਗਈ ਸੀ,ਜਦਕਿ ਛੋਟਾ ਭਰਾ ਦਲਜੀਤ ਸਿੰਘ ਗੰਭੀਰ ਰੂਪ ਜ਼ਖ਼ਮੀ ਹੋ ਗਿਆ ਸੀ ਜਿਸਦਾ ਅੰਮ੍ਰਿਤਸਰ ਦੇ ਕਿਸੇ ਨਿੱਜੀ ਹਸਪਤਾਲ 'ਚ ਇਲਾਜ ਚੱਲ ਰਿਹਾ ਸੀ ਤੇ ਇਲਾਜ ਦੌਰਾਨ ਉਸਦੀ ਮੌਤ ਹੋ ਗਈ। ਦੋਵੇਂ ਸਕੇ ਭਰਾਵਾਂ ਦੀ ਮੌਤ ਦੀ ਖ਼ਬਰ ਸੁਣਨ ਨਾਲ ਪੂਰੇ ਪਿੰਡ 'ਚ ਮਾਹੌਲ ਗਮਗੀਨ ਹੋ ਗਿਆ ਅਤੇ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਡਿੱਗਿਆ ਹੋਇਆ ਹੈ।ਜ਼ਿਕਰਯੋਗ ਹੈ ਕਿ ਇਹ ਦੋਵੇਂ ਭਰਾ ਫਤਿਹਗੜ੍ਹ ਚੂੜੀਆਂ 'ਚ ਨਿਊਡਲ ਬਰਗਰ ਦੀ ਦੁਕਾਨ ਕਰਦੇ ਸਨ ਤੇ ਰੋਜ਼ਾਨਾ ਫਤਿਹਗੜ੍ਹ ਚੂੜੀਆਂ ਤੋਂ ਸ਼ਾਮ ਨੂੰ ਵਾਪਿਸ ਕੋਟਲੀ ਸੂਰਤ ਮੱਲ੍ਹੀ ਆਉਂਦੇ ਸਨ।ਪੁਲਸ ਚੌਕੀ ਘਣੀਕੇ ਬਾਂਗਰ ਵੱਲੋਂ ਨੌਜਵਾਨ ਦਲਜੀਤ ਸਿੰਘ ਦੀ ਲਾਸ਼ ਦਾ ਸਿਵਲ ਹਸਪਤਾਲ ਬਟਾਲਾ ਤੋਂ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ, ਪੋਸਟਮਾਰਟਮ ਹੋਣ ਤੋਂ ਬਾਅਦ ਅੱਜ ਦੁਪਹਿਰ ਪਿੰਡ ਕੋਟਲੀ ਸੂਰਤ ਮੱਲ੍ਹੀ ਦੇ ਸ਼ਮਸ਼ਾਨਘਾਟ 'ਚ ਸੰਸਕਾਰ ਕੀਤਾ ਜਾਵੇਗਾ।ਉਧਰ ਪਰਿਵਾਰਕ ਮੈਂਬਰਾਂ ਨੇ ਐੱਸਐੱਸਪੀ ਬਟਾਲਾ ਅਤੇ ਪੁਲਸ ਦੇ ਉਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ 'ਚ ਸੀਸੀਟੀਵੀ ਕੈਮਰੇ ਖੰਗਾਲ ਕੇ ਦੀ ਬਰੀਕੀ ਨਾਲ ਛਾਣਬੀਨ ਕਰਕੇ ਬਣਦਾ ਇਨਸਾਫ ਦਿੱਤਾ ਜਾਵੇ।

## 23ਵੇਂ ਰਾਸ਼ਟਰੀ ਰੰਗਮੰਚ ਉਤਸਵ ਦੌਰਾਨ 'ਨੰਗਾ ਰਾਜਾ' ਦਾ ਸਫਲ ਮੰਚਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪ੍ਰਸਿੱਧ ਨਾਟ ਸੰਸਥਾ ਮੰਚ-ਰੰਗਮੰਚ ਅੰਮ੍ਰਿਤਸਰ ਵੱਲੋਂ ਵਿਰਸਾ ਵਿਹਾਰ ਸੁਸਾਇਟੀ ਦੇ ਸਹਿਯੋਗ ਨਾਲ 23ਵੇਂ ਰਾਸ਼ਟਰੀ ਰੰਗਮੰਚ ਉਤਸਵ ਦੇ ਦੂਜੇ ਦਿਨ ਅੰਮ੍ਰਿਤਸਰ ਸਕੂਲ ਆਫ਼ ਡਰਾਮਾ ਦੀ ਟੀਮ ਵੱਲੋਂ ਅਲੱਖਨੰਦਨ ਦਾ ਲਿਖਿਆ ਅਤੇ ਵਿਸ਼ੂ ਸ਼ਰਮਾ ਦਾ ਨਿਰਦੇਸ਼ਤ ਕੀਤਾ ਨਾਟਕ 'ਨੰਗਾ ਰਾਜਾ' ਦਾ ਮੰਚਨ ਵਿਰਸਾ ਵਿਹਾਰ ਦੇ ਸ. ਕਰਤਾਰ ਸਿੰਘ ਦੁੱਗਲ ਆਡੀਟੋਰੀਅਮ 'ਚ ਸਫ਼ਲਤਾਪੂਰਵਕ ਪੇਸ਼ ਕੀਤਾ ਗਿਆ।

ਨਾਟਕ ਨੰਗਾ ਰਾਜਾ ਅਸਲ ਵਿੱਚ ਅਲਖਨੰਦਨ ਦੁਆਰਾ ਲਿਖੇ ਹਾਸਰਸ ਹਿੰਦੀ ਨਾਟਕ 'ਉਜਬਕ ਰਾਜਾ ਤੀਨ ਡਕੈਤ' ਦਾ ਪੰਜਾਬੀ ਰੂਪਾਂਤਰ ਹੈ। ਇਸ ਨਾਟਕ ਦਾ ਪੰਜਾਬੀ ਵਿੱਚ ਅਨੁਵਾਦ ਅਤੇ ਨਿਰਦੇਸ਼ਨ ਵਿਸ਼ੂ ਸ਼ਰਮਾ ਨੇ ਕੀਤਾ ਹੈ। ਨਾਟਕ ਵਿਅਰਥ ਅਤੇ ਮੂਰਖ ਰਾਜੇ ਦੀ ਗਾਥਾ ਹੈ ਜੋ ਆਪਣੇ ਕੱਪੜੇ ਪਹਿਨਣ ਅਤੇ ਦਿਖਾਉਣ ਤੋਂ ਇਲਾਵਾ ਕਿਸੇ ਚੀਜ਼ ਦੀ ਪਰਵਾਹ ਨਹੀਂ ਕਰਦਾ। ਉਸਨੂੰ ਨਹੀਂ ਪਤਾ ਕਿ ਉਸਦੇ ਰਾਜ ਵਿੱਚ ਕੀ ਹੋ ਰਿਹਾ ਹੈ। ਇਸ ਦੌਰਾਨ, ਤਿੰਨ ਡਕੈਤ ਇਹ ਜਾਣਨ ਤੋਂ ਬਾਅਦ ਰਾਜਾ ਨੂੰ ਮਿਲਦੇ ਹਨ ਕਿ ਉਸਨੂੰ ਆਪਣਾ ਨਵਾਂ ਪਹਿਰਾਵਾ ਤਿਆਰ ਕਰਨ ਲਈ ਅੰਤਰਰਾਸ਼ਟਰੀ ਦਰਜ਼ੀ ਦੀ ਜ਼ਰੂਰਤ ਹੈ। ਉਹ ਆਪਣੇ ਆਪ ਨੂੰ ਰਾਜੇ ਦੇ ਸਾਹਮਣੇ ਅੰਤਰਰਾਸ਼ਟਰੀ ਦਰਜ਼ੀ ਵਜੋਂ ਪੇਸ਼ ਕਰਦੇ ਹਨ। ਨਾਟਕ ਵਿੱਚ ਵਿਅੰਗ ਨਾਲ ਗੱਲ ਕੀਤੀ ਗਈ ਕਿ ਕਿਸ ਤਰ੍ਹਾਂ ਬਾਹਰਲੇ ਮੁਲਕਾਂ ਦੇ ਲੋਕ ਸਾਡੇ ਦੇਸ਼ ਵਿੱਚ ਆ ਕੇ ਸਭ ਕੁਝ ਲੁੱਟ ਲੈਂਦੇ ਹਨ ਅਤੇ ਦੇਸ਼ ਦੀ ਵਾਗਡੋਰ ਵੀ ਕਾਰਪੋਰੇਟ ਘਰਾਣਿਆਂ ਨੂੰ ਦੇ ਦਿੰਦੇ ਹਨ। ਇਸ ਨਾਟਕ ਦੇ ਪਾਤਰ ਵਿਸ਼ੂ ਸ਼ਰਮਾ, ਗੁਰਦਿੱਤਪਾਲ ਸਿੰਘ, ਹਰਪ੍ਰੀਤ ਸਿੰਘ, ਜਸਵੰਤ ਸਿੰਘ, ਵਿਸ਼ਾਲ, ਮਨਜਿੰਦਰ ਸਿੰਘ, ਮੋਹਿਤ ਅਤੇ ਹਰਦੀਪ ਸਿੰਘ ਵੱਲੋਂ ਦਮਦਾਰ ਅਦਾਕਾਰੀ ਪੇਸ਼ ਕੀਤੀ। ਨਾਟਕ ਵਿੱਚ ਰੋਸ਼ਨੀ ਦਾ ਪ੍ਰਭਾਵ ਗਗਨਦੀਪ ਸਿੰਘ ਵੱਲੋਂ ਦਿੱਤਾ ਗਿਆ। ਇਸ ਮੌਕੇ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ, ਭੂਪਿੰਦਰ ਸਿੰਘ ਸੰਧੂ, ਪਵਨਦੀਪ, ਰਮਾ ਸੇਖੋਂ, ਗਾਇਕ ਹਰਿੰਦਰ ਸੋਹਲ, ਗੁਰਤੇਜ ਮਾਨ ਆਦਿ ਸਮੇਤ ਨਾਟ ਪ੍ਰੇਮੀ ਹਾਜ਼ਰ ਸਨ।

## ਚੋਣਾਂ 'ਚ ਸਭ ਤੋਂ ਵੱਡਾ ਕਾਰਜ ਫਿਰਕੂ, ਕਾਰਪੋਰੇਟ ਤੇ ਫਾਸ਼ੀਵਾਦੀ ਗਠਜੋੜ ਨੂੰ ਹਰਾਉਣਾ : ਸੇਖੋਂ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਇੱਥੇ ਸੀ ਪੀ ਆਈ (ਐਮ) ਦੀ ਇੱਕ ਜ਼ਿਲ੍ਹਾ ਕਮੇਟੀ ਮੀਟਿੰਗ ਸ਼ਹੀਦ ਚੰਨਣ ਸਿੰਘ ਧੂਤ ਭਵਨ ਵਿਖੇ ਕਾਮਰੇਡ ਕਮਲਜੀਤ ਸਿੰਘ ਰਾਜਪੁਰ ਭਾਈਆਂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪਾਰਟੀ ਦੇ ਸੂਬਾ ਸਕੱਤਰ ਸਾਥੀ ਸੁਖਵਿੰਦਰ ਸਿੰਘ ਸੇਖੋਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਸਾਥੀ ਸੇਖੋਂ ਨੇ ਕਿਹਾ ਕਿ ਮੌਜੂਦਾ ਪਾਰਲੀਮੈਂਟ ਚੋਣਾਂ ਵਿੱਚ ਸਭ ਤੋਂ ਵੱਡਾ ਕਾਰਜ ਫਿਰਕੂ, ਕਾਰਪੋਰੇਟ ਅਤੇ ਫਾਸ਼ੀਵਾਦੀ ਗਠਜੋੜ ਨੂੰ ਹਰਾਉਣਾ ਹੈ, ਜਿਸ ਦੀ ਦੇਸ਼ ਅੰਦਰ ਰਾਜਨੀਤਕ ਤੌਰ 'ਤੇ ਭਾਰਤੀ ਜਨਤਾ ਪਾਰਟੀ ਅਗਵਾਈ ਕਰ ਰਹੀ ਹੈ। ਉਹਨਾਂ ਆਖਿਆ ਕਿ ਰਾਜਨੀਤਿਕ ਅਵਸਥਾ ਦਾ ਵਿਸ਼ਲੇਸ਼ਣ ਇਹ ਦਰਸਾ ਰਿਹਾ ਹੈ ਕਿ ਐਨ.ਡੀ.ਏ. ਦੀ ਹਾਰ ਦਿਨੋ ਦਿਨ ਨਿਸ਼ਚਿਤ ਹੁੰਦੀ ਜਾ ਰਹੀ ਹੈ ਅਤੇ ਮੋਦੀ ਦਾ ਮਖੌਟਾ ਉਤਰਦਾ ਜਾ ਰਿਹਾ ਹੈ ਅਤੇ ਜਨਤਾ ਦਾ ਧਿਆਨ ਭਟਕਾਉਣ ਦੀਆਂ ਉਸ ਦੀਆਂ ਚਾਲਾਂ ਦੀ ਫੂਕ ਨਿਕਲਦੀ ਨਜ਼ਰ ਆ ਰਹੀ ਹੈ। ਉਨ੍ਹਾਂ ਆਖਿਆ ਕਿ ਮੋਦੀ ਨੇ ਅੱਜ ਤੱਕ ਜਿੰਨੇ ਵੀ ਵਾਅਦੇ ਜਨਤਾ ਨਾਲ ਕੀਤੇ ਉਨ੍ਹਾਂ ਵਿਚੋਂ ਕੋਈ ਵੀ ਪੂਰਾ ਨਹੀ ਹੋਇਆ ਭਾਵੇਂ ਕਾਲਾ ਧਨ ਵਾਪਸ ਆਉਣ ਤੇ 15-15 ਲੱਖ ਖਾਤਿਆਂ ਵਿੱਚ ਪਾਉਣ ਦਾ ਲਾਰਾ ਹੋਵੇ, ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦਾ ਜਾਂ ਹਰ ਸਾਲ 2 ਕਰੋੜ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦਾ ਲਾਰਾ ਹੋਵੇ। ਉਨ੍ਹਾਂ ਆਖਿਆ ਕਿ ਭਾਜਪਾ ਦੁਆਰਾ ਹੁਣ ਦਿੱਤੀਆਂ ਜਾ ਰਹੀਆਂ ਗਰੰਟੀਆਂ ਦਾ ਵੀ ਇਹੋ ਹਸ਼ਰ ਹੋਵੇਗਾ।ਜ਼ਿਲ੍ਹਾ ਸਕੱਤਰ ਕਾਮ:ਗੁਰਨੇਕ ਸਿੰਘ ਭੱਜਲ ਨੇ ਦੱਸਿਆ ਕਿ ਪੰਜਾਬ ਵਿੱਚ ਪਾਰਟੀ ਇੱਕ ਲੋਕ ਸਭਾ ਸੀਟ ਜਲੰਧਰ ਤੋਂ ਲੜ ਰਹੀ ਹੈ ਜਿੱਥੇ ਉਮੀਦਵਾਰ ਸਾਥੀ ਪ੍ਰਸ਼ੋਤਮ ਲਾਲ ਬਿਲਗਾ ਹਨ। 13 ਮਈ ਨੂੰ ਉਮੀਦਵਾਰ ਵਲੋਂ ਕਾਗਜ਼ ਦਾਖ਼ਲ ਕਰਨ ਸਮੇਂ ਜ਼ਿਲ੍ਹੇ ਤੋਂ 100 ਸਾਥੀ ਜਲੰਧਰ ਦੇਸ਼ ਭਗਤ ਯਾਦਗਾਰ ਹਾਲ ਪਹੁੰਚਣਗੇ। 1 ਮਈ ਮਜ਼ਦੂਰ ਦਿਵਸ ਚਾਰੇ ਤਹਿਸੀਲਾਂ ਅੰਦਰ ਮਨਾਇਆ ਜਾਵੇਗਾ।

ਸਾਥੀ ਜਗਦੀਸ਼ ਚੋਹਕਾ ਅਤੇ ਰਾਜਿੰਦਰ ਕੌਰ ਚੋਹਕਾ ਨੇ ਚੀਮਾ ਭਵਨ ਦੇ ਪ੍ਰਬੰਧਾਂ ਲਈ 31,000/- ਰੁਪਏ ਦੀ ਥੈਲੀ ਸਾਥੀ ਸੁਖਵਿੰਦਰ ਸਿੰਘ ਸੇਖੋਂ ਨੂੰ ਭੇਂਟ ਕੀਤੀ। ਇਸ ਮੌਕੇ ਸਰਵ ਸਾਥੀ ਗੁਰਮੇਸ਼ ਸਿੰਘ, ਦਰਸ਼ਨ ਸਿੰਘ ਮੱਟੂ, ਸੁਭਾਸ਼ ਮੱਟੂ, ਆਸ਼ਾ ਨੰਦ, ਰਣਜੀਤ ਸਿੰਘ ਚੌਹਾਨ ਅਤੇ ਹਰਬੰਸ ਸਿੰਘ ਧੂਤ ਹਾਜ਼ਰ ਸਨ।

## ਡਾ. ਅੰਬੇਡਕਰ ਦੀ ਵਿਰਾਸਤ: ਵਿਸ਼ਲੇਸ਼ਣ ਤੇ ਮੁਲਾਂਕਣ' ਵਿਸ਼ੇ 'ਤੇ ਸੈਮੀਨਾਰ ਅੱਜ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਡਾ. ਬੀ. ਆਰ. ਅੰਬੇਡਕਰ ਚੇਅਰ ਵੱਲੋਂ ਕਾਨੂੰਨ ਵਿਭਾਗ ਦੇ ਸਹਿਯੋਗ ਨਾਲ ਡਾ. ਭੀਮ ਰਾਓ ਅੰਬੇਡਕਰ ਦੀ 133ਵੀਂ ਜਯੰਤੀ ਨੂੰ ਸਮਰਪਿਤ 'ਡਾ. ਬਾਬਾ ਸਾਹਿਬ ਅੰਬੇਡਕਰ ਦੀ ਵਿਰਾਸਤ: ਵਿਸ਼ਲੇਸ਼ਣ ਅਤੇ ਮੁਲਾਂਕਣ' ਵਿਸ਼ੇ 'ਤੇ 24 ਨੂੰ ਕਾਨਫਰੰਸ ਹਾਲ, ਗੁਰੂ ਨਾਨਕ ਭਵਨ ਵਿਖੇ ਰਾਸ਼ਟਰੀ ਸੈਮੀਨਾਰ ਕਰਵਾਇਆ ਜਾ ਰਿਹਾ ਹੈ। ਪ੍ਰੋ. (ਡਾ.) ਰਤਨ ਸਿੰਘ, ਪ੍ਰੋਫੈਸਰ, ਯੂਨੀਵਰਸਿਟੀ ਇੰਸਟੀਚਿਊਟ ਆਫ਼ ਲੀਗਲ ਸਟੱਡੀਜ਼, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਮੁੱਖ ਬੁਲਾਰੇ ਅਤੇ ਪ੍ਰੋ. (ਡਾ.) ਮਹਿਰਾਜ ਉੱਦੀਨ ਮੀਰ, ਸਾਬਕਾ ਵਾਈਸ-ਚਾਂਸਲਰ, ਸੈਂਟਰਲ ਯੂਨੀਵਰਸਿਟੀ ਆਫ਼ ਕਸ਼ਮੀਰ, ਸ੍ਰੀਨਗਰ ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਵਾਈਸ-ਚਾਂਸਲਰ ਪ੍ਰੋ.(ਡਾ.) ਜਸਪਾਲ ਸਿੰਘ ਸੰਧੂ ਕਰਨਗੇ।

**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 15.04.2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐੱਚ ਐੱਲ 'ਚ ਕਰਜ਼ਦਾਰ) : ਕਮਲ ਪਤਨੀ ਦੁਰਗਾ ਸਿੰਘ ਵਾਸੀ ਥੰਮੂਵਾਲ, ਸੰਢਾਂਵਾਲ, ਜਲੰਧਰ, ਪੰਜਾਬ-144703
2. (ਐੱਚ ਐੱਲ 'ਚ ਕਰਜ਼ਦਾਰ) : ਦੁਰਗਾ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਥੰਮੂਵਾਲ, ਸੰਢਾਂਵਾਲ, ਜਲੰਧਰ, ਪੰਜਾਬ-144703
3. (ਐੱਚ ਐੱਲ 'ਚ ਗਰੰਟਰ) : ਸੁਖਚੈਨ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਥੰਮੂਵਾਲ ਸੰਢਾਂਵਾਲ, ਜਲੰਧਰ, ਪੰਜਾਬ-144703

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.04.2024 ਤੱਕ ਬਿਨ੍ਹਾ ਵਿਆਜ) |
|---|---|---|
| ਐੱਚ ਐੱਲ /073611000020 | ਰੁਪਏ 22,00,000/- | ਰੁਪਏ 24,10,985.86 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2022-23/177/1/620 ਮਿਤੀ 04.08.2022 ਅਨੁਸਾਰ ਕਮਲ ਪਤਨੀ ਦੁਰਗਾ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 12 ਮਰਲੇ, ਥੰਮੂਵਾਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਟੁੱਟ ਕਲਾਂ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 23-04-2024 ਸਥਾਨ : ਜਲੰਧਰ (ਅਧਿਕਾਰਤ ਅਫ਼ਸਰ)

**Capital Small Finance Bank Ltd.**
MIDAS Corporate Park, 3rd Floor, 37, G.T. Road, Jalandhar-144001, Punjab, India

ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 15.04.2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐਚ ਐਲ 'ਚ ਕਰਜ਼ਦਾਰ) : ਸ੍ਰੀ ਅਰਜੁਨ ਵਿਸ਼ਕਰਮਾ ਪੁੱਤਰ ਸ੍ਰੀ ਰਾਮ ਵਿਸ਼ਕਰਮਾ ਵਾਸੀ 75, ਪਠਾਨਕੋਟ ਰੋਡ, ਨੇੜੇ ਬਾਈਪਾਸ, ਜਲੰਧਰ-1, ਜਲੰਧਰ, ਪੰਜਾਬ-144004
2. (ਐਚ ਐਲ 'ਚ ਕਰਜ਼ਦਾਰ) : ਸ੍ਰੀ ਘਣ ਬਹਾਦਰ ਪੁੱਤਰ ਸ੍ਰੀ ਰਾਮ ਬਹਾਦਰ ਵਾਸੀ 75, ਇੰਡਸਟਰੀਅਲ ਅਸਟੇਟ, ਜਲੰਧਰ-1, ਜਲੰਧਰ, ਰੇਰੂ, ਪੰਜਾਬ-144004
3. (ਐਚ ਐਲ 'ਚ ਕਰਜ਼ਦਾਰ) : ਸ੍ਰੀ ਬੀਰੂ ਵਿਸ਼ਕਰਮਾ ਪੁੱਤਰ ਪੂਰਨ ਵਿਸ਼ਕਰਮਾ, ਵਾਸੀ 63, ਟਾਈਪ-5, ਰੇਲ ਕੋਚ ਫੈਕਟਰੀ, ਐਸ ਓ, ਕਪੂਰਥਲਾ, ਪੰਜਾਬ-144602
4. (ਐਚ ਐਲ 'ਚ ਗਰੰਟਰ) : ਸ੍ਰੀ ਰਵੀ ਵਿਸ਼ਕਰਮਾ ਪੁੱਤਰ ਸ੍ਰੀ ਲੀਲਾ ਰਾਮ ਵਿਸ਼ਕਰਮਾ, ਕੁਆਟਰ ਨੰ. 12, ਟਾਈਪ-5, ਰੇਲ ਕੋਚ ਫੈਕਟਰੀ, ਕਪੂਰਥਲਾ, ਪੰਜਾਬ-144602

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.04.2024 ਤੱਕ ਬਿਨਾ ਵਿਆਜ) |
|---|---|---|
| ਐਚ ਐਲ /050611000024 | ਰੁਪਏ 20,00,000/- | ਰੁਪਏ 21,57,303.40 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2021-22/30/1/920 ਮਿਤੀ 28.06.2021 ਅਨੁਸਾਰ ਸ੍ਰੀ ਅਰਜੁਨ ਵਿਸ਼ਕਰਮਾ ਪੁੱਤਰ ਸ੍ਰੀ ਰਾਮ ਵਿਸ਼ਕਰਮਾ ਦੀ ਮਲਕੀਅਤ ਜਾਇਦਾਦ ਰਕਬਾ 03 ਮਰਲੇ, ਢੁੱਡੀਆਂਵਾਲ, ਤਹਿਸੀਲ ਅਤੇ ਜ਼ਿਲ੍ਹਾ ਕਪੂਰਥਲਾ ਨਾਲ ਸੰਬੰਧਤ ਸਭ ਕੁਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਰਜ਼ਾਪੁਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 24-04-2024 ਸਥਾਨ : ਜਲੰਧਰ (ਅਧਿਕਾਰਤ ਅਫ਼ਸਰ)

24-Apral-PAGE-4.qxd 4/23/2024 10:52 PM Page 1

ਨਵਾਂ ਜ਼ਮਾਨਾ
ਬੁੱਧਵਾਰ, 24 ਅਪ੍ਰੈਲ 2024

# ਏਦਾਂ ਜਿੱਤੀ ਭਾਜਪਾ ਨੇ ਪਹਿਲੀ ਸੀਟ

ਗੁਜਰਾਤ ਦੀ ਸੂਰਤ ਲੋਕ ਸਭਾ ਸੀਟ ਤੋਂ ਕਾਂਗਰਸ ਉਮੀਦਵਾਰ ਨੀਲੇਸ਼ ਕੁੰਭਾਣੀ ਦੇ ਨਾਮਜ਼ਦਗੀ ਕਾਗਜ਼ ਰੱਦ ਹੋ ਜਾਣ ਤੇ ਹੋਰਨਾਂ ਵੱਲੋਂ ਨਾਂਅ ਵਾਪਸ ਲੈ ਲੈਣ ਤੋਂ ਬਾਅਦ ਭਾਜਪਾ ਦੇ ਮੁਕੇਸ਼ ਦਲਾਲ ਨੂੰ ਸੋਮਵਾਰ ਬਿਨਾਂ ਮੁਕਾਬਲਾ ਜੇਤੂ ਐਲਾਨ ਦਿੱਤਾ ਗਿਆ। ਅਮੂਮਨ ਮੁੱਖ ਉਮੀਦਵਾਰ ਦਾ ਕਾਗਜ਼ ਰੱਦ ਹੋਣ ਤੋਂ ਬਾਅਦ ਡੰਮੀ ਵਜੋਂ ਪੇਸ਼ ਕੀਤਾ ਗਿਆ ਉਮੀਦਵਾਰ ਚੋਣ ਲੜਦਾ ਹੈ। ਜੇ ਉਸ ਦੇ ਕਾਗਜ਼ ਵੀ ਸਹੀ ਨਾ ਨਿਕਲਣ ਤਾਂ ਪਾਰਟੀ ਕਿਸੇ ਹੋਰ ਪਾਰਟੀ ਦੇ ਉਮੀਦਵਾਰ ਜਾਂ ਆਜ਼ਾਦ ਉਮੀਦਵਾਰ ਦੀ ਹਮਾਇਤ ਕਰ ਦਿੰਦੀ ਹੈ। ਮੱਧ ਪ੍ਰਦੇਸ਼ ਦੀ ਖਜੁਰਾਹੋ ਸੀਟ 'ਤੇ ਸਮਾਜਵਾਦੀ ਪਾਰਟੀ ਦੇ ਉਮੀਦਵਾਰ ਦੇ ਕਾਗਜ਼ ਰੱਦ ਹੋਣ ਤੋਂ ਬਾਅਦ ਅਜਿਹਾ ਹੋਇਆ ਵੀ ਹੈ। ਸੂਰਤ ਵਿਚ ਅਜਿਹੇ ਕਿਹੜੇ ਹਾਲਾਤ ਬਣੇ ਕਿ ਭਾਜਪਾ ਉਮੀਦਵਾਰ ਤੋਂ ਬਿਨਾਂ ਹੋਰ ਕੋਈ ਮੈਦਾਨ ਵਿਚ ਬਚਿਆ ਹੀ ਨਹੀਂ। ਇਸ ਨੇ ਸਭ ਨੂੰ ਹੈਰਾਨ ਕੀਤਾ ਹੈ। ਅਸਲ ਵਿਚ ਹੋਇਆ ਕੀ ? ਇਸ ਦਾ ਖੁਲਾਸਾ ਹਿੰਦੀ ਦੀ ਸਰਕਰਦਾ ਅਖਬਾਰ 'ਦੈਨਿਕ ਭਾਸਕਰ' ਨੇ ਕੀਤਾ ਹੈ। ਅਖਬਾਰ ਦੀ ਰਿਪੋਰਟ ਮੁਤਾਬਕ ਕਾਂਗਰਸੀ ਉਮੀਦਵਾਰ ਨੇ ਭਾਜਪਾ ਨਾਲ ਹੱਥ ਮਿਲਾ ਲਿਆ ਸੀ। ਭਾਜਪਾ ਨੇ ਕੁੰਭਾਣੀ ਨੂੰ ਸਭ ਸਮਝਾ ਦਿੱਤਾ ਸੀ ਕਿ ਉਸ ਨੇ ਕੀ-ਕੀ ਕਰਨਾ ਹੈ। ਉਸ ਸਕ੍ਰਿਪਟ ਉੱਤੇ ਕੁੰਭਾਣੀ ਨੇ ਫਿਲਮੀ ਐਕਟਰ ਵਾਂਗ ਅਮਲ ਕੀਤਾ। ਕੁੰਭਾਣੀ ਨੇ ਆਪਣਾ ਨਾਂਅ ਤਜਵੀਜ਼ ਕਰਨ ਵਾਲਿਆਂ ਕਾਂਗਰਸੀਆਂ ਦੀ ਥਾਂ ਆਪਣੇ ਰਿਸ਼ਤੇਦਾਰ ਤੇ ਕਰੀਬੀਆਂ ਨੂੰ ਰੱਖਿਆ। ਉਸ ਦਾ ਨਾਂਅ ਤਜਵੀਜ਼ ਕਰਨ ਵਾਲਿਆਂ ਵਿਚ ਬਹਿਨੋਈ ਜਗਦੀਆ ਸਾਵਲੀਆ ਅਤੇ ਬਿਜ਼ਨਸ ਪਾਰਟਨਰ ਧਰੁਵਿਨ ਧਾਮੇਲੀਆ ਤੇ ਰਮੇਸ਼ ਪੋਲਰਾ ਸਨ। ਉਸ ਨੇ ਡੰਮੀ ਉਮੀਦਵਾਰ ਸੁਰੇਸ਼ ਪਡਸਾਲਾ ਦਾ ਨਾਂਅ ਵੀ ਆਪਣੇ ਭਾਣਜੇ ਭੌਤਿਕ ਕੋਲਡੀਆ ਤੋਂ ਤਜਵੀਜ਼ ਕਰਵਾਇਆ। ਪਰਚਾ ਦਾਖਲ ਕਰਨ ਵੇਲੇ ਕੁੰਭਾਣੀ ਉਸ ਦਾ ਨਾਂਅ ਤਜਵੀਜ਼ ਕਰਨ ਵਾਲੇ ਕਿਸੇ ਵੀ ਬੰਦੇ ਨੂੰ ਚੋਣ ਅਧਿਕਾਰੀ ਸਾਹਮਣੇ ਨਹੀਂ ਲੈ ਕੇ ਗਿਆ। ਉਸ ਦਾ ਨਾਂਅ ਤਜਵੀਜ਼ ਕਰਨ ਵਾਲੇ ਚੌਹਾਂ ਜਣਿਆਂ ਨੇ ਉਨ੍ਹਾਂ ਦੇ ਦਸਤਖਤ ਫਰਜ਼ੀ ਹੋਣ ਦਾ ਹਲਫਨਾਮਾ ਦੇ ਦਿੱਤਾ ਤੇ ਰੂਪੋਸ਼ ਹੋ ਗਏ। ਚੋਣ ਕਮਿਸ਼ਨ ਨੇ ਸਭ ਨੂੰ ਨੋਟਿਸ ਘੱਲੇ, ਪਰ ਕੋਈ ਸਾਹਮਣੇ ਨਹੀਂ ਆਇਆ। ਫਿਰ ਕੁੰਭਾਣੀ ਤੇ ਡੰਮੀ ਉਮੀਦਵਾਰ ਸੁਰੇਸ਼ ਪਡਸਾਲਾ ਦੇ ਕਾਗਜ਼ ਰੱਦ ਕਰ ਦਿੱਤੇ ਗਏ। ਇਸ ਨਾਟਕ ਦਾ ਕੇਂਦਰ ਫਾਈਵ ਸਟਾਰ ਹੋਟਲ ਲੀ-ਮੈਰੇਡਿਅਨ ਸੀ। ਨਾਟਕ ਦੀ ਸਿੱਧੀ ਨਿਗਰਾਨੀ ਸੂਬਾ ਭਾਜਪਾ ਪ੍ਰਧਾਨ ਸੀ ਆਰ ਪਾਟਿਲ ਨੇ ਕੀਤੀ। ਭਾਜਪਾ ਤੇ ਕਾਂਗਰਸ ਉਮੀਦਵਾਰ ਤੋਂ ਇਲਾਵਾ ਬਸਪਾ ਦੇ ਪਿਆਰੇ ਲਾਲ ਭਾਰਤੀ ਤੇ ਨਿੱਕੀਆਂ ਪਾਰਟੀਆਂ ਦੇ ਚਾਰ ਉਮੀਦਵਾਰ ਵੀ ਮੈਦਾਨ 'ਚ ਸਨ। ਭਾਰਤੀ ਤੋਂ ਇਲਾਵਾ ਸਰਦਾਰ ਵੱਲਭਪਾਈ ਪਟੇਲ ਪਾਰਟੀ, ਗਲੋਬਲ ਰਿਪਬਲੀਕਨ ਪਾਰਟੀ ਦੇ ਉਮੀਦਵਾਰ ਸਣੇ ਚਾਰੇ ਹੋਰਨਾਂ ਨੇ ਸੋਮਵਾਰ ਆਖਰੀ ਦਿਨ ਕਾਗਜ਼ ਵਾਪਸ ਲੈ ਲਏ। ਕਾਗਜ਼ ਵਾਪਸ ਲੈਣ ਤੋਂ ਪਹਿਲਾਂ ਇਨ੍ਹਾਂ ਨੇ ਵੀ ਹੋਟਲ ਦਾ ਗੇੜਾ ਲਾਇਆ। ਇਸ ਮਾਮਲੇ ਵਿਚ ਕਾਂਗਰਸ ਨੂੰ ਵੀ ਉਸ ਦੀ ਗਲਤੀ ਲਈ ਮੁਆਫ ਨਹੀਂ ਕੀਤਾ ਜਾ ਸਕਦਾ, ਪਰ ਲੋਕਾਂ ਦੇ ਵਿਸ਼ਵਾਸ ਨਾਲ ਇਸ ਤਰ੍ਹਾਂ ਖਿਲਵਾੜ ਕਰਨ ਵਾਲਿਆਂ ਲਈ ਵੀ ਸਜ਼ਾ ਬਣਦੀ ਹੈ। ਚੋਣ ਕਮਿਸ਼ਨ ਤੋਂ ਤਾਂ ਕਿਸੇ ਕਿਸਮ ਦੀ ਆਸ ਨਹੀਂ ਰਹੀ, ਲੋਕਾਂ ਨੂੰ ਖੁਦ ਹੀ ਅਜਿਹੇ ਕੌਤਕ ਕਰਨ ਵਾਲੇ ਆਗੂਆਂ ਦਾ ਇਲਾਜ ਕਰਨਾ ਪੈਣਾ।

## ਪੰਜਾਬ ਦੇ ਪਿੜ ਵਿੱਚੋਂ !

ਸੱਤਾਧਾਰੀ ਪੰਜਾਬ ਵਿੱਚ ਹੋਣ ਸਦਕਾ,
'ਤੇਰਾਂ-ਜ਼ੀਰੋ' ਕਹਿ ਬਹੁਤ ਫੁੰਕਾਰਦੇ ਨੇ।
ਪੰਜੇ ਵਾਲੇ ਦੁਚਿੱਤੀ ਵਿੱਚ ਪਏ ਲਗਦੇ,
ਆਉਂਦਾ ਦਿੱਲੀਉਂ 'ਰਾਹ' ਨਿਹਾਰਦੇ ਨੇ।
ਸੱਜੇ-ਖੱਬਿਆਂ ਹਾਥੀ ਵੀ ਨਾਲ ਸਮਝੋ,
ਲੱਗਜੇ ਹਾਜ਼ਰੀ ਤਾਂਹੀਉਂ ਤਕਰਾਰਦੇ ਨੇ।
ਬੰਦੇ ਕਮਲ ਦੀ ਬੁੱਕਲ ਵਿੱਚ ਜਾ ਵੜੇ ਜੋ,
ਸਿਰ 'ਤੇ ਕੇਂਦਰ ਦੇ ਕਾਰਨ ਹੰਕਾਰਦੇ ਨੇ।
ਬਾਦਲ ਦਲੀਏ ਵੀ ਏਦਾਂ ਹੀ ਜਾਪਦੇ ਐ,
ਗਲ ਪਏ ਢੋਲ 'ਤੇ ਡਗੇ ਹੀ ਮਾਰਦੇ ਨੇ।
ਰੱਖਣ ਆਸ ਕੀ 'ਥਾਲੀ ਦੇ ਬੈਂਗਣਾਂ' ਤੋਂ,
ਦੇਖਿਉ ਕਿਵੇਂ 'ਪੰਜਾਬੀ' ਦੁਰਕਾਰਦੇ ਨੇ!

-ਤਰਲੋਚਨ ਸਿੰਘ ਦੁਪਾਲਪੁਰ, 78146-92724

# ਦਲ-ਬਦਲੂ ਅਤੇ ਦਲ-ਬਦਲ ਵਿਰੋਧੀ ਕਾਨੂੰਨ


ਗੁਰਮੀਤ ਸਿੰਘ ਪਲਾਹੀ

ਦੇਸ਼ ਵਿੱਚ ਦਲ ਬਦਲਣ ਦੀ ਖੇਡ 60 ਸਾਲ ਪੁਰਾਣੀ ਹੈ। ਅਸਲ ਵਿੱਚ ਦਲ-ਬਦਲ 'ਸਿਆਸੀ ਦਿਲ' ਬਦਲਣ ਦੀ ਨਿਵੇਕਲੀ ਖੇਡ ਹੈ। ਇਹ ਕਦੇ ਇੱਕ ਪਾਰਟੀ ਵਿੱਚ ਆਦਰ-ਮਾਣ-ਸਨਮਾਨ ਨਾ ਮਿਲਣ ਤੋਂ ਨਿਰਾਸ਼ ਹੋਣ ਉਤੇ ਹੁੰਦਾ ਹੈ ਅਤੇ ਕਦੇ 'ਮਨ ਦੀ ਅਵਾਜ਼' ਸੁਣਨ 'ਤੇ। ਤਾਕਤ ਦੀ ਹਵਾ ਜਿਸ ਪਾਸੇ ਵੱਲ ਵਗਦੀ ਹੈ, ਦਲ-ਬਦਲ ਵੀ ਉਸ ਪਾਰਟੀ ਵੱਲ ਵੱਧ ਹੁੰਦਾ ਹੈ। ਭਾਰਤ ਵਿੱਚ ਇਹ ਕਿਸੇ ਵੇਲੇ ਕਾਂਗਰਸ ਵੱਲ ਵੱਧ ਹੁੰਦਾ ਸੀ, ਹੁਣ ਭਾਜਪਾ ਵੱਲ ਜ਼ਿਆਦਾ ਹੈ।

ਦੇਸ਼ ਦੇ ਚੋਣ ਮਹਾਂਕੁੰਭ ਦਾ ਦ੍ਰਿਸ਼ ਇਸ ਵਰ੍ਹੇ ਨਿਰਾਲਾ ਹੈ। ਥੋਕ ਦੇ ਭਾਅ ਹੋ ਰਿਹਾ ਦਲ ਬਦਲ ਲੋਕਾਂ ਨੂੰ ਹੈਰਾਨ-ਪ੍ਰੇਸ਼ਾਨ ਕਰ ਰਿਹਾ ਹੈ। ਇਕ ਵਿਸ਼ਲੇਸ਼ਣ ਅਨੁਸਾਰ ਸਾਲ 2024 ਦੀਆਂ ਚੋਣਾਂ 'ਚ ਭਾਜਪਾ ਦਾ ਹਰ ਚੌਥਾ ਉਮੀਦਵਾਰ ਦਲ-ਬਦਲੂ ਹੈ। ਭਾਜਪਾ ਹੁਣ ਤੱਕ 417 ਉਮੀਦਵਾਰ ਐਲਾਨ ਚੁੱਕੀ ਹੈ, ਇਹਨਾਂ ਵਿਚੋਂ 116 (28 ਫੀਸਦੀ) ਉਹ ਉਮੀਦਵਾਰ ਹਨ, ਜੋ ਸਿਆਸੀ ਧਿਰ ਬਦਲ ਕੇ ਭਾਜਪਾ ਵੱਲ ਆਏ ਹਨ। ਇਨ੍ਹਾਂ 116 ਵਿਚੋਂ 37 ਕਾਂਗਰਸ ਵਿਚੋਂ ਆਏ ਹਨ।

ਇਸੇ ਤਰ੍ਹਾਂ 2016 ਤੋਂ 2020 ਦੇ ਦੌਰਾਨ ਐੱਮ ਪੀ ਅਤੇ ਐੱਮ ਐੱਲ ਏ ਵਿਚੋਂ ਸਿਆਸੀ ਧਿਰਾਂ ਬਦਲਣ ਦੀ ਰਿਪੋਰਟ ਸਾਹਮਣੇ ਆਈ ਸੀ, ਜਿਸ ਅਨੁਸਾਰ 405 ਵਿਧਾਇਕਾਂ ਅਤੇ 16 ਪਾਰਲੀਮੈਂਟ ਮੈਂਬਰਾਂ ਨੇ ਪਾਰਟੀ ਬਦਲੀ ਸੀ। ਦਲ-ਬਦਲ ਕਰਨ ਵਾਲੇ 182 ਵਿਧਾਇਕ ਅਤੇ 10 ਐੱਮ.ਪੀ ਭਾਜਪਾ 'ਚ ਸ਼ਾਮਲ ਹੋਏ।

ਜਦੋਂ ਕਦੇ ਕਾਂਗਰਸ ਦਾ ਸੂਰਜ ਚਮਕਦਾ ਸੀ, ਉਸ ਵੇਲੇ ਕਾਂਗਰਸ ਨੂੰ ਇਸ ਦਾ ਫਾਇਦਾ ਹੋਇਆ। ਸਾਲ 1957 ਤੋਂ 1967 ਦਰਮਿਆਨ 419 ਵਿਧਾਇਕ ਕਾਂਗਰਸ ਵਿੱਚ ਸ਼ਾਮਲ ਹੋਏ ਸਨ।

ਦਲ-ਬਦਲ ਦੇ ਰੌਚਕ ਕਿੱਸਿਆਂ ਦਾ ਵਰਨਣ ਕਰਨਾ ਬਹੁਤ ਹੀ ਜ਼ਰੂਰੀ ਹੈ। ਮਹਾਰਾਸ਼ਟਰ ਵਿੱਚ 7 ਮਾਰਚ 1978 ਨੂੰ ਬਸੰਤ ਦਾਦਾ ਪਾਟਿਲ ਦੀ ਅਗਵਾਈ 'ਚ ਸਰਕਾਰ ਸੱਤਾ ਵਿੱਚ ਆਈ। 18 ਜੁਲਾਈ 1978 ਨੂੰ ਸ਼ਰਦ ਪਵਾਰ (ਦੇਸ਼ ਦੇ ਪ੍ਰਸਿੱਧ ਸਿਆਸੀ ਨੇਤਾ) ਦੁਪਹਿਰ ਵੇਲੇ ਵਿਧਾਨ ਸਭਾ 'ਚ ਪਾਟਿਲ ਸਰਕਾਰ ਦੇ ਹੱਕ 'ਚ ਕਸੀਦੇ ਪੜ੍ਹਦੇ ਨਜ਼ਰ ਆਏ, ਪਰੰਤੂ ਸ਼ਾਮ ਹੁੰਦਿਆਂ ਹੀ ਉਹ ਰਾਜ ਭਵਨ ਪੁੱਜੇ ਅਤੇ ਉਥੇ ਜਾ ਕੇ ਬਗਾਵਤ ਦੀ ਚਿੱਠੀ ਗਵਰਨਰ ਨੂੰ ਪੇਸ਼ ਕੀਤੀ ਅਤੇ ਫਿਰ ਖੁਦ ਮੁੱਖ ਮੰਤਰੀ ਬਣ ਗਏ।

ਹਰਿਆਣਾ ਵਿੱਚ ਭਜਨ ਲਾਲ ਨੇ ਸਿਆਸਤ ਕਾਂਗਰਸੀ ਵਜੋਂ ਸ਼ੁਰੂ ਕੀਤੀ, ਪ੍ਰੰਤੂ 1977 ਵਿੱਚ ਜਨਤਾ ਪਾਰਟੀ 'ਚ ਸ਼ਾਮਲ ਹੋ ਗਏ। ਹਰਿਆਣਾ ਦੀ ਦੇਵੀ ਲਾਲ ਸਰਕਾਰ ਵਿੱਚ ਉਹ ਮੰਤਰੀ ਬਣ ਗਏ। ਸਾਲ 1980 ਵਿੱਚ ਇੰਦਰਾ ਗਾਂਧੀ ਦੀ ਕੇਂਦਰ 'ਚ ਸੱਤਾ ਵਾਪਿਸੀ ਸਮੇਂ ਉਹ ਪੂਰੇ ਮੰਤਰੀ ਮੰਡਲ ਸਮੇਤ ਕਾਂਗਰਸ ਵਿੱਚ ਸ਼ਾਮਲ ਹੋ ਗਏ। (ਕੀ ਇਹ ਹਿਰਦੇ ਪ੍ਰੀਵਰਤਨ ਸੀ ਜਾਂ ਗੱਦੀ ਦੀ ਭੁੱਖ ?)

ਦਲ-ਬਦਲ ਕਰਨ ਵਾਲਿਆਂ ਲਈ ਅਕਸਰ 'ਆਇਆ ਰਾਮ, ਗਿਆ ਰਾਮ' ਸ਼ਬਦਾਵਲੀ ਦੀ ਵਰਤੋਂ ਕੀਤੀ ਜਾਂਦੀ ਹੈ। ਅਸਲ 'ਚ 'ਗਿਆ ਰਾਮ' ਹਰਿਆਣਾ ਦੇ ਹਸਨਪੁਰ ਵਿਧਾਨ ਸਭਾ ਖੇਤਰ (ਹੁਣ ਹੋਡਲ) ਵਿੱਚ ਐਮ.ਐਲ.ਏ. ਸਨ, ਉਹਨਾ ਦੇ ਚੋਣ ਜਿੱਤਣ ਤੋਂ ਬਾਅਦ 15 ਦਿਨਾਂ 'ਚ ਚਾਰ ਵੇਰ ਆਪਣਾ ਦਲ ਬਦਲਿਆ। 1967 ਵਿੱਚ ਪਹਿਲੀ ਵੇਰ ਹਰਿਆਣਾ ਵਿਧਾਨ ਸਭਾ ਚੋਣਾਂ ਹੋਈਆਂ। ਇਸ ਵਿੱਚ 16 ਆਜ਼ਾਦ ਐੱਮ.ਐੱਲ.ਏ ਚੁਣੇ ਗਏ, ਇਨ੍ਹਾਂ ਵਿੱਚ ਗਿਆ ਰਾਮ ਇੱਕ ਸੀ। ਉਹ ਕਾਂਗਰਸ ਤੋਂ ਟਿਕਟ ਨਾ ਮਿਲਣ ਕਾਰਨ ਬਾਗੀ ਹੋ ਗਿਆ, ਪਰ ਫਿਰ ਚੋਣ ਜਿੱਤ ਕੇ ਕਾਂਗਰਸ 'ਚ ਸ਼ਾਮਲ ਹੋ ਗਿਆ। ਜਦ ਕਾਂਗਰਸ ਨੇ 48 ਸੀਟਾਂ ਲੈ ਕੇ ਵਜ਼ਾਰਤ ਬਣਾਈ, ਪਰ ਇਹ ਵਜ਼ਾਰਤ 10 ਦਿਨਾਂ ਬਾਅਦ ਹੀ ਡਿੱਗ ਪਈ। ਗਿਆ ਰਾਮ ਨੇ 12 ਵਿਧਾਇਕਾਂ ਨਾਲ ਰਲ ਕੇ ਪਾਰਟੀ ਛੱਡ ਦਿੱਤੀ ਅਤੇ ਯੂਨਾਈਟਿਡ ਫਰੰਟ 'ਚ ਸ਼ਾਮਲ ਹੋ ਗਏ। ਫਿਰ ਕੁਝ ਘੰਟਿਆਂ 'ਚ ਹੀ ਗਿਆ ਰਾਮ ਦਾ ਮਨ ਬਦਲ ਗਿਆ ਤੇ ਉਹ ਕਾਂਗਰਸ ਵਿੱਚ ਆ ਗਏ, ਪਰ ਕਾਂਗਰਸ ਵਿੱਚ ਉਹ ਸਿਰਫ਼ 9 ਘੰਟੇ ਟਿਕੇ ਅਤੇ ਕਾਂਗਰਸ ਛੱਡ ਕੇ ਮੁੜ ਯੂਨਾਈਟਿਡ ਫਰੰਟ 'ਚ ਚਲੇ ਗਏ। ਕਮਾਲ ਦੀ ਗੱਲ ਤਾਂ ਇਹ ਕਿ ਉਨ੍ਹਾ ਇੱਕ ਦਿਨ ਵਿੱਚ ਤਿੰਨ ਵੇਰ ਦਲ ਬਦਲਣ ਦਾ ਤਮਾਸ਼ਾ ਕੀਤਾ। ਕੁਝ ਦਿਨਾਂ ਬਾਅਦ ਫਿਰ ਉਹ ਕਾਂਗਰਸ ਵਿੱਚ ਸ਼ਾਮਲ ਹੋ ਗਏ। ਕਾਂਗਰਸ ਵਾਪਿਸੀ ਤੋਂ ਬਾਅਦ ਮੌਕੇ ਦੇ ਪ੍ਰਭਾਵਸ਼ਾਲੀ ਨੇਤਾ ਰਾਓ ਬਰੇਂਦਰ ਸਿੰਘ ਨੇ ਉਹਨਾ ਨੂੰ ਪ੍ਰੈੱਸ ਕਾਨਫਰੰਸ 'ਚ ਪੇਸ਼ ਕੀਤਾ ਤੇ ਕਿਹਾ 'ਗਿਆ ਰਾਮ ਹੁਣ ਆਇਆ ਰਾਮ ਹੈ।' ਇਸ ਤੋਂ ਬਾਅਦ ਭਾਰਤੀ ਸਿਆਸਤ ਵਿੱਚ ਦਲ-ਬਦਲੂਆਂ ਦੇ ਲਈ 'ਆਇਆ ਰਾਮ ਗਿਆ ਰਾਮ' ਦਾ ਮੁਹਾਵਰਾ ਬਣ ਗਿਆ।

ਸਾਲ 2014 ਤੋਂ ਹੁਣ ਤੱਕ ਕਾਂਗਰਸ ਦੇ 50 ਤੋਂ ਵੀ ਜ਼ਿਆਦਾ ਪ੍ਰਭਾਵਸ਼ਾਲੀ ਨੇਤਾ, ਜਿਨ੍ਹਾਂ ਵਿੱਚ 15 ਮੁੱਖ ਮੰਤਰੀ, ਏਨੇ ਹੀ ਕੇਂਦਰੀ ਮੰਤਰੀ ਅਤੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਮੈਂਬਰ ਜਾਂ ਅਹੁਦੇਦਾਰ ਜਾਂ ਤਾਂ ਕਿਸੇ ਹੋਰ ਪਾਰਟੀ ਵਿੱਚ ਜਾ ਚੁੱਕੇ ਹਨ ਜਾਂ ਨਵੀਂ ਪਾਰਟੀ ਬਣਾ ਚੁੱਕੇ ਹਨ। ਇਨ੍ਹਾਂ ਵਿੱਚ ਐੱਸ.ਐੱਮ. ਕ੍ਰਿਸ਼ਨਨ, ਗੁਲਾਮ ਨਬੀ ਆਜ਼ਾਦ, ਕੈਪਟਨ ਅਮਰਿੰਦਰ ਸਿੰਘ, ਨਰਾਇਣ ਦੱਤ ਤਿਵਾੜੀ (ਮਰਹੂਮ), ਅਸ਼ੋਕ ਚੌਹਾਨ, ਪੇਮਾ ਖਾਂਡੂ, ਕਿਰਣ ਰੈਡੀ, ਵਿਜੈ ਬਹੁਗੁਣਾ, ਦਿਗੰਬਰ ਕਾਮਤ, ਰਵੀ ਨਾਇਕ, ਨਰਾਇਣ ਰਾਏ, ਮੁਕੁਲ ਸੰਗਮਾ ਸ਼ਾਮਲ ਹਨ। ਇਨ੍ਹਾਂ ਵਿੱਚੋਂ ਗੁਲਾਮ ਨਬੀ ਆਜ਼ਾਦ ਨੇ ਕਾਂਗਰਸ ਤੋਂ ਅਸਤੀਫ਼ਾ ਦਿੱਤਾ ਅਤੇ ਫਿਰ ਨਵੀਂ ਪਾਰਟੀ 'ਡੈਮੋਕਰੇਟਿਕ ਪ੍ਰੋਗਰੈਸਿਵ ਆਜ਼ਾਦ ਪਾਰਟੀ' ਦਾ ਗਠਨ ਕੀਤਾ।

ਪੰਜਾਬ ਵਿੱਚ ਕੈਪਟਨ ਅਮਰਿੰਦਰ ਸਿੰਘ ਦਾ ਪੂਰਾ ਪਰਵਾਰ, ਪਿਛਲੇ ਸੌ ਸਾਲ ਤੋਂ ਕਾਂਗਰਸ ਨਾਲ ਜੁੜਿਆ ਕਾਂਗਰਸੀ ਨੇਤਾ ਗੁਰਬੰਤਾ ਸਿੰਘ ਦਾ ਚੌਧਰੀ ਪਰਵਾਰ, ਧੁਰੰਤਰ ਕਾਂਗਰਸੀ ਨੇਤਾ ਬਲਰਾਮ ਜਾਖੜ ਦਾ ਪੁੱਤਰ ਸੁਨੀਲ ਜਾਖੜ, (ਜੋ ਸੂਬਾ ਕਾਂਗਰਸ ਦਾ ਪ੍ਰਧਾਨ ਰਿਹਾ), ਅਨੇਕਾਂ ਮੈਂਬਰ ਪਾਰਲੀਮੈਂਟ ਸਮੇਤ ਪੰਜਾਬ ਦੇ ਧੱਕੜ ਕਾਂਗਰਸੀ ਨੇਤਾ ਬੇਅੰਤ ਸਿੰਘ ਤਤਕਾਲੀ ਮੁੱਖ ਮੰਤਰੀ ਦਾ ਪੋਤਾ ਰਵਨੀਤ ਬਿੱਟੂ ਵੀ ਇਸ ਲਿਸਟ ਵਿੱਚ ਸ਼ਾਮਲ ਹਨ।

ਦੇਸ਼ ਦੇ ਹੋਰ ਸੂਬਿਆਂ ਨਾਲੋਂ ਵੱਧ ਹਰਿਆਣਾ ਦਲ-ਬਦਲੂਆਂ ਦਾ ਕੇਂਦਰ ਰਿਹਾ ਹੈ। ਸਾਲ 1967 ਤੋਂ 1983 ਦੇ ਵਿਚਕਾਰ ਸੂਬੇ ਵਿੱਚ 2700 ਤੋਂ ਵੀ ਜ਼ਿਆਦਾ ਵੇਰ ਦਲ-ਬਦਲ ਹੋਇਆ। ਅਨੇਕਾਂ ਦਲ-ਬਦਲੂ ਮੁੱਖ ਮੰਤਰੀ ਦੀ ਕੁਰਸੀ ਤੱਕ ਪਹੁੰਚੇ।

ਹਰਿਆਣਾ ਵਿੱਚ ਏਨੇ ਵੱਡੇ ਪੈਮਾਨੇ 'ਤੇ ਦਲ-ਬਦਲ ਨੇ ਇਸ ਸਬੰਧ ਵਿੱਚ ਕਿਸੇ ਕਾਨੂੰਨ ਦੀ ਲੋੜ ਮਹਿਸੂਸ ਕੀਤੀ ਅਤੇ ਅਖ਼ੀਰ ਕਾਫ਼ੀ ਕੋਸ਼ਿਸ਼ਾਂ ਬਾਅਦ ਸਾਲ 1985 ਵਿੱਚ 52 ਵੀਂ ਸੰਵਾਧਾਨਿਕ ਸੋਧ ਨਾਲ ਦਲ-ਬਦਲੀ ਕਾਨੂੰਨ ਲਾਗੂ ਹੋ ਗਿਆ। ਉਸ ਵੇਲੇ ਦੇਸ਼ ਦੇ ਪ੍ਰਧਾਨ ਮੰਤਰੀ ਮਰਹੂਮ ਰਾਜੀਵ ਗਾਂਧੀ ਸਨ, ਜੋ 400 ਪਾਰਲੀਮੈਂਟ ਸੀਟਾਂ ਜਿੱਤ ਗਏ ਹਨ। ਇਸ ਗੱਲ ਦਾ ਖ਼ਦਸ਼ਾ ਪਾਲੀ ਬੈਠੇ ਸਨ ਕਿ ਉਹਨਾ ਦੀ ਪਾਰਟੀ 'ਚ ਭੰਨ-ਤੋੜ ਨਾ ਹੋ ਜਾਏ, ਇਸੇ ਕਰਕੇ ਉਹਨਾ ਦਲ, ਬਦਲ ਰੋਕੂ ਕਾਨੂੰਨ ਬਣਾਉਣ ਲਈ ਤੇਜ਼ੀ ਵਰਤੀ।

1985 ਦੇ ਇਸ ਕਾਨੂੰਨ ਵਿੱਚ ਪ੍ਰਾਵਧਾਨ ਕੀਤਾ ਗਿਆ ਕਿ ਜੇਕਰ ਕੋਈ ਐੱਮ.ਐੱਲ.ਏ., ਐੱਮ.ਪੀ. ਆਪਣੀ ਪਾਰਟੀ ਛੱਡ ਕੇ ਕਿਸੇ ਹੋਰ ਪਾਰਟੀ 'ਚ ਸ਼ਾਮਲ ਹੁੰਦਾ ਹੈ ਤਾਂ ਉਸ ਦੀ ਸਦਨ ਵਿੱਚ ਮੈਂਬਰੀ ਖ਼ਤਮ ਹੋ ਜਾਏਗੀ, ਪਰ ਜੇਕਰ ਉਸ ਪਾਰਟੀ ਦੇ ਇੱਕ ਤਿਹਾਈ ਮੈਂਬਰ ਵੱਖਰਾ ਗੁੱਟ ਬਣਾ ਕੇ ਪਾਰਟੀ ਛੱਡਦੇ ਹਨ ਤਾਂ ਇਹ ਕਾਨੂੰਨ ਲਾਗੂ ਨਹੀਂ ਹੋਏਗਾ।

ਸਾਲ 2003 ਵਿੱਚ ਇਸ ਕਾਨੂੰਨ 'ਚ ਸੋਧ ਕਰ ਦਿੱਤੀ ਗਈ, ਜਿਸ ਅਨੁਸਾਰ ਇਹ ਗਿਣਤੀ ਦੋ ਤਿਹਾਈ ਕਰ ਦਿੱਤੀ ਗਈ, ਜਿਸ ਨਾਲ ਇਸ ਕਾਨੂੰਨ ਦੀ ਪ੍ਰਸੰਗਕਿਤਾ ਬਹੁਤ ਘਟ ਗਈ ਹੈ।

2018 ਵਿੱਚ ਮੱਧ ਪ੍ਰਦੇਸ਼ ਦੇਸ਼ 'ਚ ਕਮਲ ਨਾਥ ਨੇ 114 ਸੀਟਾਂ ਜਿੱਤ ਕੇ ਸਰਕਾਰ ਬਣਾਈ। ਭਾਜਪਾ ਨੂੰ 109 ਸੀਟਾਂ ਮਿਲੀਆਂ। ਕਾਂਗਰਸ ਦੇ 22 ਵਿਧਾਇਕਾਂ ਨੇ ਅਸਤੀਫ਼ਾ ਦੇ ਦਿੱਤਾ। ਕਾਂਗਰਸ ਵਜ਼ਾਰਤ ਘੱਟ ਗਿਣਤੀ 'ਚ ਰਹਿ ਗਈ। ਭਾਜਪਾ ਦੀਆਂ ਸੀਟਾਂ ਕਾਂਗਰਸ ਨਾਲੋਂ ਵਧ ਗਈਆਂ। ਭਾਜਪਾ ਦੇ ਸ਼ਿਵਰਾਜ ਸਿੰਘ ਚੌਹਾਨ ਨੂੰ ਸਰਕਾਰ ਬਣਾਉਣ ਦਾ ਮੌਕਾ ਮਿਲ ਗਿਆ। ਫਿਰ ਅਸਤੀਫਾ ਦੇ ਚੁੱਕੇ 22 ਕਾਂਗਰਸੀ ਵਿਧਾਇਕਾਂ ਨੇ ਭਾਜਪਾ ਵੱਲੋਂ ਚੋਣ ਲੜੀ ਤੇ ਮੁੜ ਭਾਜਪਾ ਦੇ ਵਿਧਾਇਕ ਵਜੋਂ ਜਿੱਤ ਕੇ ਸਦਨ 'ਚ ਆ ਗਏ।

ਇਸੇ ਸਾਲ ਕਰਨਾਟਕ 'ਚ 224 ਮੈਂਬਰੀ ਸਦਨ ਵਿਚੋਂ ਕਾਂਗਰਸ 80, ਜਨਤਾ ਦਲ (ਸ) 37 ਅਤੇ ਭਾਜਪਾ ਨੇ 104 ਸੀਟਾਂ ਜਿੱਤੀਆਂ। ਕਾਂਗਰਸ ਤੇ ਜਨਤਾ ਦਲ (ਸ) ਦੇ ਗੱਠਜੋੜ ਨੇ ਸਰਕਾਰ ਬਣਾਈ। ਕੁਝ ਮਹੀਨਿਆਂ ਬਾਅਦ ਕਾਂਗਰਸ ਦੇ 13 ਅਤੇ ਜਨਤਾ ਦਲ ਦੇ 4 ਵਿਧਾਇਕ ਅਸਤੀਫ਼ਾ ਦੇ ਗਏ, ਵਜ਼ਾਰਤ ਟੁੱਟ ਗਈ। ਭਾਜਪਾ ਨੇ ਮੁੜ ਕੁਝ ਆਜ਼ਾਦ ਮੈਂਬਰਾਂ ਦੀ ਸਹਾਇਤਾ ਨਾਲ ਵਜ਼ਾਰਤ ਬਣਾ ਲਈ।

ਇਹ ਦਲ-ਬਦਲੀ ਵਿਰੋਧੀ ਕਾਨੂੰਨੀ ਦੀ ਦੁਰਵਰਤੋਂ ਦੀਆਂ ਉਦਾਹਰਨਾਂ ਹਨ। ਦਲ-ਬਦਲੀ ਵਿਰੋਧੀ ਕਾਨੂੰਨ ਤਾਂ ਇਸ ਕਰਕੇ ਲਿਆਂਦਾ ਗਿਆ ਸੀ ਕਿ ਭਾਰਤੀ ਲੋਕਤੰਤਰ ਮਜ਼ਬੂਤ ਹੋਵੇ ਤੇ ਕੁਝ ਸਵਾਰਥੀ ਲੋਕ ਲੋਕਤੰਤਰ ਦਾ ਮਜ਼ਾਕ ਨਾ ਬਣਾ ਦੇਣ, ਜਿਵੇਂ ਕਿ ਹਕੂਮਤ ਪ੍ਰਾਪਤੀ ਲਈ ਇਸ ਸਮੇਂ ਵੀ ਹੋ ਰਿਹਾ ਹੈ। ਲੋਕਤੰਤਰਿਕ ਪ੍ਰਕਿਰਿਆ ਵਿੱਚ ਤਾਂ ਸਿਆਸੀ ਦਲਾਂ ਦੀ ਭੂਮਿਕਾ ਅਹਿਮ ਹੁੰਦੀ ਹੈ, ਉਹ ਸਿਧਾਂਤਕ ਤੌਰ 'ਤੇ ਸਮੂਹਿਕ ਰੂਪ ਵਿੱਚ ਲੋਕ-ਹਿੱਤ ਵਿੱਚ ਫ਼ੈਸਲੇ ਲੈ ਕੇ ਲਾਗੂ ਕਰਨ ਲਈ ਜਾਣੇ ਜਾਂਦੇ ਹਨ,ਪਰੰਤੂ ਆਜ਼ਾਦੀ ਦੇ ਕੁਝ ਸਾਲਾਂ ਬਾਅਦ ਹੀ ਇਹ ਮਹਿਸੂਸ ਕੀਤਾ ਜਾਣ ਲੱਗਾ ਕਿ ਸਿਆਸੀ ਦਲ ਲੋਕਾਂ ਦੇ ਵੋਟਾਂ 'ਚ ਦਿੱਤੇ ਫ਼ੈਸਲੇ ਦੀ ਅਣਦੇਖੀ ਕਰਨ ਲਗ ਪਏ ਸਨ ਅਤੇ ਵਿਧਾਇਕਾਂ ਅਤੇ ਪਾਰਲੀਮੈਂਟ ਦੇ ਮੈਂਬਰਾਂ ਦੀ ਜੋੜ-ਤੋੜ ਕਰਕੇ ਸਰਕਾਰਾਂ ਡੇਗਣ ਦੇ ਰਾਹ ਪੈ ਗਏ। ਕਾਂਗਰਸ ਰਾਜ ਵੇਲੇ ਇਹ ਵਰਤਾਰਾ ਸ਼ੁਰੂ ਹੋਇਆ, ਜੋ ਕਿ ਹੁਣ ਚਰਮ ਸੀਮਾਂ 'ਤੇ ਹੈ।

ਜਨਤਾ ਦਾ, ਜਨਤਾ ਲਈ ਅਤੇ ਜਨਤਾ ਰਾਹੀਂ ਸ਼ਾਸਨ ਹੀ ਲੋਕਤੰਤਰ ਹੈ। ਲੋਕਤੰਤਰ ਵਿੱਚ ਜਨਤਾ ਹੀ ਸੱਤਾਧਾਰੀ ਹੁੰਦੀ ਹੈ, ਉਸ ਦੀ ਪ੍ਰਵਾਨਗੀ ਨਾਲ ਹੀ ਸ਼ਾਸਨ ਚਲਦਾ ਹੈ, ਪਰ ਪਾਰਟੀਆਂ ਵੱਲੋਂ ਦਲ-ਬਦਲੂਆਂ ਦੀ ਮਦਦ ਨਾਲ ਇਸ ਤੱਥ ਨੂੰ ਜਿਵੇਂ ਹੁਣ ਸਮੇਟ ਹੀ ਦਿੱਤਾ ਗਿਆ ਹੈ। ਹੁਣ ਸਥਿਤੀ ਤਾਂ ਇਹ ਹੈ ਕਿ ਸਿਆਸੀ ਦਲਾਂ 'ਚ ਨੇਤਾਵਾਂ ਦਾ ਸ਼ਖਸੀ ਉਭਾਰ ਅਤੇ ਪਰਵਾਰਵਾਦ ਭਾਰੂ ਹੋ ਗਿਆ ਹੈ।

ਪਾਰਟੀਆਂ ਵਿੱਚ ਉਪਰਲੇ ਦੋ-ਚਾਰ ਨੇਤਾ ਹੀ ਪ੍ਰਭਾਵੀ ਰਹਿੰਦੇ ਹਨ। ਸਿਆਸੀ ਦਲ ਲੋਕਤੰਤਰਿਕ ਢੰਗ ਨਾਲ ਨਹੀਂ ਚੱਲ ਰਹੇ। ਨਾ ਹੀ ਪਾਰਟੀਆਂ 'ਚ ਲੋਕ ਮਸਲਿਆਂ ਬਾਰੇ ਗੰਭੀਰ ਚਰਚਾ ਹੁੰਦੀ ਹੈ। ਕਹਿਣ ਨੂੰ ਤਾਂ ਦੇਸ਼ ਵਿੱਚ ਸਿਆਸੀ ਲੋਕ ਲੋਕ ਸੇਵਾ ਦੀ ਗੱਲ ਕਰਦੇ ਹਨ, ਪਰ ਇਸ ਸਮੇਂ ਉਨ੍ਹਾਂ ਦੇ ਨਿੱਜੀ ਹਿੱਤ ਭਾਰੂ ਪਏ ਵਿਖਾਈ ਦਿੰਦੇ ਹਨ। ਇਸ ਲਈ ਉਨ੍ਹਾਂ ਦਾ ਇੱਕ ਦਲ ਛੱਡ ਕੇ ਦੂਜੇ ਦਲ ਵਿੱਚ ਚਲੇ ਜਾਣਾ ਕੋਈ ਵੱਡੀ ਗੱਲ ਨਹੀਂ ਰਹੀ। ਦਲ-ਬਦਲ ਦਾ ਮੂਲ ਕਾਰਨ ਕੇਵਲ ਸੱਤਾ ਪ੍ਰਾਪਤੀ, ਅਹੁਦੇ ਦੀ ਭੁੱਖ ਤੱਕ ਸੀਮਤ ਹੋ ਕਿ ਰਹਿ ਗਿਆ ਹੈ। ਸਿਧਾਂਤ ਜਾਂ ਨੀਤੀ ਨਾਲ ਉਨ੍ਹਾਂ ਦਾ ਕੋਈ ਲੈਣਾ-ਦੇਣਾ ਹੀ ਨਹੀਂ ਰਿਹਾ। ਦਲ-ਬਦਲ ਨੇ ਜਿਸ ਢੰਗ ਨਾਲ ਸਿਆਸੀ ਕਦਰਾਂ-ਕੀਮਤਾਂ ਅਤੇ ਲੋਕਤੰਤਰ ਨੂੰ ਢਾਅ ਲਾਈ ਹੈ, ਉਸ ਨਾਲ ਲੋਕਾਂ ਦਾ ਸਿਆਸਤਦਾਨਾਂ 'ਚ ਵਿਸ਼ਵਾਸ ਗੁਆਚ ਗਿਆ ਹੈ।

ਹੁਣ ਵਾਲਾ ਦਲ-ਬਦਲ ਰੋਕੂ ਕਾਨੂੰਨ ਕੀ ਹੋਰ ਵੀ ਕੋਈ ਦਲ- ਬਦਲ ਰੋਕੂ ਕਾਨੂੰਨ, ਉਦੋਂ ਤੱਕ ਸਾਰਥਿਕ ਨਹੀਂ ਹੋਏਗਾ, ਜਦੋਂ ਤੱਕ ਦੇਸ਼ ਦੇ ਨੇਤਾਵਾਂ ਅਤੇ ਸਿਆਸੀ ਪਾਰਟੀਆਂ ਦੀ ਸੋਚ ਭਾਰਤੀ ਸੰਵਿਧਾਨ ਅਨੁਸਾਰ ਕੰਮ ਕਰਨ ਲਈ ਆਪਣੀ ਵਚਨਬੱਧਤਾ ਨਹੀਂ ਦਰਸਾਉਂਦੀ।

# ਸੰਪਰਕ : 98158-02070

# ਉੱਡਦੀ ਧੂੜ ਦਿਸੇ...

ਅੰਮ੍ਰਿਤ ਕੌਰ

ਪਿਛਲੀਆਂ ਚੋਣਾਂ ਵੇਲੇ ਦੀ ਗੱਲ ਹੈ, ਇੱਕ ਨੌਜਵਾਨ ਦਾ ਪਿਆਰਾ ਨੇਤਾ ਕਿਸੇ ਦੂਜੀ ਪਾਰਟੀ ਵਿੱਚ ਚਲਿਆ ਗਿਆ। ਉਹ ਵਿਚਾਰਾ ਮਰਨਹਾਕਾ ਹੋ ਗਿਆ। ਉਸ ਵਿਚਾਰੇ ਨੂੰ ਸਾਰੇ ਪਾਸੇ ਧੂੜ ਜਿਹੀ ਉਡਦੀ ਜਾਪਦੀ, ਜਿਵੇਂ ਧੂੜ ਉਸ ਦਾ ਮੂੰਹ ਸਿਰ ਅੱਟਦੀ ਹੋਵੇ। ਉਹ ਕਈ ਦਿਨ ਘਰੋਂ ਬਾਹਰ ਨਾ ਨਿਕਲਿਆ, ਕਿਤੇ ਕੋਈ ਨੇਤਾ ਦੇ ਟਪੂਸੀ ਮਾਰਨ ਨੂੰ ਲੈ ਕੇ ਉਸ ਨੂੰ ਸ਼ਰਮਿੰਦਾ ਨਾ ਕਰ ਦੇਵੇ, ਪਰ ਅੱਜਕੱਲ੍ਹ ਕਿਸੇ ਨੂੰ ਕੁਝ ਕਹਿਣ ਜਾਂ ਕਹਾਉਣ ਲਈ ਘਰੋਂ ਬਾਹਰ ਨਿਕਲਣਾ ਜ਼ਰੂਰੀ ਨਹੀਂ, ਬਸ ਇੱਕ ਮੋਬਾਇਲ ਫੋਨ ਹੋਣਾ ਚਾਹੀਦਾ ਹੈ, ਜੋ ਤਕਰੀਬਨ ਸਭ ਕੋਲ ਹੀ ਹੁੰਦਾ। ਉਸ ਨੂੰ ਨੇਤਾ ਜੀ ਦੇ ਹੱਕ ਵਿੱਚ ਪਾਏ ਸਟੇਟਸ ਸੌਣ ਨਾ ਦਿੰਦੇ। ਕਦੇ ਉਹ ਆਪਣੇ ਨੇਤਾ ਦੀ ਕਿਸੇ ਮਹਾਨ ਵਿਅਕਤੀ ਨਾਲ ਤੁਲਨਾ ਕਰਦਾ, ਕਦੇ ਕਿਸੇ ਨਾਲ, ਕਦੇ ਉਹ ਉਸ ਦੀ ਜਾਗਦੀ ਜ਼ਮੀਰ ਬਾਰੇ ਸ਼ੇਅਰ ਲਿਖਦਾ, ਕਦੇ ਉਸ ਦੇ ਗਿੱਟਿਆਂ ਵਿੱਚ ਦਮ ਆਖਦਾ, ਕਦੇ ਉਹ ਆਖਦਾ ਉਹ ਸਭ ਦੀ ਸਲਾਹ ਲੈ ਕੇ ਚੱਲਦਾ ਹੈ। ਜਦ ਉਸ ਦੇ ਪਿਆਰੇ ਨੇ ਪਾਰਟੀ ਬਦਲਣ ਦੀ ਗੱਲ ਸੋਚੀ ਤਾਂ ਉਸ ਨੂੰ ਲੋਕਾਂ ਤੋਂ ਪਤਾ ਲੱਗਿਆ ਕਿ ਉਹ ਪਾਰਟੀ ਬਦਲੇਗਾ, ਪਰ ਉਹ ਇਸ ਤਰ੍ਹਾਂ ਕਹਿਣ ਵਾਲਿਆਂ ਦੇ ਗਲ ਪੈਣ ਨੂੰ ਤਿਆਰ ਹੋ ਜਾਂਦਾ। ਜਦੋਂ ਸੱਚੀਂ ਪਾਰਟੀ ਬਦਲੀ ਤਾਂ ਉਸ ਦੇ ਪਾਏ ਸਟੇਟਸ ਉਸ ਦੇ ਸਾਹਮਣੇ ਆ ਕੇ ਉਸ ਦਾ ਮੂੰਹ ਚਿੜਾਉਂਦੇ ਜਾਪਦੇ। ਦੋਸਤ-ਮਿੱਤਰ ਵੀ ਮਖ਼ੌਲ ਕਰਦੇ। ਕਿਸੇ ਨੇ ਆਖਿਆ, 'ਬਾਈ, ਤੇਰੇ ਨੇਤੇ ਦਾ ਜੇ ਗਿੱਟਿਆਂ ਵਾਲਾ ਦਮ ਘਟ ਗਿਆ ਸੀ ਕੋਈ ਤਾਕਤ ਦੀ ਦਵਾਈ ਦੇ ਦੇਣੀ ਸੀ।' ਕੋਈ ਆਖਦਾ, 'ਨਿੰਦਰਾ! ਤੈਥੋਂ ਸਲਾਹ ਲਈ ਹੋਣੀ ਐ ਉਹਨੇ, ਉਹ ਤਾਂ ਸਭ ਦੀ ਸਲਾਹ ਲੈਂਦਾ ਸੀ।' ਕੋਈ ਸਿਰਫ਼ ਐਨਾ ਹੀ ਆਖ ਕੇ ਛੇੜਦਾ, 'ਟੁੱਟ ਗਈ ਤੜੱਕ ਕਰਕੇ... ।' ਕੋਈ ਆਖਦਾ, 'ਮੇਰੇ ਅਰ ਉਹਦੀ ਜ਼ਮੀਰ ਕਿਤੇ ਗੂੜ੍ਹੀ ਨੀਂਦੇ ਸੌਂ ਤਾਂ ਨ੍ਹੀਂ ਗਈ ?" ਸਾਰੇ ਆਪਣੀ-ਆਪਣੀ ਅਕਲ ਦੇ ਹਿਸਾਬ ਨਾਲ ਉਸ ਨੂੰ ਮਖ਼ੌਲ ਕਰਦੇ। ਉਸ ਨੂੰ ਨੇਤਾ ਜੀ 'ਤੇ ਗੁੱਸਾ ਆਉਂਦਾ, ਨੇਤਾ ਜੀ ਨਾਲ ਫੋਨ 'ਤੇ ਗੱਲ ਕਰਨ ਦੀ ਕੋਸ਼ਿਸ਼ ਕੀਤੀ, ਪਰ ਨਹੀਂ ਹੋ ਸਕੀ। ਸ਼ਾਇਦ ਕਦੇ ਵੋਟਾਂ ਮੰਗਣ ਆਏ ਨੇਤਾ ਜੀ ਨੇ ਭੁੱਲ-ਭੁਲੇਖੇ ਉਸ ਦੇ ਮੋਢੇ 'ਤੇ ਹੱਥ ਰੱਖ ਕੇ ਆਖ ਦਿੱਤਾ ਸੀ, 'ਤੇਰੇ ਵਰਗੇ ਨੌਜਵਾਨਾਂ ਦੀ ਸਾਨੂੰ ਬਹੁਤ ਲੋੜ ਹੈ।' ਉਹ ਵਿਚਾਰਾ ਬਾਹਲਾ ਈ ਮਨ 'ਤੇ ਲਾ ਗਿਆ ਕਿ ਨੇਤਾ ਜੀ ਉਸ ਨੂੰ ਬੜਾ ਮੋਹ ਕਰਦੇ ਹਨ। ਉਸ ਅੰਦਰ ਪ੍ਰੋ. ਪੂਰਨ ਸਿੰਘ ਵਾਲਾ ਪੰਜਾਬੀ ਨੌਜਵਾਨ ਜਾਗ ਪਿਆ, 'ਪਿਆਰ ਨਾਲ ਇਹ ਕਰਨ ਗੁਲਾਮੀ, ਜਾਨ ਕੋਹ ਆਪਣੀ ਵਾਰ ਦਿੰਦੇ।' ਜਿਹੜਾ ਵੀ ਉਸ ਦੇ ਪਿਆਰੇ ਨੇਤਾ ਜੀ ਨੂੰ ਕੁਝ ਆਖਦਾ, ਉਹ ਉਸ ਨਾਲ ਲੜਨ ਨੂੰ ਤਿਆਰ ਹੋ ਜਾਂਦਾ। ਇੱਥੋਂ ਤੱਕ ਕਿ ਆਪਣੇ ਸਕੇ ਭਰਾ ਨਾਲ ਵੀ ਲੜ ਪੈਂਦਾ। ਪਿਉ ਬਥੇਰਾ ਸਮਝਾਉਂਦਾ, 'ਕੰਜਰੋ... ਜਿਹਨਾਂ ਪਿੱਛੇ ਤੁਸੀਂ ਲੜਦੇ ਓ, ਉਹ ਤਾਂ ਆਪੋ 'ਚ ਰਿਸ਼ਤੇਦਾਰ ਨੇ। ਇੱਕ-ਦੂਜੇ ਨੂੰ ਮਿਲਣ ਵੇਲੇ ਜੱਫੀਆਂ ਪਾਉਂਦੇ ਨੇ, ਤੁਸੀਂ ਸਕੇ ਭਾਈ ਹੋ ਕੇ ਲੜਦੇ ਓ।' ਐਤਕੀਂ ਤਾਂ ਨੇਤਾਵਾਂ ਨੇ ਪਲਟੀਆਂ ਮਾਰ-ਮਾਰ ਸੱਚੀਂ ਧੂੜਾਂ ਪੱਟੀਆਂ ਪਈਆਂ ਨੇ। ਇੱਥੇ 'ਕੱਲੇ ਨਿੰਦਰ ਦੀ ਗੱਲ ਨਹੀਂ ਹੈ, ਅਨੇਕਾਂ ਨੌਜਵਾਨਾਂ ਦੀ ਐ, ਜਿਹੜੇ ਨੇਤਾਵਾਂ ਦਾ ਮਾੜਾ ਜਿਹਾ ਨਕਲੀ ਮੋਹ ਦਿਖਾਉਣ ਨਾਲ ਹੀ ਉਹਨਾਂ ਲਈ ਉਹ ਕੁਝ ਕਰ ਗੁਜ਼ਰਦੇ ਹਨ, ਜਿਹੜਾ ਉਹਨਾਂ ਨੂੰ ਅਤੇ ਉਹਨਾਂ ਦੇ ਪਰਵਾਰਾਂ ਨੂੰ ਰੋਲ਼ ਕੇ ਰੱਖ ਦਿੰਦਾ ਹੈ। ਮੁੜ ਕੇ ਨਾ ਕਿਸੇ ਨੇਤਾ ਨੇ ਬਾਂਹ ਫੜਨੀ ਹੁੰਦੀ ਹੈ, ਨਾ ਕਿਸੇ ਰਿਸ਼ਤੇਦਾਰ ਨੇ, ਕਿਉਂਕਿ ਆਪਣੇ ਆਪ ਮੁਸੀਬਤ ਸਹੇੜਨ ਵਾਲਿਆਂ ਤੋਂ ਸਾਰੇ ਕਿਨਾਰਾ ਕਰਨ ਲੱਗ ਪੈਂਦੇ ਹਨ।

ਚੋਣਾਂ ਵੇਲੇ ਆਪਣੇ ਨੇਤਾਵਾਂ ਦੀ ਢਾਲ ਬਣ ਕੇ ਆਪਣੇ ਪਿੰਡੇ 'ਤੇ ਜਰਨ ਵਾਲਿਆਂ ਨੂੰ ਮਗਰੋਂ ਕੋਈ ਨਹੀਂ ਪੁੱਛਦਾ। ਇਹਨਾਂ ਦੀ ਨਿਗ੍ਹਾ ਵਿੱਚ ਆਮ ਲੋਕ ਸਿਰਫ਼ ਇੱਕ ਵੋਟ ਹੁੰਦੇ ਹਨ। ਜਿਹੜੇ ਚੋਣਾਂ ਤੋਂ ਪਹਿਲਾਂ ਕੀਮਤੀ ਅਤੇ ਚੋਣਾਂ ਤੋਂ ਬਾਅਦ ਨੇਤਾਵਾਂ ਨੂੰ ਕੀਮਤੀ ਬਣਾ ਕੇ ਆਪ ਠੁੱਸ ਹੋ ਜਾਂਦੇ ਹਨ, ਉਹਨਾਂ ਦੇ ਦਰਾਂ 'ਤੇ ਗੇੜੇ ਮਾਰਨ ਜੋਗੇ।

ਮਤਲਬ ਵੇਲੇ ਸਾਰੇ ਵੋਟਰਾਂ ਨਾਲ ਕੋਈ ਨਾ ਕੋਈ ਰਿਸ਼ਤਾ ਹੁੰਦਾ ਹੈ। ਇੱਥੋਂ ਤੱਕ ਕਿ ਕਿਰਤੀ ਕਿਸਾਨ, ਮਜ਼ਦੂਰ ਨਾਲ ਵੀ। ਹੱਥ ਮਿਲਾਉਂਦੇ ਵੀ ਹਨ, ਜੋੜਦੇ ਵੀ ਹਨ, ਜੱਫ਼ੀਆਂ ਵੀ ਪਾਉਂਦੇ ਹਨ, ਪਰ ਜੇ ਐਨਾ ਪਿਆਰ ਜਿੱਤਣ ਤੋਂ ਬਾਅਦ ਵੀ ਬਣਿਆ ਰਹੇ ਤਾਂ ਗੱਲ ਬਣੇ। ਵੈਸੇ ਵੀ ਇਹਨਾਂ ਦਿਖਾਵਿਆਂ ਵਿੱਚ ਕੁਝ ਨਹੀਂ ਪਿਆ, ਜਿਹੋ ਜਿਹੇ ਜਿੱਤਣ ਤੋਂ ਪਹਿਲਾਂ ਹੁੰਦੇ ਓ ਯਾਨੀ ਕਿ ਜਨਤਾ ਦੇ ਫ਼ਿਕਰ ਵਿੱਚ ਮਰਨ ਵਾਲੇ, ਉਹੀ ਬਾਅਦ ਵਿੱਚ ਵੀ ਰਹੋ। ਜਿੱਤਣ ਤੋਂ ਬਾਅਦ ਜਨਤਾ ਦੇ ਫ਼ਿਕਰ ਵਿੱਚ ਮਰਨ ਵਾਲੇ ਨਹੀਂ ਜਨਤਾ ਦੇ ਭਲੇ ਲਈ ਕੁਝ ਕਰ ਕੇ ਵਿਖਾਉਣ ਵਾਲੇ ਨੇਤਾਵਾਂ ਦੀ ਜ਼ਰੂਰਤ ਹੈ।

ਖ਼ੈਰ, ਜਿੱਤਣ ਤੋਂ ਬਾਅਦ ਇੱਕ 'ਧੰਨਵਾਦੀ ਦੌਰਾ' ਜ਼ਰੂਰ ਹੁੰਦਾ ਹੈ। ਇਸ ਦਾ ਵੀ ਕਈ ਨੇਤਾਵਾਂ ਸਿਰ ਬੜਾ ਭਾਰ ਹੁੰਦਾ ਹੈ। ਇਸ ਤੋਂ ਬਾਅਦ ਉਹ ਆਪਣੇ ਆਪ ਨੂੰ ਸੁਰਖ਼ਰੂ ਸਮਝਦੇ ਹਨ। ਇਸ ਦੌਰੇ ਵੇਲੇ ਕਈ ਭੋਲੇ -ਭਾਲੇ ਜਿਹਨਾਂ ਨਾਲ ਵੋਟਾਂ ਪੈਣ ਤੋਂ ਪਹਿਲਾਂ ਹੱਥ ਮਿਲਾਏ ਸੀ 'ਜਾਦੂ ਦੀ ਜੱਫ਼ੀ' ਪਾਈ ਸੀ, ਉਹ ਧੋਤੇ ਲੀੜੇ ਪਾ ਕੇ ਅੱਖਾਂ ਵਿੱਚ ਅਨੇਕਾਂ ਸੁਪਨੇ ਲੈ ਕੇ ਆਪਣੇ ਕਿਸੇ ਪੜ੍ਹੇ-ਲਿਖੇ ਬੇਰੁਜ਼ਗਾਰ ਪੁੱਤ, ਭਾਈ, ਭਤੀਜੇ ਨੂੰ ਨਾਲ ਲਈ ਘੰਟਿਆਂਬੱਧੀ ਨੇਤਾ ਜੀ ਨੂੰ ਉਡੀਕਦੇ ਹਨ, ਪਰ ਜਿਹੜੇ ਨੇਤਾ ਜੀ ਉਹਨਾਂ ਨੂੰ ਜਮ੍ਹਾਂ ਆਪਣੇ ਸਕੇ ਲੱਗਦੇ ਸਨ, ਜਿੱਤਣ ਤੋਂ ਬਾਅਦ ਉਹਨਾਂ ਦੀ ਕੀਮਤੀ ਵੋਟ ਨਾਲ ਜਿੱਤੇ ਨੇਤਾ ਬੇਸ਼ਕੀਮਤੀ ਹੋ ਕੇ ਬਹੁਤ ਦੂਰ ਦੇ ਇਨਸਾਨ ਲੱਗਣ ਲੱਗ ਪੈਂਦੇ ਹਨ। ਉਹਨਾਂ ਦੀ ਪਹੁੰਚ ਤੋਂ ਵੀ ਪਰੇ ਦੇ। ਉਹਨਾਂ ਨੂੰ ਤਾਂ ਸਿਰਫ਼ ਗੱਡੀਆਂ ਦੀ ਉੱਡਦੀ ਧੂੜ ਦਿਸੇ ਕਿਤੇ ਨੇਤਾ ਨਜ਼ਰ ਨਾ ਆਵੇ। ਅਗਲਿਆਂ ਕੋਲ ਵੀ ਸੌ ਬਹਾਨੇ ਹੁੰਦੇ ਨੇ ਕਿ ਜੇ ਉਹ 'ਕੱਲੇ-'ਕੱਲੇ ਨੂੰ ਮਿਲਣ ਲੱਗ ਜਾਣ ਤਾਂ ਫਿਰ ਉਹ ਆਪਣੇ ਕੰਮ ਕਿਹੜੇ ਵੇਲੇ ਕਰਨਗੇ, ਪਰ ਜਨਤਾ ਕੋਲ ਇਸ ਵਿੱਚੋਂ ਇੱਕ ਸਵਾਲ ਉਪਜਦਾ ਹੈ। ਵੋਟਾਂ ਤੋਂ ਪਹਿਲਾਂ ਥੋੜ੍ਹੇ ਜਿਹੇ ਦਿਨਾਂ ਵਿੱਚ ਲੋਕਾਂ ਦੇ ਘਰੀਂ ਜਾਣ ਦਾ ਸਮਾਂ ਕਿਵੇਂ ਮਿਲ ਜਾਂਦਾ ਹੈ ? ਜਿੰਨੀ ਸ਼ਿੱਦਤ ਨਾਲ ਵੋਟਾਂ ਲੈਣ ਵੇਲੇ ਤੂਫ਼ਾਨੀ ਤਰੀਕੇ ਨਾਲ ਵੋਟਾਂ ਮੰਗੀਆਂ ਜਾਂਦੀਆਂ ਹਨ, ਉਸ ਤੋਂ ਅੱਧੀ ਊਰਜਾ ਖ਼ਰਚ ਕੇ ਵੀ ਜਨਤਾ ਦੇ ਕੰਮ ਕੀਤੇ ਜਾਣ ਤਾਂ ਬਹੁਤ ਕੁਝ ਸੰਵਰ ਸਕਦਾ ਹੈ। ਜੇ ਸਹੀ ਅਰਥਾਂ ਵਿੱਚ ਸੋਚਿਆ, ਸਮਝਿਆ ਜਾਵੇ ਤਾਂ ਸਿਆਸਤਦਾਨ ਭਾਵੇਂ ਜਿੱਤੇ ਹੋਣ ਜਾਂ ਹਾਰੇ, ਜਨਤਾ ਦੇ ਕੀਮਤੀ ਵੋਟ ਦੇ ਕਰਜ਼ਾਈ ਹੁੰਦੇ ਹਨ। ਇਹ ਕਰਜ਼ ਉਤਾਰਨ ਲਈ ਉਹਨਾਂ ਨੂੰ ਜਨਤਾ ਦੀ ਭਲਾਈ ਲਈ ਹਰ ਸੰਭਵ ਯਤਨ ਕਰਨਾ ਚਾਹੀਦਾ ਹੈ।

# ਸੰਪਰਕ : 98767-14004

# ਉਹ ਮਜਮਾ ਲਾਉਂਦੇ ਤੇ ਝੋਲਾ ਉਠਾ ਕੇ ਚਲੇ ਜਾਂਦੇ

ਰਣਜੀਤ ਲਹਿਰਾ

ਕਰੀਬ ਅੱਧੀ ਸਦੀ ਪਹਿਲਾਂ ਦੀ ਗੱਲ ਹੈ, ਸਾਡੇ ਪਿੰਡਾਂ ਤੇ ਸ਼ਹਿਰਾਂ ਵਿੱਚ ਜਾਦੂਗਰ, ਮਦਾਰੀ ਤੇ ਖੇਡਾ ਪਾਉਣ ਵਾਲੇ ਅਕਸਰ ਹੀ ਆਉਂਦੇ/ਜਾਂਦੇ ਰਹਿੰਦੇ ਸਨ। ਲੋਕਾਂ ਨਾਲੋਂ ਵੱਖਰੀ ਤਰ੍ਹਾਂ ਦੇ ਪਹਿਰਾਵੇ ਵਾਲੇ ਉਨ੍ਹਾਂ ਸੱਜਣਾਂ ਦੇ ਇੱਕ ਹੱਥ ਵਿੱਚ ਇੱਕ ਡੰਡਾ ਜਾਂ ਛਟੀ ਹੁੰਦੀ ਤੇ ਦੂਜੇ ਹੱਥ ਵਿੱਚ ਡੁਗ-ਡੁਗੀ ਹੁੰਦੀ। ਮੋਢੇ ਝੋਲਾ ਜਾਂ ਬਗਲੀ ਪਾਈ ਹੁੰਦੀ। ਕਿਸੇ ਕੋਲ ਛੋਟੀ-ਮੋਟੀ ਟਰੰਕੀ ਹੁੰਦੀ ਤੇ ਕਿਸੇ ਕੋਲ ਬਾਂਦਰ, ਬਾਂਦਰੀ ਜਾਂ ਬਾਂਦਰ-ਬਾਂਦਰੀ ਦੋਵਾਂ ਦੀ ਜੋੜੀ ਹੁੰਦੀ। ਕੋਈ ਖੁੱਲ੍ਹਾ ਜਿਹਾ ਜਾਂ ਰੌਣਕ ਵਾਲਾ ਥਾਂ ਦੇਖ ਕੇ ਉਹ ਰੁਕਦੇ, ਡੁਗ-ਡੁਗੀ ਵਜਾਉਂਦੇ ਤੇ ਆਪਣਾ ਖੇਲ ਸ਼ੁਰੂ ਕਰ ਦਿੰਦੇ।

ਘਰ ਨੇੜਲੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚੋਂ ਪੰਜ ਜਮਾਤਾਂ ਪਾਸ ਕਰਨ ਤੋਂ ਬਾਅਦ ਛੇਵੀਂ ਜਮਾਤ ਲਈ ਦਾਖਲਾ ਸਰਕਾਰੀ ਹਾਈ ਸਕੂਲ, ਲਹਿਰਾਗਾਗਾ ਵਿੱਚ ਲੈ ਲਿਆ। ਹਾਈ ਸਕੂਲ ਰੇਲਵੇ ਸਟੇਸ਼ਨ ਤੋਂ ਪਾਰ ਮੰਡੀ ਵਾਲੇ ਪਾਸੇ ਸੀ। ਇਹ ਘਰ ਤੋਂ ਕੋਈ ਇੱਕ ਕਿਲੋਮੀਟਰ ਦੂਰ ਸੀ। ਅਸੀਂ ਸਕੂਲ ਨੂੰ ਜਾਣ ਆਉਣ ਲਈ ਰੇਲਵੇ ਸਟੇਸ਼ਨ ਵਿੱਚ ਦੀ ਲੰਘ ਕੇ ਲਾਈਨਾਂ ਤੋਂ ਪਾਰ ਇੱਕ ਭੀੜੇ ਰਸਤੇ ਵਿੱਚੋਂ ਲੰਘਦੇ ਤੇ ਫਿਰ ਮੁੱਖ ਬਾਜ਼ਾਰ ਵਿੱਚ ਦੀ ਹੋ ਕੇ ਸਕੂਲ ਪਹੁੰਚਦੇ। ਭੀੜੇ ਰਸਤੇ ਤੇ ਰੇਲ ਲਾਈਨਾਂ ਦੇ ਕੋਲ ਖੁੱਲ੍ਹੀ ਥਾਂ ਸੀ, ਵਿੱਚ ਬੋਹੜਾਂ ਤੇ ਹੋਰ ਦਰੱਖਤਾਂ ਦੀ ਸਾਰਾ ਦਿਨ ਛਾਂ ਰਹਿੰਦੀ। ਬੋਹੜ ਦੇ ਦੁਆਲੇ ਇੱਕ ਵੱਡਾ ਚੌਂਤਰਾ/ਥੜ੍ਹਾ ਬਣਿਆ ਹੋਇਆ ਸੀ। ਰੇਲਵੇ ਮਾਲ ਗੋਦਾਮ ਦੇ ਮੂਹਰੇ ਵੀ ਉੱਚਾ ਜਿਹਾ ਥੜ੍ਹਾ ਹੁੰਦਾ ਸੀ। ਇੱਥੇ ਰਾਹਗੀਰ ਤੇ ਹੋਰ ਲੋਕ ਬੈਠੇ ਹੀ ਰਹਿੰਦੇ ਸਨ। ਭੀੜੇ ਰਸਤੇ ਦੇ ਦੋਵੇਂ ਪਾਸੇ ਦੋ ਮੋਚੀਆਂ ਦੀਆਂ ਦੁਕਾਨਾਂ ਸਨ। ਉਨ੍ਹਾਂ ਕੋਲ ਦੋ-ਚਾਰ ਜਣੇ ਜੁੱਤੀ ਜੋੜੇ ਸੰਵਰਾਉਣ ਵਾਲੇ ਬੈਠੇ ਰਹਿੰਦੇ ਸਨ। ਇੱਥੇ ਅੱਖਾਂ ਦੀ ਹਰੀ ਦਵਾਈ ਵੇਚਣ ਵਾਲੇ, ਹੱਡ ਗੋਡਿਆਂ ਮਾਲਸ਼ ਕਰਨ ਜਾਂ ਉੱਤਰਿਆ ਗਿੱਟਾ-ਗੋਡਾ ਚੜ੍ਹਾਉਣ ਵਾਲੇ ਜਾਂ ਕੰਨਾਂ ਦੀ ਮੈਲ਼ ਕੱਢਣ ਵਾਲੇ ਆ ਬੈਠਦੇ ਅਤੇ ਆਪਣੀਆਂ ਚਿਕਨੀਆਂ-ਚੋਪੜੀਆਂ ਗੱਲਾਂ ਨਾਲ ਲੋਕਾਂ ਦੀ ਤੋਰ ਨੂੰ ਬਰੇਕਾਂ ਲਾ ਕੇ ਆਪਣੀ ਕਾਰਾਗਰੀ ਦਿਖਾਉਂਦੇ ਤੇ ਆਪਣਾ ਮਾਲ ਵੇਚ ਜਾਂਦੇ। ਕੁੱਲ ਮਿਲਾ ਕੇ ਇਹ ਥਾਂ ਬੜੀ ਰੌਣਕ ਵਾਲੀ ਸੀ।

ਖੇਡਾ ਪਾਉਣ ਵਾਲੇ ਮਦਾਰੀਆਂ, ਜਾਦੂਗਰਾਂ ਤੇ ਹੋਰ ਮਜ਼ਮੇਬਾਜ਼ਾਂ ਲਈ ਇਹ ਥਾਂ ਬੜੀ ਢੁਕਵੀਂ ਸੀ। ਉਨ੍ਹਾਂ ਨੂੰ ਹੋਰ ਕੀ ਚਾਹੀਦਾ ਹੁੰਦਾ ? ਜਿੱਥੇ ਚਾਰ ਬੰਦੇ ਤੇ ਖੇਡਾ ਪਾਉਣ ਜੋਗੀ ਥਾਂ। ਇਸੇ ਲਈ ਅਕਸਰ ਇੱਥੇ ਕੋਈ ਨਾ ਕੋਈ ਮਦਾਰੀ ਜਾਂ ਜਾਦੂਗਰ ਆਉਂਦਾ, ਡੁਗਡੁਗੀ ਵਜਾਉਂਦਾ, ਤਾਰ ਰਾਹਗੀਰਾਂ ਦੀ ਤੋਰ ਨੂੰ ਬਰੇਕਾਂ ਲਾਉਂਦਾ, ਵਿਹਲੇ ਬੈਠਿਆਂ ਦੇ ਕੰਨਾਂ ਵਿੱਚ ਰਸ ਘੋਲਦਾ ਤੇ ਮੋਢੇ ਪਾਇਆ ਝੋਲਾ/ਬਗਲੀ ਉਤਾਰ ਕੇ ਆਪਣਾ ਖੇਲਾ ਸ਼ੁਰੂ ਕਰ ਦਿੰਦਾ। ਅਕਸਰ ਅਸੀਂ ਸਕੂਲੋਂ ਵਾਪਸ ਆਉਂਦੇ ਵਕਤ ਮਦਾਰੀ ਜਾਂ ਜਾਦੂਗਰਾਂ ਦਾ ਖੇਡਾ ਦੇਖਣ ਲਈ ਰੁਕ ਜਾਂਦੇ।

ਉਹ ਮਦਾਰੀ ਤੇ ਜਾਦੂਗਰ ਆਪਣੇ ਪੇਸ਼ੇ ਵਿੱਚ ਇੰਨੇ ਮਾਹਰ ਹੁੰਦੇ ਸਨ ਕਿ ਬੈਠੇ-ਖੜੇ ਸਭ ਦੇ ਕੰਨ ਕੁਤਰ ਜਾਂਦੇ ਸਨ। ਖੇਡਾ ਪਾਉਂਦੇ ਜਾਂ ਜਾਦੂ ਦੇ ਟਰਿੱਕ ਦਿਖਾਉਂਦੇ ਗੱਲਾਂ ਉਹ ਇੰਨੀਆਂ ਘੁਮਾ-ਫਿਰਾ ਕੇ ਕਰਦੇ ਕਿ ਸਾਡੇ ਵਰਗੇ ਜਵਾਕ ਹੀ ਨਹੀਂ, ਸਿਆਣੇ-ਬਿਆਣੇ ਬੰਦੇ ਵੀ ਉਨ੍ਹਾਂ ਦੀਆਂ ਗੱਲਾਂ ਨੂੰ ਸੱਚ ਮੰਨ ਬੈਠਦੇ। ਕਈ ਵਾਰ ਦਰਸ਼ਕਾਂ ਵਿੱਚੋਂ ਇੱਕ ਜਣੇ ਨੂੰ ਉਹ 'ਜਮੂਰਾ' ਬਣਾ ਕੇ ਵਿਚਕਾਰ ਬਿਠਾ ਲੈਂਦੇ, ਉਹਦੇ ਕੰਨ 'ਚ ਕੁਝ ਕਹਿੰਦੇ ਜਾਂ ਰੋਟੀ-ਰੋਜ਼ੀ ਦਾ ਵਾਸਤਾ ਪਾਉਂਦੇ ਤੇ ਦੂਜੇ ਤੋਂ ਆਪਣੀਆਂ ਮਨ ਇੱਛਤ ਗੱਲਾਂ ਕਹਾਉਂਦੇ। ਕਈ ਵਾਰ ਤਾਂ ਉਹ ਜਮੂਰੇ ਤੋਂ ਇਹ ਵੀ ਕਹਾ ਜਾਂਦੇ ਕਿ ਉਹ ਮੁੰਡੇ ਤੋਂ ਕੁੜੀ ਬਣ ਗਿਆ ਹੈ। ਜਮੂਰਾ ਜਾਦੂਗਰ ਦਾ ਪੱਕਾ ਭਗਤ ਬਣ ਕੇ ਬਹਿ ਜਾਂਦਾ ਤੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਉਵੇਂ ਹੀ ਬੋਲਦਾ, ਜਿਵੇਂ ਉਹ ਕਹਿੰਦਾ (ਅੱਜ-ਕੱਲ੍ਹ ਦੇ ਸਿਆਸੀ ਪਾਰਟੀਆਂ ਦੇ ਭਗਤਾਂ ਵਾਂਗ)। ਉਹ ਆਪਣੀ ਬਗਲੀ ਵਿੱਚ ਹੱਥ ਪਾ ਕੇ ਕਈ ਭਾਂਤ ਦੀਆਂ ਚੀਜ਼ਾਂ ਕੱਢਦੇ। ਕਈ ਤਾਂ ਜਿਊਂਦਾ-ਜਾਗਦਾ ਕਬੂਤਰ ਵਗੈਰਾ ਵੀ ਕੱਢ ਕੇ ਦਿਖਾ ਜਾਂਦੇ। ਹੱਥਾਂ ਨਾਲੋਂ ਉਨ੍ਹਾਂ ਦੀ ਜ਼ੁਬਾਨ ਬਹੁਤਾ ਚੱਲਦੀ। ਜ਼ੁਬਾਨ ਰਸ ਨਾਲ ਗੱਲਾਂ ਦਾ ਕੜਾਹ ਬਣਾ ਕੇ ਪਤਾ ਹੀ ਨਾ ਲੱਗਣ ਦਿੰਦੇ ਕਦੋਂ ਉਹ ਦਰਸ਼ਕਾਂ ਨੂੰ ਲੱਕੜ ਦਾ ਮੁੰਡਾ ਦਿੰਦੇ-ਦਿੰਦੇ ਉਨ੍ਹਾਂ ਦੀਆਂ ਜੇਬਾਂ ਹੌਲੀਆਂ ਕਰਵਾ ਜਾਂਦੇ ਅਤੇ ਆਪਣਾ "ਝੋਲਾ ਉਠਾ ਕੇ" ਲਾਹ-ਲੰਗ ਜਾਂਦੇ। ਖੇਡਾ ਖਤਮ ਹੋਣ ਤੋਂ ਬਾਅਦ ਕੋਈ ਕਹਿੰਦਾ ਆਪਾਂ ਨੂੰ ਮੂਰਖ ਬਣਾ ਗਿਆ ਇਹ ਤਾਂ ਅਤੇ ਕੋਈ ਹੋਰ ਕਹਿੰਦਾ ਇਹ ਭਾਈ ਆਪਣੀ ਨਿਗਾਹ ਬੰਨ੍ਹ ਦਿੰਦੇ ਨੇ ਪਤਾ ਨ੍ਹੀ ਲੱਗਣ ਦਿੰਦੇ। ਹੁੰਦਾ ਤਾਂ ਇਨ੍ਹਾਂ ਕੋਲ ਕੁੱਝ ਨਹੀਂ, ਬਸ ਗੱਲਾਂ ਮਾਰ ਕੇ ਭੁਲੇਖੇ ਪਾ ਦਿੰਦੇ ਨੇ।

ਉਦੋਂ ਇਹ ਗੱਲ ਸਮਝ ਨਹੀਂ ਸੀ ਆਉਂਦੀ ਕਿ ਕੋਈ ਇੱਕ ਬੰਦਾ ਇੰਨਾ ਚਲਾਕ ਕਿਵੇਂ ਹੋ ਸਕਦਾ ਹੈ ਕਿ ਉਹ ਸੈਂਕੜੇ ਲੋਕਾਂ ਨੂੰ ਮੂਰਖ ਬਣਾ ਸਕਦਾ ਹੋਵੇ, ਉਨ੍ਹਾਂ ਦੀ ਨਿਗਾਹ ਨੂੰ ਬੰਨ੍ਹ ਸਕਦਾ ਹੋਵੇ, ਪਰ ਹੁਣ ਸਮਝ ਵਿੱਚ ਆਉਂਦੀ ਹੈ ਕਿ ਸੈਂਕੜੇ ਲੋਕਾਂ ਨੂੰ ਤਾਂ ਕੀ, ਮੂਰਖ ਬਣਾਉਣ ਵਾਲੇ ਤਾਂ ਸਾਰੇ ਦੇ ਸਾਰੇ ਦੇਸ਼ ਨੂੰ ਮੂਰਖ ਬਣਾ ਜਾਂਦੇ ਹਨ। ਦੂਰ ਨਾ ਜਾਓ, ਜੀਹਨੂੰ ਅਸੀਂ ਚੁਣਾਵੀ ਸਿਆਸਤ ਕਹਿੰਦੇ ਹਾਂ ਕੀ ਉਹ ਕੁਝ ਲੋਕਾਂ ਵੱਲੋਂ ਦੇਸ਼ ਦੇ ਬਾਕੀ ਲੋਕਾਂ ਨੂੰ ਮੂਰਖ ਬਣਾਉਣ ਦੀ ਖੇਡ ਨਹੀਂ ? ਜੇ ਨਹੀਂ ਤਾਂ ਇਹ ਕਿਵੇਂ ਹੋ ਸਕਦਾ ਹੈ ਕਿ ਦੇਸ਼ ਵਿੱਚ ਲੋਕਰਾਜ ਵੀ ਹੋਵੇ ਤੇ ਲੋਕ ਨਿੱਤ ਰੋਜ਼ ਜੁੱਤੀਆਂ ਵੀ ਉਸੇ ਰਾਜ ਤੋਂ ਹੋਣ ? ਚੋਣਾਂ ਦੇ ਦਿਨਾਂ ਵਿੱਚ ਵੋਟਰ ਭਗਵਾਨ ਹੋਵੇ ਅਤੇ ਚੋਣਾਂ ਤੋਂ ਬਾਅਦ ਵੋਟਰ ਦੇ ਹੀ ਗਲ਼ 'ਗੂਠਾ' ਦਿੱਤਾ ਜਾਵੇ ? ਦੇਸ਼ ਲੋਕਰਾਜ ਤੋਂ ਵਾਇਆ ਰਾਮਰਾਜ ਹੋ ਕੇ ਵਿਸ਼ਵ ਗੁਰੂ ਬਣਨ ਵੱਲ ਵਧ ਰਿਹਾ ਹੋਵੇ ਅਤੇ 80 ਕਰੋੜ ਲੋਕ 5 ਕਿਲੋ ਮੁਫਤ ਰਾਸ਼ਨ ਦੇ 'ਹੱਕਦਾਰ' ਬਣ ਕੇ ਰਹਿ ਜਾਣ। ਸਭ ਤੋਂ ਮਜ਼ੇਦਾਰ ਗੱਲ 2014 ਦੀਆਂ ਲੋਕ ਸਭਾਈ ਚੋਣਾਂ ਵਿੱਚ ਵਾਪਰੀ ਸੀ।

ਇੱਕ ਨੇਤਾ ਨੇ ਸਵਿਸ ਬੈਂਕਾਂ ਵਿੱਚੋਂ ਕਾਲ਼ਾ ਧਨ ਲਿਆ ਕੇ ਹਰ ਪਰਵਾਰ ਦੇ ਖਾਤੇ ਵਿੱਚ ਪੰਦਰਾਂ-ਪੰਦਰਾਂ ਲੱਖ ਪਾਉਣ' ਦੀ ਗੱਲ ਇੰਨੀ ਧੜੱਲੇ ਨਾਲ ਕਹੀ ਕਿ ਚੰਗੇ-ਭਲੇ ਲੋਕਾਂ ਨੂੰ ਵੀ ਲੱਗਿਆ ਕਿ ਜੇ ਇਹ ਨੇਤਾ ਦੇਸ਼ ਦਾ ਮੁਖੀ ਬਣ ਗਿਆ ਤਾਂ ਪੰਦਰਾਂ ਲੱਖ ਆਪਣੇ ਖਾਤੇ ਵਿੱਚ ਵੀ ਆ ਹੀ ਜਾਵੇਗਾ, ਪਰ ਲੋਕ ਉਦੋਂ ਹੱਕੇ-ਬੱਕੇ ਰਹਿ ਗਏ ਜਦੋਂ 'ਪ੍ਰਧਾਨ ਸੇਵਕ' ਬਣ ਕੇ ਉਹ ਇਹ ਕਹਿ ਕੇ ਠੱਡਿਓਂ ਹੀ ਮੁੱਕਰ ਗਿਆ ਕਿ "ਉਹ ਤਾਂ ਇੱਕ ਚੋਣ ਜੁਮਲਾ (ਗੱਪ) ਸੀ"।

ਅਜਿਹੇ ਲੋਕਾਂ ਲਈ ਸਿਆਸਤ ਲੋਕਾਂ ਨੂੰ ਮੂਰਖ ਬਣਾਉਣ ਦੀ ਖੇਡ ਨਹੀਂ ਤਾਂ ਹੋਰ ਕੀ ਹੈ ? ਤੇ ਅਜਿਹੇ ਲੋਕਾਂ ਨੂੰ ਜਦੋਂ ਜਾਗੇ ਹੋਏ ਲੋਕ "ਤਿਲਾਂ ਦੀ ਪੂਲੀ ਵਾਂਗ ਝਾੜ ਦਿੰਦੇ ਹਨ" ਤਾਂ ਉਹ ਪਹਿਲਾਂ ਹੀ ਕਹਿਣ ਲੱਗ ਪੈਂਦੇ ਹਨ: ਮੈਂ ਤੋ ਝੋਲਾ ਉਠਾ ਕੇ ਚਲਾ ਜਊਂਗਾ!

# ਸੰਪਰਕ : 94175-88616

# ਜਥੇਬੰਦੀਆਂ ਵੱਲੋਂ ਏ ਐੱਸ ਆਈ 'ਤੇ ਕਾਰਵਾਈ ਲਈ ਥਾਣੇ ਅੱਗੇ ਧਰਨਾ ਤੇ ਪ੍ਰਦਰਸ਼ਨ

## ਏ ਐੱਸ ਆਈ 'ਤੇ ਕਿਸਾਨ ਆਗੂ ਦੀ ਕੰਬਾਈਨ ਘੇਰ ਕੇ ਰਿਸ਼ਵਤ ਮੰਗਣ, ਗਾਲੀ-ਗਲੋਚ ਕਰਨ ਤੇ ਧਮਕੀਆਂ ਦੇਣ ਦਾ ਦੋਸ਼



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਕਿਰਤੀ ਕਿਸਾਨ ਯੂਨੀਅਨ, ਨੌਜਵਾਨ ਭਾਰਤ ਸਭਾ ਤੇ ਭਰਾਤਰੀ ਜਥੇਬੰਦੀਆਂ ਵੱਲੋਂ ਮਾਨ ਸਿੰਘ ਵਾਲਾ ਪੁਲਸ ਨਾਕੇ 'ਤੇ ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਆਗੂ ਦਵਿੰਦਰ ਸਿੰਘ ਲੁਬਾਣਿਆਂਵਾਲੀ ਦੀ ਕੰਬਾਈਨ ਘੇਰ ਕੇ ਰਿਸ਼ਵਤ ਮੰਗਣ, ਗਾਲੀ ਗਲੋਚ ਕਰਨ ਤੇ ਧਮਕੀਆਂ ਦੇਣ ਵਾਲੇ ਏ ਐੱਸ ਆਈ ਗੁਰਮੇਲ ਸਿੰਘ 'ਤੇ ਪਰਚਾ ਦਰਜ ਕਰਵਾਉਣ ਲਈ ਥਾਣਾ ਬਰੀਵਾਲਾ ਵਿਖੇ ਲਿਖਤੀ ਸ਼ਿਕਾਇਤ ਗਈ ਅਤੇ ਥਾਣੇ ਅੱਗੇ 5 ਘੰਟੇ ਧਰਨਾ ਲਾ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਡੀ ਐੱਸ ਪੀ ਸਤਨਾਮ ਸਿੰਘ ਵਿਰਕ ਨੇ ਮੌਕੇ 'ਤੇ ਪਹੁੰਚ ਕੇ ਆਗੂਆਂ ਨਾਲ ਮੀਟਿੰਗ ਕੀਤੀ ਤੇ ਧਰਨੇ ਵਿੱਚ ਪਹੁੰਚ ਕੇ ਤਿੰਨ ਦਿਨਾਂ 'ਚ ਏ ਐੱਸ ਆਈ ਗੁਰਮੇਲ ਸਿੰਘ 'ਤੇ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਅਤੇ ਉਸ ਨੂੰ ਤੁਰੰਤ ਲਾਈਨ ਹਾਜ਼ਰ ਲਈ ਵਿਸ਼ਵਾਸ ਦਿਵਾਇਆ। ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਜਸਵਿੰਦਰ ਸਿੰਘ ਝਬੇਲਵਾਲੀ, ਨੌਜਵਾਨ ਭਾਰਤ ਸਭਾ ਦੇ ਸੂਬਾ ਆਗੂ ਮੰਗਾ ਸਿੰਘ ਅਜ਼ਾਦ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਲਖਵੰਤ ਕਿਰਤੀ ਤੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਸੁਖਪ੍ਰੀਤ ਕੌਰ ਨੇ ਕਿਹਾ ਕਿ ਬੀਤੇ ਕੱਲ੍ਹ ਰਾਤ 10.30-11 ਵਜੇ ਦੇ ਕਰੀਬ ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਬਰੀਵਾਲਾ ਦੇ ਪ੍ਰਧਾਨ ਦਵਿੰਦਰ ਸਿੰਘ ਲੁਬਾਣਿਆਂਵਾਲੀ ਕੰਬਾਈਨ ਲੈ ਕੇ ਫਿਰੋਜ਼ਪੁਰ ਜਾ ਰਹੇ ਸਨ, ਜਿਨ੍ਹਾਂ ਨੂੰ ਮਾਨ ਸਿੰਘ ਵਾਲਾ ਨਾਕੇ 'ਤੇ ਏ ਐੱਸ ਆਈ ਗੁਰਮੇਲ ਸਿੰਘ ਨੇ ਰੋਕ ਕੇ ਕਾਗਜ਼ ਪੱਤਰ ਦਿਖਾਉਣ ਲਈ ਕਿਹਾ। ਉਨ੍ਹਾਂ ਵੱਲੋਂ ਆਰ ਸੀ ਦਿਖਾਉਣ ਤੇ ਬਾਕੀ ਦੇ ਕਾਗਜ਼ ਪੱਤਰ ਦਿਖਾਉਣ ਦੇ ਬਾਵਜੂਦ ਰਿਸ਼ਵਤ ਦੀ ਮੰਗ ਕੀਤੀ ਗਈ ਅਤੇ ਰਿਸ਼ਵਤ ਨਾ ਦੇਣ ਦੀ ਸੂਰਤ ਵਿੱਚ ਉਨ੍ਹਾਂ ਨਾਲ ਗਾਲੀ ਗਲੋਚ ਕੀਤਾ ਗਿਆ ਅਤੇ ਝੂਠੇ ਕੇਸਾਂ ਵਿੱਚ ਫਸਾਉਣ, ਕੰਬਾਈਨ ਬੰਦ ਕਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ। ਆਗੂਆਂ ਨੇ ਕਿਹਾ ਕਿ ਜਦੋਂ ਇਸ ਘਟਨਾ ਨੂੰ ਅੰਜਾਮ ਦਿੱਤਾ ਗਿਆ ਤਾਂ ਗੁਰਮੇਲ ਸਿੰਘ ਨਸ਼ੇ ਵਿੱਚ ਧੁੱਤ ਸੀ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਵੀ ਆਪਣੇ ਸਾਥੀਆਂ ਸਮੇਤ ਮੋਹਤਬਰ ਵਿਅਕਤੀਆਂ ਨੂੰ ਲੈ ਕੇ ਨਾਕੇ ਵਾਲੀ ਜਗ੍ਹਾ ਗਏ, ਪਰ ਉਨ੍ਹਾਂ ਨਾਲ ਵੀ ਏ ਐੱਸ ਆਈ ਨੇ ਨਸ਼ੇ ਦੀ ਹਾਲਤ ਵਿੱਚ ਦੁਰਵਿਹਾਰ ਕੀਤਾ। ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ, ਜ਼ਿਲ੍ਹਾ ਮੀਤ ਪ੍ਰਧਾਨ ਨਿਰਮਲ ਸਿੰਘ ਗੋਨੇਆਣਾ, ਜਸਪਾਲ ਸਿੰਘ ਚੱਕ ਗਾਂਧਾ ਸਿੰਘ ਵਾਲਾ, ਜਸਵਿੰਦਰ ਸਿੰਘ ਵੜਿੰਗ ਨੇ ਕਿਹਾ ਕਿ ਗੁਰਮੇਲ ਸਿੰਘ ਦੁਆਰਾ ਕੀਤੀ ਗਈ ਗੁੰਡਾਗਰਦੀ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ 'ਤੇ ਰਿਸ਼ਵਤ ਮੰਗਣ, ਧਮਕੀਆਂ ਦੇਣ ਤੇ ਆਗੂਆਂ ਨਾਲ ਗਾਲੀ ਗਲੋਚ ਕਰਨ ਦੀਆਂ ਧਾਰਾਵਾਂ ਤਹਿਤ ਕਾਰਵਾਈ ਕੀਤੀ ਜਾਵੇ। ਇਸ ਦੀ ਗੁੰਡਾਗਰਦੀ ਦੀਆਂ ਵੀਡੀਓ ਤੇ ਆਡੀਓ ਵੀ ਪ੍ਰੈੱਸ ਵਿੱਚ ਜਾਰੀ ਕੀਤੀਆਂ ਜਾਣਗੀਆਂ। ਜੇਕਰ ਮਿੱਥੇ ਸਮੇਂ ਵਿੱਚ ਕਾਰਵਾਈ ਨਾ ਕੀਤੀ ਗਈ ਤਾਂ ਅਗਲੀ ਮੀਟਿੰਗ ਕਰਕੇ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਗੁਰਟੇਕ ਸਿੰਘ ਲੰਡੇ ਰੋਡੇ, ਬਲਵਿੰਦਰ ਸਿੰਘ ਕੋਟਲੀ, ਕੰਵਰਜੀਤ ਸਿੰਘ, ਬਲਜੀਤ ਸਿੰਘ ਫੌਜੀ, ਸਰਬਜੀਤ ਸਿੰਘ, ਸਮਿੰਦਰ ਸਿੰਘ ਭੁੱਟੀਵਾਲਾ, ਜਸਨਦੀਪ ਸਿੰਘ, ਅੰਗਰੇਜ ਸਿੰਘ, ਚਰਨ ਸਿੰਘ ਗੋਨੇਆਣਾ, ਪ੍ਰਦੀਪ ਕੌਰ, ਮਮਤਾ, ਨੌਨਿਹਾਲ ਸਿੰਘ, ਰਾਜਪ੍ਰੀਤ ਸਿੰਘ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

# ਵਕੀਲਾਂ ਵੱਲੋਂ ਪੁਲਸ ਖਿਲਾਫ ਦੂਸਰੇ ਦਿਨ ਐੱਸ ਡੀ ਐੱਮ ਦਫਤਰ ਅੱਗੇ ਧਰਨਾ

## ਕੱਲ੍ਹ ਤੋਂ ਜ਼ਿਲ੍ਹਾ ਪੱਧਰੀ ਹੜਤਾਲ ਕਰਨ ਦਾ ਐਲਾਨ



**ਜਲਾਲਾਬਾਦ (ਰਣਬੀਰ ਕੌਰ ਢਾਬਾਂ)**-ਬਾਰ ਐਸੋਸੀਏਸ਼ਨ ਜਲਾਲਾਬਾਦ ਵੱਲੋਂ ਦਿੱਤੇ ਗਏ ਸੱਦੇ ਤਹਿਤ ਸਥਾਨਕ ਵਕੀਲ ਭਾਈਚਾਰੇ ਵੱਲੋਂ ਐੱਸ ਡੀ ਐੱਮ ਦਫਤਰ ਮੂਹਰੇ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਖਿਲਾਫ ਦੂਜੇ ਦਿਨ ਧਰਨਾ ਲਗਾਉਂਦੇ ਹੋਏ ਜਲਾਲਾਬਾਦ ਦੀ ਪੁਲਸ ਖਿਲਾਫ਼ ਜਮ ਕੇ ਨਾਅਰੇਬਾਜ਼ੀ ਕੀਤੀ ਗਈ। ਧਰਨੇ ਦੀ ਅਗਵਾਈ ਕਰ ਰਹੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਕਰਮਜੀਤ ਸਿੰਘ ਸੰਧੂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿਛਲੇ ਦਿਨੀਂ ਉਨ੍ਹਾਂ ਦੇ ਬਾਰ ਮੈਂਬਰ ਵਕੀਲ ਧਰਮਿੰਦਰ ਸਿੰਘ ਨੂੰ ਗੋਲੀ ਮਾਰਨ ਵਾਲੇ ਦੋਸ਼ੀਆਂ ਵਿੱਚੋਂ ਇੱਕ ਦੋਸ਼ੀ ਦੀ ਅੱਜ ਤੱਕ ਪੁਲਸ ਵੱਲੋਂ ਗ੍ਰਿਫਤਾਰੀ ਨਹੀਂ ਕੀਤੀ ਗਈ ਹੈ। ਦੂਸਰੇ ਮਾਮਲੇ ਵਿੱਚ ਰਿਚਾ ਗਿਰਦਰ ਵਕੀਲ ਦੇ ਘਰੋਂ ਚੁੱਕੇ ਗਏ ਸਾਮਾਨ ਸਬੰਧੀ ਅੱਜ ਤੱਕ ਪੁਲਸ ਵੱਲੋਂ ਰਿਕਵਰੀ ਨਾ ਕਰਨ ਦੇ ਰੋਸ ਵਜੋਂ ਇਹ ਧਰਨਾ ਦਿੱਤਾ ਜਾ ਰਿਹਾ ਹੈ। ਇਸ ਸਬੰਧ ਵਿੱਚ ਉਹ ਪਹਿਲਾਂ ਵੀ ਧਰਨਾ ਦੇ ਚੁੱਕੇ ਹਨ ਤੇ ਕਈ ਵਾਰੀ ਡੀ ਐੱਸ ਪੀ ਨੂੰ ਮਿਲਣ ਦੇ ਬਾਵਜੂਦ ਅਜੇ ਤੱਕ ਦੋਸ਼ੀਆਂ ਖਿਲਾਫ਼ ਕੋਈ ਕਾਰਵਾਈ ਨਾ ਕਰਨਾ ਪੁਲਸ ਦੀ ਦੋਸ਼ੀਆਂ ਨਾਲ ਮਿਲੀ ਭੁਗਤ ਜਾਂ ਫਿਰ ਰਾਜਸੀ ਦਬਾਅ ਸਪੱਸ਼ਟ ਦਿਖਾਈ ਦਿੰਦਾ ਹੈ। ਬਾਰ ਐਸੋਸੀਏਸ਼ਨ ਜਲਾਲਾਬਾਦ ਨੇ ਅੱਜ ਸੰਘਰਸ਼ ਦਾ ਤਿੱਖਾ ਰੁਖ ਅਪਣਾਉਂਦਿਆਂ ਜ਼ਿਲ੍ਹਾ ਪੱਧਰੀ ਹੜਤਾਲ ਕਰਨ ਦਾ ਐਲਾਨ ਕੀਤਾ ਹੈ ਤੇ ਇਸ ਤੋਂ ਬਾਅਦ ਪੰਜਾਬ ਪੱਧਰ 'ਤੇ ਹੜਤਾਲ ਕਰਨ ਦਾ ਸੱਦਾ ਦਿੱਤਾ ਹੈ। ਇਸ ਸਬੰਧੀ ਸਪੱਸ਼ਟ ਰੂਪ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਕਰਮਜੀਤ ਸਿੰਘ ਸੰਧੂ ਤੇ ਸਕੱਤਰ ਕੁਲਵੰਤ ਸਿੰਘ ਮੁਜੈਦੀਆ ਨੇ ਕਿਹਾ ਕਿ ਲਾਰਿਆਂ ਤੇ ਉਡੀਕ ਦੀ ਵੀ ਇੱਕ ਹੱਦ ਹੁੰਦੀ ਹੈ, ਪ੍ਰੰਤੂ ਪੁਲਸ ਵੱਲੋਂ ਕੋਈ ਵੀ ਕਾਰਵਾਈ ਨਾ ਕੀਤੇ ਜਾਣ 'ਤੇ ਹੁਣ ਵਕੀਲਾਂ ਦਾ ਸਬਰ ਦਾ ਬੰਨ੍ਹ ਟੁੱਟ ਚੁੱਕਿਆ ਹੈ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਦੋ ਦਿਨਾਂ ਦੇ ਵਿੱਚ ਵਿੱਚ ਜੇਕਰ ਪੁਲਸ ਵੱਲੋਂ ਕੋਈ ਕਾਰਗੁਜ਼ਾਰੀ ਨਾ ਦਿਖਾਈ ਗਈ ਤਾਂ ਫਿਰ ਉਹ ਆਪਣੇ ਸੰਘਰਸ਼ ਦਾ ਹੋਰ ਤਿੱਖਾ ਰੁੱਖ ਅਖਤਿਆਰ ਕਰਨਗੇ।

# ਵੱਖ-ਵੱਖ ਸੜਕ ਹਾਦਸਿਆਂ 'ਚ ਦੋ ਦੀ ਮੌਤ, ਇੱਕ ਜ਼ਖਮੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**



ਅਜਮੇਰੀ ਦੀ ਫਾਈਲ ਤਸਵੀਰ।

ਚੁੰਨੀ ਕਲਾਂ ਤੇ ਪਿੰਡ ਲਟੌਰ ਨੇੜੇ ਵਾਪਰੇ ਦੋ ਵੱਖ-ਵੱਖ ਸੜਕ ਹਾਦਸਿਆਂ ਕਾਰਨ ਦੋ ਨੌਜਵਾਨਾਂ ਦੀ ਮੌਤ ਹੋ ਜਾਣ ਅਤੇ ਇੱਕ ਨੌਜਵਾਨ ਦੇ ਗੰਭੀਰ ਜ਼ਖਮੀ ਹੋ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਚੁੰਨੀ ਕਲਾਂ ਵਿਖੇ ਹੇਅਰ ਡਰੈਸਰ ਦੀ ਦੁਕਾਨ ਕਰਨ ਵਾਲੇ ਸਿਰਾਜ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਸ ਦਾ ਭਤੀਜਾ ਅਜਮੇਰੀ (24) ਵਾਸੀ ਸਲੇਟਰ ਗੰਜ, ਜ਼ਿਲ੍ਹਾ ਬਹਿਰੀਚ (ਉੱਤਰ ਪ੍ਰਦੇਸ਼) ਉਸ ਨਾਲ ਦੁਕਾਨ 'ਤੇ ਹੀ ਕੰਮ ਕਰਦਾ ਸੀ ਤੇ ਚੁੰਨੀ ਵਿਖੇ ਉਨ੍ਹਾਂ ਕੋਲ ਹੀ ਰਹਿ ਰਿਹਾ ਸੀ। ਬੀਤੀ ਸ਼ਾਮ ਦੁਕਾਨ ਬੰਦ ਕਰਨ ਉਪਰੰਤ ਉਸ ਦਾ ਭਤੀਜਾ ਅਜਮੇਰੀ ਡੌਲਫਿਨ ਕਾਲਜ ਚੁੰਨੀ ਵਿਖੇ ਪੜ੍ਹਦੇ ਆਪਣੇ ਦੋਸਤ ਵਿਸ਼ਾਲ ਪਟਿਆਲ ਵਾਸੀ ਰਾਜੌਰੀ (ਜੰਮੂ ਕਸ਼ਮੀਰ) ਦੇ ਨਾਲ ਮੋਟਰਸਾਈਕਲ ਵਿੱਚ ਚੁੰਨੀ ਕਲਾਂ ਦੇ ਪੈਟਰੌਲ ਪੰਪ ਤੋਂ ਤੇਲ ਪਵਾਉਣ ਲਈ ਗਿਆ ਤੇ ਰਾਤ 8 ਵਜੇ ਕਰੀਬ ਉਹ ਜਦੋਂ ਪੈਟਰੌਲ ਪੰਪ ਤੋਂ ਤੇਲ ਪਵਾ ਕੇ ਸੜਕ 'ਤੇ ਚੜ੍ਹਨ ਲੱਗੇ ਤਾਂ ਸਰਹਿੰਦ ਸਾਈਡ ਤੋਂ ਤੇਜ਼ ਰਫ਼ਤਾਰ ਨਾਲ ਆ ਰਹੀ ਸਕਾਰਪੀਓ ਗੱਡੀ ਨੰਬਰ ਪੀ.ਬੀ.11.ਡੀ.ਬੀ-0198 ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਫੇਟ ਮਾਰ ਦਿੱਤੀ, ਜਿਸ ਕਾਰਨ ਉਸ ਦਾ ਭਤੀਜਾ ਅਜਮੇਰੀ ਤੇ ਉਸ ਦਾ ਦੋਸਤ ਵਿਸ਼ਾਲ ਪਟਿਆਲ ਗੰਭੀਰ ਜ਼ਖ਼ਮੀ ਹੋਏ, ਜਿਨ੍ਹਾਂ ਨੂੰ ਸੋਹਾਣਾ ਦੇ ਨਿੱਜੀ ਹਸਪਤਾਲ 'ਚ ਲਿਜਾਇਆ ਗਿਆ ਤਾਂ ਡਾਕਟਰਾਂ ਨੇ ਚੈੱਕ ਕਰਨ ਉਪਰੰਤ ਅਜਮੇਰੀ ਨੂੰ ਮ੍ਰਿਤਕ ਕਰਾਰ ਦੇ ਦਿੱਤਾ, ਜਦੋਂ ਕਿ ਵਿਸ਼ਾਲ ਪਟਿਆਲ ਹਸਪਤਾਲ ਵਿਖੇ ਜ਼ੇਰੇ ਇਲਾਜ ਹੈ। ਥਾਣਾ ਬਡਾਲੀ ਆਲਾ ਸਿੰਘ ਵਿਖੇ ਸਕਾਰਪੀਓ ਗੱਡੀ ਦੇ ਨਾਮਾਲੂਮ ਚਾਲਕ ਵਿਰੁੱਧ ਅ/ਧ 279, 337, 338, 304 ਏ, 427 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਚੁੰਨੀ ਕਲਾਂ ਚੌਕੀ ਦੇ ਸਹਾਇਕ ਥਾਣੇਦਾਰ ਸੁਖਵਿੰਦਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

ਇੱਕ ਹੋਰ ਵੱਖਰੇ ਮਾਮਲੇ 'ਚ ਪਿੰਡ ਲਟੌਰ ਦਾ ਵਸਨੀਕ ਨਾਜ਼ਰ ਤੇ ਉਸ ਦਾ ਪੁੱਤਰ ਸਾਦ ਅਲੀ 21 ਅਪ੍ਰੈਲ ਦੀ ਸ਼ਾਮ ਨੂੰ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਿੰਡ ਰਿਉਣਾ ਤੋਂ ਆਪਣੇ ਘਰ ਨੂੰ ਜਾ ਰਹੇ ਸਨ ਤਾਂ ਰਾਤ ਕਰੀਬ 8 ਵਜੇ ਪਿੰਡ ਲਟੌਰ ਨੇੜੇ ਪਹੁੰਚ ਕੇ ਉਨ੍ਹਾਂ ਦਾ ਮੋਟਰਸਾਈਕਲ ਇੱਕ ਟਰੈਕਟਰ-ਟਰਾਲੀ ਦੀ ਲਪੇਟ 'ਚ ਆ ਗਿਆ। ਇਸ ਹਾਦਸੇ 'ਚ ਗੰਭੀਰ ਜ਼ਖਮੀ ਹੋਏ ਸਾਦ ਅਲੀ (23) ਨੂੰ ਸੈਕਟਰ 32 ਹਸਪਤਾਲ ਚੰਡੀਗੜ੍ਹ ਵਿਖੇ ਦਾਖਲ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਸਾਦ ਅਲੀ ਦੀ ਮੌਤ ਹੋ ਗਈ। ਮ੍ਰਿਤਕ ਦੇ ਪਿਤਾ ਨਾਜ਼ਰ ਦੇ ਬਿਆਨਾਂ 'ਤੇ ਥਾਣਾ ਮੂਲੇਪੁਰ ਵਿਖੇ ਟਰੈਕਟਰ-ਟਰਾਲੀ ਦੇ ਕਥਿਤ ਚਾਲਕ ਜਰਨੈਲ ਸਿੰਘ ਵਾਸੀ ਪਿੰਡ ਲਟੌਰ ਵਿਰੁੱਧ ਮੁਕੱਦਮਾ ਦਰਜ ਕਰਕੇ ਸਹਾਇਕ ਥਾਣੇਦਾਰ ਪ੍ਰਿਥਵੀਰਾਜ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਕਾਤਰਾਂ

### ਤੇਜ਼ਧਾਰ ਹਥਿਆਰਾਂ ਨਾਲ ਨੌਜਵਾਨ ਦਾ ਕਤਲ, ਤਾਸ਼ ਖੇਡਦੇ ਸਮੇਂ ਪਹਿਲਾਂ ਹੋਇਆ ਸੀ ਝਗੜਾ



**ਜਗਰਾਉਂ (ਸੰਜੀਵ ਅਰੋੜਾ)**-ਸਥਾਨਕ ਪੁਰਾਣੀ ਦਾਣਾ ਮੰਡੀ ਵਿਖੇ ਮੰਗਲਵਾਰ ਸਵੇਰੇ ਤੇਜ਼ਧਾਰ ਹਥਿਆਰਾਂ ਨਾਲ ਨੌਜਵਾਨ ਦਾ ਕਤਲ ਕੀਤਾ ਗਿਆ। ਜਾਣਕਾਰੀ ਅਨੁਸਾਰ ਤਾਸ਼ ਖੇਡਦੇ ਸਮੇਂ ਹੋਏ ਝਗੜੇ ਨੂੰ ਲੈ ਕੇ ਕਰਨੈਲ ਗੇਟ ਦੇ ਨੌਜਵਾਨ ਸ਼ਮਸ਼ੇਰ ਸਿੰਘ (21) ਦਾ ਤੇਜ਼ਧਾਰ ਹਥਿਆਰ ਨਾਲ ਕਤਲ ਕਰ ਦਿੱਤਾ ਗਿਆ। ਲੰਘੀ ਰਾਤ ਦੋਸਤ ਤਾਸ਼ ਖੇਡਦੇ ਖੇਡਦੇ ਆਪਸ ਵਿੱਚ ਲੜ ਪਏ ਤੇ ਉਸ ਸਮੇਂ ਆਲੇ ਦੁਆਲੇ ਦੇ ਲੋਕਾਂ ਵੱਲੋਂ ਇਨ੍ਹਾਂ ਨੂੰ ਲੜਨੋਂ ਹਟਾ ਦਿੱਤਾ ਗਿਆ ਸੀ। ਅੱਜ ਸਵੇਰੇ ਪੁਰਾਣੀ ਦਾਣਾ ਮੰਡੀ ਇਹ ਦੋਨੋਂ ਧਿਰਾਂ ਫ਼ਿਰ ਆਹਮੋ ਸਾਹਮਣੇ ਹੋ ਗਈਆਂ ਅਤੇ ਲੜਾਈ ਝਗੜਾ ਇੰਨਾ ਵਧ ਗਿਆ ਕਿ ਇਸ ਝਗੜੇ ਇੱਕ ਨੌਜਵਾਨ ਨੇ ਤੇਜ਼ਧਾਰ ਹਥਿਆਰ ਨਾਲ ਮ੍ਰਿਤਕ ਸ਼ਮਸ਼ੇਰ ਸਿੰਘ ਉੱਪਰ ਹਮਲਾ ਕਰ ਦਿੱਤਾ ਅਤੇ ਉਸ ਦੀ ਮੌਤ ਹੋ ਗਈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਮੌਕੇ 'ਤੇ ਪਹੁੰਚੀ ਤੇ ਨੌਜਵਾਨ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਥਾਨਕ ਸਿਵਲ ਹਸਪਤਾਲ ਲਿਆਂਦਾ ਗਿਆ। ਇਸ ਮਾਮਲੇ ਸਬੰਧੀ ਜਗਰਾਉਂ ਥਾਣਾ ਸਿਟੀ ਦੀ ਪੁਲਸ ਨੇ ਮਾਮਲੇ ਦੀ ਬਾਰੀਕੀ ਨਾਲ ਜਾਂਚ ਕਰਨ ਲਈ ਕੁਝ ਵਿਆਕਤੀਆਂ ਨੂੰ ਹਿਰਾਸਤ ਵਿੱਚ ਵੀ ਲਿਆ ਹੈ।

### ਕਿੱਲੋ ਅਫੀਮ ਤੇ ਮੋਟਰਸਾਈਕਲ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੀਆਈਏ ਸਟਾਫ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ 1 ਕਿੱਲੋ ਅਫੀਮ ਤੇ 1 ਮੋਟਰਸਾਈਕਲ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਥਾਣਾ ਆਰਿਫ ਕੇ ਵਿਖੇ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਬ ਇੰਸਪੈਕਟਰ ਚਰਨਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਸਬੰਧੀ ਪਿੰਡ ਉਸਮਾਨ ਵਾਲਾ ਦੇ ਨੇੜੇ ਪੈਂਦੀ ਪੁਲੀ 'ਤੇ ਮੌਜੂਦ ਸੀ ਤਾਂ ਇੱਕ ਵਿਅਕਤੀ ਬਲਜੀਤ ਸਿੰਘ ਪੁੱਤਰ ਸੁਖਚੈਨ ਸਿੰਘ ਵਾਸੀ ਕਾਲੇ ਕੇ ਹਿਠਾੜ ਇੱਕ ਮੋਟਰਸਾਈਕਲ ਸੀਟੀ-100 ਨੰਬਰ ਪੀਬੀ 05 ਏਸੀ 8403 'ਤੇ ਆਉਂਦਾ ਵਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਤੇ ਇਕ ਦਮ ਪਿੱਛੇ ਮੁੜ ਕੇ ਮੌਕੇ ਤੋਂ ਭੱਜਣ ਲੱਗਾ, ਜਿਸ ਨੂੰ ਪੁਲਸ ਪਾਰਟੀ ਵੱਲੋਂ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 1 ਕਿੱਲੋ ਅਫੀਮ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### 17 ਲੀਟਰ ਲਾਹਣ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਮੱਲਾਂਵਾਲਾ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ 17 ਲੀਟਰ ਨਾਜਾਇਜ਼ ਲਾਹਣ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸਤਪਾਲ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧੀ ਪਿੰਡ ਉਸਮਾਨ ਵਾਲਾ ਦੇ ਨੇੜੇ ਪੈਂਦੀ ਪੁਲੀ 'ਤੇ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਮਾਨੰਤ ਪੁੱਤਰ ਗੁਰਮੇਜ ਸਿੰਘ ਵਾਸੀ ਪਿੰਡ ਸਸਤੇ ਵਾਲਾ ਦਾਖਲੀ ਹਸ਼ਮਤ ਵਾਲਾ ਨਾਜਾਇਜ਼ ਸ਼ਰਾਬ ਕਸੀਦ ਕਰਕੇ ਵੇਚਣ ਦਾ ਆਦੀ ਹੈ। ਜੇਕਰ ਹੁਣੇ ਇਸ ਦੇ ਘਰ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਨਜਾਇਜ਼ ਸ਼ਰਾਬ/ਲਾਹਣ ਬਰਾਮਦ ਹੋ ਸਕਦੀ ਹੈ। ਪੁਲਸ ਪਾਰਟੀ ਵੱਲੋਂ ਦੋਸ਼ੀ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਮੌਕੇ 'ਤੇ 17 ਲੀਟਰ ਲਾਹਣ ਬਰਾਮਦ ਹੋਈ।

# ਟਰੱਕ ਡਰਾਈਵਰ ਦੇ ਕਤਲ ਦੀ ਗੁੱਥੀ ਸੁਲਝੀ, ਦੋ ਗ੍ਰਿਫਤਾਰ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਸਿੰਘ ਭੱਟੀ)**-ਸਥਾਨਕ ਪੁਲਸ ਵੱਲੋਂ ਬੀਤੇ ਦਿਨ ਇੱਕ ਟਰੱਕ ਡਰਾਈਵਰ ਦੇ ਹੋਏ ਅੰਨ੍ਹੇ ਕਤਲ ਦੀ ਗੁੱਥੀ ਸੁਲਝਾਉਣ ਦਾ ਦਾਅਵਾ ਕਰਦਿਆਂ ਇੱਕ ਔਰਤ ਸਮੇਤ ਦੋ ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ ਐੱਸ ਪੀ ਸੁਨਾਮ ਮਨਦੀਪ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੀ ਪਤਨੀ ਚਰਨਜੀਤ ਕੌਰ ਨੇ ਪੁਲਸ ਪਾਸ ਇਤਲਾਹ ਦਿੱਤੀ ਸੀ ਕਿ ਉਸ ਦਾ ਪਤੀ ਡਰਾਈਵਰੀ ਦਾ ਕੰਮ ਕਰਦਾ ਹੈ। ਜਦੋਂ ਉਹ ਕੰਮ ਤੋਂ ਰਾਤ ਨੂੰ ਘਰ ਵਾਪਸ ਆ ਰਿਹਾ ਸੀ ਤਾਂ ਅਣਪਛਾਤਿਆਂ ਨੇ ਤੇਜ਼ਧਾਰ ਹਥਿਆਰ ਨਾਲ ਉਸ ਦਾ ਕਤਲ ਕਰ ਦਿੱਤਾ। ਪੁਲਸ ਵੱਲੋਂ ਅਣਪਛਾਤਿਆਂ ਖਿਲਾਫ ਮਾਮਲਾ ਦਰਜ ਕੀਤਾ ਗਿਆ ਸੀ। ਮਾਮਲਾ ਸ਼ੱਕੀ ਲੱਗਣ 'ਤੇ ਇੰਸਪੈਕਟਰ ਸੁਖਦੀਪ ਸਿੰਘ ਐੱਸ ਐੱਚ ਓ ਸ਼ਹਿਰੀ ਤੇ ਸੀ ਆਈ ਏ ਸਟਾਫ ਲੱਡਾ ਕੋਠੀ ਦੀ ਟੀਮ ਵੱਲੋਂ ਗਹਿਰਾਈ ਨਾਲ ਤਫਤੀਸ਼ ਦੌਰਾਨ ਸਾਹਮਣੇ ਆਇਆ ਕਿ ਚਰਨਜੀਤ ਕੌਰ ਦੇ ਨਿਰਮਲ ਸਿੰਘ ਉਰਫ ਨੀਟੂ ਨਾਂ ਦੇ ਵਿਅਕਤੀ ਨਾਲ ਨਜਾਇਜ਼ ਸਬੰਧ ਸਨ, ਜੋ ਮ੍ਰਿਤਕ ਜਸਵੀਰ ਸਿੰਘ ਦੇ ਘਰ ਦੁੱਧ ਪਾਉਣ ਆਉਂਦਾ ਸੀ। ਇਨ੍ਹਾਂ ਦੋਵਾਂ ਨੇ ਸਾਜ਼ਿਸ਼ ਰਚ ਕੇ ਜਸਵੀਰ ਸਿੰਘ ਦਾ ਕਤਲ ਕਰ ਦਿੱਤਾ। ਚਰਨਜੀਤ ਕੌਰ ਨੇ ਆਪਣੇ ਆਸ਼ਿਕ ਨੂੰ ਬਚਾਉਣ ਲਈ ਪੁਲਸ ਕੋਲ ਝੂਠੀ ਇਤਲਾਹ ਦਿੱਤੀ ਸੀ। ਇਸ ਸਬੰਧੀ ਪੁਲਸ ਵੱਲੋਂ ਕੀਤੀ ਆਪਣੀ ਤਫਤੀਸ਼ ਤੋਂ ਉਕਤ ਕੇਸ ਵਿੱਚ ਜੁਰਮ ਦੀਆਂ ਧਾਰਾਵਾਂ ਵਿੱਚ ਵਾਧਾ ਕਰਕੇ ਨਿਰਮਲ ਸਿੰਘ ਉਰਫ ਨੀਟੂ ਤੇ ਚਰਨਜੀਤ ਕੌਰ ਵਾਸੀ ਕੱਚਾ ਪਹਾ ਨੂੰ ਨਾਮਜ਼ਦ ਕਰਕੇ ਗ੍ਰਿਫਤਾਰ ਕਰ ਲਿਆ ਅਤੇ ਉਨ੍ਹਾਂ ਵੱਲੋਂ ਵਾਰਦਾਤ ਵਿੱਚ ਵਰਤਿਆ ਹਥਿਆਰ ਤੇ ਸਾਈਕਲ ਬਰਾਮਦ ਕਰ ਲਿਆ ਹੈ। ਕਥਿਤ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਦੋ ਦਿਨਾਂ ਦਾ ਰਿਮਾਂਡ ਲੈ ਲਿਆ ਹੈ ਤੇ ਹੋਰ ਡੂੰਘਾਈ ਨਾਲ ਤਫਤੀਸ਼ ਕੀਤੀ ਜਾ ਰਹੀ ਹੈ।

# ਮੇਰੇ ਘਰ 'ਤੇ ਹਮਲਾ 'ਆਪ' ਦਾ ਬਲਾਕ ਪ੍ਰਧਾਨ ਕਰਵਾ ਰਿਹੈ : ਲਖਵੀਰ ਸਿੰਘ

*ਕਈ ਦਿਨ ਬੀਤ ਜਾਣ 'ਤੇ ਵੀ ਨਹੀਂ ਹੋਈ ਕੋਈ ਕਾਰਵਾਈ*



**ਅਮਲੋਹ (ਪੱਤਰ ਪ੍ਰੇਰਕ)**-'ਮੇਰੇ ਘਰ 'ਤੇ ਹਮਲਾ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਰਣਧੀਰ ਸਿੰਘ ਦੀ ਕਥਿਤ ਸ਼ਹਿ 'ਤੇ ਹੋ ਰਿਹਾ ਹੈ, ਜਿਸ ਸਬੰਧੀ ਮੇਰੇ ਵੱਲੋਂ ਐੱਸ ਪੀ ਫਤਿਹਗੜ੍ਹ ਸਾਹਿਬ ਨੂੰ ਲਿਖਤੀ ਸ਼ਿਕਾਇਤ ਵੀ ਦਿੱਤੀ ਗਈ ਸੀ, ਪਰ ਹੁਣ ਤੱਕ ਉਸ 'ਤੇ ਕੋਈ ਕਾਰਵਾਈ ਨਹੀਂ ਹੋਈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਅਮਲੋਹ ਤੋਂ ਪੱਤਰਕਾਰ ਲਖਵੀਰ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦੇ ਹੋਏ ਲਖਵੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੇ ਘਰ 'ਤੇ ਕੁਝ ਵਿਅਕਤੀਆਂ ਵੱਲੋਂ ਕੁਝ ਦਿਨ ਪਹਿਲਾਂ ਹਮਲਾ ਕੀਤਾ ਗਿਆ ਸੀ, ਜਿਨ੍ਹਾਂ ਦੀ ਪਹਿਚਾਣ ਜਰਨੈਲ ਸਿੰਘ, ਮਲਕੀਤ ਸਿੰਘ, ਗੁਰਵਿੰਦਰ ਸਿੰਘ ਤੇ ਮਨਦੀਪ ਸਿੰਘ ਵਜੋਂ ਹੋਈ ਹੈ। ਲਖਬੀਰ ਸਿੰਘ ਨੇ ਕਿਹਾ ਕਿ ਇੱਕ ਵਾਰ ਡੀ ਐੱਸ ਪੀ ਅਮਲੋਹ ਦੇ ਕੋਲ ਵੀ ਮੀਟਿੰਗ ਹੋਈ ਹੈ, ਜਿਸ ਦਾ ਕੋਈ ਸਿੱਟਾ ਨਹੀਂ ਨਿਕਲਿਆ। ਉਨ੍ਹਾ ਕਿਹਾ ਕਿ ਉਸ ਤੋਂ ਬਾਅਦ ਉਨ੍ਹਾਂ ਦੀ ਮਾਤਾ ਦੇ ਘਰ 'ਤੇ ਵੀ ਕਥਿਤ ਤੌਰ 'ਤੇ ਮਲਕੀਤ ਸਿੰਘ ਵੱਲੋਂ ਹਮਲਾ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਮਲਕੀਤ ਸਿੰਘ ਤੇ ਜਰਨੈਲ ਸਿੰਘ ਹਰ ਵਕਤ ਸ਼ਰਾਬ ਪੀ ਕੇ ਰੱਖਦੇ ਹਨ ਤੇ ਇਹ ਸਾਡੇ ਪਰਿਵਾਰ ਨੂੰ ਮਾਰਨ ਦੀਆਂ ਧਮਕੀਆਂ ਦੇ ਰਹੇ ਹਨ, ਜੇਕਰ ਸਾਡੇ ਪਰਿਵਾਰ 'ਤੇ ਹਮਲਾ ਹੁੰਦਾ ਹੈ ਤਾਂ ਇਹ ਵਿਅਕਤੀ ਜ਼ਿੰਮੇਵਾਰ ਹੋਣਗੇ। ਉਨ੍ਹਾਂ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਨ੍ਹਾਂ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਸੰਬੰਧੀ ਐੱਸ ਐੱਸ ਪੀ ਰਵਜੋਤ ਗਰੇਵਾਲ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਜਾਂਚ ਕੀਤੀ ਜਾਵੇਗੀ।

# ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਮੰਡਲ ਅੱਡਾ ਦਾਖਾ ਦਾ ਡੈਲੀਗੇਟ ਅਜਲਾਸ

## ਹਰਦਿਆਲ ਸਿੰਘ ਘੁਮਾਣ ਪ੍ਰਧਾਨ, ਦਰਸ਼ਨ ਸਿੰਘ ਸਕੱਤਰ ਤੇ ਅਮਰੀਕ ਸਿੰਘ ਤਲਵੰਡੀ ਵਿੱਤ ਸਕੱਤਰ ਚੁਣੇ



**ਲੁਧਿਆਣਾ (ਐੱਮ ਐੱਸ ਭਾਟੀਆ)**

ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਰਜਿ:) ਮੰਡਲ ਯੂਨਿਟ ਅੱਡਾ ਦਾਖਾ ਦਾ ਡੈਲੀਗੇਟ ਅਜਲਾਸ ਕੀਤਾ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਯੂਨੀਅਨ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਚਮਕੌਰ ਸਿੰਘ ਬਰਮੀ, ਕਾਰਜਕਾਰੀ ਸਕੱਤਰ ਬਲਵੀਰ ਸਿੰਘ ਮਾਨ, ਸਬ ਅਰਬਨ ਸਰਕਲ ਲੁਧਿਆਣਾ ਦੇ ਪ੍ਰਧਾਨ ਮਨਜੀਤ ਸਿੰਘ ਮਨਸੂਰਾਂ, ਸਕੱਤਰ ਬਲਵਿੰਦਰ ਸਿੰਘ ਭੰਗੂ (ਇਯਾਲੀ), ਵਿੱਤ ਸਕੱਤਰ ਦਰਸ਼ਨ ਸਿੰਘ, ਮੀਤ ਪ੍ਰਧਾਨ ਜਸਮੇਲ ਸਿੰਘ ਜੱਸਾ (ਮੋਹੀ) ਪੀ.ਏ.ਯੂ. ਦੇ ਸਾਬਕਾ ਪ੍ਰਧਾਨ ਤੇ ਟਰੇਡ ਯੂਨੀਅਨ ਕੌਂਸਲ ਲੁਧਿਆਣਾ ਇਕਾਈ ਦੇ ਸਕੱਤਰ ਕਾਮਰੇਡ ਡੀ ਪੀ ਮੌੜ, ਜ਼ਿਲ੍ਹਾ ਲੁਧਿਆਣਾ ਦੇ ਏਟਕ ਦੇ ਜਰਨਲ ਸਕੱਤਰ ਐੱਮ ਐੱਸ ਭਾਟੀਆ, ਪੈਨਸ਼ਨਰ ਯੂਨੀਅਨ ਪੰਜਾਬ ਦੇ ਪ੍ਰਧਾਨ ਗੁਰਮੇਲ ਸਿੰਘ ਮੈਲਡੇ ਆਦਿ ਹਾਜ਼ਰ ਹੋਏ। ਡੈਲੀਗੇਟ ਅਜਲਾਸ ਦੌਰਾਨ ਭਰਵੀਂ ਰੈਲੀ ਨੂੰ ਸੰਬੋਧਨ ਕਰਦਿਆਂ ਉਕਤ ਆਗੂਆਂ ਨੇ ਸਮੂਹ ਮੈਂਬਰਾਂ ਤੇ ਆਗੂਆਂ ਨੂੰ ਅਪੀਲ ਕੀਤੀ ਕਿ ਆਉਣ ਵਾਲੀਆਂ ਚੋਣਾਂ ਵਿੱਚ ਭਾਜਪਾ ਤੇ ਉਸ ਦੇ ਗੱਠਜੋੜ ਸਮੇਤ ਆਮ ਆਦਮੀ ਪਾਰਟੀ ਦੇ ਵਿਰੋਧ ਵਿੱਚ ਵੋਟਾਂ ਪਾ ਕੇ ਕੇਂਦਰ ਤੇ ਪੰਜਾਬ ਸਰਕਾਰ ਨੂੰ ਸਬਕ ਸਿਖਾਇਆ ਜਾਵੇ, ਜੋ ਪਿਛਲੀਆਂ ਚੋਣਾਂ ਵਿੱਚ ਕੀਤੇ ਵਾਅਦੇ ਭੁੱਲ ਕੇ ਮੁਲਾਜ਼ਮਾਂ, ਮਜ਼ਦੂਰਾਂ, ਪੈਨਸ਼ਰਾਂ ਤੇ ਕਿਸਾਨਾਂ ਦੇ ਹੱਕਾਂ ਦਾ ਘਾਣ ਕਰਕੇ ਧੋਖਾ ਕਰ ਰਹੀ ਹੈ। ਇਸ ਸਮੇਂ ਮੰਗ ਕਰਦਿਆਂ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਨੇ ਮੁਲਾਜ਼ਮਾਂ, ਪੈਨਸ਼ਨਰਾਂ ਦੇ ਮਸਲਿਆਂ ਨੂੰ ਬੈਠ ਕੇ ਤੁਰੰਤ ਹੱਲ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਸਰਕਾਰ, ਕੇਂਦਰ ਸਰਕਾਰ ਤੇ ਪਾਵਰਕਾਮ ਤੇ ਟਰਾਂਸਕੋ ਦੀ ਮੈਨੇਜਮੈਂਟ ਖਿਲਾਫ਼ ਤਿੱਖੇ ਸੰਘਰਸ਼ ਕਰਕੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਇਸ ਅਜਲਾਸ ਵਿੱਚ ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰ ਯੂਨੀਅਨ ਪੰਜਾਬ (ਰਜਿ) ਮੰਡਲ ਯੂਨਿਟ ਅੱਡਾ ਦਾਖਾ ਦੀ ਨਵੀਂ ਟੀਮ ਚੁਣੀ ਗਈ, ਜਿਸ ਵਿੱਚ ਹਰਦਿਆਲ ਸਿੰਘ ਘੁਮਾਣ ਪ੍ਰਧਾਨ, ਗੁਰਦੇਵ ਸਿੰਘ ਪੁੜੈਣ ਸੀਨੀਅਰ ਮੀਤ ਪ੍ਰਧਾਨ, ਮਨਜੀਤ ਸਿੰਘ ਜੇ ਈ, ਸੁਖਦੇਵ ਸਿੰਘ ਅੱਬੂਵਾਲ, ਹੰਸ ਰਾਜ ਜੇ ਈ, ਭਰਭੂਰ ਸਿੰਘ ਜੇ ਈ ਅਤੇ ਸਰਬਜੀਤ ਸਿੰਘ ਜੇ ਈ ਮੀਤ ਪ੍ਰਧਾਨ, ਦਰਸ਼ਨ ਸਿੰਘ ਸਕੱਤਰ, ਹੁਕਮ ਸਿੰਘ ਸਹਾਇਕ ਸਕੱਤਰ, ਅਮਰੀਕ ਸਿੰਘ ਤਲਵੰਡੀ ਵਿੱਤ ਸਕੱਤਰ, ਰਮਿੰਦਰ ਸਿੰਘ ਭਨੋਹੜ ਸਹਾਇਕ ਵਿੱਤ ਸਕੱਤਰ, ਚਰਨਜੀਤ ਸਿੰਘ ਜੇ ਈ ਘਮਨੇਵਾਲ, ਹਰਨੇਕ ਸਿੰਘ ਕੈੜੇ ਜੇ ਈ, ਜਗਮੇਲ ਸਿੰਘ ਸੁਧਾਰ, ਦੇਵਿੰਦਰ ਸਿੰਘ ਜੇ ਈ ਕਾਰਜਕਾਰੀ ਮੈਂਬਰ, ਨਿਰਮਲ ਸਿੰਘ ਬੋਪਾਰਾਏ, ਸਤਪਾਲ ਸਿੰਘ ਭਨੋਹੜ, ਸੁਖਦੇਵ ਸਿੰਘ ਹਿੱਸੋਵਾਲ, ਅਮਰਜੀਤ ਸਿੰਘ ਟੂਸੇ ਤੇ ਹਰਭਜਨ ਸਿੰਘ ਖੰਡੂਰ ਜਥੇਬੰਦਕ ਸਕੱਤਰ, ਨਰੇਸ਼ ਕੁਮਾਰ ਯੂ.ਡੀ.ਸੀ. ਐਡੀਟਰ, ਕੁਲਵਿੰਦਰ ਕੌਰ ਸਹਾਇਕ ਐਡੀਟਰ ਸਰਬਸੰਮਤੀ ਨਾਲ ਚੁਣੇ ਗਏ।

# ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਐੱਨ ਕੇ ਸ਼ਰਮਾ ਨੇ ਵਰਕਰਾਂ ਨਾਲ ਕੀਤੀ ਮਿਲਣੀ



**ਨਾਭਾ (ਵਰਿੰਦਰ ਵਰਮਾ)**-ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਲੋਕ ਸਭਾ ਪਟਿਆਲਾ ਤੋਂ ਐਨ ਕੇ ਸ਼ਰਮਾ ਦਾ ਮਲਕੀਤ ਐਗਰੋ ਟੈਕ ਵਿਖੇ ਪਹੁੰਚਣ 'ਤੇ ਐਮ ਡੀ ਚਰਨ ਸਿੰਘ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਉਮੀਦਵਾਰ ਸ਼ਰਮਾ ਨੇ ਮਲਕੀਤ ਕੰਬਾਈਨ ਦੇ ਵਰਕਰਾਂ ਅਤੇ ਨੌਜਵਾਨ ਵੋਟਰਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਸ਼ਰਮਾ ਨੇ ਕਿਹਾ ਕਿ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਵਾਲੀ ਸਰਕਾਰ ਨੇ ਲੋਕਾਂ ਦੀ ਭਲਾਈ ਲਈ ਅਨੇਕਾਂ ਸਕੀਮਾਂ ਚਲਾਈਆਂ ਗਈਆਂ ਸਨ, ਪਰੰਤੂ ਆਪ ਦੀ ਸਰਕਾਰ ਵੱਲੋਂ ਇਹ ਸਕੀਮਾਂ ਨੂੰ ਬੰਦ ਕਰ ਦਿੱਤਾ ਗਿਆ ਹੈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਸ਼ਰਮਾ ਨੇ ਕਰਜ਼ੇ ਦੇ ਮੁੱਦੇ 'ਤੇ ਪੰਜਾਬ ਦੀ ਮੌਜੂਦਾ ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਇੱਕ ਲੱਖ ਕਰੋੜ ਤੋਂ ਵੱਧ ਦਾ ਕਰਜ਼ਾ ਲੈ ਚੁੱਕੀ 'ਆਪ' ਸਰਕਾਰ ਕਾਰਨ ਪੰਜਾਬ ਪਿਛਲੇ ਦੋ ਸਾਲਾਂ ਵਿੱਚ ਆਰਥਕ ਤੌਰ 'ਤੇ ਬਰਬਾਦ ਹੋ ਗਿਆ ਹੈ। ਉਨ੍ਹਾ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਲ ਦੌਰਾਨ ਦਸ ਸਾਲਾਂ ਵਿੱਚ 48 ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਲੈ ਕੇ ਥਰਮਲ ਪਲਾਂਟ ਲਗਾਏ ਗਏ ਅਤੇ ਸੜਕਾਂ ਬਣਾਈਆਂ ਗਈਆਂ। ਪਿਛਲੇ ਦੋ ਸਾਲਾਂ 'ਚ 'ਆਪ' ਸਰਕਾਰ ਨੇ 1 ਲੱਖ ਕਰੋੜ ਰੁਪਏ ਦਾ ਕਰਜ਼ਾ ਲਿਆ ਹੈ ਪਰ ਸਰਕਾਰ ਇਹ ਨਹੀਂ ਦੱਸ ਰਹੀ ਕਿ ਇਹ ਰਕਮ ਕਿਸ ਮਕਸਦ ਲਈ ਵਰਤੀ ਗਈ। ਸ਼ਰਮਾ ਨੇ ਕਿਹਾ ਕਿ ਪੰਜਾਬ ਦੀ ਜਨਤਾ ਦਾ ਆਪ ਸਰਕਾਰ ਤੋਂ ਮੋਹ ਭੰਗ ਹੋ ਚੁੱਕਿਆ ਹੈ। ਜਿਸ ਨਾਲ ਸੂਬੇ ਦੇ ਲੋਕ ਸ਼੍ਰੋਮਣੀ ਅਕਾਲੀ ਦਲ ਪਾਰਟੀ ਨਾਲ ਜੁੜ ਰਹੇ ਹਨ। ਇਸ ਮੌਕੇ ਵਰਕਰਾਂ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਇੱਕ-ਇੱਕ ਕੀਮਤੀ ਵੋਟ ਸ਼੍ਰੋਮਣੀ ਅਕਾਲੀ ਦਲ ਪਾਰਟੀ ਨੂੰ ਪਾ ਕੇ ਉਮੀਦਵਾਰ ਨੂੰ ਵੱਡੀ ਲੀਡ ਨਾਲ ਜਿਤਾ ਕੇ ਲੋਕ ਸਭਾ 'ਚ ਭੇਜਿਆ ਜਾਵੇਗਾ। ਇਸ ਮੌਕੇ ਮਲਕੀਤ ਗਰੁੱਪ ਐਮ ਡੀ ਚਰਨ ਸਿੰਘ ਵੱਲੋਂ ਉਮੀਦਵਾਰ ਸ਼ਰਮਾ ਨੂੰ ਸਿਰੋਪਾ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਧਨਜੇ ਵਾਲੀਆ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਹਲਕਾ ਨਾਭਾ ਦੇ ਇੰਚਾਰਜ ਮੱਖਣ ਸਿੰਘ ਲਾਲਕਾ, ਸ਼੍ਰੋਮਣੀ ਕਮੇਟੀ ਮੈਂਬਰ ਬਲਤੇਜ ਸਿੰਘ ਖੋਖ, ਸਤਵਿੰਦਰ ਸਿੰਘ ਟੋਹੜਾ, ਗੁਰਸੇਵਕ ਸਿੰਘ ਗੋਲੂ ਸ਼ਹਿਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਕਈ ਪਤਵੰਤੇ ਹਾਜ਼ਰ ਸਨ।

# ਪ੍ਰਧਾਨ ਮੰਤਰੀ ਵੱਲੋਂ ਵੋਟਾਂ ਬਟੋਰਨ ਲਈ ਫਿਰਕੂ ਜ਼ਹਿਰ ਉਗਲਣ ਦੀ ਨਿੰਦਾ

**ਲੁਧਿਆਣਾ (ਐੱਮ. ਐੱਸ. ਭਾਟੀਆ)**-ਭਾਰਤੀ ਕਮਿਊਨਿਸਟ ਪਾਰਟੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਲਗਾਤਾਰ ਫਿਰਕੂ ਜ਼ਹਿਰ ਉਗਲ ਕੇ ਚੋਣਾਂ ਦੌਰਾਨ ਸਮਾਜ ਵਿੱਚ ਵੰਡੀਆਂ ਪਾ ਕੇ ਵੋਟ ਬਟੋਰਨ ਦਾ ਜੋ ਖੇਲ ਖੁੱਲ ਖੇਲਿਆ ਹੈ, ਉਸ ਦੀ ਪੁਰਜ਼ੋਰ ਨਿਖੇਦੀ ਕੀਤੀ ਹੈ।

ਜਾਰੀ ਬਿਆਨ ਵਿੱਚ ਪਾਰਟੀ ਨੇ ਕਿਹਾ ਕਿ ਨਰਿੰਦਰ ਮੋਦੀ ਨੇ 21 ਅਪ੍ਰੈਲ ਨੂੰ ਤੇ ਫਿਰ 22 ਅਪ੍ਰੈਲ ਨੂੰ ਦੁਬਾਰਾ ਜੋ ਮੁਸਲਮਾਨਾਂ ਬਾਰੇ ਬਿਆਨ ਦਿੱਤਾ ਹੈ, ਉਹ ਬਹੁਤ ਹੀ ਹੋਛੀ ਤੇ ਘਟੀਆ ਰਾਜਨੀਤੀ ਹੈ। ਇਹ ਉਨ੍ਹਾਂ ਦੀ ਮਾਨਸਿਕਤਾ ਦਾ ਪ੍ਰਗਟਾਵਾ ਹੈ, ਜੋ ਅਸਲ ਸੋਚ ਉਨ੍ਹਾਂ ਦੇ ਦਿਮਾਗ ਵਿੱਚ ਬੈਠੀ ਹੈ। ਪਾਰਟੀ ਆਗੂਆਂ ਨੇ ਚੋਣ ਕਮਿਸ਼ਨ ਨੂੰ ਚਿੱਠੀ ਲਿਖ ਕੇ ਮੰਗ ਕੀਤੀ ਹੈ ਕਿ ਨਰਿੰਦਰ ਮੋਦੀ 'ਤੇ ਫੌਰੀ ਤੌਰ 'ਤੇ ਪਾਬੰਦੀ ਲਾਈ ਜਾਏ, ਕਿਉਂਕਿ ਇਹ ਸੰਵਿਧਾਨ ਦੀਆਂ ਧਾਰਾਵਾਂ 123, 123(3) 123(3) 125 ਦਾ ਘੋਰ ਉਲੰਘਣ ਹੈ। ਇਹ ਧਾਰਾਵਾਂ ਸਮਾਜ ਵਿੱਚ ਨਫਰਤੀ ਭਾਸ਼ਣ ਦੇ ਕੇ ਵੰਡੀਆਂ ਪਾਉਣ 'ਤੇ ਰੋਕ ਲਾਉਂਦੀਆਂ ਹਨ। ਇਸ ਗੱਲ ਦਾ ਵੀ ਪ੍ਰਗਟਾਅ ਹੈ ਕਿ ਉਨ੍ਹਾਂ ਨੂੰ ਹੁਣ ਅਹਿਸਾਸ ਹੋ ਗਿਆ ਹੈ ਕਿ ਮੋਦੀ ਦਾ ਕ੍ਰਿਸ਼ਮਾ ਜਾਂ ਮੋਦੀ ਦੀ ਗਰੰਟੀ ਦੋਨਾਂ ਦਾ ਹੁਣ ਕੋਈ ਪ੍ਰਭਾਵ ਨਹੀਂ ਰਿਹਾ। ਇਸ ਲਈ ਉਹ ਇਸ ਘਟੀਆ ਫਾਸ਼ੀਵਾਦੀ ਹਥਿਆਰ ਤੇ ਬਿਆਨਬਾਜ਼ੀ 'ਤੇ ਉੱਤਰ ਆਏ ਹਨ।

# ਨਰੇਗਾ ਅਧਿਕਾਰੀਆਂ 'ਤੇ ਸੱਤਾਧਾਰੀ ਪਾਰਟੀ ਨੂੰ ਫ਼ਾਇਦਾ ਪੁਚਾਉਣ ਲਈ ਕੰਮ ਕਰਨ ਦੇ ਦੋਸ਼, ਜੀ ਆਰ ਐੱਸ ਨੇ ਸਾਰੇ ਦੋਸ਼ਾਂ ਨੂੰ ਨਕਾਰਿਆ



**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)**

ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਰਜ਼ਿ:) ਜ਼ਿਲ੍ਹਾ ਫ਼ਾਜ਼ਿਲਕਾ ਤੇ ਸਰਬ ਭਾਰਤ ਨੌਜਵਾਨ ਸਭਾ ਜ਼ਿਲ੍ਹਾ ਫ਼ਾਜ਼ਿਲਕਾ ਦਾ ਇੱਕ ਵਫ਼ਦ ਚੋਣ ਅਧਿਕਾਰੀ ਡਿਪਟੀ ਕਮਿਸ਼ਨਰ ਨੂੰ ਮਿਲਿਆ। ਇਸ ਦੌਰਾਨ ਉਨ੍ਹਾਂ ਵੱਲੋਂ ਇੱਕ ਸ਼ਿਕਾਇਤ ਪੱਤਰ ਦਿੱਤਾ ਗਿਆ, ਜਿਸ ਰਾਹੀਂ ਗੁਰਦਿਆਲ ਢਾਬਾਂ ਤੇ ਸੁਬੇਗ ਝੰਗੜ ਭੈਣੀ ਨੇ ਦੱਸਿਆ ਕਿ ਨਰੇਗਾ ਕਾਨੂੰਨ ਨੂੰ ਕੁਝ ਅਧਿਕਾਰੀ ਮੌਜੂਦਾ ਸੱਤਾਧਾਰੀ ਪਾਰਟੀ ਨੂੰ ਫ਼ਾਇਦਾ ਪਹੁੰਚਾਉਣ ਵਾਸਤੇ ਕੰਮ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਬੀਡੀਓ ਦਫ਼ਤਰ ਦੇ ਅਧਿਕਾਰੀ ਅਤੇ ਕ੍ਰਮਚਾਰੀ ਲਗਾਤਾਰ ਨਰੇਗਾ ਮਜ਼ਦੂਰਾਂ ਨੂੰ ਖੱਜਲ ਖੁਆਰ ਕਰ ਰਹੇ ਹਨ। ਉਨ੍ਹਾਂ ਵੱਲੋਂ ਕਿਹਾ ਜਾ ਰਿਹਾ ਹੈ ਕਿ ਉਨ੍ਹਾਂ ਕੋਲੇ ਡੀਸੀ ਦਫ਼ਤਰ ਦੇ ਅਧਿਕਾਰੀਆਂ ਵੱਲੋਂ ਨਰੇਗਾ ਮਜ਼ਦੂਰਾਂ ਦੀਆਂ ਅਰਜ਼ੀਆਂ ਲੈਣ ਵਾਸਤੇ ਕੋਈ ਲਿਖਤ ਆਦੇਸ਼ ਨਹੀਂ ਆਇਆ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਡੀਸੀ ਫ਼ਾਜ਼ਿਲਕਾ ਨਾਲ ਕੁਝ ਦਿਨ ਪਹਿਲਾਂ ਮੀਟਿੰਗ ਕਰਕੇ ਪੱਤਰ ਵੀ ਜਾਰੀ ਕਰਾਇਆ ਗਿਆ ਹੈ, ਜਿਸ 'ਤੇ ਅਲੱਗ-ਅਲੱਗ 10 ਪਿੰਡਾਂ ਦੀ ਡਿਮਾਂਡ ਨੂੰ ਬੀਡੀਓ ਨੇ ਆਪਣੇ ਸਟਾਫ ਤੋਂ ਉਨ੍ਹਾਂ ਨੂੰ ਰਸੀਵ ਕਰਨ ਦੇ ਆਦੇਸ਼ ਦਿੱਤੇ ਸੀ, ਜਿਸ ਦੀ ਬਕਾਇਦਾ ਰਿਸੀਵਿੰਗ ਵੀ ਦਿੱਤੀ ਸੀ। ਇਸਦੇ ਬਾਵਜੂਦ ਏਪੀਓ ਸੰਦੀਪ ਕੁਮਾਰ ਅਤੇ ਜੀਆਰਐਸ ਸੁਭਾਸ ਚੰਦਰ ਨੇ ਸੱਤਾਧਾਰੀ ਪਾਰਟੀ ਪਿੰਡ ਨਿਉਲਾ ਦੀ 22 ਅਪ੍ਰੈਲ ਨੂੰ ਡਿਮਾਂਡ ਲੈ ਕੇ ਉਸੇ ਦਿਨ ਕੰਮ ਦੇ ਦਿੱਤਾ, ਜਦ ਕਿ ਦੂਜੇ ਪਾਸੇ ਉਨ੍ਹਾਂ ਦੀ ਜਥੇਬੰਦੀ ਵੱਲੋਂ 16 ਅਪ੍ਰੈਲ ਦੀ ਦਿੱਤੀ ਹੋਈ ਡਿਮਾਂਡ ਦਾ ਪੂਰਨ ਤੌਰ 'ਤੇ ਕੰਮ ਦਾ ਮਸਟਰੋਲ ਨਹੀਂ ਕੱਢਿਆ।

ਇਸੇ ਤਰ੍ਹਾਂ ਹੋਰਾਂ ਪਿੰਡਾਂ ਦੀ ਡਿਮਾਂਡ ਤੇ ਵੀ ਮਸਟਰੋਲ ਤੱਕ ਜਾਰੀ ਨਹੀਂ ਗਿਆ, ਜਿਸ 'ਤੇ ਸਪੱਸ਼ਟ ਹੁੰਦਾ ਹੈ ਕਿ ਸੱਤਾਧਾਰੀ ਪਾਰਟੀ ਨੂੰ ਲਾਭ ਦੇਣ ਦਾ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਏਪੀਓ ਲਗਾਤਾਰ ਪਿਛਲੇ ਪੰਜ ਸਾਲਾਂ ਤੋਂ ਇੱਕ ਹੀ ਸੀਟ 'ਤੇ ਬਿਰਾਜਮਾਨ ਹਨ ਅਤੇ ਮੌਜੂਦਾ ਸੱਤਾਧਾਰੀ ਪਾਰਟੀ ਪੰਜਾਬ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਹਨ। ਖਦਸ਼ਾ ਹੈ ਕਿ ਸੱਤਾਧਾਰੀ ਪਾਰਟੀ ਨੂੰ ਵੋਟਾਂ ਦਾ ਲਾਭ ਦੇਣ ਲਈ ਬਾਕੀ ਪਿੰਡਾਂ ਵਿੱਚ ਵੀ ਗੜਬੜ ਹੋ ਰਹੀ ਹੋਵੇਗੀ।

ਜਦੋਂ ਇਸ ਬਾਰੇ ਜੀ ਆਰ ਐੱਸ ਮਨਰੇਗਾ ਸੁਭਾਸ਼ ਚੰਦਰ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਡਿਮਾਂਡ ਮੁਤਾਬਕ ਕੰਮ ਦਿੱਤਾ ਜਾ ਰਿਹਾ ਹੈ। ਜੀ ਆਰ ਐੱਸ ਵੱਲੋਂ ਬਾਕੀ ਸਾਰੇ ਦੋਸ਼ਾਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਗਿਆ। ਜਦੋਂ ਇਸ ਬਾਰੇ ਏਪੀਓ ਮਨਰੇਗਾ ਫ਼ਾਜ਼ਿਲਕਾ ਸੰਦੀਪ ਕੁਮਾਰ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਫੋਨ ਅਟੈਂਡ ਨਹੀਂ ਕੀਤਾ।

# ਏਕਤਾ ਭਲਾਈ ਮੰਚ ਨੇ ਮੁੱਖ ਮੰਤਰੀ ਨੂੰ ਯਾਦ ਪੱਤਰ ਭੇਜਿਆ : ਢੋਸੀਵਾਲ

## ਮਾਮਲਾ ਸਾਢੇ ਛੇ ਕਰੋੜੀ ਵਿੱਤੀ ਬੇਨਿਯਮੀ ਦਾ



ਪ੍ਰਧਾਨ ਢੋਸੀਵਾਲ ਮੁੱਖ ਮੰਤਰੀ ਨੂੰ ਭੇਜੇ ਪੱਤਰ ਦੀ ਨਕਲ ਦਿਖਾਉਂਦੇ ਹੋਏ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਆਲ ਇੰਡੀਆ ਐੱਸ ਸੀ/ਬੀ ਸੀ/ਐੱਸ ਟੀ ਏਕਤਾ ਭਲਾਈ ਮੰਚ ਵੱਲੋਂ ਬੀ.ਐੱਫ.ਯੂ.ਐੱਚ.ਐੱਸ. ਫਰੀਦਕੋਟ ਵੱਲੋਂ ਸਾਢੇ ਛੇ ਕਰੋੜ ਦੀ ਵਿੱਤੀ ਬੇਨਿਯਮੀ ਤੇ ਨਿਯਮਾਂ ਵਿਰੁੱਧ ਏ.ਸੀ.ਪੀ. ਦਾ ਲਾਭ ਦੇਣ ਸਬੰਧੀ ਮੁੱਖ ਮੰਤਰੀ ਨੂੰ ਪਹਿਲਾ ਯਾਦ ਪੱਤਰ ਭੇਜਿਆ ਗਿਆ ਹੈ। ਪੱਤਰ ਦੀ ਨਕਲ ਪੰਜਾਬ ਦੇ ਗਵਰਨਰ-ਕਮ-ਯੂਨੀਵਰਸਿਟੀ ਦੇ ਚਾਂਸਲਰ ਸਮੇਤ ਰਾਜ ਦੇ ਚੀਫ ਸੈਕਟਰੀ, ਵਿੱਤ ਸਕੱਤਰ, ਮੈਡੀਕਲ ਸਿੱਖਿਆ ਤੇ ਖੋਜ ਸਕੱਤਰ, ਡੀ.ਆਰ.ਐੱਮ.ਈ. ਪੰਜਾਬ ਤੇ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਨੂੰ ਸਥਿਤ ਮੰਚ ਦੇ ਮੁੱਖ ਦਫਤਰ ਤੋਂ ਐੱਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਚੇਅਰਮੈਨ ਤੇ ਆਲ ਇੰਡੀਆ ਐੱਸ.ਸੀ./ਬੀ.ਸੀ./ਐੱਸ.ਟੀ. ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਨੇ ਦਿੱਤੀ ਹੈ। ਜਾਣਕਾਰੀ ਸਾਂਝੀ ਕਰਦੇ ਹੋਏ ਢੋਸੀਵਾਲ ਨੇ ਦੱਸਿਆ ਕਿ ਯੂਨੀਵਰਸਿਟੀ ਦੇ ਮੌਜੂਦਾ ਵਾਇਸ ਚਾਂਸਲਰ ਦੇ ਅਹੁਦਾ ਸੰਭਾਲਣ ਤੋਂ ਪਹਿਲਾਂ ਇਹ ਅਹੁਦਾ ਕੁਝ ਸਮੇਂ ਲਈ ਡੀ.ਆਰ.ਐੱਮ.ਈ. ਪੰਜਾਬ ਡਾ. ਅਵੀਨੀਸ਼ ਕੁਮਾਰ ਕੋਲ ਰਿਹਾ ਸੀ। ਇਸ ਥੋੜ੍ਹੇ ਸਮੇਂ ਦੇ ਕਾਰਜਕਾਲ ਦੌਰਾਨ ਯੂਨੀਵਰਸਿਟੀ ਵੱਲੋਂ ਪੰਜਾਬ ਸਰਕਾਰ ਵੱਲੋਂ ਠੇਕਾ ਅਧਾਰਤ ਕਰਮਚਾਰੀਆਂ ਲਈ ਪਾਲਿਸੀ ਦੀਆਂ ਧੱਜੀਆਂ ਉਡਾਈਆਂ ਗਈਆਂ। ਯੂਨੀਵਰਸਿਟੀ ਨੇ ਸਭ ਨਿਯਮਾਂ ਨੂੰ ਛਿੱਕੇ ਟੰਗ ਕੇ ਇਨ੍ਹਾਂ ਕਰਮਚਾਰੀਆਂ ਨੂੰ ਨਿਯੁਕਤੀ ਦੀ ਮਿਤੀ ਤੋਂ ਤਨਖਾਹ ਵਾਧਾ ਦੇ ਕੇ ਕਰੀਬ ਸਾਢੇ ਛੇ ਕਰੋੜ ਰੁਪਏ ਦੀ ਬਕਾਇਆ ਰਾਸ਼ੀ ਅਦਾ ਕਰ ਦਿੱਤੀ। ਅਜਿਹਾ ਕਰਕੇ ਯੂਨੀਵਰਸਿਟੀ ਨੇ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਕੇ ਪਬਲਿਕ ਫੰਡਜ਼ ਦੀ ਦੁਰਵਰਤੋਂ ਕੀਤੀ ਹੈ। ਹੋਰ ਵੀ ਮਜ਼ੇ ਵਾਲੀ ਗੱਲ ਹੈ ਕਿ ਯੂਨੀਵਰਸਿਟੀ ਨੇ ਉਕਤ ਤਨਖਾਹ ਵਾਧਾ ਜਾਂ ਬਕਾਏ ਸਬੰਧੀ ਆਪਣੀ ਗਵਰਨਿੰਗ ਬਾਡੀ (ਬੋਰਡ ਆਫ ਮੈਨੇਜਮੈਂਟ) ਜਾਂ ਵਿੱਤ ਵਿਭਾਗ ਤੋਂ ਕੋਈ ਪੂਰਵ ਪ੍ਰਵਾਨਗੀ ਨਹੀਂ ਲਈ ਹੈ। ਢੋਸੀਵਾਲ ਨੇ ਅੱਗੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡਾ. ਅਵੀਨੀਸ਼ ਕੁਮਾਰ ਦੇ ਕਾਰਜਕਾਲ ਦੌਰਾਨ ਹੀ ਡੀ.ਆਰ.ਐੱਮ.ਈ. ਦਫਤਰ ਵੱਲੋਂ ਪਹਿਲਾਂ ਤੋਂ ਹੀ ਰੇਡੀਆਲੋਜੀ ਦੇ ਲੈਕਚਰਾਰ ਯਸ਼ਪਾਲ ਦੇ ਰਿਜੈਕਟ ਕੀਤੇ ਏ.ਸੀ.ਪੀ. ਦੇ ਕੇਸ ਨੂੰ ਵੀ ਲਾਭ ਦੇ ਕੇ ਲਾਗੂ ਕਰ ਦਿਤਾ ਗਿਆ। ਪਤਾ ਨਹੀਂ ਅਜਿਹਾ ਕਿਸ ਅਧਿਕਾਰੀ ਦੀ ਸਿਫਾਰਸ਼ ਉੱਪਰ ਕੀਤਾ ਗਿਆ ਹੈ? ਢੋਸੀਵਾਲ ਨੇ ਦੱਸਿਆ ਕਿ ਯੂਨੀਵਰਸਿਟੀ ਦੇ ਨਿਯਮਾਂ ਅਨੁਸਾਰ ਕਿਸੇ ਵੀ ਮੈਡੀਕਲ ਜਾਂ ਨਰਸਿੰਗ ਫੈਕਲਟੀ ਨੂੰ ਏ.ਸੀ.ਪੀ. ਦਾ ਲਾਭ ਨਹੀਂ ਦਿੱਤਾ ਜਾਂਦਾ।

ਅਜਿਹਾ ਲਾਭ ਕਿਸੇ ਵੀ ਨਰਸਿੰਗ ਜਾਂ ਮੈਡੀਕਲ ਫੈਕਲਟੀ ਨੂੰ ਹੀ ਦਿੱਤਾ ਗਿਆ ਹੈ। ਢੋਸੀਵਾਲ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਦੋਹਾਂ ਮਾਮਲਿਆਂ ਦੀ ਪੜਤਾਲ ਸਬੰਧੀ ਮੁੱਖ ਮੰਤਰੀ ਤੇ ਮੈਡੀਕਲ ਸਿੱਖਿਆ ਦੇ ਅਧਿਕਾਰੀਆਂ ਨੂੰ ਵੀ ਪੱਤਰ ਭੇਜੇ ਗਏ ਸਨ। ਕੋਈ ਕਾਰਵਾਈ ਨਾ ਹੋਣ ਸਦਕਾ ਉਕਤ ਪੱਤਰ ਭੇਜਿਆ ਗਿਆ ਹੈ। ਪੱਤਰ ਅਨੁਸਾਰ ਉਕਤ ਦੋਹਾਂ ਗੰਭੀਰ ਬੇਨਿਯਮੀਆਂ ਸੰਬਧੀ ਤੁਰੰਤ ਕਾਰਵਾਈ ਕਰਨ ਲਈ ਪਹਿਲਾ ਯਾਦ ਪੱਤਰ ਭੇਜਿਆ ਗਿਆ ਹੈ। ਢੋਸੀਵਾਲ ਨੇ ਪੱਤਰ ਵਿੱਚ ਇਹ ਵੀ ਲਿਖਿਆ ਹੈ ਕਿ ਜੇ ਉਨ੍ਹਾਂ ਦੀ ਸੰਸਥਾ ਨੂੰ ਪੜਤਾਲ ਵਿੱਚ ਸ਼ਾਮਲ ਕੀਤਾ ਜਾਂਦਾ ਹੈ ਤਾਂ ਉਹ ਉਕਤ ਮਾਮਲਿਆਂ ਸਮੇਤ ਯੂਨੀਵਰਸਿਟੀ ਦੀਆਂ ਹੋਰ ਬਹੁਤ ਸਾਰੀਆਂ ਬੇਨਿਯਮੀਆਂ ਵੀ ਸਰਕਾਰ ਦੇ ਧਿਆਨ ਵਿੱਚ ਲਿਆ ਸਕਦੇ ਹਨ।

# ਪੁਲਸ ਪ੍ਰਸ਼ਾਸਨ ਵੱਲੋਂ ਕਿਸਾਨ ਜਥੇਬੰਦੀਆਂ ਨਾਲ ਮੀਟਿੰਗ

## ਕਿਸਾਨਾਂ ਵੱਲੋਂ ਭਾਜਪਾ ਉਮੀਦਵਾਰਾਂ ਦਾ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਕਰਨ ਦਾ ਐਲਾਨ



ਐੱਸ ਐੱਸ ਪੀ ਸੋਮਿਆ ਮਿਸ਼ਰਾ ਜ਼ਿਲ੍ਹੇ ਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਨਾਲ ਮੀਟਿੰਗ ਕਰਦੇ ਹੋਏ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਅੱਜ ਫਿਰੋਜ਼ਪੁਰ ਪੁਲਸ ਪ੍ਰਸ਼ਾਸਨ ਵੱਲੋਂ ਐੱਸ ਐੱਸ ਏ ਪੀ ਸੋਮਿਆ ਮਿਸ਼ਰਾ ਦੀ ਅਗਵਾਈ ਵਿੱਚ ਸੀਨੀਅਰ ਅਧਿਕਾਰੀਆਂ ਨੂੰ ਨਾਲ ਲੈ ਕੇ ਜ਼ਿਲ੍ਹੇ ਦੀਆਂ ਕਿਸਾਨ ਜਥੇਬੰਦੀਆਂ ਨਾਲ ਭਰਮੀ ਮੀਟਿੰਗ ਕੀਤੀ ਗਈ, ਜਿਸ ਵਿੱਚ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਬੀਕੇਯੂ ਡਕੌਂਦਾ, ਬੀਕੇਯੂ ਰਾਜੇਵਾਲ, ਬੀਕੇਯੂ ਲੱਖੋਵਾਲ, ਬੀਕੇਯੂ ਕਾਦੀਆਂ, ਬੀਕੇਯੂ ਸਿੱਧੂਪੁਰ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਬੀਕੇਯੂ ਪੰਜਾਬ, ਬੀਕੇਯੂ ਕ੍ਰਾਂਤੀਕਾਰੀ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ, ਬੀਕੇਯੂ ਉਗਰਾਹਾ, ਬੀਕੇਯੂ ਮਾਨਸਾ, ਬੀਕੇਯੂ ਖੋਸਾ ਆਦਿ ਜਥੇਬੰਦੀਆਂ ਸ਼ਾਮਲ ਹੋਈਆਂ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਪੁਲਸ ਪ੍ਰਸ਼ਾਸਨ ਵੱਲੋਂ ਸਾਰੇ ਜ਼ਿਲ੍ਹੇ ਅੰਦਰ ਵੱਖ-ਵੱਖ ਥਾਣਿਆਂ ਅੰਦਰ ਚਿਰਾਂ ਤੋਂ ਲਟਕ ਰਹੇ ਮਸਲਿਆਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿਵਾਇਆ, ਇਸ ਦੇ ਨਾਲ ਹੀ ਪ੍ਰਸ਼ਾਸਨ ਵੱਲੋਂ ਬੀਜੇਪੀ ਉਮੀਦਵਾਰਾਂ ਦਾ ਵਿਰੋਧ ਕਰਨ ਸਮੇਂ ਸ਼ਾਂਤਮਈ ਰਹਿਣ ਲਈ ਕਿਸਾਨਾਂ ਨੂੰ ਅਪੀਲ ਕੀਤੀ ਗਈ। ਕਿਸਾਨ ਆਗੂਆਂ ਨੇ ਦੱਸਿਆ ਕਿ ਫਿਰੋਜ਼ਪੁਰ ਜ਼ਿਲ੍ਹੇ ਅੰਦਰ ਸੰਯੁਕਤ ਕਿਸਾਨ ਮੋਰਚਾ, ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ, ਕਿਸਾਨ ਮਜ਼ਦੂਰ ਮੋਰਚੇ ਨਾਲ ਸਬੰਧਤ ਜਥੇਬੰਦੀਆਂ ਵੱਲੋਂ ਬੀਜੇਪੀ ਲੀਡਰਾਂ ਨੂੰ ਪਿੰਡਾਂ ਤੇ ਕਸਬਿਆਂ ਵਿੱਚ ਵੋਟਾਂ ਦੌਰਾਨ ਚੋਣ ਪ੍ਰਚਾਰ ਕਰਨ ਸਮੇਂ ਸਵਾਲ ਕਰਨ ਤੇ ਸਵਾਲਾਂ ਦੇ ਢੁੱਕਵੇਂ ਜਵਾਬ ਨਾ ਦੇ ਸਕਣ ਸਮੇਂ ਵਿਰੋਧ ਦਾ ਫੈਸਲਾ ਕੀਤਾ ਗਿਆ ਹੈ, ਜੋ ਜਥੇਬੰਦੀਆਂ ਹਰ ਹਾਲ ਕਰਨਗੀਆਂ। ਇਸ ਦੌਰਾਨ ਕਿਸਾਨ ਜਥੇਬੰਦੀਆਂ ਕਿਸੇ ਵੀ ਤਰ੍ਹਾਂ ਦਾ ਭੜਕਾਊ ਭਾਸ਼ਣ ਜਾਂ ਹਿੰਸਕ ਵਿਰੋਧ ਦਾ ਤਰੀਕਾ ਨਹੀਂ ਅਪਣਾਉਣਗੀਆਂ।

ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਵੱਲੋਂ ਗੁਰਮੀਤ ਸਿੰਘ ਮਹਿਮਾ, ਅਵਤਾਰ ਸਿੰਘ ਮਹਿਮਾ, ਗੁਰਮੀਤ ਸਿੰਘ ਪੋਜੋ ਕੇ, ਪਰਮਜੀਤ ਸਿੰਘ ਭੁੱਲਰ, ਗੁਰਮੀਤ ਸਿੰਘ ਘੋੜੇ ਚੱਕ, ਜੋਗਾ ਸਿੰਘ, ਜਗੀਰ ਸਿੰਘ ਖਹਿਰਾ, ਮਨਮੋਹਣ ਸਿੰਘ ਮੱਲਾਂਵਾਲਾ, ਫਤਿਹ ਸਿੰਘ ਕੋਟ ਕਰੋੜ, ਅਮਰੀਕ ਸਿੰਘ ਮਮਦੋਟ, ਸੁਖਦੇਵ ਸਿੰਘ ਮੰਡ ਜੋਗੇਵਾਲਾ, ਗੁਰਿੰਦਰ ਸਿੰਘ ਖਹਿਰਾ, ਮਹਿੰਦਰ ਸਿੰਘ ਫਿਰੋਜਸ਼ਾਹ, ਜਸਵਿੰਦਰ ਸਿੰਘ ਸਾਈਆਂ ਵਾਲਾ, ਨਰਿੰਦਰ ਸਿੰਘ ਜਤਾਲਾ, ਗੁਰਪ੍ਰੀਤ ਸਿੰਘ ਫ਼ਰੀਦੇਵਾਲਾ, ਪਰਮਜੀਤ ਸਿੰਘ ਬਾਜੀਦਪੁਰ, ਹਰਦੀਪ ਸਿੰਘ ਕਰਮੂਵਾਲਾ ਆਦਿ ਆਗੂ ਹਾਜ਼ਰ ਸਨ।

# ਬਾਬਾ ਪਿਆਰਾ ਸਿੰਘ ਬੇਦੀ ਦੀ ਯਾਦ ਨੂੰ ਸਮਰਪਤ ਧਾਰਮਕ ਸਮਾਗਮ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਨੇੜਲੇ ਪਿੰਡ ਕੋਟਲਾ ਨੱਸੂ (ਕਮਾਸਪੁਰ) ਵਿਖੇ ਸਮੂਹ ਬੇਦੀ ਭਾਈਚਾਰੇ ਵੱਲੋਂ ਬਾਬਾ ਪਿਆਰਾ ਸਿੰਘ ਬੇਦੀ ਦੀ ਯਾਦ ਨੂੰ ਸਮਰਪਤ ਸਾਲਾਨਾ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ਼੍ਰੀ ਆਖੰਡ ਪਾਠ ਸਾਹਿਬ ਜੀ ਦਾ ਭੋਗ ਪਾਉਣ ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਸਜਾਏ ਗਏ ਕੀਰਤਨ ਦਰਬਾਰ ਮੌਕੇ ਰਾਗੀ ਜਥੇ ਵੱਲੋਂ ਮਨੋਹਰ ਕੀਰਤਨ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਚੇਤਨ ਸਿੰਘ ਜੌੜਾਮਾਜਰਾ, ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ, ਏ ਡੀ ਸੀ ਹਰਜਿੰਦਰ ਸਿੰਘ ਬੇਦੀ, ਏ ਡੀ ਸੀ ਗੁਰਪ੍ਰੀਤ ਸਿੰਘ ਥਿੰਦ, ਆਈ ਏ ਐੱਸ ਰਾਜੇਸ਼ ਤ੍ਰਿਪਾਠੀ, ਨਵਤੇਜ ਸਿੰਘ ਵਾਤਾਵਰਣ ਐਕਸੀਅਨ, ਸੁਰਿੰਦਰ ਐਕਸੀਅਨ, ਭਾਜਪਾ ਦੇ ਹਲਕਾ ਇੰਚਾਰਜ ਸੁਰਿੰਦਰ ਸਿੰਘ ਖੇੜਕੀ, ਸ਼੍ਰੀ ਗਿਆਨ ਚੰਦ ਕਟਾਰੀਆ ਰਾਸ਼ਟਰੀ ਪ੍ਰਧਾਨ ਬਹਾਵਲਪੁਰ ਮਹਾਂਸੰਘ, ਪ੍ਰਦੁਮਨ ਸਿੰਘ ਵਿਰਕ, ਸੰਜੀਵ ਸਿੰਗਲਾ ਪ੍ਰਧਾਨ ਸ਼੍ਰੀ ਸ਼ਿਆਮ ਸੰਕੀਰਤਨ ਮੰਡਲ ਸਮਾਣਾ, ਰਜਤ ਗੋਇਲ ਪ੍ਰਧਾਨ ਸਨਾਤਨ ਮਹਾਂਵੀਰ ਦਲ ਸਮਾਣਾ, ਕੌਂਸਲਰ ਸੰਜੇ ਮੰਤਰੀ, ਮਨਜਿੰਦਰ ਸਿੰਘ ਰਾਣਾ ਸੇਖੋਂ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸ਼ਹਿਰੀ, ਹੇਮੰਤ ਸੰਧੂ ਮੈਂਬਰ ਸਿੰਘ ਸੇਵਾ ਫਾਊਂਡੇਸ਼ਨ, ਭਾਜਪਾ ਆਗੂ ਸੰਜੀਵ ਸ਼ੈਂਕੀ ਧੀਮਾਨ, ਤਨੂ ਗਰਗ, ਭਾਨੂੰ ਪ੍ਰਤਾਪ ਤੇ ਅਸ਼ੋਕ ਕੁਮਾਰ ਆਦਿ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਸ੍ਰ. ਜੌੜਾਮਾਜਰਾ ਨੇ ਕਿਹਾ ਕਿ ਵੱਡ ਵਡੇਰਿਆਂ ਦੀਆਂ ਯਾਦਾਂ ਮਨਾਉਣੀਆਂ ਤੇ ਉਨ੍ਹਾਂ ਦੀ ਯਾਦ 'ਚ ਧਾਰਮਿਕ ਸਮਾਗਮ ਕਰਨੇ ਬੇਦੀ ਪਰਿਵਾਰ ਦਾ ਚੰਗਾ ਕਰਮ ਹੈ। ਇਸ ਮੌਕੇ ਸ੍ਰ. ਰੱਖੜਾ ਨੇ ਕਿਹਾ ਕਿ ਬੇਦੀ ਭਾਈਚਾਰੇ ਦੀ ਇਕਜੁੱਟਤਾ ਤੇ ਆਪਸੀ ਪਿਆਰ ਤੋਂ ਇਨ੍ਹਾਂ ਦੇ ਵੱਡ ਵਡੇਰਿਆਂ ਵੱਲੋਂ ਦਿੱਤੇ ਚੰਗੇ ਸੰਸਕਾਰਾਂ ਦਾ ਪਤਾ ਲੱਗਦਾ ਹੈ। ਇਸ ਮੌਕੇ ਪੰਚਾਇਤ ਸੈਕਟਰੀ ਹਰਜਿੰਦਰ ਸਿੰਘ ਬੇਦੀ, ਜਸਵਿੰਦਰ ਸਿੰਘ ਬੇਦੀ, ਚਰਨਜੀਤ ਸਿੰਘ ਬੇਦੀ, ਕੁਲਦੀਪ ਸਿੰਘ ਬੇਦੀ, ਪ੍ਰੀਤ ਮਹਿੰਦਰ ਸਿੰਘ ਬੇਦੀ, ਹਰਗੁਨਜੀਤ ਸਿੰਘ ਮਲਹੋਤਰਾ ਲੁਧਿਆਣਾ, ਵਿਕਰਮਜੀਤ ਸਿੰਘ ਬੇਦੀ ਤੇ ਬਾਵਾ ਬੇਦੀ ਆਦਿ ਵੱਲੋਂ ਆਈਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਗਿਆ ਤੇ ਗੁਰੂ ਕਾ ਲੰਗਰ ਵਰਤਾਇਆ ਗਿਆ।

24-APRIL-PAGE-7.qxd 4/23/2024 10:28 PM Page 1



# ਕਾਲਜ 'ਚ ਸਵਿੱਤਰੀ ਬਾਈ ਫੂਲੇ ਨੂੰ ਸਮਰਪਤ ਸੈਮੀਨਾਰ ਦੀ ਆਗਿਆ ਨਾ ਦੇਣ 'ਤੇ ਰੋਸ ਰੈਲੀ

**ਮਾਨਸਾ (ਆਤਮਾ ਸਿੰਘ ਪਮਾਰ)**-ਮਾਤਾ ਸੁੰਦਰੀ ਕਾਲਜ ਮਾਨਸਾ ਦੀ ਪ੍ਰਿੰਸੀਪਲ ਵੱਲੋਂ ਆਧੁਨਿਕ ਭਾਰਤ ਦੀ ਪਹਿਲੀ ਅਧਿਆਪਕਾ ਸਵਿੱਤਰੀ ਬਾਈ ਫੂਲੇ ਜੀ ਨੂੰ ਸਮਰਪਤ ਸੈਮੀਨਾਰ ਕਰਨ ਦੀ ਆਗਿਆ ਨਾ ਦੇਣ ਦੇ ਵਿਰੋਧ ਵਿੱਚ ਜਥੇਬੰਦੀ ਦੀ ਜ਼ਿਲ੍ਹਾ ਖ਼ਜ਼ਾਨਚੀ ਗਗਨਦੀਪ ਕੌਰ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਰਵਲੀਨ ਕੌਰ ਡੇਲੂਆਣਾ ਦੀ ਅਗਵਾਈ ਹੇਠ ਰੋਸ ਪ੍ਰਦਰਸ਼ਨ ਕੀਤਾ ਗਿਆ।ਭਾਰਤ ਦੀ ਪਹਿਲੀ ਅਧਿਆਪਕਾ ਸਵਿੱਤਰੀ ਬਾਈ ਫੂਲੇ ਨੂੰ ਸਿੱਖਿਆ ਦੇ ਖੇਤਰ ਵਿੱਚ ਪਾਏ ਯੋਗਦਾਨ ਲਈ ਯਾਦ ਕਰਦੇ ਹੋਏ ਵਿਚਾਰ ਚਰਚਾ ਕੀਤੀ ਗਈ।ਇਸ ਮੌਕੇ ਵਿਦਿਆਰਥਣਾਂ ਦੇ ਇੱਕਠ ਨੂੰ ਸੰਬੋਧਨ ਕਰਦੇ ਹੋਏ ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (ਆਇਸਾ) ਪੰਜਾਬ ਦੇ ਮਾਲਵਾ ਜ਼ੋਨ ਦੇ ਕਨਵੀਨਰ ਸੁਖਜੀਤ ਸਿੰਘ ਰਾਮਾਨੰਦੀ ਤੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਖੋਖਰ ਨੇ ਕਿਹਾ ਕਿ ਮਾਤਾ ਸਵਿੱਤਰੀ ਬਾਈ ਫੂਲੇ ਨੇ ਆਪਣੇ ਜੀਵਨ ਸਾਥੀ ਮਹਾਤਮਾ ਜੋਤੀ ਰਾਓ ਫੂਲੇ ਤੇ ਸਹਿਯੋਗੀ ਬੀਬੀ ਫ਼ਾਤਿਮਾ ਸ਼ੇਖ ਦੇ ਸਹਿਯੋਗ ਨਾਲ ਆਧੁਨਿਕ ਭਾਰਤ ਵਿੱਚ ਲੜਕੀਆਂ ਨੂੰ ਪੜ੍ਹਾਏ ਜਾਣ ਦਾ ਕ੍ਰਾਂਤੀਕਾਰੀ ਕਦਮ ਚੁੱਕਿਆ ਸੀ।ਹਲਾਂਕਿ ਉਸ ਮੌਕੇ ਦੇ ਰੂੜੀਵਾਦੀ ਪਿਛਾਂਹ ਖਿੱਚੂ ਸੋਚ ਦੇ ਧਾਰਨੀ ਲੋਕਾਂ ਨੇ ਉਨ੍ਹਾਂ ਨੂੰ ਪੜ੍ਹਾਏ ਜਾਣ ਤੋਂ ਰੋਕਣ ਲਈ ਉਨ੍ਹਾਂ ਉੱਪਰ ਗੋਹਾ, ਚਿੱਕੜ ਸੁੱਟਿਆ, ਰੋੜੇ ਮਾਰੇ, ਪਰ ਉਹ ਦ੍ਰਿੜ੍ਹ ਇਰਾਦੇ ਨਾਲ ਲੜਕੀਆਂ ਦੇ ਸਿੱਖਿਆ ਦੇ ਕਾਰਜ ਵਿੱਚ ਡਟੇ ਰਹੇ।ਅੱਜ ਉਸੇ ਪਿਛਾਖੜੀ ਸੋਚ ਦੀ ਧਾਰਨੀ ਮਾਤਾ ਸੁੰਦਰੀ ਗਰਲਜ਼ ਯੂਨੀਵਰਸਿਟੀ ਕਾਲਜ ਮਾਨਸਾ ਦੀ ਪ੍ਰਿੰਸੀਪਲ ਸਾਹਿਬਾ ਤੇ ਕਾਲਜ ਮੈਨੇਜਮੈਂਟ ਵਾਲੋਂ ਸਵਿੱਤਰੀ ਬਾਈ ਫੂਲੇ ਨੂੰ ਸਮਰਪਤ ਸੈਮੀਨਾਰ ਕਰਵਾਏ ਜਾਣ ਦੀ ਇਜਾਜ਼ਤ ਨਾ ਦੇ ਕੇ ਵਿਦਿਆਰਥਣਾਂ ਦੀ ਕੈਂਪਸ ਡੈਮੋਕਰੇਸੀ 'ਤੇ ਹਮਲਾ ਕੀਤਾ ਹੈ, ਜਿਸ ਦੇ ਵਿਰੋਧ ਵਜੋਂ ਅੱਜ ਸਵਿੱਤਰੀ ਬਾਈ ਫੂਲੇ ਨੂੰ ਸਮਰਪਤ ਸੈਮੀਨਾਰ ਨੂੰ ਰੋਸ ਪ੍ਰਦਰਸ਼ਨ ਵਿੱਚ ਤਬਦੀਲ ਕਰਨਾ ਪਿਆ।ਇਸ ਮੌਕੇ ਆਇਸਾ ਆਗੂਆਂ ਨੇ ਕਿਹਾ ਕਿ ਕਾਲਜ ਮੈਨੇਜਮੈਂਟ ਵੀ ਫਾਸ਼ੀਵਾਦੀ ਮੋਦੀ ਸਰਕਾਰ ਦੇ ਨਕਸ਼ੇ ਕਦਮਾਂ 'ਤੇ ਚੱਲਦੇ ਹੋਏ ਜਮਹੂਰੀਅਤ ਨੂੰ ਕੁਚਲਣ ਦੇ ਰਾਹ ਤੁਰੀ ਜਾਪਦੀ ਹੈ, ਜਿਸ ਦੇ ਖਿਲਾਫ ਆਉਣ ਵਾਲੇ ਸਮੇਂ ਵਿੱਚ ਵੱਡੀ ਲਾਮਬੰਦੀ ਕਰਕੇ ਜੁਆਬ ਦਿੱਤਾ ਜਾਵੇਗਾ। ਆਇਸਾ ਆਗੂਆਂ ਨੇ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਹੋ ਰਹੇ ਨਿੱਜੀਕਰਨ, ਵਪਾਰੀਕਰਨ ਤੇ ਭਗਵਾਂਕਰਨ ਖਿਲਾਫ ਅਤੇ ਕੈਂਪਸ ਡੈਮੋਕਰੇਸੀ ਨੂੰ ਬਚਾਏ ਜਾਣ, ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਲਈ ਸੰਘਰਸ਼ ਹੀ ਸਵਿੱਤਰੀ ਬਾਈ ਫੂਲੇ ਨੂੰ ਅਸਲੀ ਸ਼ਰਧਾਂਜਲੀ ਹੋਵੇਗੀ।ਉਨ੍ਹਾਂ ਕਿਹਾ ਕਿ ਅੱਜ ਵਿਦਿਆਰਥਣਾਂ ਦੇ ਛੋਟੇ ਹਿੱਸੇ ਨੇ ਕਾਲਜ ਮੈਨੇਜਮੈਂਟ ਵੱਲੋਂ ਲਾਈਆਂ ਰੋਕਾਂ ਤੋੜਦੇ ਹੋਏ ਸਵਿੱਤਰੀ ਬਾਈ ਫੂਲੇ ਨੂੰ ਯਾਦ ਕੀਤਾ। ਇਸ ਮੌਕੇ ਆਇਸਾ ਆਗੂਆਂ ਨੇ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਵਿਦਿਆਰਥੀਆਂ ਦੇ ਜਮਹੂਰੀ ਹੱਕਾਂ 'ਤੇ ਡਾਕਾ ਮਾਰਨ ਵਾਲੀ ਕਾਲਜ ਦੀ ਪ੍ਰਿੰਸੀਪਲ ਤੇ ਮੈਨੇਜਮੈਂਟ ਖਿਲਾਫ ਕਾਰਵਾਈ ਦੀ ਮੰਗ ਵੀ ਕੀਤੀ।ਉਧਰ ਜਦੋਂ ਦੂਜੇ ਪਾਸੇ ਉਕਤ ਮਾਮਲੇ ਸਬੰਧੀ ਕਾਲਜ ਪ੍ਰਿੰਸੀਪਲ ਡਾ. ਪ੍ਰੀਤੀ ਬਾਂਸਲ ਦਾ ਪੱਖ ਜਾਨਣਾ ਚਾਹਿਆ ਤਾਂ ਉਨ੍ਹਾ ਕਿਹਾ ਕਿ ਅਜਿਹੀ ਆਗਿਆ ਦੇਣਾ ਮੇਰੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ।ਇਸ ਸਬੰਧ ਵਿੱਚ ਯੂਨੀਵਰਸਿਟੀ ਦੇ ਅਧਿਕਾਰੀਆਂ ਨੂੰ ਪੱਤਰ ਲਿਖ ਕੇ ਮਨਜ਼ੂਰੀ ਮੰਗੀ ਗਈ ਸੀ, ਜਿਸ ਦਾ ਉੱਤਰ ਸਾਨੂੰ ਹੁਣ ਤੱਕ ਵੀ ਨਹੀਂ ਮਿਲਿਆ।ਉਨ੍ਹਾ ਕਿਹਾ ਕਿ ਸਥਾਨਕ ਵਿਦਿਆਰਥਣਾਂ ਤੋਂ ਇਲਾਵਾ ਬਾਹਰਲੇ ਵਿਦਿਆਰਥੀਆਂ ਦੇ ਆਉਣ ਦੀ ਸੰਭਾਵਨਾ ਵੀ ਬਣੀ ਹੋਈ ਸੀ, ਜਿਸ ਕਰਕੇ ਉੱਚ ਅਧਿਕਾਰੀਆਂ ਤੋਂ ਆਗਿਆ ਲੈਣੀ ਹੋਰ ਵੀ ਜ਼ਰੂਰੀ ਸੀ।ਇਸ ਮੌਕੇ ਆਇਸਾ ਦੇ ਜ਼ਿਲ੍ਹਾ ਸਕੱਤਰ ਰਾਜਦੀਪ ਸਿੰਘ ਗੇਹਲੇ, ਜ਼ਿਲ੍ਹਾ ਸੋਸ਼ਲ ਮੀਡੀਆ ਪ੍ਰਚਾਰ ਸਕੱਤਰ ਅਮਨਦੀਪ ਸਿੰਘ ਰਾਮਪੁਰ ਮੰਡੇਰ, ਜ਼ਿਲਾ ਕਮੇਟੀ ਮੈਂਬਰ ਅਰਸ਼ਦੀਪ ਸਿੰਘ ਖੋਖਰ ਕਲਾਂ, ਖਾਨ ਮੌੜ ਤੇ ਅਕਾਸ਼ਦੀਪ ਸਿੰਘ ਭਾਈ ਬਖਤੌਰ ਤੋਂ ਇਲਵਾ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਹਾਜ਼ਰ ਸਨ।



## ਚੰਦਭਾਨ ਰੋਡ ਸਮੇਤ ਟੁੱਟੇ ਰਸਤੇ ਰਾਹਗੀਰਾਂ ਲਈ ਮੌਤ ਦਾ ਖੌਅ ਬਣੇ

**ਜੈਤੋ (ਸਤੀਸ਼ ਕੁਮਾਰ ਭੀਰੀ)**-ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਨੂੰ ਦੋ ਸਾਲ ਤੋਂ ਜ਼ਿਆਦਾ ਸਮਾਂ ਹੋ ਚੁੱਕਾ ਹੈ। ਜੈਤੋ ਸ਼ਹਿਰ ਦੀਆਂ ਅਤੇ ਸ਼ਹਿਰ ਨੂੰ ਪਿੰਡਾਂ ਨਾਲ ਮਿਲਾਉਣ ਵਾਲੀਆਂ ਤਮਾਮ ਸੜਕਾਂ ਆਪ ਦੀ ਸਰਕਾਰ ਆਉਣ ਤੋਂ ਬਾਅਦ ਗ਼ਾਇਬ ਹੋ ਚੁੱਕੀਆਂ ਹਨ। ਜਿਵੇਂ ਕਿ ਹਸਪਤਾਲ ਰੋਡ, ਪੋਸਟ ਆਫਿਸ ਰੋਡ, ਬੱਸ ਅੱਡਾ ਚੌਕ, ਬਾਜਾਖਾਨਾ ਚੌਕ, ਬਿਸ਼ਨੰਦੀ ਫਾਟਕ ਤੇ ਜੈਤੋ ਤੋਂ ਚੰਦਭਾਨ ਰੋਡ ਅਣਜਾਣ ਵਿਅਕਤੀ ਲਈ ਮੌਤ ਦਾ ਖੌਅ ਬਣ ਚੁੱਕੀਆਂ ਹਨ।

ਇਸ ਤੋਂ ਇਲਾਵਾ ਸ਼ਹਿਰ ਦੀਆਂ ਗਲੀਆਂ ਵਿੱਚ ਗੈਸ ਪਾਈਪ ਲਾਈਨ ਪਾ ਰਹੀ ਗੈਸ ਕੰਪਨੀ ਵੱਲੋਂ ਇਕੱਲੀ ਇਕੱਲੀ ਗਲ਼ੀ ਨੂੰ ਬੁਰੀ ਤਰਾਂ ਨਾਲ ਪੁੱਟ ਕੇ ਸ਼ਹਿਰੀ ਲੋਕਾਂ ਖਾਸ ਕਰਕੇ ਬੱਚੇ ਅਤੇ ਬਜ਼ੁਰਗਾਂ ਦੇ ਹੱਡ ਗੋਡੇ ਤੋੜਨ ਦਾ ਕੰਮ ਕਰ ਦਿੱਤਾ ਹੈ ਤੇ ਗੈਸ ਕੰਪਨੀ ਵੱਲੋਂ ਪੁੱਟੀਆਂ ਜਾ ਰਹੀਆਂ ਗਲੀਆਂ ਦੀ ਬਣਦੀ ਕੀਮਤ ਨਗਰ ਕੌਂਸਲ ਜੈਤੋ ਵਿਖੇ ਜਮ੍ਹਾਂ ਕਰਵਾ ਦਿੱਤੀ ਗਈ ਹੈ । ਜੇਕਰ ਗੱਲ ਕਰੀਏ ਨਗਰ ਕੌਂਸਲ ਜੈਤੋ ਦੀ ਤਾਂ ਇਹ ਕਿ ਨਗਰ ਕੌਂਸਲ ਜੈਤੋ ਤਾਂ ਖੁਦ ਰਿਕਾਰਡ ਨੂੰ ਖੁਰਦ ਬੁਰਦ ਕਰਨ ਲਈ ਅਤੇ ਭ੍ਰਿਸ਼ਟਾਚਾਰ ਦੀ ਦਲਦਲ ਵਿੱਚ ਡੁੱਬੇ ਹੋਣ ਕਰਕੇ ਸਮੁੱਚੇ ਪੰਜਾਬ ਵਿੱਚ ਕਿਰਕਿਰੀ ਕਰਵਾ ਰਹੀ ਹੈ। ਮੁੱਕਦੀ ਗੱਲ ਕਿ ਜੈਤੋ ਦਾ ਕੋਈ ਦਿਲੀ ਹਮਦਰਦ ਨਜ਼ਰ ਨਹੀਂ ਆ ਰਿਹਾ।

# ਡਾ. ਸੁਨੀਲ ਭਗਤ 'ਤੇ ਹੋਏ ਜਾਨਲੇਵਾ ਹਮਲੇ ਵਿਰੁੱਧ ਡਾਕਟਰਾਂ ਨੇ ਕੀਤੀ ਗੇਟ ਰੈਲੀ




**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਪੰਜਾਬ ਸਿਵਲ ਮੈਡੀਕਲ ਸਰਵਿਸਜ਼ ਐਸੋਸੀਏਸ਼ਨ (ਪੀ.ਸੀ.ਐਮ.ਐਸ.ਏ) ਦੀ ਸੂਬਾਈ ਬਾਡੀ ਦੇ ਫ਼ੈਸਲੇ ਅਨੁਸਾਰ ਪ੍ਰਧਾਨ ਡਾਕਟਰ ਕੰਵਰਪਾਲ ਸਿੰਘ ਦੀ ਅਗਵਾਈ ਹੇਠ ਪੀ.ਸੀ.ਐਮ.ਐਸ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਵੱਲੋਂ ਜ਼ਿਲ੍ਹਾ ਹਸਪਤਾਲ ਸਮੇਤ ਜ਼ਿਲ੍ਹੇ ਦੇ ਸਾਰੇ ਸਿਹਤ ਕੇਂਦਰਾਂ ਵਿੱਚ ਗੇਟ ਰੈਲੀ ਕੀਤੀ ਗਈ।ਡਾ. ਕੰਵਰਪਾਲ ਸਿੰਘ ਨੇ ਦੱਸਿਆ ਕਿ ਇਸ ਰੈਲੀ ਦਾ ਮੁੱਖ ਮਕਸਦ ਸਹਿਤ ਕਾਮਿਆਂ ਵਿਰੁੱਧ ਵਧ ਰਹੀਆਂ ਹਿੰਸਕ ਘਟਨਾਵਾਂ ਪ੍ਰਤੀ ਚਿੰਤਾ ਪ੍ਰਗਟਾਉਣਾ, ਆਮ ਲੋਕਾਂ ਨੂੰ ਡਾਕਟਰਾਂ ਤੇ ਪੈਰਾ ਮੈਡੀਕਲ ਸਟਾਫ਼ ਦੀਆਂ ਔਕੜਾਂ ਪ੍ਰਤੀ ਜਾਗਰੂਕ ਕਰਨਾ ਤੇ ਪਿਛਲੇ ਦਿਨੀਂ ਈ.ਐਸ.ਆਈ ਹਸਪਤਾਲ, ਹੁਸ਼ਿਆਰਪੁਰ ਵਿਖੇ ਤੈਨਾਤ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਨੀਲ ਭਗਤ ਉੱਤੇ ਹੋਏ ਜਾਨਲੇਵਾ ਹਮਲੇ ਕਾਰਨ ਉਨ੍ਹਾਂ ਨਾਲ ਹਮਦਰਦੀ ਪ੍ਰਗਟਾਉਣਾ ਸੀ।ਉਨ੍ਹਾਂ ਦੱਸਿਆ ਕਿ ਸੂਬਾਈ ਬਾਡੀ ਦੇ ਫ਼ੈਸਲੇ ਅਨੁਸਾਰ ਪੰਜਾਬ ਦੀਆਂ ਸਾਰੀਆਂ ਸਿਹਤ ਸੰਸਥਾਵਾਂ 'ਚ ਸਵੇਰੇ 8-10 ਵਜੇ ਦੌਰਾਨ ਇਹ ਰੈਲੀਆਂ ਕੀਤੀਆਂ ਗਈਆਂ ਤੇ ਜਾਇਜ਼ ਮੰਗਾਂ ਦਾ ਪ੍ਰਗਟਾਵਾ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਬੀਤੀ ਰਾਤ ਐਸੋਸੀਏਸ਼ਨ ਦੀ ਸੂਬਾਈ ਬਾਡੀ ਦੇ ਆਗੂਆਂ ਵੱਲੋਂ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾਕਟਰ ਬਲਵੀਰ ਸਿੰਘ ਨਾਲ ਮੁਲਾਕਾਤ ਕੀਤੀ ਗਈ।ਮੰਤਰੀ ਵੱਲੋਂ ਆਗੂਆਂ ਨੂੰ ਦੱਸਿਆ ਕੇ ਸਿਹਤ ਸੰਸਥਾਵਾਂ ਵਿੱਚ ਵਧ ਰਹੀਆਂ ਹਿੰਸਕ ਘਟਨਾਵਾਂ ਪ੍ਰਤੀ ਉਹ ਜਾਣੂ ਹਨ। ਸਰਕਾਰ ਵੱਲੋਂ ਜਲਦੀ ਹੀ ਇਨ੍ਹਾਂ ਘਟਨਾਵਾਂ ਨੂੰ ਠੱਲ੍ਹ ਪਾਉਣ ਲਈ ਠੋਸ ਕਦਮ ਚੁੱਕੇ ਜਾਣਗੇ।

ਪੀ.ਸੀ.ਐਮ.ਐਸ ਐਸੋਸੀਏਸ਼ਨ ਦੇ ਜਨਰਲ ਸਕੱਤਰ ਡਾ. ਅਮਰਿੰਦਰਪਾਲ ਸਿੰਘ ਨੇ ਕਿਹਾ ਕਿ ਹੁਸ਼ਿਆਰਪੁਰ ਵਿਖੇ ਵਾਪਰੇ ਮੰਦਭਾਗੇ ਹਾਦਸੇ ਕਾਰਨ ਸਿਹਤ ਕਾਮਿਆਂ ਵਿੱਚ ਭਾਰੀ ਰੋਸ ਹੈ ਤੇ ਡਾਕਟਰਾਂ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਇਹ ਰੈਲੀ ਡਾਕਟਰਾਂ ਨਾਲ ਹੋ ਰਹੀ ਗੁੰਡਾਗਰਦੀ ਪ੍ਰਤੀ ਆਮ ਲੋਕਾਂ ਨੂੰ ਜਾਗਰੂਕ ਕਰਨ ਤੇ ਡਾਕਟਰਾਂ ਦਾ ਮਨੋਬਲ ਉੱਚਾ ਚੁੱਕਣ ਲਈ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਸ ਰੈਲੀ ਨਾਲ ਆਮ ਲੋਕਾਂ ਨੂੰ ਮਿਲਣ ਵਾਲੀਆਂ ਸਿਹਤ ਸੇਵਾਵਾਂ ਵਿੱਚ ਕੋਈ ਰੁਕਾਵਟ ਨਹੀਂ ਪਾਈ ਗਈ, ਸਗੋਂ ਸਮੂਹ ਡਾਕਟਰਾਂ ਵੱਲੋਂ ਪਹਿਲਾਂ ਦੀ ਤਰ੍ਹਾਂ ਹੀ ਹਸਪਤਾਲ ਵਿੱਚ ਆਉਣ ਵਾਲੇ ਸਾਰੇ ਮਰੀਜ਼ਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ ਅਤੇ ਰੈਲੀ ਦੌਰਾਨ ਐਮਰਜੈਂਸੀ ਸੇਵਾਵਾਂ ਵੀ ਜਾਰੀ ਰੱਖੀਆਂ ਗਈਆਂ।

# ਡੀ ਸੀ ਵੱਲੋਂ ਖਰੀਦ ਏਜੰਸੀਆਂ ਨੂੰ ਲਿਫਟਿੰਗ 'ਚ ਤੇਜ਼ੀ ਲਿਆਉਣ ਦੇ ਨਿਰਦੇਸ਼



**ਜਗਰਾਉਂ (ਨਛੱਤਰ ਸੰਧੂ)**
ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਲੁਧਿਆਣਾ ਦੀਆਂ ਸਾਰੀਆਂ ਮੰਡੀਆਂ ਵਿੱਚ ਚਾਲੂ ਹਾੜ੍ਹੀ ਸੀਜ਼ਨ ਦੌਰਾਨ ਕਣਕ ਦੀ ਖਰੀਦ ਨਿਰਵਿਘਨ ਚੱਲ ਰਹੀ ਹੈ।ਦਾਣਾ ਮੰਡੀਆਂ ਵਿੱਚ ਕਣਕ ਦੀ ਖਰੀਦ ਸਥਿਤੀ ਦਾ ਜਾਇਜ਼ਾ ਲੈਣ ਦੌਰਾਨ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਕਿਹਾ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣੀ ਚਾਹੀਦੀ।ਮੰਡੀਆਂ ਵਿੱਚੋਂ ਫ਼ਸਲਾਂ ਦੀ ਚੁਕਾਈ ਨਿਰਧਾਰਤ ਸਮੇਂ ਵਿੱਚ ਕੀਤੀ ਜਾਵੇ। ਉਨ੍ਹਾਂ ਖਰੀਦ ਏਜੰਸੀਆਂ ਨੂੰ ਆਦੇਸ਼ ਦਿੱਤੇ ਕਿ ਉਹ ਲਿਫਟਿੰਗ ਪ੍ਰਕਿਰਿਆ 'ਤੇ ਸਾਰੇ ਸਾਧਨ ਲਗਾ ਕੇ ਦਾਣਾ ਮੰਡੀਆਂ ਵਿੱਚੋਂ ਖਰੀਦ ਕੀਤੇ ਸਟਾਕ ਦੀ ਨਿਕਾਸੀ ਲਈ ਤੁਰੰਤ ਕਾਰਵਾਈ ਕਰਨ।ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਕੋਤਾਹੀ ਕਰਨ ਵਾਲਿਆਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਜ਼ਿਲ੍ਹਾ ਲੁਧਿਆਣਾ ਦੀਆਂ ਅਨਾਜ ਮੰਡੀਆਂ ਵਿੱਚ 84.17 ਫੀਸਦੀ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਕਿਸਾਨਾਂ ਨੂੰ 146.476 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ। ਉਨ੍ਹਾ ਅੱਗੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਣਕ ਦੀ ਸੁਚਾਰੂ ਅਤੇ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਇਸ ਤੋਂ ਇਲਾਵਾ ਉਨ੍ਹਾਂ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੁਖੀਆਂ ਨੂੰ ਜ਼ਮੀਨੀ ਪੱਧਰ 'ਤੇ ਸਮੁੱਚੇ ਕਾਰਜਾਂ ਦਾ ਜਾਇਜ਼ਾ ਲੈਣ ਲਈ ਰੋਜ਼ਾਨਾ ਅਨਾਜ ਮੰਡੀਆਂ ਦਾ ਦੌਰਾ ਕਰਨ ਲਈ ਕਿਹਾ।ਬਾਅਦ ਵਿੱਚ ਸ਼ਾਮ ਨੂੰ ਡਿਪਟੀ ਕਮਿਸ਼ਨਰ ਨੇ ਐਸ.ਡੀ.ਐਮ. ਗੁਰਬੀਰ ਸਿੰਘ ਕੋਹਲੀ ਨੂੰ ਨਾਲ ਲੈ ਕੇ ਜਗਰਾਉਂ ਅਤੇ ਮਾਣੂੰਕੇ ਦੀਆਂ ਅਨਾਜ ਮੰਡੀਆਂ ਵਿੱਚ ਕਣਕ ਦੀ ਚੁਕਾਈ ਦਾ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਕਣਕ ਦੀ ਲਿਫਟਿੰਗ ਨੂੰ ਜਲਦ ਯਕੀਨੀ ਬਣਾਉਣ ਦੇ ਆਦੇਸ਼ ਦਿੱਤੇ। ਉਨ੍ਹਾ ਸਥਾਨਕ ਕਮਿਸ਼ਨ ਏਜੰਟਾਂ ਨਾਲ ਵੀ ਮੀਟਿੰਗ ਕੀਤੀ ਅਤੇ ਕਿਸਾਨਾਂ ਦੀ ਸਹੂਲਤ ਲਈ ਨਿਰਵਿਘਨ ਅਤੇ ਸੁਚਾਰੂ ਖਰੀਦ ਪ੍ਰਬੰਧਾਂ ਲਈ ਉਨ੍ਹਾਂ ਦੇ ਸਹਿਯੋਗ ਦੀ ਮੰਗ ਕੀਤੀ।

## ਸਕੂਲ ਆਫ ਐਮੀਨੈਂਸ ਛਾਜਲੀ ਦਾ ਨਤੀਜਾ ਸ਼ਾਨਦਾਰ



**ਦਿੜ੍ਹਬਾ (ਜਸਵੀਰ ਲਾਡੀ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿਚੋਂ ਇਸ ਵਾਰ ਫੇਰ ਕੁੜੀਆਂ ਨੇ ਝੰਡੀ ਜਿੱਤ ਲਈ ਹੈ। ਸਕੂਲ ਆਫ ਐਮੀਨੈਂਸ ਛਾਜਲੀ ਦਾ ਨਤੀਜਾ ਸ਼ਾਨਦਾਰ ਰਿਹਾ ਹੈ।ਸਕੂਲ ਦੀ ਇੱਕ ਵਿਦਿਆਰਥਣ ਮੈਰਿਟ ਵਿੱਚੋਂ ਸਿਰਫ਼ ਦੋ ਨੰਬਰਾਂ 'ਤੇ ਪਛੜ ਗਈ ਹੈ, ਪਰ ਫਿਰ ਵੀ ਸਕੂਲ ਦੇ 125 ਵਿਦਿਆਰਥੀਆਂ ਨੇ ਪੇਪਰ ਦਿੱਤੇ ਤੇ ਸਾਰੇ ਵਿਦਿਆਰਥੀ ਚੰਗੇ ਨੰਬਰਾਂ ਨਾਲ ਪਾਸ ਹੋਏ ਹਨ।ਇਸ ਸਕੂਲ ਦੀ ਵਿਦਿਆਰਥਣ ਮੰਨਤ ਸ਼ਰਮਾ ਨੇ 650 ਅੰਕਾਂ ਚੋਂ 624 ਅੰਕ ਪ੍ਰਾਪਤ ਕਰਕੇ ਸਕੂਲ 'ਚੋਂ ਪਹਿਲਾ ਸਥਾਨ, ਦੂਸਰਾ ਸਥਾਨ ਚਮਨਦੀਪ ਕੌਰ 650 'ਚੋਂ 614 ਅੰਕ, ਤੀਸਰਾ ਸਥਾਨ ਅਮਿਤ ਸਿੰਘ 650 ਚੋਂ 613 ਅੰਕ, ਅਸਮੀਤ ਕੌਰ ਨੇ 588 ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਪ੍ਰਾਪਤ ਕੀਤਾ ਹੈ। ਸਕੂਲ ਪ੍ਰਿੰਸੀਪਲ ਗੁਰਵਿੰਦਰ ਸਿੰਘ ਨੇ ਬੱਚਿਆਂ ਅਤੇ ਮਾਪਿਆਂ ਨੂੰ ਵਧਾਈ ਦਿੰਦਿਆ ਕਿਹਾ ਕਿ ਪਹਿਲਾਂ ਵੀ ਸਾਡੇ ਸਕੂਲ ਦੀਆਂ ਸਾਰੀਆਂ ਕਲਾਸਾਂ ਦੇ ਨਤੀਜੇ ਵਧੀਆ ਆਉਂਦੇ ਰਹੇ ਹਨ ਅਤੇ ਭਵਿੱਖ ਵਿੱਚ ਵੀ ਵਧੀਆ ਨਤੀਜੇ ਆਉਣਗੇ ।

# ਪਾਵਰਕੌਮ ਦੇ ਮੁੱਖ ਦਫ਼ਤਰ 'ਚ ਇਨਕਲਾਬੀ ਜੋਸ਼ ਨਾਲ ਮਨਾਇਆ ਜਾਵੇਗਾ ਮਈ ਦਿਵਸ : ਮਹਿੰਦਰ ਸਿੰਘ ਕਾਲਾ



**ਬਰਨਾਲਾ (ਰਾਜਿੰਦਰ ਬਰਾੜ)**-ਪਾਵਰਕੌਮ ਅਤੇ ਟਰਾਂਸਕੋ ਦੇ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਪਾਵਰਕੌਮ ਦੇ ਮੁੱਖ ਦਫ਼ਤਰ ਵਿਖੇ ਮਹਿੰਦਰ ਸਿੰਘ ਕਾਲਾ ਦੀ ਪ੍ਰਧਾਨਗੀ ਹੇਠ ਦਿਹਾਤੀ ਅਤੇ ਸ਼ਹਿਰੀ ਮੰਡਲ ਦੀ ਸਾਂਝੀ ਮੀਟਿੰਗ ਹੋਈ।ਇਸ ਸਮੇਂ ਸੂਬਾ ਆਗੂ ਸਿੰਦਰ ਧੌਲਾ, ਗੁਰਚਰਨ ਸਿੰਘ, ਜੱਗਾ ਸਿੰਘ, ਰੂਪ ਚੰਦ, ਗੌਰੀ ਸ਼ੰਕਰ, ਰਜਿੰਦਰ ਸਿੰਘ, ਜਗਦੀਸ਼ ਸਿੰਘ, ਸ਼ਿੰਗਾਰਾ ਸਿੰਘ ਨੇ ਕਿਹਾ ਕਿ ਕੇਂਦਰੀ ਅਤੇ ਸੂਬਾਈ ਸਰਕਾਰਾਂ ਵੱਲੋਂ ਲੋਕ/ਮੁਲਾਜ਼ਮ ਵਿਰੋਧੀ ਨੀਤੀਆਂ ਲਾਗੂ ਕਰਨ ਨਾਲ ਜਨਤਕ ਖੇਤਰ ਦੇ ਅਦਾਰਿਆਂ ਨੂੰ ਕੌਡੀਆਂ ਦੇ ਭਾਅ ਅਡਾਨੀ-ਅੰਬਾਨੀ ਵਰਗੇ ਕਾਰਪੋਰੇਟ ਘਰਾਣਿਆਂ ਨੂੰ ਵੇਚਿਆ ਜਾ ਰਿਹਾ ਹੈ। 44 ਕਿਰਤ ਕਾਨੂੰਨਾਂ ਦਾ ਭੋਗ ਪਾ ਕੇ 4 ਕੋਡਾਂ ਵਿੱਚ ਤਬਦੀਲੀ ਕਰਕੇ ਹਾਇਰ ਐਂਡ ਫਾਇਰ ਦੀ ਨੀਤੀ ਲਾਗੂ ਕਰਕੇ ਕਿਰਤੀਆਂ ਦੀ ਤਿੱਖੀ ਲੁੱਟ ਕਰਨ ਲਈ ਰਾਹ ਪੱਧਰਾ ਕੀਤਾ ਜਾ ਰਿਹਾ ਹੈ। ਨਵੀਂ ਪੱਕੀ ਭਰਤੀ ਦੀ ਥਾਂ ਆਊਟਸੋਰਸ ਅਤੇ ਠੇਕੇਦਾਰੀ ਪ੍ਰਬੰਧ ਰਾਹੀਂ ਕਾਮਿਆਂ ਦੀ ਤਿੱਖੀ ਲੁੱਟ ਕਰਨ ਲਈ ਰਾਹ ਪੱਧਰਾ ਕਰ ਦਿੱਤਾ ਹੈ। ਸਰਕਾਰ ਭਾਵੇਂ ਕਾਂਗਰਸ ਦੀ ਹੋਵੇ ਜਾਂ ਆਮ ਆਦਮੀ ਪਾਰਟੀ ਦੀ, ਕਿਰਤੀ ਕਾਮਿਆਂ ਨੂੰ ਲੁੱਟਣ ਅਤੇ ਕੁੱਟਣ ਦੀ ਨੀਤੀ ਇੱਕੋ ਹੀ ਹੈ। ਬਿਜਲੀ ਬਿਲ-2003 ਤੋਂ ਬਾਅਦ ਹੁਣ ਬਿਜਲੀ ਬਿੱਲ-2020 ਲਾਗੂ ਕਰਨ ਲਈ ਕੇਂਦਰੀ ਹਕੂਮਤ ਤਰਲੋ ਮੱਛੀ ਹੋ ਰਹੀ ਹੈ। ਜਿਸ ਨਾਲ ਪਾਵਰਕੌਮ ਦਾ ਰਹਿੰਦਾ ਸਰੂਪ ਵੀ ਅਡਾਨੀ-ਅੰਬਾਨੀ ਦੇ ਹਵਾਲੇ ਕਰ ਦਿੱਤਾ ਜਾਵੇਗਾ।ਇਸ ਦਾ ਖਮਿਆਜ਼ਾ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਆਮ ਲੋਕਾਈ ਨੂੰ ਭੁਗਤਣਾ ਪਵੇਗਾ।ਇਸ ਸਮੇਂ ਹਰਨੇਕ ਸਿੰਘ ਸੰਘੇੜਾ, ਸਿਕੰਦਰ ਸਿੰਘ ਤਪਾ, ਮੋਹਣ ਸਿੰਘ ਛੰਨਾਂ, ਜਨਕ ਸਿੰਘ, ਜੀਤ ਸਿੰਘ, ਰਾਮ ਸਿੰਘ ਠੀਕਰੀਵਾਲਾ, ਰਾਮਪਾਲ ਸਿੰਘ, ਸਰਜੀਵਨ ਲਾਲ ਆਦਿ ਆਗੂਆਂ ਨੇ ਕਿਹਾ ਕਿ 1 ਮਈ ਨੂੰ ਕੌਮਾਂਤਰੀ ਮਜ਼ਦੂਰ ਦਿਹਾੜਾ ਮੁੱਖ ਦਫ਼ਤਰ ਮੰਡਲ ਦਫ਼ਤਰ ਧਨੌਲਾ ਰੋਡ ਬਰਨਾਲਾ ਵਿੱਚ ਪੂਰੇ ਇਨਕਲਾਬੀ ਜੋਸ਼ ਨਾਲ ਮਨਾਇਆ ਜਾਵੇਗਾ। ਸਾਰੇ ਪੈਨਸ਼ਨਰਜ਼ ਅਤੇ ਪਰਵਾਰਕ ਪੈਨਸ਼ਨਰਜ਼ ਨੂੰ ਸਵੇਰੇ 10 ਵਜੇ ਸਮੇਂ ਸਿਰ ਵੱਡੀ ਗਿਣਤੀ ਵਿੱਚ ਮੁੱਖ ਦਫ਼ਤਰ ਧਨੌਲਾ ਰੋਡ ਬਰਨਾਲਾ ਵਿਖੇ ਪਹੁੰਚਣ ਦੀ ਅਪੀਲ ਕੀਤੀ। ਆਗੂਆਂ ਨੇ ਪਾਵਰਕੌਮ ਦੀਆਂ ਸਮੂਹ ਮੁਲਾਜ਼ਮ ਜਥੇਬੰਦੀਆਂ ਨੂੰ ਵੀ ਇਸ ਸਮਾਗਮ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਗਈ।

## ਬਾਬਾ ਗੁਰਬਚਨ ਸਿੰਘ ਨੂੰ ਸਮਰਪਤ ਮਾਨਵ ਏਕਤਾ ਦਿਵਸ ਅੱਜ

**ਸਮਾਣਾ (ਇਕਬਾਲ ਸਿੰਘ ਬੱਲ)**-ਨਿਰੰਕਾਰੀ ਬਾਬਾ ਗੁਰਬਚਨ ਸਿੰਘ ਜੀ ਦੇ ਬਲੀਦਾਨ ਦਿਵਸ 24 ਅਪ੍ਰੈਲ ਨੂੰ ਹਰ ਸਾਲ ਮਾਨਵ ਏਕਤਾ ਦਿਵਸ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ। ਇਸ ਦਿਨ ਪੂਰੇ ਨਿਰੰਕਾਰੀ ਜਗਤ ਵਿੱਚ ਵੱਖ ਵੱਖ ਥਾਵਾਂ 'ਤੇ ਖ਼ੂਨਦਾਨ ਕੈਂਪ ਲਗਾਏ ਜਾਂਦੇ ਹਨ ਤੇ ਉਹ ਖ਼ੂਨ ਇਕੱਤਰ ਕਰਕੇ ਭਾਰਤ ਸਰਕਾਰ ਦੀਆਂ ਰੈੱਡ ਕ੍ਰਾਸ ਸੁਸਾਇਟੀਆਂ ਨੂੰ ਦਿੱਤਾ ਜਾਂਦਾ ਹੈ ਤਾਂ ਜੋ ਕਿਸੇ ਲੋੜਵੰਦ ਦੀ ਜਾਨ ਨੂੰ ਬਚਾਇਆ ਜਾ ਸਕੇ।ਇਸ ਵਾਰ ਵੀ 24 ਅਪ੍ਰੈਲ ਨੂੰ ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਜੀ ਰਹਿਨੁਮਾਈ ਹੇਠ ਪੂਰੇ ਨਿਰੰਕਾਰੀ ਜਗਤ ਵਿੱਚ ਬਾਬਾ ਗੁਰਬਚਨ ਸਿੰਘ ਜੀ ਦੇ ਬਲੀਦਾਨ ਦਿਵਸ ਨੂੰ ਸਮਰਪਤ ਮਾਨਵ ਏਕਤਾ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਅਤੇ ਪੂਰੇ ਦੇਸ਼ ਵਿੱਚ ਖ਼ੂਨਦਾਨ ਕੈਂਪ ਲਗਾਏ ਜਾ ਰਹੇ ਹਨ।



# ਤੁਰਿਆ ਸੀ ਇਕੱਲਾ ਬਣ ਗਏ ਕਾਫਲੇ...



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਲੋਕ ਸਭਾ ਹਲਕਾ ਫਰੀਦਕੋਟ ਤੋਂ ਰਾਜਵਿੰਦਰ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਨ ਦੇ ਨਾਲ ਨੌਜਵਾਨ ਵਰਗ ਪੂਰੀ ਤਰ੍ਹਾਂ ਚੇਤਨ ਹੋ ਚੁੱਕਾ ਹੈ ਕਿਉਂਕਿ ਨੌਜਵਾਨ ਚਿਹਰਾ ਹੋਣ ਕਰ ਕੇ ਜਿੱਥੇ ਸ਼੍ਰੋਮਣੀ ਅਕਾਲੀ ਦਲ ਦੇ ਸਮੁੱਚੇ ਵਰਕਰ ਉਤਸ਼ਾਹਤ ਨਜ਼ਰ ਆ ਰਹੇ ਹਨ, ਉੱਥੇ ਨੌਜਵਾਨ ਵਰਗ ਵੀ ਰਾਜਵਿੰਦਰ ਦੇ ਮੋਢੇ ਨਾਲ ਮੋਢਾ ਲਗਾ ਕੇ ਚੱਲੇਗਾ ਤਾਂ ਕਿ ਅਕਾਲੀ ਦਲ ਭਾਰੀ ਬਹੁਮਤ ਨਾਲ ਇਸ ਹਲਕੇ ਤੋਂ ਜਿੱਤ ਪ੍ਰਾਪਤ ਕਰ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਪਵਨ ਢੰਡ, ਬਲਤੇਜ ਸਿੰਘ ਲੰਗਿਆਣਾ, ਪਵਨ ਗੋਇਲ ਰਣਜੀਤ ਸਿੰਘ ਚੀਥੇ, ਰਕੇਸ਼ ਜਿੰਦਲ ਤੋਤਾ, ਤਰਲੋਚਨ ਸਿੰਘ ਕਾਲੇਕੇ ਜਗਸੀਰ ਸਿੱਧੂ ਸੀਰੂ, ਲਵਲੀ ਬਾਂਸਲ ਲਧਾਈਕੇ ਵਾਲੇ ਅਤੇ ਬਲਵੀਰ ਸਿੰਘ ਭੰਗੂ ਜੈਮਲਵਾਲਾ ਨੇ ਇਸ ਪ੍ਰਤੀਨਿਧੀ ਨਾਲ ਰਾਜਵਿੰਦਰ ਸਿੰਘ ਧਰਮਕੋਟ ਦੀ ਜਿੱਤ ਦਾ ਦਾਅਵਾ ਕਰਦਿਆਂ ਕਿਹਾ ਕਿ 'ਤੁਰਿਆ ਸੀ ਇਕੱਲਾ ਬਣ ਗਏ ਕਾਫਲੇ ਹੁਣ ਕੋਈ ਨਾ ਰਿਹਾ ਰਾਜਵਿੰਦਰ ਦੇ ਮੁਕਾਬਲੇ।' ਉਨ੍ਹਾਂ ਕਿਹਾ ਕਿ ਰਾਜਵਿੰਦਰ ਸਿੰਘ ਵਲੋਂ ਜਿਹੜੇ ਚੋਣ ਜਲਸੇ ਕੀਤੇ ਜਾ ਰਹੇ ਹਨ, ਉਨ੍ਹਾਂ ਵਿਚ ਭਾਰੀ ਇਕੱਠ ਇਸ ਗੱਲ ਦਾ ਸਬੂਤ ਦੇਣ ਲੱਗਾ ਹੈ ਕਿ ਲੋਕਾਂ ਨੇ ਸ਼੍ਰੋਮਣੀ ਅਕਾਲੀ ਦਲ ਵੱਲ ਮੋੜਾ ਕੱਟਿਆ ਹੈ। ਉਨ੍ਹਾਂ ਕਿਹਾ ਕਿ ਭਾਜਪਾ, ਕਾਂਗਰਸ ਤੇ 'ਆਪ' ਤੋਂ ਪੰਜਾਬ ਦੀ ਭਲਾਈ ਦੀ ਕੋਈ ਉਮੀਦ ਨਹੀਂ।

ਉਨ੍ਹਾਂ ਕਿਹਾ ਕਿ ਪੰਜਾਬੀ ਕੌਮੀ ਪਾਰਟੀਆਂ ਤੋਂ ਸੁਚੇਤ ਰਹਿਣ ਕਿਉਂਕਿ ਇਨ੍ਹਾਂ ਦੀ ਮਨਸ਼ਾ ਸਿਰਫ ਪਾਰਲੀਮਾਨੀ ਚੋਣਾਂ ਜਿੱਤਣਾ ਹੈ, ਇਨ੍ਹਾਂ ਤੋਂ ਪੰਜਾਬੀਆਂ ਦੀ ਭਲਾਈ ਕੋਈ ਉਮੀਦ ਨਹੀਂ। ਅੰਤ ਵਿਚ ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਨੂੰ ਇਸ ਵਾਰ ਕਮਾਨ ਸੌਂਪਣੀ ਚਾਹੀਦੀ ਹੈ ਕਿਉਂਕਿ ਪਹਿਲਾਂ ਵਾਲੀਆਂ ਪਾਰਟੀਆਂ ਨੂੰ ਲੋਕਾਂ ਨੇ ਅਜ਼ਮਾ ਲਿਆ ਹੈ। ਇਸ ਮੌਕੇ ਅਕਾਲੀ ਆਗੂਆਂ ਨੇ ਦਾਅਵਾ ਕੀਤਾ ਹੈ ਕਿ ਸਿਰਫ਼ ਫਰੀਦਕੋਟ ਹੀ ਨਹੀਂ ਪੰਜਾਬ ਦੀਆਂ ਸਾਰੀਆਂ ਸੀਟਾਂ 'ਤੇ ਸ਼੍ਰੋਮਣੀ ਅਕਾਲੀ ਦਲ ਸ਼ਾਨਦਾਰ ਪ੍ਰਦਰਸ਼ਨ ਕਰੇਗੀ।

# ਓਰੀਐਂਟ ਸਕੂਲ 'ਚ ਧਰਤੀ ਦਿਵਸ ਉਤਸ਼ਾਹ ਨਾਲ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਰੋਪੜ ਰੋਡ 'ਤੇ ਸਥਿਤ ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ ਮਾਛੀਵਾੜਾ ਵਿਖੇ ਧਰਤੀ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵਿੱਚ ਜਾਗਰੂਕਤਾ ਵਧਾਉਣ ਲਈ ਪੇਂਟਿੰਗ, ਪੋਸਟਰ ਮੇਕਿੰਗ ਤੇ ਸਲੋਗਨ ਲਿਖਣ ਦੇ ਮੁਕਾਬਲੇ ਕਰਵਾਏ। ਸਕੂਲ ਚੇਅਰਮੈਨ ਵਿਕਰਮ ਸ਼ਰਮਾ ਤੇ ਡਾਇਰੈਕਟਰ ਸ਼ਾਰਦਾ ਸ਼ਰਮਾ ਨੇ ਜੱਜ ਦੀ ਭੂਮਿਕਾ ਨਿਭਾਈ ਅਤੇ ਉਨ੍ਹਾਂ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਕਿ ਕਿਵੇਂ ਅੱਜ ਮਨੁੱਖੀ ਦਖਲ ਅੰਦਾਜ਼ੀ ਧਰਤੀ ਮਾਂ ਤੇ ਇਸ ਦੇ ਕੁਦਰਤੀ ਸਰੋਤਾਂ ਦਾ ਸ਼ੋਸ਼ਣ ਕਰ ਰਹੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਧਰਤੀ ਮਾਤਾ ਨੂੰ ਬਚਾਉਣ ਦੀ ਸਹੁੰ ਚੁਕਾਈ। ਸਕੂਲ ਡਾਇਰੈਕਟਰ ਮ੍ਰਿਦੁਲਾ ਸ਼ਰਮਾ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੇ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ, ਕੁਟੀਆ ਮੰਦਰ, ਡਾਕਖਾਨਾ ਮਾਛੀਵਾੜਾ, ਸਿਵਲ ਹਸਪਤਾਲ ਮਾਛੀਵਾੜਾ, ਬੈਂਕ ਆਫ਼ ਇੰਡੀਆ, ਪੰਜਾਬ ਨੈਸ਼ਨਲ ਬੈਂਕ, ਸਟੇਟ ਬੈਂਕ ਆਫ਼ ਇੰਡੀਆ, ਐੱਚ ਡੀ ਐੱਫ ਸੀ ਬੈਂਕ ਤੇ ਕੇਨਰਾ ਬੈਂਕ ਨੂੰ ਪੌਦੇ ਭੇਟ ਕੀਤੇ। ਸਮੂਹ ਅਧਿਕਾਰੀਆਂ ਨੇ ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ ਤੇ ਓਰੀਐਂਟ ਸਕੂਲ ਦੇ ਪ੍ਰਬੰਧਕਾਂ ਵੱਲੋਂ ਸਮਾਜ ਦੇ ਨਾਲ ਧਰਤੀ ਦਿਵਸ ਮਨਾਉਣ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਇਸ ਮੌਕੇ ਪ੍ਰਿੰਸੀਪਲ ਰਜਤ ਸ਼ਰਮਾ, ਡਾਇਰੈਕਟਰ ਮ੍ਰਿਦੁਲਾ, ਡਾਇਰੈਕਟਰ ਸ਼ੁਭਮ ਸ਼ਰਮਾ, ਡਾਇਰੈਕਟਰ ਡਾ. ਸ਼ਰੁਤੀ ਸ਼ਰਮਾ, ਵਾਈਸ ਪ੍ਰਿੰਸੀਪਲ ਨਵਜੋਤ ਕੌਰ, ਦਮਨਪ੍ਰੀਤ ਕੌਰ, ਅਨੁਪਮਾ ਜੈਨ, ਬਲਵਿੰਦਰ ਕੌਰ, ਪਰਮਜੀਤ ਕੌਰ, ਮੀਨਾਕਸ਼ੀ, ਨਵਦੀਪ ਕੌਰ, ਕਮਲਜੀਤ ਕੌਰ, ਪਲਕ, ਬਲਪ੍ਰੀਤ ਕੌਰ, ਸਰਿਤਾ, ਵਿਜੇ, ਜਸਮੀਨ ਕੌਰ, ਰਮਨਪ੍ਰੀਤ ਕੌਰ, ਰੁਪਿੰਦਰ ਕੌਰ, ਰੀਤੂ ਬੈਂਸ, ਮਨਪ੍ਰੀਤ ਕੌਰ, ਗੁਰਪ੍ਰੀਤ ਕੌਰ, ਮਨਜੀਤ ਕੌਰ, ਜਗਜੀਤ ਕੌਰ, ਜੈਸਮੀਨ ਤੇ ਸਮੂਹ ਸਟਾਫ਼ ਮੈਂਬਰ ਮੌਜੂਦ ਸਨ।

# ਧੂਰੀ ਵਪਾਰ ਮੰਡਲ ਦੀ ਚੋਣ 'ਚ ਵਿਕਾਸ ਜੈਨ ਸਰਬ ਸੰਮਤੀ ਨਾਲ ਮੁੜ ਪ੍ਰਧਾਨ ਬਣੇ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸ਼ਹਿਰ ਦੀਆਂ ਕਰੀਬ ਤਿੰਨ ਦਰਜਨ ਟਰੇਡ ਐਸੋਸੀਏਸ਼ਨਾਂ 'ਤੇ ਅਧਾਰਿਤ ਧੂਰੀ ਵਪਾਰ ਮੰਡਲ ਦੇ ਪ੍ਰਧਾਨ ਦੀ ਚੋਣ ਵਿੱਚ ਵਿਕਾਸ ਜੈਨ ਨੂੰ ਸਰਬਸੰਮਤੀ ਨਾਲ ਦੂਸਰੀ ਵਾਰ ਪ੍ਰਧਾਨ ਚੁਣ ਲਿਆ ਗਿਆ।ਚੋਣ ਮੀਟਿੰਗ ਦਾ ਆਗਾਜ਼ ਜਨਰਲ ਸਕੱਤਰ ਹੰਸ ਰਾਜ ਬਜਾਜ ਨੇ ਕਰਦਿਆਂ ਪਿਛਲੇ ਸਾਲਾਂ ਦਾ ਲੇਖਾ-ਜੋਖਾ ਕੀਤਾ ਤੇ ਧੂਰੀ ਵਪਾਰ ਮੰਡਲ ਧੂਰੀ ਵੱਲੋਂ ਪਿਛਲੇ ਲੰਮੇ ਸਮੇਂ ਵਿੱਚ ਵਪਾਰੀਆਂ ਦੇ ਹਿੱਤਾਂ ਲਈ ਕੀਤੇ ਕੰਮਾਂ ਦੀ ਹਾਜ਼ਰੀਨ ਨੇ ਸ਼ਲਾਘਾ ਕੀਤੀ।ਪ੍ਰਧਾਨ ਵਿਕਾਸ ਜੈਨ ਨੇ ਜਨਰਲ ਬਾਡੀ ਨੂੰ ਭੰਗ ਕਰਦਿਆਂ ਚੋਣ ਕਰਾਉਣ ਦੇ ਅਧਿਕਾਰ ਚੇਅਰਮੈਨ ਪਵਨ ਗਰਗ, ਉਪ ਚੇਅਰਮੈਨ ਜਗਤਾਰ ਸਿੰਘ ਸਮਰਾ, ਸਰਪ੍ਰਸਤ ਵੇਦ ਪ੍ਰਕਾਸ਼ ਤੇ ਉਪ ਚੇਅਰਮੈਨ ਦਰਸ਼ਨ ਸਿੰਘ ਸਦਿਉੜਾ ਨੂੰ ਸੌਂਪੇ।ਵਪਾਰੀ ਆਗੂ ਨਰੇਸ਼ ਕੁਮਾਰ ਮੰਗੀ ਨੇ ਵਿਕਾਸ ਜੈਨ ਦਾ ਨਾਂਅ ਪੇਸ਼ ਕੀਤਾ, ਜਿਨ੍ਹਾਂ ਨੇ ਮੁਕਾਬਲੇ ਕਿਸੇ ਵੀ ਉਮੀਦਵਾਰ ਦਾ ਨਾਂਅ ਪੇਸ਼ ਨਾ ਹੋਣ ਕਾਰਨ ਹਾਜ਼ਰੀਨ ਵੱਲੋਂ ਵਿਕਾਸ ਜੈਨ ਦੇ ਨਾਂਅ ਨੂੰ ਦੂਜੀ ਵਾਰ ਬਤੌਰ ਪ੍ਰਧਾਨ ਸਹਿਮਤੀ ਦਿੱਤੀ ਗਈ।ਮੀਟਿੰਗ ਵਿੱਚ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸੰਦੀਪ ਤਾਇਲ ਨੇ ਵਿਸ਼ੇਸ਼ ਇਨਵਾਇਟੀ ਮੈਂਬਰ ਵਜੋਂ ਸ਼ਮੂਲੀਅਤ ਕੀਤੀ।ਨਵ ਨਿਯਕੁਤ ਪ੍ਰਧਾਨ ਵਿਕਾਸ ਜੈਨ ਨੇ ਸਾਥੀ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਦੂਜੀ ਵਾਰ ਜੋ ਜ਼ਿੰਮੇਵਾਰੀ ਸੌਂਪੀ ਹੈ, ਉਹ ਉਸ ਨੂੰ ਹੋਰ ਵੀ ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਵਪਾਰੀਆਂ ਦੇ ਹਿੱਤਾਂ ਤੇ ਹੱਕਾਂ 'ਤੇ ਡੱਟ ਕੇ ਪਹਿਰਾ ਦੇਣਗੇ। ਵਿਕਾਸ ਜੈਨ ਨੇ ਦੱਸਿਆ ਕਿ ਜਨਰਲ ਬਾਡੀ ਦਾ ਐਲਾਨ ਇੱਕ ਹਫ਼ਤੇ ਦੇ ਵਿੱਚ ਵਿੱਚ ਕਰ ਦਿੱਤਾ ਜਾਵੇਗਾ।

# ਸੂਬਾ ਸਰਕਾਰ ਕਿਸਾਨਾਂ ਦੀ ਹਿੱਤਾਂ ਦੀ ਰੱਖਿਆ ਲਈ ਵਚਨਬੱਧ : ਅਮਨ ਅਰੋੜਾ

**ਚੀਮਾ ਮੰਡੀ (ਰਵਿੰਦਰ ਚੀਮਾ)**
ਕੈਬਨਿਟ ਮੰਤਰੀ ਅਮਨ ਅਰੋੜਾ ਦੇ ਨਾਲ ਸੰਗਰੂਰ ਤੋਂ ਲੋਕ ਸਭਾ ਉਮੀਦਵਾਰ ਤੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਸੁਨਾਮ ਹਲਕੇ ਦੀਆਂ 11 ਮੰਡੀਆਂ, ਜਿਸ ਵਿੱਚ ਸੁਨਾਮ, ਚੀਮਾ, ਲੌਂਗੋਵਾਲ, ਮੰਡੇਰ ਖੁਰਦ, ਢੱਡਰੀਆਂ, ਤੋਲਾਵਾਲ, ਸ਼ਾਹਪੁਰ ਕਲਾਂ, ਦੁੱਗਾਂ, ਬੱਡਰੁਖਾਂ ਉੱਪਲੀ, ਨਾਗਰਾਂ ਦੀਆਂ ਅਨਾਜ ਮੰਡੀਆਂ ਦਾ ਦੌਰਾ ਕਰਕੇ ਕਣਕ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ।ਇਸ ਮੌਕੇ ਮੀਤ ਹੇਅਰ ਨੇ ਕਿਸਾਨਾਂ ਨਾਲ ਵੀ ਗੱਲਬਾਤ ਕੀਤੀ, ਜੋ ਪ੍ਰਬੰਧਾਂ ਤੋਂ ਸੰਤੁਸ਼ਟ ਜਾਪੇ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਹੈ।ਉਨ੍ਹਾ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚੋਂ ਕੋਈ ਵੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਸੰਗਰੂਰ ਤੋਂ ਲੋਕ ਸਭਾ ਉਮੀਦਵਾਰ ਤੇ ਕੈਬਨਿਟ ਮੰਤਰੀ ਮੀਤ ਹੇਅਰ ਨੇ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਮੁੱਖ ਤਰਜੀਹ ਹੈ। ਸਰਕਾਰ ਵੱਲੋਂ ਪਿਛਲੇ ਦੋ ਸਾਲਾਂ ਦੌਰਾਨ ਖੇਤਾਂ ਲਈ ਪ੍ਰਾਪਤ ਮਾਤਰਾ ਵਿੱਚ ਨਿਰੰਤਰ ਬਿਜਲੀ ਮੁਹੱਈਆ ਕਰਵਾਉਣ ਤੇ ਮੰਡੀਆਂ ਵਿੱਚ ਖਰੀਦ ਦੇ ਸੁਚਾਰੂ ਪ੍ਰਬੰਧ ਕੀਤੇ ਗਏ।ਨਹਿਰੀ ਸਿੰਜਾਈ ਦੇ ਬਿਹਤਰ ਪ੍ਰਬੰਧਾਂ ਰਾਹੀਂ ਟੇਲਾਂ ਤੱਕ ਪਾਣੀ ਲਿਜਾਇਆ ਗਿਆ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਸ ਵਾਰ ਵੀ ਮੰਡੀਆਂ 'ਚੋਂ ਕਣਕ ਦਾ ਇਕ-ਇਕ ਦਾਣਾ ਖ੍ਰੀਦਣ ਤੇ 48 ਘੰਟਿਆਂ ਦੇ ਅੰਦਰ ਭੁਗਤਾਨ ਲਈ ਵਚਨਬੱਧ ਹੈ।ਇਸ ਮੌਕੇ ਮਾਰਕੀਟ ਕਮੇਟੀ ਸੁਨਾਮ ਦੇ ਚੇਅਰਮੈਨ ਮੁਕੇਸ਼ ਜੁਨੇਜਾ, ਮਾਰਕੀਟ ਕਮੇਟੀ ਚੀਮਾ ਦੇ ਚੇਅਰਮੈਨ ਗੀਤੀ ਮਾਨ, ਮਾਰਕੀਟ ਕਮੇਟੀ ਸੰਗਰੂਰ ਦੇ ਚੇਅਰਮੈਨ ਅਵਤਾਰ ਈਲਵਾਲ, ਸੁੱਖ ਸਾਹੋਕੇ ਬਲਾਕ ਪ੍ਰਧਾਨ, ਦੀਪ ਕਨੋਈ, ਪਰਮਿੰਦਰ ਕੌਰ ਬਰਾੜ, ਗੁਰਿੰਦਰਪਾਲ ਖੇੜੀ, ਕਾਲਾ ਬਡਰੁਖਾਂ, ਦਵਿੰਦਰ ਬੁੱਗਰਾਂ, ਮੇਲਾ ਸੂਬੇਦਾਰ ਨਾਲ ਮੌਜੂਦ ਸਨ।

ਕਿਸਾਨਾਂ ਦੇ ਹਿੱਤਾਂ ਦੀ ਰਾਖੀ 'ਆਪ' ਸਰਕਾਰ ਦੀ ਮੁੱਖ ਤਰਜੀਹ : ਮੀਤ ਹੇਅਰ



## ਸੰਤ ਕਬੀਰ ਸਕੂਲ 'ਚ ਈਕੋ ਕਲੱਬ ਨੇ ਧਰਤੀ ਦਿਵਸ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ ਕਾਨਵੈਂਟ ਸਕੂਲ ਵਿਖੇ ਈਕੋ ਕਲੱਬ ਵੱਲੋਂ ਧਰਤੀ ਦਿਵਸ ਮਨਾਇਆ ਗਿਆ। ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦੇ ਆਯੋਜਨ ਦੌਰਾਨ ਕਲੱਬ ਦੇ ਮੈਂਬਰਾਂ ਵੱਲੋਂ ਧਰਤੀ ਦਿਵਸ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਛੇਵੀਂ ਤੋਂ ਬਾਰਵੀਂ ਜਮਾਤ ਦੇ ਬੱਚਿਆਂ ਵਿੱਚ 'ਧਰਤੀ ਦਿਵਸ ਮਨਾਉਣ ਦੀ ਲੋੜ ਕਿਉਂ ਹੈ' ਵਿਸ਼ੇ 'ਤੇ ਲੇਖ ਮੁਕਾਬਲੇ ਕਰਵਾਏ ਗਏ ਤੇ ਵਿਦਿਆਰਥੀਆਂ ਨੇ ਇਸ ਬਾਰੇ ਆਪਣੇ ਵਿਚਾਰ ਵੀ ਪ੍ਰਗਟਾਏ। ਚੌਥੀ ਜਮਾਤ ਦੇ ਵਿਦਿਆਰਥੀਆਂ ਲਈ 'ਨੇਚਰ ਵਾਕ' ਕਰਵਾਈ ਗਈ, ਜਿਸ ਵਿੱਚ ਉਨ੍ਹਾਂ ਵੱਖ-ਵੱਖ ਕਿਸਮ ਦੇ ਪੌਦਿਆਂ ਬਾਰੇ ਜਾਣਕਾਰੀ ਹਾਸਲ ਕੀਤੀ। ਵਿਦਿਆਰਥੀਆਂ ਨੇ ਚਾਰ 'ਆਰ' (ਰੀਸਾਈਕਲ, ਰੀਡਿਊਸ, ਰੀਯੂਜ਼, ਰੀਥਿੰਕ) ਨਿਯਮ ਨੂੰ ਧਿਆਨ ਵਿੱਚ ਰੱਖਦੇ ਹੋਏ ਪਲਾਸਟਿਕ, ਕਾਗਜ਼ ਤੇ ਗੱਤੇ ਆਦਿ ਦੀ ਵਰਤੋਂ ਕਰਕੇ ਸਜਾਵਟੀ ਵਸਤੂਆਂ, ਬਰਤਨ, ਬੱਚਿਆਂ ਦੇ ਖਿਡੌਣੇ ਆਦਿ ਬਣਾਏ। ਵਿਦਿਆਰਥੀਆਂ ਨੇ ਵਾਤਾਵਰਨ ਨੂੰ ਬਚਾਉਣ ਦਾ ਪ੍ਰਣ ਲਿਆ। ਸਕੂਲ ਦੇ ਐੱਮ. ਡੀ. ਪ੍ਰੋ. ਐੱਮ. ਐੱਲ. ਅਰੋੜਾ ਤੇ ਪ੍ਰਿੰਸੀਪਲ ਮੈਡਮ ਕੰਚਨ ਨੇ ਧਰਤੀ ਦਿਵਸ ਦੀ ਵਧਾਈ ਦਿੰਦੇ ਹੋਏ ਸਾਰਿਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ।

# ਵਿਧਾਇਕ ਬੁੱਧ ਰਾਮ ਨੇ ਦੁਕਾਨਦਾਰਾਂ ਤੋਂ ਵੋਟਾਂ ਮੰਗੀਆਂ



**ਬੋਹਾ (ਪੱਤਰ ਪ੍ਰੇਰਕ)**
ਆਮ ਆਦਮੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਵਿਧਾਇਕ ਬੁੱਧ ਰਾਮ ਨੇ ਲੋਕ ਸਭਾ ਖੇਤਰ ਬਠਿੰਡਾ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਦੇ ਹੱਕ ਵਿੱਚ ਦੁਕਾਨਾਂ 'ਤੇ ਜਾ ਕੇ ਵੋਟਾਂ ਮੰਗੀਆਂ।ਉਨ੍ਹਾਂ ਕਿਹਾ ਕਿ ਸਿਆਸਤ ਮਾੜੀ ਨਹੀਂ, ਪਰ ਸਿਆਸਤ 'ਚ ਗ਼ਲਤ ਵਿਅਕਤੀਆਂ ਦਾ ਪ੍ਰਵੇਸ਼ ਮਾੜਾ ਹੈ।ਲੋਕਾਂ ਦੀ ਭਲਾਈ ਲਈ ਸਿਆਸਤ ਕਰਨਾ ਮਾੜੀ ਗੱਲ ਨਹੀਂ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉੱਤਰ ਰਹੀ ਹੈ।

ਲੋਕ ਸਭਾ ਹਲਕਾ ਬਠਿੰਡਾ ਤੋਂ ਆਮ ਆਦਮੀ ਪਾਰਟੀ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਲੋਕ ਵੱਡੀ ਲੀਡ ਨਾਲ ਜਿਤਾ ਕੇ ਪਾਰਲੀਮੈਂਟ ਵਿੱਚ ਹਲਕੇ ਦੇ ਲੋਕਾਂ ਦੀ ਅਵਾਜ਼ ਬਣਾ ਕੇ ਭੇਜਣਗੇ।ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦੇ ਹੋਏ ਉਨ੍ਹਾਂ ਕਿਹਾ ਕਿ ਬੋਹਾ ਖੇਤਰ ਲਈ ਖੇਤੀਬਾੜੀ ਨੂੰ ਨਹਿਰੀ ਪਾਣੀ ਮੁਹੱਈਆ ਕਰਾਉਣ ਲਈ ਬੋਹਾ ਰਜਵਾਹਾ ਪੱਕਾ ਕਰਾਉਣਾ ਉਨ੍ਹਾਂ ਦਾ ਸੁਪਨਾ ਸੀ, ਜੋ ਹੁਣ ਮਾਨ ਸਰਕਾਰ 'ਚ ਜਾ ਕੇ ਪੂਰਾ ਹੋਇਆ ਹੈ।

ਇਸ ਇਲਾਕੇ ਦੀ ਮੁੱਢਲੀ ਲੋੜ ਪਾਣੀ ਹੈ, ਜਿਸ ਨੂੰ ਬੋਹਾ ਰਜਵਾਹੇ ਦੇ ਪੱਕਾ ਹੋਣ ਨਾਲ ਟੇਲਾਂ 'ਤੇ ਪਾਣੀ ਪਹੁੰਚਣ ਲੱਗਾ ਹੈ।ਭਾਈਚਾਰਕ ਸਾਂਝ ਵਧਾਉਣ ਲਈ ਹਰੇਕ ਵਰਗ ਨੂੰ 600 ਯੂਨਿਟ ਬਿਜਲੀ ਮੁਫ਼ਤ ਦਿੱਤੀ ਜਾ ਰਹੀ ਹੈ।ਬੇਰੁਜ਼ਗਾਰਾਂ ਨੂੰ ਮੈਰਿਟ ਦੇ ਅਧਾਰ ਤੇ ਬਿਨਾਂ ਸਿਫ਼ਾਰਸ਼ ਨੌਕਰੀਆਂ ਮਿਲੀਆਂ ਹਨ।ਉਨ੍ਹਾਂ ਦੱਸਿਆ ਕਿ ਲੋਕ ਸਭਾ ਹਲਕਾ ਬਠਿੰਡਾ ਤੋਂ ਗੁਰਮੀਤ ਸਿੰਘ ਖੁੱਡੀਆਂ ਇੱਕ ਦਰਵੇਸ਼ ਸਿਆਸਤਦਾਨ ਹਨ, ਜਿਨ੍ਹਾਂ ਦੇ ਪਰਵਾਰ ਨੇ ਸੇਵਾ ਭਾਵਨਾ ਨਾਲ ਸਿਆਸਤ ਕੀਤੀ ਹੈ ਤੇ ਕਰਦੇ ਆ ਰਹੇ ਹਨ।

# ਬੀ ਬੀ ਐੱਸ ਬੀ ਕਾਨਵੈਂਟ ਸਕੂਲ 'ਚ ਧਰਤੀ ਦਿਵਸ ਮਨਾਇਆ



**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਵਾਤਾਵਰਨ ਦੀ ਮਹੱਤਤਾ ਨੂੰ ਸਮਝਦੇ ਹੋਏ ਰੁੱਖ ਲਗਾਓ-ਧਰਤੀ ਬਚਾਓ ਦੇ ਉਦੇਸ਼ ਨਾਲ 'ਧਰਤੀ ਦਿਵਸ' ਮਨਾਇਆ ਗਿਆ। 'ਧਰਤੀ ਦਿਵਸ' ਦੀ ਮਹੱਤਤਾ ਦਸਦੇ ਹੋਏ ਸਭ ਤੋਂ ਪਹਿਲਾਂ ਅਧਿਆਪਕਾਂ ਦੁਆਰਾ ਵਿਦਿਆਰਥੀਆਂ ਨੂੰ ਵਾਤਾਵਰਨ ਦੀ ਸਵੱਛਤਾ ਤੇ ਪਾਣੀ ਦੀ ਸਾਡੇ ਜੀਵਨ ਵਿੱਚ ਮਹਾਨਤਾ ਬਾਰੇ ਜਾਣੂ ਕਰਵਾਇਆ ਗਿਆ।ਉਸ ਤੋਂ ਬਾਅਦ 'ਧਰਤੀ ਦਿਵਸ' ਨਾਲ ਸੰਬੰਧਤ ਵੱਖ-ਵੱਖ ਮੁਕਾਬਲੇ ਕਰਵਾਏ ਗਏ।ਛੋਟੇ ਬੱਚਿਆਂ ਦੁਆਰਾ ਡਰਾਇੰਗ ਤੇ ਪੇਂਟਿੰਗ ਵਿੱਚ ਭਾਗ ਲਿਆ ਗਿਆ।ਬਾਕੀ ਬੱਚਿਆਂ ਨੇ 'ਸਲੋਗਨ ਰਾਈਮਸ' ਤੇ ਚਾਰਟ ਮੇਕਿੰਗ ਮੁਕਾਬਲਿਆਂ ਵਿੱਚ ਭਾਗ ਲਿਆ।ਸਕੂਲ ਦੇ ਚੇਅਰਮੈਨ ਸਨੀ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਟਰ ਸ਼ਾਮ ਸੁੰਦਰ ਭਾਰਦਵਾਜ, ਜਨਰਲ ਸੈਕਰੇਟਰੀ ਅੰਜੂ ਬਾਲਾ, ਗਗਨਦੀਪ ਬਾਵਾ ਤੇ ਪ੍ਰਿੰਸੀਪਲ ਮਿਸਿਜ਼ ਮੋਨਾ ਠਾਕੁਰ ਨੇ ਸਮੂਹ ਵਿਦਿਆਰਥੀਆਂ ਨੂੰ ਸਾਡੇ ਜੀਵਨ ਵਿੱਚ ਪਾਣੀ ਤੇ ਸਵੱਛ ਵਾਤਾਵਰਨ ਦੀ ਮਹੱਤਤਾ ਨੂੰ ਦੱਸਦੇ ਹੋਏ ਬੱਚਿਆਂ ਨੂੰ ਆਪਣਾ ਆਲਾ-ਦੁਆਲਾ ਸਾਫ ਰੱਖਣ ਤੇ ਪਾਣੀ ਦੀ ਸੰਭਾਲ ਕਰਨ ਲਈ ਪ੍ਰੇਰਿਆ।

'ਜਲ ਹੀ ਜੀਵਨ ਹੈ' ਦੇ ਸਿਧਾਂਤ ਬਾਰੇ ਜਾਣੂ ਕਰਵਾਇਆ।ਇਸ ਦੇ ਨਾਲ ਹੀ ਪ੍ਰਿੰਸੀਪਲ ਮੋਨਾ ਠਾਕੁਰ ਨੇ ਕਿਹਾ ਕਿ ਤੁਹਾਨੂੰ ਸਾਰਿਆਂ ਨੂੰ ਘੱਟ ਤੋਂ ਘੱਟ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ।ਵੱਖੋ-ਵੱਖ ਮੁਕਾਬਲਿਆਂ ਵਿੱਚ ਜੇਤੂ ਬੱਚਿਆਂ ਨੂੰ ਪ੍ਰਿੰਸੀਪਲ ਮੋਨਾ ਠਾਕੁਰ ਤੇ ਸਮੂਹ ਮੈਨੇਜਮੈਂਟ ਨੇ ਇਨਾਮ ਤਕਸੀਮ ਕੀਤੇ।ਅੱਗੇ ਤੋਂ ਅਜਿਹੀਆਂ ਪ੍ਰਤੀਯੋਗਤਾਵਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਆ।ਉਨ੍ਹਾ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਵਾਤਾਵਰਨ ਦੀ ਸਵੱਛਤਾ ਲਈ ਪ੍ਰੇਰਿਆ।

# ਸਰਬੱਤ ਦਾ ਭਲਾ ਟਰੱਸਟ ਨੇ 55 ਲੋੜਵੰਦ ਪਰਵਾਰਾਂ ਨੂੰ ਵਿੱਤੀ ਮਦਦ ਦੇ ਚੈੱਕ ਵੰਡੇ



**ਮੱਖੂ (ਰਛਪਾਲ ਸਿੰਘ ਸੰਧੂ)**
ਪੂਰੀ ਦੁਨੀਆ ਵਿੱਚ ਰੱਬੀ ਰੂਹ ਵਜੋਂ ਜਾਣੇ ਜਾਂਦੇ ਸਮਾਜਸੇਵੀ ਤੇ ਦੁਬਈ ਦੇ ਉੱਘੇ ਕਾਰੋਬਾਰੀ ਡਾ. ਸੁਰਿੰਦਰਪਾਲ ਸਿੰਘ ਓਬਰਾਏ ਵੱਲੋਂ ਚਲਾਈ ਜਾ ਰਹੀ ਸਮਾਜਸੇਵੀ ਸੰਸਥਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਮਖੂ ਵਿਖੇ ਗੁਰਦੁਆਰਾ ਸਾਹਿਬ ਬਾਬਾ ਕਰਮ ਚੰਦ ਬਾਠਾਂ ਵਾਲਾ 'ਚ ਕਰਵਾਏ ਗਏ ਸਾਦੇ ਸਮਾਗਮ ਦੌਰਾਨ ਮਖੂ ਇਲਾਕੇ ਨਾਲ ਸਬੰਧਤ 55 ਜ਼ਰੂਰਤਮੰਦ, ਵਿਧਵਾਵਾਂ ਤੇ ਅੰਗਹੀਣ ਪਰਿਵਾਰਾਂ ਨੂੰ ਆਰਥਿਕ ਸਹਾਇਤਾ ਰਾਸ਼ੀ ਦੇ ਚੈੱਕ ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਮੈਡਮ ਅਮਰਜੀਤ ਕੌਰ ਛਾਬੜਾ, ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ, ਬਲਾਕ ਪ੍ਰਧਾਨ ਬਹਾਦਰ ਸਿੰਘ ਭੁੱਲਰ ਵੱਲੋਂ ਵੰਡੇ ਗਏ।ਇਸ ਮੌਕੇ ਸੰਸਥਾ ਦੇ ਮੈਂਬਰਾਂ ਤੇ ਸਾਰੇ ਪੈਨਸ਼ਨ ਧਾਰਕਾਂ ਵੱਲੋਂ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਕਤਨਾ, ਜੋ ਕਿ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਕੀਤੀਆਂ ਸੇਵਾਵਾਂ ਨੂੰ ਯਾਦ ਕੀਤਾ ਗਿਆ ਤੇ ਟੀਮ ਵੱਲੋਂ ਪ੍ਰਣ ਲਿਆ ਗਿਆ ਕਿ ਉਹ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਕਤਨਾ ਵੱਲੋਂ ਅਰੰਭੇ ਕਾਰਜਾਂ ਨੂੰ ਪੂਰੀ ਟੀਮ ਮਿਲ ਕੇ ਪੂਰਾ ਕਰਨਗੇ, ਇਹ ਉਨ੍ਹਾਂ ਨੂੰ ਸਾਡੇ ਵੱਲੋਂ ਸੱਚੀ ਸ਼ਰਧਾਂਜਲੀ ਹੋਵੇਗੀ।ਸੰਸਥਾ ਦੀ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਤੇ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਨੇ ਦੱਸਿਆ ਕਿ ਸੰਸਥਾ ਦੇ ਬਾਨੀ ਡਾ. ਓਬਰਾਏ ਵੱਲੋਂ ਲੰਮੇ ਸਮੇਂ ਤੋਂ ਲੋੜਵੰਦਾਂ ਦੀ ਭਲਾਈ ਦੇ ਕਾਰਜ ਬਿਨਾਂ ਕਿਸੇ ਤੋਂ ਮੱਦਦ ਲਏ ਆਪਣੀ ਕਿਰਤ ਕਮਾਈ 'ਚੋਂ ਲਗਾਤਾਰ ਆਰਥਿਕ ਸਹਾਇਤਾ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਫਿਰੋਜ਼ਪੁਰ ਜ਼ਿਲ੍ਹੇ ਅੰਦਰ ਪੰਜ ਅਧੁਨਿਕ ਸਹੂਲਤਾਂ ਵਾਲੀਆਂ ਮੈਡੀਕਲ ਲੈਬੋਰਟਰੀਆਂ, ਇੱਕ ਡਾਇਲਸਿਸ ਸੈਂਟਰ, ਐਂਬੂਲੈਂਸ, ਇੱਕ ਕੰਪਿਊਟਰ ਸੈਂਟਰ, ਸਿਲਾਈ ਸੈਂਟਰ ਤੇ ਦੋ ਸੌ ਦੇ ਕਰੀਬ ਲੋੜਵੰਦ ਪਰਿਵਾਰਾਂ ਦੀ ਮਹੀਨਾਵਾਰ ਆਰਥਿਕ ਸਹਾਇਤਾ ਕੀਤੀ ਜਾ ਰਹੀ ਹੈ ਅਤੇ ਅੱਗੇ ਹੋਰ ਵੀ ਕਈ ਲੋਕ ਭਲਾਈ ਦੇ ਕਾਰਜ ਸ਼ੁਰੂ ਕੀਤੇ ਜਾਣਗੇ।ਇਸ ਮੌਕੇ ਬਲਾਕ ਪ੍ਰਧਾਨ ਬਹਾਦਰ ਸਿੰਘ ਭੁੱਲਰ, ਕਿਰਨ ਪੇਂਟਰ ਤੇ ਮਨਪ੍ਰੀਤ ਸਿੰਘ ਕੰਪਿਊਟਰ ਟੀਚਰ ਸਮੇਤ ਹੋਰ ਪਤਵੰਤੇ ਮੌਜੂਦ ਸਨ।

# ਲੋਕ ਸੇਵਾ ਸੁਸਾਇਟੀ ਵੱਲੋਂ ਛੇ ਰੋਜ਼ਾ ਮੁਫ਼ਤ ਫਿਜ਼ੀਓਥਰੈਪੀ ਕੈਂਪ ਸ਼ੁਰੂ




**ਜਗਰਾਉਂ (ਸੰਜੀਵ ਅਰੋੜਾ)**-ਜਗਰਾਉਂ ਦੀ ਲੋਕ ਸੇਵਾ ਸੁਸਾਇਟੀ ਵੱਲੋਂ ਲਗਾਏ ਜਾ ਰਹੇ ਛੇ ਰੋਜ਼ਾ ਮੁਫ਼ਤ ਫਿਜ਼ੀਓਥਰੈਪੀ ਕੈਂਪ ਦਾ ਅੱਜ ਅਰੋੜਾ ਪ੍ਰਾਪਰਟੀ ਐਡਵਾਈਜ਼ਰ ਲਿੰਕ ਰੋਡ ਜਗਰਾਉਂ ਵਿਖੇ ਸ਼ੁਰੂ ਹੋਇਆ। ਇਸ ਮੌਕੇ ਸੋਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਨੋਹਰ ਸਿੰਘ ਟੱਕਰ, ਸੈਕਟਰੀ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਇਹ ਕੈਂਪ ਛੇ ਦਿਨ ਚਲਾਇਆ ਜਾਵੇਗਾ ਤੇ ਇਸ ਕੈਂਪ ਵਿੱਚ ਮਰੀਜ਼ ਦੁਪਹਿਰ 2 ਵਜੇ ਤੋਂ ਲੈ ਕੇ ਸ਼ਾਮ ਦੇ 6 ਵਜੇ ਤੱਕ ਆਪਣਾ ਇਲਾਜ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਡਾਕਟਰ ਰਜਤ ਖੰਨਾ ਸੇਵਾਵਾਂ ਨਿਭਾਅ ਰਹੇ ਹਨ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਡਿਸਕ, ਸਰਵਾਈਕਲ, ਅਧਰੰਗ, ਲਕਵਾ ਮੋਢਾ ਜਾਮ ਹੋਣਾ, ਹੱਥਾਂ ਪੈਰਾਂ ਦਾ ਸੁੰਨ ਹੋਣਾ, ਜੋੜਾਂ ਦਾ ਦਰਦ, ਗੋਡਿਆਂ ਦਾ ਦਰਦ, ਲੱਤਾਂ ਵਿੱਚ ਦਰਦ, ਹੱਡੀਆਂ ਦਾ ਵਧ ਜਾਣਾ, ਰੀੜ੍ਹ ਦੀ ਹੱਡੀ ਦਾ ਦਰਦ, ਕਮਰ ਦਰਦ ਦਾ ਇਲਾਜ ਮਸ਼ੀਨਾਂ ਨਾਲ ਬਿਨਾਂ ਪਲੱਸਤਰ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਟੁੱਟੀਆਂ ਤੇ ਉੱਤਰੀਆਂ ਹੱਡੀਆਂ, ਡਿਸਕ, ਸਰਵਾਈਕਲ, ਗਠੀਆ, ਮੋਢਾ ਜਾਮ ਹੋਣਾ, ਰੀੜ ਦੇ ਦਰਦ ਦਾ ਇਲਾਜ ਮਸਾਜ ਤੇ ਮਸ਼ੀਨਾਂ ਨਾਲ ਮੁਫ਼ਤ ਕੀਤਾ ਜਾਵੇਗਾ। ਇਸ ਮੌਕੇ ਡਾਕਟਰ ਰਜਤ ਖੰਨਾ ਨੇ ਮਰੀਜ਼ਾਂ ਨੂੰ ਅਪੀਲ ਕੀਤੀ ਕਿ ਉਹ ਕੈਂਪ ਦਾ ਲਾਹਾ ਜ਼ਰੂਰ ਲੈਣ।

ਇਸ ਮੌਕੇ ਸੁਸਾਇਟੀ ਦੇ ਵਾਈਸ ਚੇਅਰਮੈਨ ਸੁਖਜਿੰਦਰ ਸਿੰਘ ਢਿੱਲੋਂ, ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਸੀਨੀਅਰ ਵਾਈਸ ਪ੍ਰਧਾਨ ਰਜਿੰਦਰ ਜੈਨ ਕਾਕਾ, ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਕੈਪਟਨ ਨਰੇਸ਼ ਵਰਮਾ, ਜਸਵੰਤ ਸਿੰਘ, ਪ੍ਰੋਜੈਕਟ ਚੇਅਰਮੈਨ ਕੰਵਲ ਕੱਕੜ, ਪੀ ਆਰ ਓ ਸੁਖਦੇਵ ਗਰਗ, ਵਿਨੋਦ ਬਾਂਸਲ, ਪ੍ਰਸ਼ੋਤਮ ਅਗਰਵਾਲ, ਆਰ ਕੇ ਗੋਇਲ, ਯੋਗਰਾਜ ਗੋਇਲ, ਅਨਿਲ ਮਲਹੋਤਰਾ ਤੇ ਮੁਕੇਸ਼ ਗੁਪਤਾ ਆਦਿ ਹਾਜ਼ਰ ਸਨ।

24-April-PAGE-8-Doaba -24.qxd 4/23/2024 10:39 PM Page 1



# ਡਿਪਟੀ ਕਮਿਸ਼ਨਰ ਵੱਲੋਂ 'ਬੁੱਕ ਬੈਂਕ' ਰਾਹੀਂ ਵਿਦਿਆਰਥੀਆਂ ਨੂੰ ਤੁਰੰਤ ਕਿਤਾਬਾਂ ਮੁਹੱਈਆ ਕਰਵਾਉਣ ਦੇ ਨਿਰਦੇਸ਼




ਜਲੰਧਰ (ਸ਼ੈਲੀ ਐਲਬਰਟ)-ਨਵਾਂ ਵਿੱਦਿਅਕ ਸੈਸ਼ਨ 2024-25 ਸ਼ੁਰੂ ਹੋਣ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਵੇਂ ਵਿਦਿਅਕ ਸੈਸ਼ਨ ਲਈ ਕਿਤਾਬਾਂ ਦੀ ਵੰਡ ਤੋਂ ਬਕਾਇਆ ਰਹਿੰਦੇ ਸਕੂਲਾਂ ਨੂੰ ਬੁੱਕ ਬੈਂਕਾਂ ਰਾਹੀਂ ਤੁਰੰਤ ਕਿਤਾਬਾਂ ਮੁਹੱਈਆ ਕਰਵਾਈਆਂ ਜਾਣ ਤਾਂ ਜੋ ਬੱਚਿਆਂ ਦਾ ਪੜ੍ਹਾਈ ਪ੍ਰਭਾਵਿਤ ਨਾ ਹੋਵੇ।ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਿੱਖਿਆ ਵਿਭਾਗ ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਸਿੱਖਿਆ ਵਿਭਾਗ ਦੇ ਅਧਿਕਾਰੀ ਕਿਤਾਬਾਂ ਦੀ ਵੰਡ ਜਲਦ ਤੋਂ ਜਲਦ ਕਰਵਾਉਣ ਲਈ ਨਿੱਜੀ ਤੌਰ ਉੱਪਰ ਨਿਗਰਾਨੀ ਕਰਨ ਤਾਂ ਜੋ ਬੱਚਿਆਂ ਨੂੰ ਜਲਦ ਤੋਂ ਜਲਦ ਕਿਤਾਬਾਂ ਮੁਹੱਈਆ ਹੋ ਸਕਣ।ਸਕੂਲਾਂ ਵਿੱਚ ਮਿਡ-ਡੇ ਮੀਲ ਵਿੱਚ ਪਰੋਸੇ ਜਾਂਦੇ ਭੋਜਨ ਸਬੰਧੀ ਜਾਇਜ਼ਾ ਲੈਂਦਿਆਂ ਡਾ. ਹਿਮਾਸ਼ੂ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਪੌਸ਼ਟਿਕ ਭੋਜਨ ਦੇਣ ਨੂੰ ਪੂਰੀ ਤਰਜੀਹ ਦਿੱਤੀ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਮਿੱਡ-ਡੇ-ਮੀਲ ਤਹਿਤ ਪਰੋਸੇ ਜਾਂਦੇ ਭੋਜਨ ਦੀ ਗੁਣਵੱਤਾ ਅਤੇ ਖਾਣਾ ਬਣਾਉਣ ਵਾਲੀ ਥਾਂ ਦੀ ਸਾਫ-ਸਫਾਈ ਨੂੰ ਯਕੀਨੀ ਬਣਾਉਣ ਲਈ ਸਮੇਂ-ਸਮੇਂ 'ਤੇ ਸਕੂਲਾਂ ਦਾ ਦੌਰਾ ਕਰਨ ਦੇ ਵੀ ਨਿਰਦੇਸ਼ ਦਿੱਤੇ। ਸਕੂਲਾਂ ਵਿੱਚ ਸਾਫ਼-ਸਫਾਈ 'ਤੇ ਜ਼ੋਰ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਕੂਲਾਂ ਵਿਚਲੇ ਪਖਾਨੇ, ਪੀਣ ਵਾਲੇ ਪਾਣੀ, ਟੈਂਕੀਆਂ, ਰਸੋਈਆਂ ਆਦਿ ਦੀ ਸਾਫ-ਸਫਾਈ ਦਾ ਵਿਸ਼ੇਸ਼ ਖਿਆਲ ਰੱਖਿਆ ਜਾਵੇ।

ਉਨ੍ਹਾਂ ਇਹ ਵੀ ਕਿਹਾ ਕਿ ਬੱਚਿਆਂ ਦੀ ਸਿਹਤ ਸੰਭਾਲ ਲਈ ਸਿਹਤ ਵਿਭਾਗ ਵੱਲੋਂ ਲਗਾਤਾਰ ਸਿਹਤ ਜਾਂਚ ਯਕੀਨੀ ਬਣਾਈ ਜਾਵੇ ਅਤੇ ਲੋੜ ਅਨੁਸਾਰ ਇਲਾਜ ਮੁਹੱਈਆ ਕਰਵਾਇਆ ਜਾਵੇ।ਡਿਪਟੀ ਕਮਿਸ਼ਨਰ ਨੇ ਇਸ ਦੌਰਾਨ ਸਿੱਖਿਆ ਦੇ ਅਧਿਕਾਰ ਕਾਨੂੰਨ ਨੂੰ ਇੰਨ ਬਿੰਨ ਲਾਗੂ ਕਰਨ ਦੀਆਂ ਹਦਾਇਤਾਂ ਵੀ ਦਿੱਤੀਆਂ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਮੇਜਰ ਡਾ. ਅਮਿਤ ਮਹਾਜਨ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ।

# ਲੁੱਟ-ਖੋਹ ਤੇ ਚੋਰੀ ਦੀਆਂ ਵਾਰਦਾਤਾਂ ਕਰਨ ਵਾਲੇ ਗਰੋਹ ਦੇ 6 ਮੈਂਬਰ ਗ੍ਰਿਫ਼ਤਾਰ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਲਾ ਸ਼ਹੀਦ ਭਗਤ ਸਿੰਘ ਨਗਰ ਦੀ ਪੁਲਸ ਨੇ ਵੱਖ-ਵੱਖ ਮਾਮਲਿਆਂ 'ਚ ਲੁੱਟਾਂ-ਖੋਹਾਂ ਅਤੇ ਚੋਰੀ ਦੀਆਂ ਵਾਰਦਾਤਾਂ 'ਚ ਸ਼ਾਮਲ 6 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਕੇ ਉਨ੍ਹਾਂ ਦੇ ਕਬਜ਼ੇ 'ਚੋਂ 5 ਚੋਰੀ ਦੇ ਵਾਹਨ ਅਤੇ ਇੱਕ ਸੋਨੇ ਦੀ ਮੁੰਦਰੀ ਬਰਾਮਦ ਕੀਤੀ ਹੈ।ਡੀ. ਐੱਸ. ਪੀ. ਮਾਧਵੀ ਸ਼ਰਮਾ ਨੇ ਦੱਸਿਆ ਕਿ ਥਾਣਾ ਗੜ੍ਹਸ਼ੰਕਰ ਦੇ ਪਿੰਡ ਗੋਲੇਵਾਲ ਵਾਸੀ ਸਰਵਜੀਤ ਕੌਰ ਪਤਨੀ ਕੁਲਵਿੰਦਰ ਸਿੰਘ ਨੇ ਥਾਣਾ ਸਿਟੀ ਨਵਾਂਸ਼ਹਿਰ ਦੀ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਹ ਆਪਣੀ-ਜੇਠਾਣੀ ਹਰਵਿੰਦਰ ਨਾਲ ਆਪਣੇ ਪਿੰਡ ਤੋਂ ਗਈ ਸੀ। ਗੁਰਦੀਪ ਸਿੰਘ ਦੀ ਪਤਨੀ ਆਪਣੀ ਸਕੂਟਰੀ 'ਤੇ ਘਰ ਦਾ ਜ਼ਰੂਰੀ ਸਾਮਾਨ ਲੈਣ ਲਈ ਨਵਾਂਸ਼ਹਿਰ ਆਈ ਸੀ । ਜਦੋਂ ਉਹ ਖਰੀਦਦਾਰੀ ਕਰਕੇ ਵਾਪਸ ਆਪਣੇ ਪਿੰਡ ਜਾ ਰਹੀ ਸੀ ਤਾਂ ਪਿੰਡ ਅਲਾਚੌਰ ਨੇੜੇ ਪਿੱਛਿਓਂ ਆਏ ਬਾਈਕ ਦੋ ਸਵਾਰ 2 ਨੌਜਵਾਨਾਂ ਨੇ ਉਸਦੀ ਸਕੂਟਰੀ ਨਾਲ ਬਾਈਕ ਲਾ ਕੇ ਉਸਦੇ ਕੰਨਾਂ ਤੋਂ ਸੋਨੇ ਦੀਆਂ ਵਾਲੀਆਂ ਝਪਟ ਲਈਆਂ ਅਤੇ ਨਵਾਂਸ਼ਹਿਰ ਵੱਲ ਫ਼ਰਾਰ ਹੋ ਗਏ। ਪੁਲਸ ਨੇ ਹਰਜਿੰਦਰ ਸਿੰਘ ਉਰਫ਼ ਰਾਹੁਲ ਪੁੱਤਰ ਬੀਤਲ ਦਾਸ ਵਾਸੀ ਵਿਕਾਸ ਨਗਰ ਨਵਾਂਸ਼ਹਿਰ, ਪਿਊਸ਼ ਪੁੱਤਰ ਵਿਕਰਾਂਤ ਵਾਸੀ ਮਾਲੇਰਕੋਟਲਾ ਹਾਲ ਵਾਸੀ ਡਕੋਲੀ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਉਨ੍ਹਾਂ ਦੇ ਗਿਰੋਹ ਦੇ 2 ਹੋਰ ਮੈਂਬਰਾਂ ਤਰੁਣ ਕੁਮਾਰ ਉਰਫ਼ ਤੰਨੂ ਪੁੱਤਰ ਦੇਸਰਾਜ ਵਾਸੀਬਾਬਾ ਬੁੱਢਾ ਜੀ ਨਗਰ ਰਾਮਾ ਮੰਡੀ ਜਲੰਧਰ ਅਤੇ ਅਮਰਪ੍ਰੀਤ ਸਿੰਘ ਉਰਫ਼ ਅਮਰ ਪੁੱਤਰ ਪਰਮਜੀਤ ਸਿੰਘ ਵਾਸੀ ਪਿੰਡ ਸ਼ੇਖਮੱਟਾ ਹਾਜੀਪੁਰ ਜ਼ਿਲ੍ਹਾ ਹੁਸ਼ਿਆਰਪੁਰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਸ ਨੇ ਉਕਤ ਮੁਲਜ਼ਮਾਂ ਕੋਲੋਂ ਵਾਰਦਾਤ ਵਿਚ ਵਰਤੇ ਗਏ 2 ਮੋਟਰਸਾਈਕਲ, 1 ਬੁਲਟ ਮੋਟਰਸਾਈਕਲ ਅਤੇ ਇਕ ਐਕਟਿਵਾ ਅਤੇ ਔਰਤ ਕੋਲੋਂ ਖੋਹੀ ਗਈ ਸੋਨੇ ਦੀ ਵਾਲੀ ਬਰਾਮਦ ਕੀਤੀ ਹੈ।

ਡੀ. ਐੱਸ. ਪੀ. ਨੇ ਦੱਸਿਆ ਕਿ ਕਾਬੂ ਮੁਲਜ਼ਮਾਂ ਖਿਲਾਫ ਥਾਣਾ ਸਿਟੀ ਨਵਾਂਸ਼ਹਿਰ 'ਚ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਇਸੇ ਤਰ੍ਹਾਂ ਥਾਣੇ ਦੀ ਪੁਲਸ ਨੇ ਦੋ ਵੱਖ-ਵੱਖ ਮਾਮਲਿਆਂ 'ਚ ਸੁਰਮੁੱਖ ਸਿੰਘ ਉਰਫ਼ ਪੱਪੂ ਪੁੱਤਰ ਨਿਰਮਲ ਸਿੰਘ ਵਾਸੀ ਗੁਣਾਚੌਰ ਅਤੇ ਮਨਿੰਦਰਪਾਲ ਉਰਫ਼ ਬਿੱਟੂ ਪੁੱਤਰ ਚਮਨ ਲਾਲ ਵਾਸੀ ਪਿੰਡ ਖਹਿਰਾ ਭੱਟੀਆਂ ਥਾਣਾ ਫਿਲੌਰ ਨੂੰ ਗ੍ਰਿਫਤਾਰ ਕਰ ਕੇ ਉਨ੍ਹਾਂ ਦੇ ਕਬਜ਼ੇ 'ਚੋਂ ਇਕ ਮੋਬਾਈਲ ਬਰਾਮਦ ਕੀਤਾ ਹੈ। ਉਨ੍ਹਾਂ ਦੱਸਿਆ ਕਿ ਉਕਤ ਦੋਵਾਂ ਮੁਲਜ਼ਮਾਂ ਖਿਲਾਫ ਥਾਣਾ ਔੜ ਚ ਲੁੱਟ-ਖੋਹ ਦਾ ਕੇਸ ਵੀ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸੇ ਥਾਣੇ ਵਿਚ ਦਰਜ ਇਕ ਹੋਰ ਕੇਸ 'ਚ ਰਣਜੀਤ ਕੁਮਾਰ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ ਖੋਹੀ ਗਈ ਵਿਦੇਸ਼ੀ ਕਰੰਸੀ ਬਰਾਮਦ ਕਰ ਲਈ ਹੈ।ਇਸ ਮੌਕੇ ਥਾਣਾ ਸਿਟੀ ਨਵਾਂਸ਼ਹਿਰ ਦੇ ਐੱਸ. ਐੱਚ.ਓ. ਇੰਸਪੈਕਟਰ ਸੰਦੀਪ ਕੁਮਾਰ, ਥਾਣਾ ਰਾਹੋਂ ਦੇ ਐੱਸ. ਐੱਚ. ਓ.ਐਡੀਸ਼ਨਲ ਏ. ਐੱਸ. ਆਈ. ਸਤਨਾਮ ਸਿੰਘ ਸਮੇਤ ਹੋਰ ਪੁਲਸ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਗੌਰਮਿੰਟ ਟੀਚਰਜ਼ ਯੂਨੀਅਨ ਨੇ ਡੀ ਸੀ ਨੂੰ ਦਿੱਤਾ ਮੰਗ ਪੱਤਰ



**ਜਲੰਧਰ (ਰਾਜੇਸ਼ ਥਾਪਾ)** ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਜਲੰਧਰ ਦਾ ਵਫਦ ਪ੍ਰਧਾਨ ਅਤੇ ਸੂਬਾ ਪ੍ਰੈੱਸ ਸਕੱਤਰ ਕਰਨੈਲ ਫਿਲੌਰ ਅਤੇ ਸੂਬਾ ਸਹਾਇਕ ਪ੍ਰੈੱਸ ਸਕੱਤਰ ਗਣੇਸ਼ ਭਗਤ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਜਲੰਧਰ ਨੂੰ ਮਿਲਿਆ ਅਤੇ ਲੋਕ ਸਭਾ ਚੋਣਾਂ ਵਿੱਚ ਅਧਿਆਪਕਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਤੇ ਮਸਲਿਆਂ ਬਾਰੇ ਇੱਕ ਮੰਗ ਪੱਤਰ ਦੇ ਕੇ ਮੰਗ ਕੀਤੀ ਕਿ ਹੈਂਡੀਕੈਪਟ/ਕਰੋਨੀਕਲ ਬਿਮਾਰੀ ਤੋਂ ਪੀੜਤ ਮੁਲਾਜ਼ਮਾਂ, ਗਰਭਵਤੀ ਅਧਿਆਪਕਾਵਾਂ ਤੇ ਕਪਲ ਕੇਸ ਵਿੱਚ ਪਤਨੀ ਨੂੰ ਚੋਣ ਡਿਊਟੀ ਤੋਂ ਛੋਟ ਦੇਣ ਦੀ ਕਿਰਪਾਲਤਾ ਕੀਤੀ ਜਾਵੇ। ਵੋਟਾਂ ਦੇ ਸਾਰੇ ਪ੍ਰਬੰਧ (ਜਿਵੇਂ ਚੋਣ ਸਮੱਗਰੀ ਦੇਣ ਅਤੇ ਚੋਣ ਸਮੱਗਰੀ ਜਮਾਂ ਕਰਵਾਉਣ) ਸੁਚਾਰੂ ਅਤੇ ਸਰਲ ਢੰਗ ਨਾਲ ਕੀਤੇ ਜਾਣ ਤਾਂ ਜੋ ਮੁਲਾਜਮ ਖੱਜਲ ਖੁਆਰੀ ਤੋਂ ਬਚ ਸਕਣ। ਸਮਾਨ ਜਮ੍ਹਾਂ ਕਰਵਾਉਣ ਲਈ ਜ਼ਿਆਦਾ ਕਾਊਟਰ ਬਣਾਏ ਜਾਣ ਤੇ ਸਮਾਨ ਜਮਾਂ ਕਰਵਾਉਣ ਸੰਬੰਧੀ ਹਦਾਇਤਾਂ ਸਮਾਨ ਦੇਣ ਸਮੇਂ ਲਿਖਤੀ ਰੂਪ ਵਿੱਚ ਪਹਿਲਾਂ ਹੀ ਦਿੱਤੀਆਂ ਜਾਣ, ਲੋਕ ਸਭਾ ਚੋਣਾਂ ਵਿੱਚ ਡਿਊਟੀ ਕਰ ਰਹੇ ਰਿਜ਼ਰਵ ਸਟਾਫ਼ ਨੂੰ ਵੀ ਮਾਣ ਭੱਤਾ ਦੇਣਾ ਯਕੀਨੀ ਬਣਾਇਆ ਜਾਵੇ,ਐਕਸ ਇੰਡੀਆ ਲੀਵ ਮਨਜ਼ੂਰ ਅਤੇ ਵਿਦੇਸ਼ ਜਾਣ ਦੀਆਂ ਟਿਕਟਾਂ ਬੁੱਕ ਕਰਾ ਚੁੱਕੇ ਮੁਲਾਜ਼ਮਾਂ ਨੂੰ ਚੋਣ ਡਿਊਟੀ ਤੋਂ ਛੋਟ ਦਿੱਤੀ ਜਾਵੇ, ਅਧਿਆਪਕਾਂ ਦੀਆਂ ਚੋਣ ਡਿਊਟੀਆਂ ਉਹਨਾਂ ਦੀ ਜੱਦੀ ਰਿਹਾਇਸ਼ ਦੇ ਨੇੜੇ ਲਗਾਈਆਂ ਜਾਣ, ਵਿਧਵਾ/ਤਲਾਕਸ਼ੁਦਾ ਇਸਤਰੀ ਅਧਿਆਪਕਾਵਾਂ ਨੂੰ ਚੋਣ ਡਿਊਟੀ ਤੋਂ ਛੋਟ ਦਿੱਤੀ ਜਾਵੇ, ਚੋਣ ਰਿਹਰਸਲ ਲੋਕਲ ਪੱਧਰ 'ਤੇ ਲਗਾਈ ਜਾਵੇ ,ਜਿਸ ਅਧਿਆਪਕ/ ਮੁਲਾਜ਼ਮ ਦੀ ਡਿਊਟੀ ਪਹਿਲਾਂ ਤੋਂ ਹੀ ਕਿਸੇ ਹੋਰ ਚੋਣ ਦੇ ਕੰਮ ਵਿੱਚ ਲੱਗੀ ਹੈ, ਉਹਨਾਂ ਨੂੰ ਇੱਕੋ ਡਿਊਟੀ 'ਤੇ ਰੱਖਿਆ ਜਾਵੇ, ਚੋਣ ਅਮਲੇ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ ਆਦਿ। ਇਸ ਸਮੇਂ ਸੁਖਵਿੰਦਰ ਸਿੰਘ ਮੱਕੜ, ,ਨਿਰਮੋਲਕ ਸਿੰਘ ਹੀਰਾ, ਰਗਜੀਤ ਸਿੰਘ,ਕੁਲਦੀਪ ਸਿੰਘ ਕੌੜਾ, ਵਿਨੋਦ ਭੱਟੀ, ਹਰਮਨਜੋਤ ਸਿੰਘ ਵਾਲੀਆ, ਗੁਰਮੇਲ ਸਿੰਘ, ਜੋਗਿੰਦਰ ਸਿੰਘ ਜੋਗੀ, ਬਲਵੀਰ ਭਗਤ, ਜਤਿੰਦਰ ਸਿੰਘ, ਗੁਰਿੰਦਰ ਸਿੰਘ, ਸ਼ੁਸ਼ੀਲ ਕੁਮਾਰ ਫਿਲੌਰ, ਜਗਦੀਪ ਸਿੰਘ ਫਿਲੌਰ, ਰਣਜੀਤ ਸਿੰਘ ਭੋਗਪੁਰ,ਕਮਲ ਫਿਲੌਰ, ਬਲਵੀਰ ਭਗਤ,ਵੇਦ ਰਾਜ, ਵਰਿੰਦਰ ਸਿੰਘ ਭੋਗਪੁਰ,ਗੀਤਾ ਰਾਣੀ ਅਲਾਵਲਪੁਰ, ਕਵਿਤਾ ਅਲਾਵਲਪੁਰ, ਕਰਮਜੀਤ ਕੌਰ ਅਲਾਵਲਪੁਰ ਆਦਿ ਹਾਜ਼ਰ ਸਨ।

# ਸੰਗਤਾਂ ਨੂੰ ਕਰਵਾਏ ਧਾਰਮਕ ਅਸਥਾਨਾਂ ਦੇ ਦਰਸ਼ਨ




ਫਗਵਾੜਾ (ਜਸਵਿੰਦਰ ਢੱਡਾ) ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਸੇਵਕ ਸਭਾ ਰਜਿ. ਰੇਲ ਕੋਚ ਫੈਕਟਰੀ, ਕਪੂਰਥਲਾ ਦੇ ਜਨਰਲ ਸਕੱਤਰ ਝਲਮਣ ਸਿੰਘ, ਕੈਸ਼ੀਅਰ ਰੂਪ ਲਾਲ, ਸਾਬਕਾ ਪ੍ਰਧਾਨ ਅਮਰਜੀਤ ਸਿੰਘ ਮੱਲ ਅਤੇ ਸਾਬਕਾ ਪ੍ਰਧਾਨ ਕ੍ਰਿਸ਼ਨ ਸਿੰਘ ਦੀ ਅਗਵਾਈ ਹੇਠ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਇਤਿਹਾਸਕ ਚਰਨ ਛੋਹ ਪ੍ਰਾਪਤ ਧਰਤੀ ਸ਼੍ਰੀ ਖੁਰਾਲਗੜ੍ਹ ਸਾਹਿਬ ਅਤੇ ਖਾਲਸਾ ਪੰਥ ਸਾਜਨਾ ਦੇ ਪਵਿੱਤਰ ਅਸਥਾਨ ਸ੍ਰੀ ਅਨੰਦਪੁਰ ਸਾਹਿਬ ਲਈ ਆਰ.ਸੀ.ਐਫ ਤੋਂ ਦੋ ਬੱਸਾਂ ਯਾਤਰਾ ਲਈ ਸੰਗਤਾਂ ਨੂੰ ਲਿਜਾਇਆ ਗਿਆ। ਝਲਮਣ ਸਿੰਘ ਨੇ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਸੰਗਤਾਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸੰਗਤਾਂ ਨੂੰ ਦਰਸ਼ਨ ਕਰਨ ਲਈ ਲਿਜਾਇਆ ਜਾਂਦਾ ਹੈ ਅਤੇ ਭਵਿੱਖ ਵਿੱਚ ਵੀ ਇਹ ਯਾਤਰਾ ਜਾਰੀ ਰੱਖੀ ਜਾਵੇਗੀ।ਇਸ ਮੌਕੇ ਸਾਬਕਾ ਪ੍ਰਧਾਨ ਅਮਰਜੀਤ ਸਿੰਘ ਮੱਲ ਅਤੇ ਸਾਬਕਾ ਪ੍ਰਧਾਨ ਕ੍ਰਿਸ਼ਨ ਸਿੰਘ ਅਤੇ ਸਾਬਕਾ ਜਨਰਲ ਸਕੱਤਰ ਮਨਜੀਤ ਸਿੰਘ ਕੈਲਪੁਰੀਆ ਨੇ ਸੰਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਧਾਰਮਿਕ ਸਥਾਨਾਂ ਦੀ ਸਾਡੇ ਜੀਵਨ ਵਿੱਚ ਬਹੁਤ ਮਹੱਤਵ ਹੈ, ਧਾਰਮਿਕ ਸਥਾਨਾਂ ਦੇ ਦਰਸ਼ਨ ਕਰਕੇ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਮਾਰਗ ਦਰਸ਼ਕ ਦਾ ਕੰਮ ਕਰ ਸਕਦੇ ਹਾਂ। ਜਿਹੜੇ ਲੋਕ ਆਪਣੇ ਇਤਿਹਾਸ ਨੂੰ ਨਹੀਂ ਜਾਣਦੇ ਉਹ ਭਵਿੱਖ ਦਾ ਨਿਰਮਾਣ ਨਹੀਂ ਕਰ ਸਕਦੇ। ਇਸ ਯਾਤਰਾ ਦਾ ਸ੍ਰੀਮਾਨ 108 ਸੰਤ ਮਹਿੰਦਰ ਪਾਲ ਪੰਡਵਾ ਚੇਅਰਮੈਨ ਸਾਧੂ ਸੰਪਰਦਾਇ ਸੋਸਾਇਟੀ ਪੰਜਾਬ ਵੱਲੋਂ ਸਵਾਗਤ ਕੀਤਾ ਗਿਆ ਅਤੇ ਸੰਗਤ ਨੂੰ ਲੰਗਰ ਵਰਤਾਇਆ ਗਿਆ। ਉਨ੍ਹਾਂ ਨੇ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਗੁਰੂ ਮਹਾਰਾਜ ਦੇ ਇਤਿਹਾਸ ਨਾਲ ਜੋੜਿਆ ਅਤੇ ਉਨ੍ਹਾਂ ਦੀ ਸਫ਼ਲ ਯਾਤਰਾ ਦੀ ਕਾਮਨਾ ਕੀਤੀ। ਯਾਤਰਾ ਦੇ ਪ੍ਰਬੰਧਕਾਂ ਨੂੰ ਡੇਰੇ ਦੀ ਤਰਫੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਬਾਅਦ ਆਯੁਰਵੈਦਿਕ ਪ੍ਰੈਕਟੀਸ਼ਨਰ ਵੈਲਫੇਅਰ ਸੁਸਾਇਟੀ ਗੜ੍ਹਸ਼ੰਕਰ ਦੇ ਪ੍ਰਧਾਨ ਡਾ. ਹਰਭਜ ਮਹਿਮੀ, ਚੇਅਰਮੈਨ ਡਾ. ਜੋਗਿੰਦਰ ਸਿੰਘ ਅਤੇ ਜਨਰਲ ਸਕੱਤਰ ਡਾ. ਹਰਭਜਨ ਸਿੰਘ ਨੇ ਯਾਤਰਾ 'ਤੇ ਜਾਣ ਵਾਲਿਆਂ ਲਈ ਚਾਹ-ਪਕੌੜਿਆਂ ਦੇ ਲੰਗਰਾਂ ਦਾ ਪ੍ਰਬੰਧ ਕੀਤਾ । ਸਮਾਜ ਸੇਵੀ ਡਾ. ਜਨਕ ਰਾਜ ਭੁਲਾਨਾ ਨੇ ਸੰਗਤ ਨੂੰ ਕੋਲਡ ਡਰਿੰਕ ਦੀ ਸੇਵਾ ਕੀਤੀ।ਯਾਤਰਾ ਨੂੰ ਸਫਲ ਬਣਾਉਣ ਲਈ ਸਹਾਇਕ ਸਕੱਤਰ ਤ੍ਰਿਲੋਚਨ ਸਿੰਘ, ਸਹਾਇਕ ਕੈਸ਼ੀਅਰ ਰਣਜੀਤ ਸਿੰਘ ਖਾਲਸਾ, ਸਾਬਕਾ ਕੈਸ਼ੀਅਰ ਕੁਲਵਿੰਦਰ ਸਿੰਘ ਸਿਵੀਆ, ਸਤਪਾਲ, ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਸੁਸਾਇਟੀ ਦੇ ਜਨਰਲ ਸਕੱਤਰ ਧਰਮ ਪਾਲ ਪੈਂਥਰ, ਕਸ਼ਮੀਰ ਸਿੰਘ, ਆਡੀਟਰ ਰਾਮਸ਼ਰਨ, ਪ੍ਰਨੀਸ਼ ਕੁਮਾਰ, ਸਤਪਾਲ, ਜੱਸੀ ਭਿੰਡਰ, ਕਰਨੈਲ ਸਿੰਘ, ਲਾਜਪਤ ਰਾਏ ਅਤੇ ਹਰਚਰਨ ਸਿੰਘ ਆਦਿ ਨੇ ਅਹਿਮ ਭੂਮਿਕਾ ਨਿਭਾਈ ।

# 'ਇਸ ਵਾਰ 70 ਪਾਰ' ਨੂੰ ਬਿਆਨਦਾ ਪੋਡਕਾਸਟ ਦਾ ਦੂਜਾ ਐਪੀਸੋਡ ਰਿਲੀਜ਼

ਚੰਡੀਗੜ੍ਹ, (ਗੁਰਜੀਤ ਬਿੱਲਾ)–ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਵੱਲੋਂ ਸ਼ੁਰੂ ਕੀਤੇ ਗਏ ਪੋਡਕਾਸਟ ਦਾ ਦੂਜਾ ਐਪੀਸੋਡ ਸੋਸ਼ਲ ਮੀਡੀਆ ਦੇ ਅਧਿਕਾਰਤ ਪੇਜ਼ਾਂ (ਫੇਸਬੁੱਕ, ਇੰਸਟਾਗ੍ਰਾਮ, ਐਕਸ ਅਤੇ ਯੂ ਟਿਊਬ) 'ਤੇ ਰਿਲੀਜ਼ ਕਰ ਦਿੱਤਾ ਗਿਆ ਹੈ। ਇਸ ਐਪੀਸੋਡ ਵਿੱਚ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਲੋਕ ਸਭਾ ਚੋਣਾਂ–2024 ਵਿੱਚ 'ਇਸ ਵਾਰ 70 ਪਾਰ ਦੇ ਟੀਚੇ' ਨੂੰ ਪ੍ਰਾਪਤ ਕਰਨ ਲਈ ਚੁੱਕੇ ਜਾ ਰਹੇ ਕਦਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਹੈ। ਸਿਬਿਨ ਸੀ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ 'ਇਸ ਵਾਰ 70 ਪਾਰ' ਦਾ ਟੀਚਾ ਮਿੱਥਿਆ ਗਿਆ ਹੈ, ਜਿਸ ਨੂੰ ਪ੍ਰਾਪਤ ਕਰਨ ਲਈ ਸਾਰੇ ਜ਼ਿਲ੍ਹਿਆਂ ਵਿੱਚ ਵੱਡੇ ਪੱਧਰ 'ਤੇ ਜਾਗਰੂਕਤਾ ਮੁਹਿੰਮਾਂ ਚੱਲ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਇਨ੍ਹਾਂ ਮੁਹਿੰਮਾਂ ਦੌਰਾਨ ਵੋਟਰਾਂ ਨੂੰ ਬਿਨਾਂ ਕਿਸੇ ਦਬਾਅ ਅਤੇ ਨਿਰਪੱਖ ਤਰੀਕੇ ਨਾਲ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਆ ਜਾ ਰਿਹਾ ਹੈ ਤਾਂ ਜੋ ਲੋਕੰਤਤਰ ਦੇ ਇਸ ਸਭ ਤੋਂ ਵੱਡੇ ਤਿਉਹਾਰ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਚੋਣਾਂ ਵਿੱਚ ਨੌਜਵਾਨ ਵੋਟਰਾਂ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਸੋਸ਼ਲ ਮੀਡੀਆ ਉੱਤੇ ਚਲਾਈਆਂ ਜਾ ਰਹੀਆਂ ਵਿਸ਼ੇਸ਼ ਮੁਹਿੰਮਾਂ ਦਾ ਵੀ ਜ਼ਿਕਰ ਕੀਤਾ। ਸਿਬਿਨ ਸੀ ਨੇ ਪੋਡਕਾਸਟ ਵਿੱਚ ਇਸ ਵਾਰ ਵੋਟਿੰਗ ਦੇ ਸਮੁੱਚੇ ਤਜ਼ਰਬੇ ਨੂੰ ਅਨੰਦਦਾਇਕ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਬਹੁਤ ਸਪੱਸ਼ਟ ਤਰੀਕੇ ਨਾਲ ਦੱਸਿਆ ਹੈ ਅਤੇ ਵੋਟਰਾਂ ਦੀ ਸਹੂਲਤ ਲਈ ਕੀਤੇ ਗਏ ਪ੍ਰਬੰਧਾਂ ਉੱਤੇ ਵੀ ਚਾਨਣਾ ਪਾਇਆ ਹੈ। ਜ਼ਿਕਰਯੋਗ ਹੈ ਕਿ ਪੋਡਕਾਸਟ ਦੇ ਪਹਿਲੇ ਐਪੀਸੋਡ ਵਿੱਚ ਮੁੱਖ ਚੋਣ ਅਧਿਕਾਰੀ ਵੱਲੋਂ ਸੀ-ਵਿਜ਼ਲ ਐਪਲੀਕੇਸ਼ਨ ਬਾਰੇ ਜਾਣਕਾਰੀ ਦਿੱਤੀ ਗਈ ਸੀ।

# ਫੁਲਵਾੜੀ ਪਬਲਿਕ ਸਕੂਲ 'ਚ 'ਵਿਸ਼ਵ ਧਰਤੀ ਦਿਵਸ' ਸੰਬੰਧੀ ਵਿਸ਼ੇਸ਼ ਸੈਮੀਨਾਰ



**ਲੋਹੀਆਂ ਖਾਸ (ਯੋਗੇਸ਼ਵਰ)** : ਪੂਰੇ ਸੰਸਾਰ ਵਿੱਚ ਵਿਸ਼ਵ ਧਰਤ ਦਿਵਸ ਵਜੋਂ ਮਨਾਇਆ ਜਾ ਰਿਹਾ ਹੈ, ਉਥੇ ਫੁਲਵਾੜੀ ਪਬਲਿਕ ਸਕੂਲ ਨੇ ਵੀ ਆਪਣੀਆਂ ਗਤੀਵਿਧੀਆਂ ਨੂੰ ਲਗਾਤਾਰ ਜਾਰੀ ਰੱਖਦਿਆਂ ਹੋਇਆ ਸਕੂਲ ਦੇ ਵਿਹੜੇ ਵਿੱਚ ਵਿਸ਼ਵ 'ਧਰਤੀ ਦਿਵਸ' ਸੰਬੰਧੀ ਵਿਸ਼ੇਸ਼ ਸੈਮੀਨਾਰ ਕਰਵਾਇਆ। ਇਸ ਸਮਾਗਮ ਵਿੱਚ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਵਧ-ਚੜ੍ਹ ਕੇ ਹਿੱਸਾ ਲਿਆ। ਲਗਭਗ 70 ਵਿਦਿਆਰਥੀਆਂ ਨੇ ਧਰਤੀ ਤੇ ਹੋ ਰਹੇ ਅੰਨ੍ਹੇਵਾਹ ਪ੍ਰਦੂਸ਼ਣ ਨੂੰ ਰੋਕਣ ਲਈ ਵੱਖ-ਵੱਖ ਢੰਗਾਂ ਨਾਲ ਚਾਰਟ ਤਿਆਰ ਕਰਕੇ ਇਸ ਪ੍ਰੋਗਰਾਮ ਨੂੰ ਚਾਰ ਚੰਦ ਲਾਏ। ਰਾਧਿਕਾ, ਗੁਰਨੂਰ, ਨਵਨੀਤ ਨੇ ਆਪਣੇ ਭਾਸ਼ਣ ਵਿੱਚ ਜੋਰਦਾਰ ਢੰਗ ਨਾਲ ਧਰਤੀ 'ਤੇ ਹੋ ਰਹੀ ਰੁੱਖਾਂ ਦੀ ਕਟਾਈ ਨੂੰ ਕੋਸਿਆ। ਬਨਤਾਪ ਕੌਰ, ਇਬਾਦਤਨੂਰ ਸਿੰਘ, ਖੁਸ਼ੀ ਢੰਡ ਨੇ ਆਪਣੀਆਂ ਕਵਿਤਾਵਾਂ ਰਾਹੀਂ ਹਵਾ, ਪਾਣੀ ਅਤੇ ਕੁਦਰਤੀ ਪ੍ਰਕਿਰਤੀ ਨੂੰ ਬਚਾਉਣ ਲਈ ਪ੍ਰੇਰਿਆ। ਪ੍ਰਦੀਪ ਕੁਮਾਰ ਮਹਿਤਾ ਨੇ ਪਲਾਸਟਿਕ ਅਤੇ ਡਿਪੋਜੇਬਲ ਦੀ ਲੋੜ ਤੋਂ ਵੱਧ ਹੋ ਰਹੀ ਵਰਤੋਂ ਤੇ ਕਰੜੇ ਸ਼ਬਦਾਂ ਵਿੱਚ ਰੋਸ ਜਾਹਿਰ ਕੀਤਾ। ਉਨ੍ਹਾਂ ਨੇ ਕਿਹਾ ਕਿ ਵਿਭਿੰਨ ਤਰ੍ਹਾਂ ਦੀ ਪ੍ਰਦੂਸ਼ਣਾਂ ਕਾਰਨ ਸੈਂਕੜੇ ਲੋਕੀ ਤੜਫ-ਤੜਫ ਕੇ ਮਰ ਰਹੇ, ਬੱਚੇ ਸਮੇਂ ਤੋਂ ਪਹਿਲਾਂ ਬੁੱਢੇ ਹੋ ਰਹੇ ਹਨ, ਸਾਹ, ਦਿਲ ਅਤੇ ਚਮੜੀ ਦੀਆਂ ਬਿਮਾਰੀਆਂ ਦਿਨੋਂ-ਦਿਨ ਸਾਨੂੰ ਆਪਣੀ ਲਪੇਟ ਵਿੱਚ ਲੈ ਰਹੀਆਂ ਹਨ। ਪਲਾਸਟਿਕ ਦੀ ਵਰਤੋਂ ਕਾਰਨ ਹੀ ਸਾਡੇ ਸਮਾਜ ਵਿੱਚ ਕੈਂਸਰ ਜਿਹੀ ਬਿਮਾਰੀ ਵੀ ਵਧ ਰਹੀ ਹੈ। ਅੰਤ ਵਿੱਚ ਉਨ੍ਹਾਂ ਨੇ ਆਪਣੇ ਸ਼ਬਦਾਂ ਵਿੱਚ ਬੱਚਿਆਂ ਨੂੰ ਸੰਬੋਧਤ ਹੁੰਦੇ ਹੋਏ ਧਰਤੀ ਤੇ ਵਧ ਰਹੇ ਹਰ ਤਰ੍ਹਾਂ ਦੇ ਪ੍ਰਦੂਸ਼ਣ ਨੂੰ ਰੋਕਣ 'ਤੇ ਜ਼ੋਰ ਦਿੱਤਾ। ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਧਰਤੀ ਦਿਵਸ ਸਮੇਂ ਹਰ ਤਰ੍ਹਾਂ ਦੇ ਪ੍ਰਦੂਸ਼ਣ ਨੂੰ ਘੱਟ ਕਰਨ ਲਈ ਵੱਧ ਤੋਂ ਵੱਧ ਰੁੱਖ ਲਾਉਣ ਲਈ ਅਤੇ ਪਲਾਸਟਿਕ ਦੀ ਵਰਤੋਂ ਘੱਟ ਕਰਨ ਲਈ ਪ੍ਰਣ ਲਿਆ।

ਇਸ ਮੌਕੇ ਮੈਨੇਜਰ ਜਗੀਰ ਜੋਸਣ, ਡਾਇਰੈਕਟਰ ਮੈਡਮ ਗੁਰਬਖ਼ਸ਼ ਕੌਰ, ਪ੍ਰਿੰਸੀਪਲ ਲਖਬੀਰ ਸਿੰਘ, ਕੋਆਰਡੀਨੇਟਰ ਹਰਪ੍ਰੀਤ ਕੌਰ, ਮਾ: ਰਣਜੀਤ ਸਿੰਘ ਰਾਣਾ, ਰਮੇਸ਼ ਸ਼ਰਮਾ, ਅਮਰਜੀਤ ਸਿੰਘ ਖੋਸਾ, ਪ੍ਰਦੀਪ ਕੁਮਾਰ ਮਹਿਤਾ, ਸਰਬਜੀਤ ਸਿੰਘ, ਰੀਟਾ ਵਿੱਜ, ਰੁਪਿੰਦਰ ਕੌਰ, ਜਗਦੀਪ ਕੌਰ, ਪਰਮਿੰਦਰ ਕੌਰ, ਹਰਵਿੰਦਰ ਕੌਰ, ਨਿਤਾਸ਼ਾ, ਅਮਨਦੀਪ ਕੌਰ, ਤਜਿੰਦਰ ਕੌਰ ਸਮੇਤ ਆਦਿ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਮੰਡੀਆਂ 'ਚ ਥਾਂ ਦੀ ਤੰਗੀ ਤੋਂ ਬਚਣ ਲਈ ਲਿਫਟਿੰਗ ਕਾਰਜਾਂ ਨੂੰ ਤੇਜ਼ ਕੀਤਾ ਜਾਵੇ : ਏ ਡੀ ਸੀ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)-ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਬਰਸਾਤ ਤੋਂ ਬਾਅਦ ਪ੍ਰਭਾਵਿਤ ਹੋਏ ਲਿਫਟਿੰਗ ਦੇ ਕੰਮ ਵਿੱਚ ਤੇਜ਼ੀ ਲਿਆਉਣ ਲਈ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀਮਤੀ ਸੋਨਮ ਚੌਧਰੀ ਨੇ ਐਸ ਪੀ (ਟਰੈਫਿਕ) ਐਚ ਐਸ ਮਾਨ ਨਾਲ ਭਾਗੋ ਮਾਜਰਾ ਅਤੇ ਖਰੜ ਮੰਡੀਆਂ ਦਾ ਦੌਰਾ ਕੀਤਾ।ਉਨ੍ਹਾਂ ਖਰੀਦ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਉਹ ਅਨਾਜ ਮੰਡੀਆਂ ਵਿੱਚ ਥਾਂ ਦੀ ਕਮੀ ਤੋਂ ਬਚਣ ਲਈ ਲਿਫਟਿੰਗ ਦੇ ਕੰਮ ਵਿੱਚ ਤੇਜ਼ੀ ਲਿਆਉਣ। ਉਨ੍ਹਾਂ ਕਿਹਾ ਕਿ ਭਾਗੋਮਾਜਰਾ ਮੰਡੀ ਜਿੱਥੇ ਲਿਫਟਿੰਗ ਦਾ ਕੰਮ ਢਿੱਲਾ ਸੀ, ਨੂੰ ਤੇਜ਼ ਕਰ ਦਿੱਤਾ ਗਿਆ ਹੈ।

ਇਸੇ ਤਰ੍ਹਾਂ ਖਰੜ ਮੰਡੀ ਵਿਖੇ ਲਿਫਟਿੰਗ ਅਤੇ ਜਗ੍ਹਾ ਨਾਲ ਸਬੰਧਤ ਮਸਲਿਆਂ ਦਾ ਨਿਪਟਾਰਾ ਕਰ ਦਿੱਤਾ ਗਿਆ ਹੈ ਅਤੇ ਕਮਿਸ਼ਨ ਏਜੰਟਾਂ ਨੂੰ ਹੁਣ ਤੋਂ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪਵੇਗਾ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 57823 ਮੀਟਰਿਕ ਟਨ ਦੀ ਆਮਦ ਦਰਜ ਕੀਤੀ ਗਈ ਹੈ, ਜਿਸ ਵਿੱਚੋਂ 57284 ਮੀਟਰਿਕ ਟਨ ਦੀ ਖਰੀਦ ਕੀਤੀ ਜਾ ਚੁੱਕੀ ਹੈ।ਉਨ੍ਹਾਂ ਕਿਹਾ ਕਿ ਬਰਸਾਤ ਕਾਰਨ ਲਿਫਟਿੰਗ ਦੇ ਕੰਮ ਵਿੱਚ ਰੁਕਾਵਟ ਆਈ ਹੈ ਅਤੇ ਲਿਫਟਿੰਗ ਮੁੜ ਸ਼ੁਰੂ ਕਰਨ ਦੇ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਬੋਰੀਆਂ ਵਿੱਚ ਸੁੱਕਾ ਅਨਾਜ ਭਰਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚੋਂ 17400 ਮੀਟਰਿਕ ਟਨ ਅਨਾਜ ਦੀ ਲਿਫਟਿੰਗ ਹੋ ਚੁੱਕੀ ਹੈ।

ਕਿਸਾਨਾਂ ਨੂੰ 111.05 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ ਜੋ ਕਿ ਭੁਗਤਾਨ ਕਰਨ ਦੀ 48 ਘੰਟਿਆਂ ਦੀ ਸ਼ਰਤ ਦੇ ਮੁਕਾਬਲੇ 121 ਫੀਸਦੀ ਬਣਦੀ ਹੈ।ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਕਣਕ ਦੇ ਮੰਡੀਕਰਨ ਸੀਜ਼ਨ ਨੂੰ ਨਿਰਵਿਘਨ ਨੇਪਰੇ ਚਾੜ੍ਹਨ ਲਈ ਵਚਨਬੱਧ ਹੈ ਅਤੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।

# ਸੰਤ ਹੀਰਾ ਦਾਸ ਕੰਨਿਆ ਮਹਾਂਵਿਦਿਆਲਿਆ ਵਿਖੇ ਜ਼ਿੰਦਗੀ ਦਾ ਮਨੋਰਥ ਵਿਸ਼ੇ 'ਤੇ ਭਾਸ਼ਣ



ਕਾਲਾ ਸੰਘਿਆਂ (ਮਨਜੀਤ ਮਾਨ) ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆ ਵਿਖੇ 'ਜੀਵਨ ਦੇ ਮਨੋਰਥ' ਸਬੰਧੀ ਲੈਕਚਰ ਕਰਵਾਇਆ ਗਿਆ। ਜਿਸ ਵਿੱਚ ਮੁੱਖ ਬੁਲਾਰੇ ਵਜੋਂ ਸ੍ਰੀਮਤੀ ਰੁਪਿੰਦਰ ਕੌਰ ਸਹੋਤਾ ਆਏ। ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸੀਤਲ ਸਿੰਘ ਸੰਘਾ ਨੇ ਉਨ੍ਹਾਂ ਨੂੰ ਜੀ ਆਇਆਂ ਕਿਹਾ। ਸ਼੍ਰੀਮਤੀ ਸਹੋਤਾ ਨੇ ਵਿਦਿਆਰਥੀਆਂ ਨੂੰ ਆਪਣੇ ਜੀਵਨ ਦਾ ਟੀਚਾ ਮਿਥਣ ਲਈ ਕਿਹਾ ਕਿ ਜੇਕਰ ਅਸੀਂ ਜੀਵਨ ਵਿੱਚ ਆਪਣਾ ਕੋਈ ਮਕਸਦ ਨਿਰਧਾਰਿਤ ਕਰ ਲਵਾਂਗੇ ਤਾਂ ਇੱਕ ਨਾ ਇੱਕ ਦਿਨ ਉਸ ਮੁਕਾਮ 'ਤੇ ਜ਼ਰੂਰ ਪਹੁੰਚਾਂਗੇ ਭਾਵੇਂ ਜੀਵਨ ਵਿੱਚ ਕਿੰਨੀਆਂ ਵੀ ਮੁਸ਼ਕਲਾਂ ਕਿਉਂ ਨਾ ਆਉਣ।ਮੁਸ਼ਕਲਾਂ ਤੋਂ ਘਬਰਾਏ ਬਿਨਾਂ ਤੁਹਾਨੂੰ ਆਪਣਾ ਜੀਵਨ ਸੁਖਾਲਾ ਬਣਾਉਣਾ ਚਾਹੀਦਾ ਹੈ।ਹਮੇਸ਼ਾ ਵੈਰ ਵਿਰੋਧ ਤੋਂ ਬਿਨਾਂ ਤੇ ਆਪਣੇ ਮਾਨਸਿਕ ਤਨਾਅ ਤੋਂ ਬਿਨਾਂ ਸਾਕਾਰਾਤਮਕ ਸੋਚ ਲਿਆਓ। ਸੰਤ ਹੀਰਾ ਦਾਸ ਸਿੱਖਿਆ ਸੰਸਥਾਵਾਂ ਦੇ ਡਾਇਰੈਕਟਰ ਡਾ. ਰਾਮ ਮੂਰਤੀ ਨੇ ਕਿਹਾ ਕਿ ਵਿਦਿਆਰਥੀਓ ਤੁਸੀਂ ਜ਼ਿੰਦਗੀ 'ਚ ਜੋ ਵੀ ਬਣਨਾ ਚਾਹੁੰਦੇ ਹੋ ਉਸ ਬਾਰੇ ਲਗਾਤਾਰ ਸੋਚਦੇ ਰਹੋ ਕਿਉਂਕਿ ਵਿਚਾਰ ਇਕ ਨਾ ਇਕ ਦਿਨ ਯਤਨ ਵਿੱਚ ਢੱਲ ਜਾਂਦਾ ਹੈ ਤੇ ਯਤਨ ਮਨੁੱਖ ਨੂੰ ਉਸਦੀ ਮੰਜ਼ਿਲ ਤੱਕ ਲੈ ਜਾਂਦਾ ਹੈ। ਉਨ੍ਹਾਂ ਨੇ ਮਹਾਨ ਵਿਦਵਾਨਾਂ ਦੇ ਜੀਵਨ ਦੀਆਂ ਉਦਾਹਰਨਾਂ ਦੇ ਕੇ ਮਕਸਦ 'ਤੇ ਪਹੁੰਚਣ ਦੀਆਂ ਗੱਲਾਂ ਕੀਤੀਆਂ।

ਇੰਜ. ਸੀਤਲ ਸਿੰਘ ਸੰਘਾ ਨੇ ਕਿਹਾ ਕਿ ਜੀਵਨ ਵਿੱਚ ਸਾਨੂੰ ਹਮੇਸ਼ਾ ਕੁਝ ਨਾ ਕੁਝ ਕਰਦੇ ਰਹਿਣਾ ਚਾਹੀਦਾ ਹੈ।

ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਸ੍ਰੀਮਤੀ ਬਲਜਿੰਦਰ ਕੌਰ ਸੱਚਦੇਵਾ ਨੇ ਕਿਹਾ ਕਿ ਜੀਵਨ ਵਿੱਚ ਹੁਨਰ ਦਾ ਹੋਣਾ ਬਹੁਤ ਜਰੂਰੀ ਹੈ ਕਿਉਂਕਿ ਹੁਨਰ ਹੀ ਸਫ਼ਲਤਾ ਦੀ ਕੁੰਜੀ ਹੈ। ਇਸ ਮੌਕੇ 'ਤੇ ਕਾਲਜੀਏਟ ਸਕੂਲ ਦੇ ਪ੍ਰਿੰਸੀਪਲ ਮਿਸ ਕਰੁਣਾ ਤੋਂ ਇਲਾਵਾ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ। ਮੰਚ ਦਾ ਸੰਚਾਲਨ ਡਾ ਰਾਮ ਮੂਰਤੀ ਵੱਲੋਂ ਕੀਤਾ ਗਿਆ ।

# ਪੁਲਸ ਨੇ ਅੰਨ੍ਹੇ ਕਤਲ ਦਾ ਮਾਮਲਾ ਸੁਲਝਾਇਆ, 10 ਗ੍ਰਿਫ਼ਤਾਰ



ਜਲੰਧਰ ( ਸ਼ੈਲੀ ਐਲਬਰਟ):-ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਪੁਲਸ ਨੇ ਇਕ ਨਾਬਾਲਗ ਸਮੇਤ 10 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਅੰਨ੍ਹੇ ਕਤਲ ਦਾ ਮਾਮਲਾ ਸੁਲਝਾ ਲਿਆ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਕਿ 21 ਅਪ੍ਰੈਲ ਨੂੰ ਸੂਚਨਾ ਮਿਲੀ ਸੀ ਕਿ ਖੇੜਾ ਲਿੰਕ ਰੋਡ ਜਲੰਧਰ 'ਤੇ ਗਾਰਡੀਅਨ ਜਿਮ ਦੇ ਪਿੱਛੇ ਇੱਕ ਖਾਲੀ ਪਲਾਟ ਨੇੜੇ ਇੱਕ ਲਾਸ਼ ਪਈ ਹੈ। ਮ੍ਰਿਤਕ ਦੀ ਪਹਿਚਾਣ ਜਾਰਜ ਉਰਫ਼ ਕੱਟਾ ਪੁੱਤਰ ਸਵਰਗੀ ਹਰਬੰਸ ਲਾਲ ਵਾਸੀ ਪਿੰਡ ਸੰਸਾਰਪੁਰ, ਥਾਣਾ ਕੈਂਟ ਜਲੰਧਰ ਵਜੋਂ ਹੋਈ ਅਤੇ ਇਸ ਤੋਂ ਬਾਅਦ ਥਾਣਾ ਸਦਰ ਵਿਖੇ ਐਫ.ਆਈ.ਆਰ ਨੰਬਰ 75 ਮਿਤੀ 21 ਅਪ੍ਰੈਲ 2024 ਨੂੰ ਆਈ.ਪੀ.ਸੀ. ਦੀ ਧਾਰਾ 302 ਤਹਿਤ ਦਰਜ ਕੀਤਾ। ਇਹ ਗੱਲ ਸਾਹਮਣੇ ਆਈ ਹੈ ਕਿ ਮ੍ਰਿਤਕ ਦੇ ਪਿੰਡ ਸੰਸਾਰਪੁਰ ਜ਼ਿਲ੍ਹਾ ਜਲੰਧਰ ਦੀ ਰਹਿਣ ਵਾਲੀ ਸੋਨੀਆ ਪਤਨੀ ਵਿਜੇ ਕੁਮਾਰ ਨਾਲ ਨਜ਼ਾਇਜ਼ ਸਬੰਧ ਸਨ। ਪਰ ਜਾਰਜ ਸੋਨੀਆ ਦੀ ਸਹੇਲੀ ਗੋਮਤੀ ਉਰਫ਼ ਪ੍ਰੀਤੀ ਪਤਨੀ ਅਜੈ ਅਤੇ ਕਾਜਲ ਪਤਨੀ ਵਿਸ਼ਾਲ ਨਾਲ ਵੀ ਸਰੀਰਕ ਸਬੰਧ ਬਣਾਉਣਾ ਚਾਹੁੰਦਾ ਸੀ। ਸੋਨੀਆ ਨੇ ਇਸ ਦਾ ਵਿਰੋਧ ਕੀਤਾ ਅਤੇ ਉਸ ਨੇ ਆਪਣੇ ਨੌਂ ਸਾਥੀਆਂ ਨਾਲ ਮਿਲ ਕੇ ਤੇਜ਼ਧਾਰ ਹਥਿਆਰ (ਖੰਡਾ) ਨਾਲ ਜੌਰਜ ਦਾ ਕਤਲ ਕਰ ਦਿੱਤਾ। ਕਰਨ ਕੁਮਾਰ ਉਰਫ਼ ਖੱਬੂ ਉਰਫ਼ ਖੰਨਾ ਪੁੱਤਰ ਧਰਮਿੰਦਰ ਕੁਮਾਰ ਵਾਸੀ ਪਿੰਡ ਬੰਬੀਆਂਵਾਲ, ਸੋਹੇਲ ਉਰਫ਼ ਪਰੌਠਾ ਪੁੱਤਰ ਸੁਰਿੰਦਰ ਵਾਸੀ ਪਿੰਡ ਬੰਬੀਵਾਲ, ਜਗਪ੍ਰੀਤ ਉਰਫ਼ ਜੱਗੂ ਪੁੱਤਰ ਤਾਰਾ ਵਾਸੀ ਪਿੰਡ ਬੰਬੀਵਾਲ, ਜਸਕਰਨ ਸਿੰਘ ਉਰਫ਼ ਮੱਲੂ ਪੁੱਤਰ ਬੂਟਾ ਰਾਮ ਵਾਸੀ ਪਿੰਡ ਮੱਲੂ, ਕੱਦਰਾਬਾਦ ਜ਼ਿਲ੍ਹਾ ਕਪੂਰਥਲਾ, ਜੋ ਕਿ ਹੁਣ ਪਿੰਡ ਬੰਬੀਵਾਲ ਵਿਖੇ ਕਿਰਾਏਦਾਰ ਹੈ, ਮਨਜੀਤ ਉਰਫ਼ ਮਾਨ ਪੁੱਤਰ ਮਹਿੰਦਰ ਪਾਲ ਵਾਸੀ ਪਿੰਡ ਰਹਿਮਾਨਪੁਰ, ਸੋਨੀਆ ਪਤਨੀ ਸਵ. ਵਿਜੇ ਕੁਮਾਰ ਵਾਸੀ ਪਿੰਡ ਸੰਸਾਰਪੁਰ, ਪ੍ਰੀਤੀ ਪਤਨੀ ਅਜੈ ਵਾਸੀ ਲਾਲ ਕੁਰਤੀ ਛਾਉਣੀ, ਕਾਜਲ ਪਤਨੀ ਵਿਸ਼ਾਲ ਵਾਸੀ ਪਿੰਡ ਧੀਣਾ ਅਤੇ ਸੋਨੂੰ ਉਰਫ਼ ਕਾਲੀ ਪੁੱਤਰ ਜਸਪਾਲ ਉਰਫ਼ ਨਿੱਕਾ ਵਾਸੀ ਪਿੰਡ ਬੰਬੀਵਾਲ ਸਮੇਤ ਇੱਕ ਨਾਬਾਲਗ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਧਾਰਾ 148, 149, 120 ਬੀ ਆਈਪੀਸੀ ਦੇ ਨਾਲ ਮਾਮਲੇ ਵਿੱਚ ਸ਼ਾਮਲ ਕੀਤਾ ਗਿਆ ਹੈ। ਇੱਕ ਹੋਰ ਮੁਲਜ਼ਮ ਅਜੈਦੀਪ ਸਿੰਘ ਵਾਸੀ ਪਿੰਡ ਬੰਬੀਵਾਲ ਅਜੇ ਫਰਾਰ ਹੈ ਜਿਸ ਨੂੰ ਜਲਦੀ ਹੀ ਕਾਬੂ ਕਰ ਲਿਆ ਜਾਵੇਗਾ।

# ਡਾਕਟਰ ਦੀ ਹਮਾਇਤ 'ਤੇ ਪੀ ਸੀ ਐਮ ਐਸ ਐਸੋਸੀਏਸ਼ਨ ਵੀ ਡਟੀ




ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ )-ਹੁਸ਼ਿਆਰਪੁਰ ਦੇ ਈਐਸਆਈ ਹਸਪਤਾਲ ਵਿੱਚ ਸੀਨੀਅਰ ਡਾਕਟਰ ਅਤੇ ਹਸਪਤਾਲ ਵਿੱਚ ਦਵਾਈ ਲੈਣ ਆਏ ਦੱਸੇ ਜਾਂਦੇ ਇੱਕ ਵਿਅਕਤੀ ਦੇ ਨਾਲ ਹੋਏ ਕਥਿਤ ਝਗੜੇ ਵਿਗੜੀ ਸਿਹਤ ਕਾਰਨ ਡਾਕਟਰ ਦੀ ਹਮਾਇਤ ਵਿੱਚ ਪੀਸੀਐਮਐਸ ਐਸੋਸੀਏਸ਼ਨ ਵੀ ਆ ਗਈ ਹੈ। ਇੱਥੇ ਜ਼ਿਕਰਯੋਗ ਹੈ ਕਿ ਪਿਛਲੇ ਤਿੰਨ ਦਿਨ ਤੋਂ ਸਿਵਲ ਹਸਪਤਾਲ ਹੁਸ਼ਿਆਰਪੁਰ ਦੇ ਡਾਕਟਰਾਂ ਅਤੇ ਮੈਡੀਕਲ ਤੇ ਪੈਰਾ ਮੈਡੀਕਲ ਸਟਾਫ ਨੇ ਦੋ ਘੰਟਿਆਂ ਦੀ ਹੜਤਾਲ ਕੀਤੀ ਹੋਈ ਹੈ। ਸੋਮਵਾਰ ਨੂੰ ਤੀਸਰੇ ਦਿਨ ਵੀ ਹੜਤਾਲ ਜਾਰੀ ਰਹੀ ਜਿਸ ਕਾਰਨ ਵੱਡੀ ਗਿਣਤੀ ਵਿੱਚ ਮਰੀਜ਼ਾਂ ਨੂੰ ਪਿਛਲੇ ਤਿੰਨ ਦਿਨਾਂ ਤੋਂ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਇਸ ਸਬੰਧ ਵਿੱਚ ਸਿਵਲ ਸਰਜਨ ਦਫਤਰ ਵਿੱਚ ਹੋਈ ਪ੍ਰੈਸ ਕਾਨਫਰਸ ਵਿੱਚ ਪੀਸੀਐਮਐਸ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਡਾਕਟਰ ਅਖਿਲ ਸਰੀਨ ਅਤੇ ਜਨਰਲ ਸਕੱਤਰ ਡਾ. ਵਨਿੰਦਰ ਰਿਆੜ ਨੇ ਡਾਕਟਰ ਸੁਨੀਲ ਭਗਤ ਤੇ ਹੋਏ ਕਥਿਤ ਝਗੜੇ ਦੀ ਸਖਤ ਨਿਖੇਧੀ ਕੀਤੀ । ਪ੍ਰੈਸ ਕਾਨਫਰਸ ਦੌਰਾਨ ਮੀਡੀਆ ਵੱਲੋਂ ਕਥਿਤ ਦੋਸ਼ੀ ਦੀ ਘਟਨਾ ਵਾਲੇ ਦਿਨ ਹੀ ਪੁਲਿਸ ਵੱਲੋਂ ਗ੍ਰਿਫਤਾਰੀ ਕਰ ਲਏ ਜਾਣ ਦੇ ਬਾਵਜੂਦ ਪਿਛਲੇ ਤਿੰਨ ਦਿਨ ਤੋਂ ਚੱਲ ਰਹੀ ਹੜਤਾਲ ਨੂੰ ਲੈ ਕੇ ਪੱਤਰਕਾਰਾਂ ਵੱਲੋਂ ਤਿੱਖੇ ਸਵਾਲ ਪੁੱਛੇ ਗਏ ਜਿਸ ਬਾਰੇ ਨਾ ਤਾਂ ਪੀਸੀਐਮਐਸ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਡਾਕਟਰ ਅਖਿਲ ਸਰੀਨ ਹੀ ਤਸੱਲੀ ਬਖ਼ਸ਼ ਜਵਾਬ ਦੇ ਸਕੇ ਅਤੇ ਨਾ ਹੀ ਮੌਕੇ ਤੇ ਮੌਜੂਦ ਸਿਵਲ ਸਰਜਨ ਡਾ. ਬਲਵਿੰਦਰ ਡਮਾਣਾ ਹੀ ਕੁੱਝ ਬੋਲਣਾ ਮੁਨਾਸਿਬ ਸਮਝਿਆ। ਪ੍ਰੈਸ ਕਾਨਫਰੰਸ ਵਿੱਚ ਡਾ: ਅਖਿਲ ਸਰੀਨ ਅਤੇ ਡਾ: ਵਨਿੰਦਰ ਰਿਆੜ ਸੂਬਾ ਜਨਰਲ ਸਕੱਤਰ ਤੋਂ ਇਲਾਵਾ ਡਾ: ਬਲਵਿੰਦਰ ਡਮਾਣਾ ਸਿਵਲ ਸਰਜਨ ਹੁਸ਼ਿਆਰਪੁਰ, ਡਾ: ਸਵਾਤੀ ਸ਼ੀਮਾਰ ਅਤੇ ਡਾ: ਮਨਮੋਹਨ ਸਿੰਘ ਐੱਸਐੱਮ ਓ ਸਿਵਲ ਹਸਪਤਾਲ ਹੁਸ਼ਿਆਰਪੁਰ, ਡਾ: ਮਨੋਜ ਐੱਸਐੱਮਓ ਈਐੱਸਆਈ ਹਸਪਤਾਲ ਹੁਸ਼ਿਆਰਪੁਰ, ਐੱਸ ਐੱਮ ਓ ਐੱਸ.ਬੀ.ਐੱਸ.ਨਗਰ ਡਾ: ਸਤਵਿੰਦਰ, ਡਾ: ਕਰਤਾਰ ਸਿੰਘ ਜ਼ਿਲ੍ਹਾ ਪ੍ਰਧਾਨ, ਡਾ: ਮੁਨੀਸ਼ ਕੁਮਾਰ ਜਨਰਲ ਸਕੱਤਰ, ਡਾ: ਸਾਹਿਲ, ਡਾ: ਸੰਦੀਪ ਅਤੇ ਡਾ: ਨਵਪ੍ਰੀਤ ਕੌਰ ਮੈਂਬਰ ਪੀ.ਸੀ.ਐਮ.ਐਸ.ਏ. ਹੁਸ਼ਿਆਰਪੁਰ ਵੀ ਹਾਜ਼ਰ ਸਨ।

# ਦਰਬਾਰ ਬਾਬਾ ਸੰਦਲ ਦਾਸ ਲਾਖਾ ਦਾ ਸਾਲਾਨਾ ਮੇਲਾ ਕਰਵਾਇਆ



ਕਾਲਾ ਸੰਘਿਆਂ (ਮਨਜੀਤ ਮਾਨ)-ਲਾਖਾ ਟਰੱਸਟ ਪੰਜਾਬ ਵਲੋਂ ਲਾਖਾ ਗੋਤ ਜਠੇਰਿਆਂ ਦਾ ਸਾਲਾਨਾ ਮੇਲਾ ਬਾਬਾ ਸੰਦਲ ਦਾਸ ਲਾਖਾ ਜੀ, ਮਾਤਾ ਸਤੀ ਜੀ ਦੇ ਦਰਬਾਰ ਪਿੰਡ ਭਾਨ ਮਜਾਰਾ (ਬਘੌਰਾ) ਵਿਖੇ ਕਰਵਾਇਆ ਗਿਆ।ਮੇਲੇ ਵਿੱਚ ਸੰਗਤਾਂ ਨੇ ਸ਼ਰਧਾ ਨਾਲ ਮੱਥਾ ਟੇਕਿਆ। ਦੂਰ ਦੁਰਾਡੇ ਤੋਂ ਸੰਗਤਾਂ ਹੁੰਮ ਹੁੰਮਾ ਕੇ ਪੁੰਹਚੀਆਂ ।

ਵਰਨਣਯੋਗ ਹੈ ਕਿ ਇਸ ਮੌਕੇ ਲਾਖਾ ਪਰਵਾਰ 'ਚੋਂ ਇੰਟਰਨੈਸ਼ਨਲ ਗਾਇਕ ਚਰਨਜੀਤ ਚੰਨੀ ਨੇ ਆਪਣੇ ਧਾਰਮਿਕ ਅਤੇ ਸਮਾਜਿਕ ਗੀਤਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਮੈਂਬਰ ਪ੍ਰਧਾਨ ਸੁਖਦੇਵ ਸਿੰਘ ਲਾਖਾ , ਪ੍ਰੇਮ ਕੁਮਾਰ ਲਾਖਾ ਉਪ ਪ੍ਰਧਾਨ, ਦਰਸ਼ਨ ਲਾਲ ਲਾਖਾ ਚੇਅਰਮੈਨ, ਜਸਪਾਲ ਲਾਖਾ ਜਨਰਲ ਸੈਕਟਰੀ, ਗਿਆਨ ਸਿੰਘ ਲਾਖਾ, ਨਰਿੰਜਨ ਦਾਸ ਲਾਖਾ, ਸਟੀਫਨ ਲਾਖਾ, ਜਹਾਵਰ ਲਾਲ ਲਾਖਾ ਸਹਾਇਕ ਸੈਕਟਰੀ, ਨਰਿੰਦਰ ਕੁਮਾਰ ਲਾਖਾ ਖ਼ਜ਼ਾਨਚੀ, ਸੋਮ ਨਾਥ ਲਾਖਾ ਸਹਾਇਕ ਖ਼ਜ਼ਾਨਚੀ,ਹਰਬੰਸ ਸਿੰਘ ਲਾਖਾ, ਮਨਜੀਤ ਮਾਹਲ ਨੇ ਗਾਇਕ ਚਰਨਜੀਤ ਚੰਨੀ ਨੂੰ ਸਨਮਾਨਤ ਕੀਤਾ। ਅਟੁੱਟ ਲੰਗਰ ਵਰਤਾਇਆ ਗਿਆ।

# ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਅਜਲਾਸ 'ਚ ਗੁਰਨੇਕ ਸਿੰਘ ਪ੍ਰਧਾਨ ਚੁਣੇ



ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ ) ਜਮਹੂਰੀ ਅਧਿਕਾਰ ਸਭਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਇਜਲਾਸ ਨਵਾਂਸ਼ਹਿਰ ਵਿਖੇ ਸਭਾ ਦੇ ਸੂਬਾ ਪ੍ਰਧਾਨ ਪ੍ਰੋ. ਜਗਮੋਹਨ ਸਿੰਘ ਦੀ ਨਿਗਰਾਨੀ ਵਿਚ ਹੋਇਆ। ਬੀਤੇ ਵਿਚ ਸਦੀਵੀ ਵਿਛੋੜਾ ਦੇ ਗਏ ਸਭਾ ਦੇ ਸੂਬਾ ਕਮੇਟੀ ਮੈਂਬਰ ਨਾਮਦੇਵ ਭੁਟਾਲ, ਜਿਲਾ ਕਮੇਟੀ ਮੈਂਬਰ ਮਾਸਟਰ ਹਰਬੰਸ ਲਾਲ ਹੀਉਂ ਨੂੰ ਦੋ ਮਿੰਟ ਦਾ ਮੌਨ ਧਾਰਕੇ ਸ਼ਰਧਾਂਜਲੀਆਂ ਦਿੱਤੀਆਂ ਗਈਆਂ। ਇਸ ਇਜਲਾਸ ਵਿਚ ਸਭਾ ਦੀਆਂ ਸਰਗਰਮੀਆਂ ਦੀ ਰਿਪੋਰਟ ਜਸਬੀਰ ਦੀਪ ਨੇ ਪੇਸ਼ ਕੀਤੀ।ਜਿਸਨੂੰ ਡੈਲੀਗੇਟਾਂ ਵਲੋਂ ਪਾਸ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਪ੍ਰੋ.ਜਗਮੋਹਨ ਸਿੰਘ, ਬੂਟਾ ਸਿੰਘ, ,ਦਲਜੀਤ ਸਿੰਘ ਐਡਵੋਕੇਟ, ਪ੍ਰੋ.ਇਕਬਾਲ ਸਿੰਘ ਚੀਮਾ,ਜਸਬੀਰ ਦੀਪ ਨੇ ਕਿਹਾ ਕਿ ਦੇਸ਼ ਦੇ ਮੌਜੂਦਾ ਹਾਲਾਤ ਵਿਚ ਜਮਹੂਰੀ ਲਹਿਰ ਅੱਗੇ ਵੱਡੀਆਂ ਚਣੌਤੀਆਂ ਹਨ ਭਾਰਤੀ ਰਾਜ ਆਪਣਾ ਫਾਸ਼ਵਾਦੀ ਰੂਪ ਦਿਖਾ ਰਿਹਾ ਹੈ।ਰਾਜ ਦੇ ਫਾਸ਼ੀਵਾਦੀ , ਬਹੁਪਰਤੀ ਅਤੇ ਬਹੁ ਦਿਸ਼ਾਵੀਂ ਹਮਲੇ ਹਰ ਰੋਜ਼ ਤੇਜ ਹੋ ਰਹੇ ਹਨ।ਭਾਰਤੀ ਰਾਜ-ਆਰ ਐਸ ਐਸ ਅਤੇ ਹੋਰ ਹਿੰਦੂਤਵੀ ਜਥੇਬੰਦੀਆਂ ਵਲੋਂ ਮੁਸਲਿਮ ਭਾਈਚਾਰੇ, ਦਲਿਤਾਂ, ਆਦਿਵਾਸੀਆਂ ਅਤੇ ਹੋਰ ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਪਹਿਰਾਵੇ, ਖਾਣ ਪਾਣ ਅਤੇ ਸੱਭਿਆਚਾਰ ਉੱਤੇ ਯੋਜਨਾਬੱਧ ਹਮਲੇ ਕੀਤੇ ਜਾ ਰਹੇ ਹਨ।ਸਾਨੂੰ ਫਾਸ਼ੀਵਾਦ ਦੇ ਪਰਛਾਵੇਂ ਨਾਲ ਲੜਾਈ ਲੜਨ ਦੀ ਥਾਂ ਇਸਦੀਆਂ ਅਸਲੀ ਤਾਕਤਾਂ ਵਿਰੁੱਧ ਕਾਰਗਰ ਲੜਾਈ ਲੜਨੀ ਹੋਵੇਗੀ।ਇਹਨਾਂ ਹੱਲਿਆਂ ਦਾ ਮੁਕਾਬਲਾ ਇਕੱਲੀ ਜਮਹੂਰੀ ਅਧਿਕਾਰ ਸਭਾ ਨਹੀਂ ਕਰ ਸਕਦੀ।ਇਹਨਾਂ ਦਾ ਮੁਕਾਬਲਾ ਵੱਖ ਵੱਖ ਲੋਕ-ਜਮਹੂਰੀ ਤਾਕਤਾਂ ਦੇ ਮਜਬੂਤ ਥੜੇ ਵਲੋਂ ਕੀਤਾ ਜਾ ਸਕਦਾ ਹੈ।ਇਕ ਨਵੀਂ ਕਿਸਮ ਦਾ ਸਾਮਰਾਜ ਬਣ ਗਿਆ ਹੈ ਜਿਸ ਬਾਰੇ ਸੁਚੇਤ ਰਹਿਣ ਦੀ ਲੋੜ ਹੈ। ਡੈਲੀਗੇਟ ਇਜਲਾਸ ਦੇ ਦੂਜੇ ਸੈਸ਼ਨ ਵਿਚ ਜ਼ਿਲ੍ਹਾ ਕਮੇਟੀ ਅਤੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ ਜਿਸ ਵਿਚ ਅਸ਼ੋਕ ਕੁਮਾਰ ਜ਼ਿਲ੍ਹਾ ਪ੍ਰਧਾਨ, ਗੁਰਨੇਕ ਸਿੰਘ ਮੀਤ ਪ੍ਰਧਾਨ, ਜਸਬੀਰ ਦੀਪ ਸਕੱਤਰ,ਸੁਨੀਲ ਕੁਮਾਰ ਐਡਵੋਕੇਟ ਸਹਾਇਕ ਸਕੱਤਰ, ਐਡਵੋਕੇਟ ਪਰਮਜੀਤ ਸਿੰਘ ਖੱਟੜਾ ਖਜਾਨਚੀ,ਸਰਬਜੀਤ ਮੰਗੂਵਾਲ, ਗੁਰਦਿਆਲ ਸਿੰਘ, ਬਲਜਿੰਦਰ ਸਿੰਘ ,ਮਾਸਟਰ ਨਰਿੰਦਰ ਸਿੰਘ ਕਮੇਟੀ ਮੈਂਬਰ ਚੁਣੇ ਗਏ।ਸੂਬਾ ਇਜਲਾਸ ਲਈ ਦਲਜੀਤ ਸਿੰਘ ਐਡਵੋਕੇਟ,ਬੂਟਾ ਸਿੰਘ, ਸੁਨੀਲ ਕੁਮਾਰ, ਮਾਸਟਰ ਨਰਿੰਦਰ ਸਿੰਘ ਡੈਲੀਗੇਟ ਚੁਣੇ ਗਏ। ਅਖੀਰ ਵਿਚ ਮਤੇ ਪਾਸ ਕਰਕੇ ਆਰ ਐਸ ਐਸ ਦੇ ਮੁੱਖੀ ਮੋਹਨ ਭਾਗਵਤ ਦੇ ਹਿੰਦੂ ਰਾਸ਼ਟਰ ਬਣਾਉਣ ਦੇ ਬਿਆਨ ਦੀ ਨਿੰਦਾ ਕਰਦਿਆਂ ਹਕੂਮਤ ਵਲੋਂ ਬੁਲਡੋਜਰਾਂ ਨਾਲ ਘਰਾਂ ਅਤੇ ਦੁਕਾਨਾਂ ਨੂੰ ਢਾਹੁਣ ਅਤੇ ਵਿਰੋਧੀ ਆਵਾਜ਼ ਉਠਾਉਣ ਵਾਲਿਆਂ ਉੱਤੇ ਜਬਰ ਢਾਹੁਣ ਅਤੇ ਜੇਹਲਾਂ ਵਿਚ ਸੁੱਟਣ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ ਗਈ।ਹੋਰ ਮਤੇ ਰਾਹੀਂ ਹਕੂਮਤ ਦੀ ਵਿਚਾਰਧਾਰਾ ਦੇਸ਼ ਨੂੰ ਮੱਧਯੁੱਗ ਵਲ ਲਿਜਾਣ ਅਤੇ ਵਿਗਿਆਨਕ ਸੋਚ ਨੂੰ ਖਤਮ ਕਰਨ ਵਾਲੀ ਕਰਾਰ ਦੇਕੇ ਇਸਦੀ ਨਿੰਦਾ ਕੀਤੀ ਗਈ।ਹਕੂਮਤ ਦੀਆਂ ਅਜਿਹੀਆਂ ਕਾਰਵਾਈਆਂ ਨੂੰ ਫੌਰੀ ਤੌਰ ਉੱਤੇ ਬੰਦ ਕਰਨ ਦੀ ਮੰਗ ਕੀਤੀ ਗਈ।

# ਸ਼੍ਰੋਮਣੀ ਅਕਾਲੀ ਦਲ (ਬ) 'ਚ ਸ਼ਾਮਲ ਹੋਏ ਇਕ ਦਰਜਨ ਨੌਜਵਾਨ



ਫਗਵਾੜਾ (ਜਸਵਿੰਦਰ ਢੱਡਾ)-ਸ਼੍ਰੋਮਣੀ ਅਕਾਲੀ ਦਲ (ਬ) ਦੇ ਹਲਕਾ ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਦੇ ਯਤਨਾਂ ਸਦਕਾ ਗੁਰਸਿਮਰ ਸਿੰਘ, ਪ੍ਰਦੀਪ ਸਿੰਘ ਅਤੇ ਵਿਸ਼ੂ ਦੇ ਨਾਲ ਅਨੇਕਾਂ ਨੌਜਵਾਨਾਂ ਨੇ ਸ਼੍ਰੋਮਣੀ ਅਕਾਲੀ ਦਲ (ਬ) 'ਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ। ਸ਼੍ਰੋਮਣੀ ਅਕਾਲੀ ਦਲ (ਬ) ਦੀਆਂ ਨੀਤੀਆਂ ਤੋਂ ਪ੍ਰਭਾਵਿਤ ਉਕਤ ਨੌਜਵਾਨਾਂ ਨੇ ਕਿਹਾ ਕਿ ਸਿਰਫ ਇਹੀ ਸਿਆਸੀ ਜਮਾਤ ਜਮੀਨੀ ਤੌਰ 'ਤੇ ਪੰਜਾਬ ਨਾਲ ਜੁੜੀ ਹੋਈ ਹੈ। ਜਿਸ ਕਰਕੇ ਉਹਨਾਂ ਨੇ ਇਸ ਪਾਰਟੀ ਵਿਚ ਸ਼ਾਮਲ ਹੋਣ ਦਾ ਫੈਸਲਾ ਲਿਆ ਹੈ। ਉਹਨਾਂ ਕਿਹਾ ਪੰਜਾਬ ਤੋਂ ਬਾਹਰ ਦੀਆਂ ਪਾਰਟੀਆਂ ਦੀਆਂ ਨੀਤੀਆਂ ਹਮੇਸ਼ਾ ਪੰਜਾਬ ਵਿਰੋਧੀ ਰਹੀਆਂ ਹਨ। ਸ਼੍ਰੋਮਣੀ ਅਕਾਲੀ ਦਲ (ਬ) 'ਚ ਸ਼ਾਮਲ ਹੋਣ ਮੌਕੇ ਤਰੁਨ, ਮਾਨਿਕ, ਹਰਮਜੋਤ ਸਿੰਘ, ਸਿਮਰਨਜੋਤ ਸਿੰਘ, ਸਿਮਰਨਜੀਤ ਸਿੰਘ, ਪ੍ਰਥਮ, ਆਕਾਸ਼, ਦਾਨਿਸ਼ ਤੇ ਜਤਨਜੋਤ ਆਦਿ ਨੌਜਵਾਨਾਂ ਨੇ ਵੀ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਪਿਛਲੀਆਂ ਚੋਣਾਂ ਸਮੇਂ ਆਮ ਆਦਮੀ ਪਾਰਟੀ 'ਤੇ ਭਰੋਸਾ ਕੀਤਾ ਪਰ ਇਹ ਪਾਰਟੀ ਵੀ ਪੰਜਾਬੀਆਂ ਦੀਆਂ ਉਮੀਦਾਂ 'ਤੇ ਪੂਰੀ ਨਹੀਂ ਉਤਰੀ। ਹਲਕਾ ਇੰਚਾਰਜ ਰਣਜੀਤ ਸਿੰਘ ਖੁਰਾਣਾ ਨੇ ਉਕਤ ਨੌਜਵਾਨਾਂ ਨੂੰ ਸਿਰੋਪੇ ਪਾ ਕੇ ਪਾਰਟੀ ਵਿਚ ਸ਼ਾਮਲ ਕਰਵਾਇਆ ਅਤੇ ਭਰੋਸਾ ਦਿੱਤਾ ਕਿ ਸ਼੍ਰੋਮਣੀ ਅਕਾਲੀ ਦਲ (ਬ) ਵਿਚ ਉਹਨਾਂ ਨੂੰ ਪੂਰਾ ਮਾਣ ਸਤਿਕਾਰ ਮਿਲੇਗਾ।ਇਸ ਮੌਕੇ ਹਰਵਿੰਦਰ ਸਿੰਘ ਲਵਲੀ ਵਾਲੀਆਂ, ਜਸਵਿੰਦਰ ਸਿੰਘ ਭਗਤਪੁਰਾ, ਧਰਮਿੰਦਰ ਟੋਨੀ, ਸੁਖਬੀਰ ਸਿੰਘ ਕਿੰਨੜਾ , ਝਿੰਗਮਲ ਸਿੰਘ ਭਿੰਡਰ ਆਦਿ ਹਾਜ਼ਰ ਸਨ।

# ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਨ ਪ੍ਰਿੰਟਿੰਗ ਪ੍ਰੈੱਸ ਮਾਲਕ - ਜ਼ਿਲ੍ਹਾ ਚੋਣ ਅਫ਼ਸਰ

ਨਵਾਂ ਸ਼ਹਿਰ ( ਮਨੋਜ ਲਾਡੀ) - ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਜ਼ਿਲ੍ਹੇ ਦੇ ਸਮੂਹ ਪ੍ਰਿੰਟਿੰਗ ਪ੍ਰੈੱਸ ਮਾਲਕਾਂ ਅਤੇ ਨੁਮਾਇੰਦਿਆਂ ਨੂੰ ਹਦਾਇਤ ਕੀਤੀ ਹੈ ਕਿ ਆਦਰਸ਼ ਚੋਣ ਜ਼ਾਬਤੇ ਦੌਰਾਨ ਕਿਸੇ ਵੀ ਤਰ੍ਹਾਂ ਦੀ ਪ੍ਰਚਾਰ ਸਮਗਰੀ ਪੈਂਫਲਿਟ ਜਾਂ ਇਸ਼ਤਿਹਾਰ ਛਾਪਣ ਸਮੇਂ ਉਸ ਉੱਪਰ ਛਾਪਕ ਅਤੇ ਪ੍ਰਕਾਸ਼ਕ ਦਾ ਨਾਂਅ ਅਤੇ ਪੂਰਾ ਪਤਾ ਲਾਜ਼ਮੀ ਤੌਰ 'ਤੇ ਛਾਪਿਆ ਜਾਵੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਹੈ ਕਿ ਕੋਈ ਵੀ ਪ੍ਰਚਾਰ ਸਮਗਰੀ ਛਾਪਣ ਤੋਂ ਪਹਿਲਾਂ ਇਹ ਘੋਸ਼ਣਾ ਪੱਤਰ ਲਿਆ ਜਾਵੇ ਕਿ ਇਹ ਚੋਣ ਸਮਗਰੀ ਕਿਸ ਵੱਲੋਂ ਅਤੇ ਕਿੰਨੀ ਗਿਣਤੀ ਵਿੱਚ ਛਪਵਾਈ ਜਾ ਰਹੀ ਹੈ ਅਤੇ ਛਾਪੀ ਗਈ ਪ੍ਰਚਾਰ ਸਮਗਰੀ ਦੀ ਖ਼ਰਚੇ ਸਮੇਤ ਸੂਚਨਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਜ਼ਿਲ੍ਹਾ ਮੈਜਿਸਟ੍ਰੇਟ ਨੂੰ ਦੇਣੀ ਲਾਜ਼ਮੀ ਹੋਵੇਗੀ।ਉਹਨਾਂ ਨੇ ਕਿਹਾ ਕਿ ਜਿਹੜੀ ਵੀ ਪ੍ਰਿੰਟਿੰਗ ਪ੍ਰੈੱਸ, ਪ੍ਰਚਾਰ ਸਮਗਰੀ ਨੂੰ ਛਾਪੇਗੀ ਉਸ ਵੱਲੋਂ ਬੈਨਰ, ਫ਼ਲੈਕਸ, ਪੋਸਟਰ, ਪੈਂਫ਼ਲਿਟ, ਕਿਤਾਬਚੇ ਉੱਪਰ ਆਪਣੀ ਪ੍ਰੈੱਸ ਦਾ ਨਾਂਅ ਅਤੇ ਰਜਿਸਟ੍ਰੇਸ਼ਨ ਨੰਬਰ ਛਾਪਣਾ ਵੀ ਲਾਜ਼ਮੀ ਹੋਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਪ੍ਰਿੰਟਿੰਗ ਪ੍ਰੈੱਸ ਵੱਲੋਂ ਜਾਤ-ਪਾਤ, ਧਰਮ ਆਦਿ ਵਿਰੁੱਧ ਕੋਈ ਵੀ ਇਤਰਾਜ਼ਯੋਗ ਮੈਟੀਰੀਅਲ ਨਹੀਂ ਛਾਪਿਆ ਜਾਵੇਗਾ।ਜ਼ਿਲ੍ਹਾ ਚੋਣ ਅਧਿਕਾਰੀ ਨੇ ਕਿਹਾ ਕਿ ਪ੍ਰਿੰਟ ਕਰਨ ਤੋਂ ਪਹਿਲਾਂ ਪ੍ਰਿੰਟ ਕਰਵਾਉਣ ਵਾਲੇ ਪਬਲਿਸ਼ਰ ਤੋਂ ਅਪੈਂਡਿਕਸ-ਏ ਵਿਚ ਡਿਕਲਾਰੇਸ਼ਨ ਲਿਆ ਜਾਵੇ, ਜੋ ਕਿ ਪਬਲਿਸ਼ਰ ਨੂੰ ਚੰਗੀ ਤਰ੍ਹਾਂ ਜਾਣਦਾ ਹੋਵੇ ਅਤੇ 2 ਵਿਅਕਤੀਆਂ ਦੁਆਰਾ ਤਸਦੀਕ ਹੋਵੇ। ਇਸ ਡੈਕਲਾਰੇਸ਼ਨ ਦੀਆਂ 2 ਕਾਪੀਆਂ ਲਈਆਂ ਜਾਣ। ਉਨ੍ਹਾਂ ਕਿਹਾ ਕਿ ਪ੍ਰਿੰਟਰ ਦੁਆਰਾ ਆਪਣੇ ਹਸਤਾਖ਼ਰ ਕਰਕੇ ਇਹ ਡੈਕਲਾਰੇਸ਼ਨ ਅਤੇ ਪ੍ਰਿੰਟਿੰਗ ਉੱਤੇ ਹੋਏ ਖ਼ਰਚੇ ਸਬੰਧੀ ਵੇਰਵਾ, ਜੋ ਅਪੈਂਡਿਕਸ-ਬੀ ਵਿਚ ਹੋਣਾ ਚਾਹੀਦਾ ਹੈ, ਸਮੇਤ ਪ੍ਰਿੰਟ ਕੀਤੇ ਗਏ ਮੈਟੀਰੀਅਲ ਦੀਆਂ ਕਾਪੀਆਂ ਇਲੈਕਸ਼ਨ ਐਕਪੈਂਡੀਚਰ ਮੋਨੀਟਰਿੰਗ ਟੀਮ ਨੂੰ ਭੇਜੀਆਂ ਜਾਣ। ਉਨ੍ਹਾਂ ਕਿਹਾ ਕਿ ਇਹ ਮੁਕੰਮਲ ਸੂਚਨਾ ਪ੍ਰਿੰਟਿੰਗ ਦੇ ਤਿੰਨ ਦਿਨਾਂ ਦੇ ਅੰਦਰ-ਅੰਦਰ ਆਉਣੀ ਲਾਜ਼ਮੀ ਹੈ।ਉਨ੍ਹਾਂ ਪ੍ਰਿੰਟਿੰਗ ਪ੍ਰੈੱਸ ਮਾਲਕਾਂ/ਨੁਮਾਇੰਦਿਆਂ ਨੂੰ ਕਿਹਾ ਕਿ ਜਿਹੜੀ ਪ੍ਰਿੰਟਿੰਗ ਪ੍ਰੈੱਸ ਦੇ ਮਾਲਕ ਵੱਲੋਂ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਉਲੰਘਣਾ ਕੀਤੀ ਜਾਵੇਗੀ ਉਸ ਨੂੰ ਲੋਕ ਪ੍ਰਤੀਨਿਧਤਾ ਐਕਟ, 1951 ਧਾਰਾ ਦੀ ਸੈਕਸ਼ਨ 127 (ਏ) 6 ਮਹੀਨੇ ਦੀ ਕੈਦ ਅਤੇ 2000 ਰੁਪਏ ਤੱਕ ਜੁਰਮਾਨਾ ਜਾਂ ਦੋਵੇਂ ਹੋ ਸਕਦੇ ਹਨ। ਇਸ ਵਿਚ ਸਬੰਧਿਤ ਪ੍ਰਿੰਟਰ ਦਾ ਲਾਇਸੰਸ ਵੀ ਰੱਦ ਕੀਤਾ ਜਾ ਸਕਦਾ ਹੈ। ਉਨ੍ਹਾਂ ਸਮੂਹ ਪ੍ਰਿੰਟਿੰਗ ਪ੍ਰੈੱਸ ਦੇ ਮਾਲਕਾਂ ਨੂੰ ਆਦਰਸ਼ ਚੋਣ ਜ਼ਾਬਤੇ ਦੌਰਾਨ ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਦੀ ਅਪੀਲ ਕੀਤੀ ਹੈ।

# ਨਗਰ ਨਿਗਮ ਦੇ ਜਨਰਲ ਹਾਊਸ ਦਾ ਕੰਮਕਾਜ ਜਲਦ ਹੀ ਕਾਗਜ਼ ਰਹਿਤ ਹੋ ਜਾਵੇਗਾ



ਫਗਵਾੜਾ (ਡਾ. ਰਮਨ ) ਪੰਜਾਬ ਵਿਧਾਨ ਸਭਾ ਦੀ ਤਰਜ਼ 'ਤੇ ਫਗਵਾੜਾ ਨਗਰ ਨਿਗਮ ਦੇ ਜਨਰਲ ਹਾਊਸ ਦਾ ਕੰਮਕਾਜ ਜਲਦ ਹੀ ਕਾਗਜ਼ ਰਹਿਤ ਹੋ ਜਾਵੇਗਾ ਕਿਉਂਕਿ ਅਧਿਕਾਰੀ ਸਥਾਨਕ ਸੰਸਥਾਵਾਂ (ਪੀ.ਐਮ. ਆਈ. ਡੀ.ਸੀ) ਦੇ ਈ-ਨਿਗਮ (ਡਿਜੀਟਲ ਜਨਰਲ ਹਾਊਸ) ਪੋਰਟਲ ਨੂੰ ਅਪਨਾਉਣ ਲਈ ਕੰਮ ਕਰ ਰਹੇ ਹਨ। ਇਸ ਸਬੰਧੀ ਨੈਸ਼ਨਲ ਇਨਫੋਰਮੈਟਿਕਸ ਸੈਂਟਰ (ਐਨ.ਆਈ.ਸੀ) ਪੰਜਾਬ ਦੇ ਮਾਹਿਰਾਂ ਦੀ ਇਕ ਟੀਮ ਨੇ ਸੋਮਵਾਰ ਨੂੰ ਫਗਵਾੜਾ ਵਿਚ ਨਗਰ ਨਿਗਮ ਦਫ਼ਤਰ ਵਿਚ ਨਗਰ ਨਿਗਮ ਫਗਵਾੜਾ ਦੇ ਅਧਿਕਾਰੀਆਂ ਲਈ ਇਕ ਸਿਖਲਾਈ ਸੈਸ਼ਨ ਦਾ ਆਯੋਜਨ ਕੀਤਾ। ਨਗਰ ਨਿਗਮ ਕਮਿਸ਼ਨਰ ਸ਼੍ਰੀਮਤੀ ਅਨੁਪਮ ਕਲੇਰ ਅਤੇ ਜੁਆਇੰਟ ਕਮਿਸ਼ਨਰ ਕੁਲਪ੍ਰੀਤ ਸਿੰਘ ਨੇ ਐਨ.ਆਈ.ਸੀ ਪੰਜਾਬ ਦੇ ਮਾਹਿਰਾਂ ਨਾਲ ਮੀਟਿੰਗ ਕੀਤੀ। ਇਸ ਟ੍ਰੇਨਿੰਗ ਵਿੱਚ ਡਾਇਰੈਕਟਰ (ਆਈ.ਟੀ.) ਐਨ.ਆਈ.ਸੀ. ਸੰਜੇ ਪੁਰੀ, ਐਨ ਆਈ ਸੀ ਦੇ ਡੀ.ਆਈ.ਓ. ਕਪੂਰਥਲਾ ਸੰਜੀਵ ਕੁਮਾਰ, ਐਸ.ਈ ਰਜਿੰਦਰ ਚੋਪੜਾ, ਐਸਕੀਅਨ ਰਮਨ ਕੌਸ਼ਲ, ਐਕਸੀਅਨ ਕੇ.ਜੀ ਬੱਬਰ, ਐਕਸੀਅਨ ਬਲਵਿੰਦਰ ਸਿੰਘ, ਐਸ.ਡੀ.ਓ ਰਵਿੰਦਰ ਕਲਸੀ, ਡੀ.ਸੀ.ਐਫ.ਏ ਵਿਨਾਇਕ ਕੁਮਾਰ, ਸੁਪਰਡੈਂਟ ਅਮਿਤ ਕਾਲੀਆ, ਸੁਪਰਡੈਂਟ ਰਾਕੇਸ਼ ਸ਼ਰਮਾ, ਏ.ਟੀ.ਪੀ ਵਿਕਾਸ ਦੁਆ, ਏ.ਟੀ.ਪੀ ਗੁਰਪ੍ਰੀਤ ਸਿੰਘ ਸਮੇਤ ਨਗਰ ਨਿਗਮ ਦੀਆਂ ਵੱਖ-ਵੱਖ ਸ਼ਾਖਾਵਾਂ ਦੇ ਹੋਰ ਅਧਿਕਾਰੀਆਂ ਨੇ ਭਾਗ ਲਿਆ। ਅਧਿਕਾਰੀਆਂ ਨੇ ਦੱਸਿਆ ਕਿ ਈ-ਨਿਗਮ ਪੋਰਟਲ ਦੇ ਲਾਗੂ ਹੋਣ ਤੋਂ ਬਾਅਦ, ਪ੍ਰੋਜੈਕਟਾਂ, ਟੈਂਡਰ ਪ੍ਰਕਿਰਿਆ ਆਦਿ ਦੀਆਂ ਫਾਈਲਾਂ ਨੂੰ ਆਨਲਾਈਨ ਪ੍ਰਵਾਨਗੀ ਦਿੱਤੀ ਜਾਵੇਗੀ ਅਤੇ ਨਗਰ ਨਿਗਮ ਦੀ ਜਨਰਲ ਹਾਊਸ ਦੀ ਮੀਟਿੰਗ ਦੌਰਾਨ ਕੌਂਸਲਰਾਂ ਨਾਲ ਡਿਜੀਟਲ ਰੂਪ ਵਿਚ ਸਾਂਝੀਆਂ ਕੀਤੀਆਂ ਜਾਣਗੀਆਂ। ਨਗਰ ਨਿਗਮ ਕਮਿਸ਼ਨਰ ਸ਼੍ਰੀਮਤੀ ਅਨੁਪਮ ਕਲੇਰ ਨੇ ਕਿਹਾ ਕਿ ਇਹ ਇਕ ਫਲਦਾਇਕ ਸੈਸ਼ਨ ਸੀ ਤੇ ਆਉਣ ਵਾਲੇ ਸਮੇਂ ਵਿਚ ਅਜਿਹੇ ਹੋਰ ਸਿਖਲਾਈ ਸੈਸ਼ਨ ਆਯੋਜਿਤ ਕੀਤੇ ਜਾਣਗੇ, ਤਾਂ ਜੋ ਫਗਵਾੜਾ ਨਗਰ ਨਿਗਮ ਵਿਚ ਈ-ਨਿਗਮ ਨੂੰ ਸਹੀ ਢੰਗ ਨਾਲ ਲਾਗੂ ਕੀਤਾ ਜਾ ਸਕੇ। ਇਸ ਤੋਂ ਇਲਾਵਾ ਉਹ ਕਾਰਜਕੁਸ਼ਲਤਾ ਤੇ ਪਾਰਦਰਸ਼ਤਾ ਨੂੰ ਬਿਹਤਰ ਬਣਾਉਣ ਲਈ ਨਗਰ ਨਿਗਮ ਦੇ ਦਫਤਰਾਂ ਵਿਚ ਈ-ਆਫਿਸ ਵੀ ਲਾਗੂ ਕਰ ਰਹੇ ਹਨ।

24-APR-PAGE-9.qxd 4/23/2024 10:37 PM Page 1



# ਡੈਮੋਕ੍ਰੇਟਿਕ ਆਸ਼ਾ ਵਰਕਰਜ਼, ਫੈਸਿਲੀਟੇਟਰ ਯੂਨੀਅਨ ਵੱਲੋਂ ਵਿਸ਼ਾਲ ਰੈਲੀ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪੰਜਾਬ ਸਰਕਾਰ ਵੱਲੋਂ 58 ਸਾਲ ਤੋਂ ਵੱਡੀ ਉਮਰ ਦੀਆਂ ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਨੂੰ ਅਚਾਨਕ ਵਿਭਾਗ ਤੋਂ ਫ਼ਾਰਗ ਕਰਨ ਦੇ ਵਿਰੋਧ ਵਿੱਚ ਡੈਮੋਕ੍ਰੇਟਿਕ ਆਸ਼ਾ ਵਰਕਰਜ਼ ਫੈਸਿਲੀਟੇਟਰ ਯੂਨੀਅਨ ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਅੱਜ ਸਿਵਲ ਸਰਜਨ ਦਫਤਰ ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਪੱਧਰੀ ਵਿਸ਼ਾਲ ਰੈਲੀ ਕੀਤੀ ਗਈ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਮੰਗ ਪੱਤਰ ਭੇਜਿਆ ਗਿਆ।ਰੈਲੀ ਵਿੱਚ ਬੋਲਦਿਆਂ ਸੂਬਾ ਆਗੂ ਅਤੇ ਜਿਲ੍ਹਾ ਪ੍ਰਧਾਨ ਇੰਦੂ ਰਾਨਾ, ਜਿਲ੍ਹਾ ਜਰਨਲ ਸਕੱਤਰ ਜੋਤੀ ਹੰਸ, ਵਿੱਤ ਸਕੱਤਰ ਕਿਰਨ ਬਾਲਾ ਤੋਂ ਇਲਾਵਾ ਡੀ ਐਮ ਐਫ ਦੇ ਸੂਬਾ ਵਿੱਤ ਸਕੱਤਰ ਹਰਿੰਦਰ ਦੁਸਾਂਝ, ਜਿਲ੍ਹਾ ਪ੍ਰਧਾਨ ਪ੍ਰਮੋਦ ਗਿੱਲ, ਰਜਿੰਦਰ ਕੌਰ ਸੂਬਾ ਕਮੇਟੀ ਮੈਂਬਰ, ਜਿਲ੍ਹਾ ਪ੍ਰਧਾਨ ਜਲੰਧਰ ਗੁਰਜੀਤ ਕੌਰ, ਡੈਮੋਕ੍ਰੇਟਿਕ ਪੈਰਾ ਮੈਡੀਕਲ ਯੂਨੀਅਨ ਜਿਲ੍ਹਾ ਪ੍ਰਧਾਨ ਵਿਸ਼ਾਲ ਪੁਰੀ, ਜਿਲ੍ਹਾ ਪ੍ਰਧਾਨ ਮਲਟੀਪਰਪਜ ਹੈਲਥ ਵਰਕਰ ਯੂਨੀਅਨ ਰਣਜੀਤ ਸਿੰਘ, ਜੰਗਲਾਤ ਵਰਕਰ ਯੂਨੀਅਨ ਜਿਲ੍ਹਾ ਜਰਨਲ ਸਕੱਤਰ ਨਰਿੰਦਰ ਸਿੰਘ , ਟੇਕਨੀਕਲ ਅਤੇ ਮਕੇਨਿਕਲ ਯੂਨੀਅਨ ਦੇ ਆਗੂ ਰੋਸ਼ਨ, ਹਰਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਵੱਲੋਂ ਕੀਤੀ ਗਈ 17 ਸਾਲ ਦੀ ਲੰਬੀ ਸੇਵਾ ਨੂੰ ਅਣਗੌਲਿਆਂ ਕਰਕੇ ਦੀ ਸੇਵਾ ਮੁਕਤੀ ਦੀ ਉਮਰ 58 ਸਾਲ ਤਹਿ ਕਰਕੇ 31 ਮਾਰਚ ਤੋਂ ਬਾਅਦ ਖਾਲੀ ਹੱਥ ਘਰੀਂ ਤੋਰਨ ਦਾ ਫੁਰਮਾਨ ਜਾਰੀ ਕਰ ਦਿੱਤਾ ਗਿਆ ਹੈ ਜਿਸ ਨਾਲ ਪੰਜਾਬ ਅੰਦਰ ਹਜ਼ਾਰਾਂ ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਨੂੰ ਜ਼ਬਰਦਸਤ ਧੱਕਾ ਵੱਜਾ ਹੈ। ਉਹਨਾ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਵਾਅਦਾ ਕੀਤਾ ਸੀ ਕਿ ਸਰਕਾਰ ਬਣਦਿਆਂ ਹੀ ਆਸ਼ਾ ਵਰਕਰਾਂ ਦੇ ਮਿਹਨਤਾਨੇ ਵਿੱਚ ਦੁੱਗਣਾ ਵਾਧਾ ਕੀਤਾ ਜਾਵੇਗਾ ਅਤੇ ਘੱਟੋ ਘੱਟ ਉਜ਼ਰਤਾਂ ਦੇ ਘੇਰੇ ਵਿੱਚ ਲਿਆਂਦਾ ਜਾਵੇਗਾ।ਪ੍ਰੰਤੂ ਦੁੱਗਣਾ ਵਾਧਾ ਕਰਨ ਦੀ ਬਜਾਏ ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਨੂੰ ਖਾਲੀ ਹੱਥੀਂ ਘਰ ਤੋਰਨ ਦਾ ਫੁਰਮਾਨ ਜਾਰੀ ਕਰਕੇ ਉਹਨਾ ਨਾਲ ਦੁੱਗਣਾ ਧਰੋਹ ਕਮਾਇਆ ਹੈ। ਪੰਜਾਬ ਸਰਕਾਰ ਦੀ ਇਸ ਹੋਛੀ ਕਾਰਵਾਈ ਨਾਲ ਪੰਜਾਬ ਸਰਕਾਰ ਦਾ ਵਰਕਰ ਵਿਰੋਧੀ ਚਿਹਰਾ ਪੂਰੀ ਤਰ੍ਹਾਂ ਨੰਗਾ ਹੋ ਗਿਆ ਹੈ।ਜਥੇਬੰਦੀ ਦੀਆਂ ਆਗੂ ਬਿਮਲ ਕੌਰ, ਬੇਬੀ, ਤ੍ਰਿਸ਼ਲਾ, ਬਲਵਿੰਦਰ ਕੌਰ ਨੇ ਚਿਤਾਵਨੀ, ਦਿੰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਇਸ ਮਾਰੂ ਪੱਤਰ ਨੂੰ ਵਾਪਸ ਨਾ ਲਿਆ ਤਾਂ ਸੰਘਰਸ਼ ਨੂੰ ਤਿੱਖਾ ਕੀਤਾ ਜਾਵੇਗਾ। ਉਹਨਾਂ ਨੇ ਮੰਗ ਕੀਤੀ ਕਿ ਵਰਕਰਾਂ ਦੀ ਸੇਵਾਮੁਕਤੀ ਉਮਰ 65 ਸਾਲ ਕੀਤੀ ਜਾਵੇ, ਸੇਵਾ ਮੁਕਤੀ ਮੌਕੇ ਹਰ ਵਰਕਰ ਨੂੰ ਪੰਜ ਲੱਖ ਦੀ ਗਰੈਚੁਟੀ ਦਿੱਤੀ ਜਾਵੇ ਅਤੇ ਹਰ ਮਹੀਨੇ 10 ਹਜ਼ਾਰ ਰੁਪਏ ਪੈਨਸ਼ਨ ਦਿੱਤੀ ਜਾਵੇ।ਇਸ ਮੌਕੇ ਕਾਜਲ, ਪਲਵਿੰਦਰ, ਕਸ਼ਮੀਰ ਕੌਰ, ਮਨਪ੍ਰੀਤ, ਇੰਦ੍ਰਜੀਤ ਕੌਰ ਨੇ ਵੀ ਸੰਬੋਧਨ ਕੀਤਾ।

# ਸੇਫ ਸਕੂਲ ਵਾਹਨ ਦੇ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ : ਅਨਮਜੋਤ ਕੌਰ



**ਭਲਾਣ (ਹਰਭਜਨ ਢਿੱਲੋਂ)** ਐਸ ਡੀ ਐਮ ਨੇ ਸੇਫ ਸਕੂਲ ਵਾਹਨ ਸੰਬੰਧੀ ਕੀਤੀ ਵਿਸ਼ੇਸ ਮੀਟਿੰਗ ਸਰਕਾਰ ਵਲੋਂ ਮੋਟਰ ਵਹੀਕਲ ਐਕਟ ਦੇ ਨਿਯਮਾਂ ਤਹਿਤ ਵਾਹਨਾਂ ਲਈ ਨਿਯਮ ਨਿਰਧਾਰਤ ਕੀਤੇ ਹੋਏ ਹਨ। ਸਕੂਲ ਵਾਹਨਾਂ ਨੂੰ ਵਧੇਰੇ ਸੁਰੱਖਿਅਤ ਰੱਖਣ ਲਈ ਸੇਫ ਸਕੂਲ ਵਾਹਨ ਨਿਯਮ ਲਾਗੂ ਹਨ।ਜਿਨ੍ਹਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਗਿਆ ਹੈ।ਇਨ੍ਹਾਂ ਨਿਯਮਾਂ ਦੀ ਉਲੰਘਣਾਂ ਕਰਨ ਵਾਲਿਆ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।ਇਹ ਜਾਣਕਾਰੀ ਅਨਮਜੋਤ ਕੌਰ ਉਪ ਮੰਡਲ ਮੈਜਿਸਟ੍ਰੇਟ ਨੰਗਲ ਨੇ ਸੇਫ ਸਕੂਲ ਵਾਹਨ ਸੰਬੰਧੀ ਕੀਤੀ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਦਿੱਤੀ। ਉਨ੍ਹਾਂ ਨੇ ਕਿਹਾ ਕਿ ਹਰ ਵਾਹਨ ਦੇ ਚਾਲਕ ਤੇ ਮਾਲਕ ਲਈ ਮੋਟਰ ਵਹੀਕਲ ਐਕਟ ਦੀ ਪਾਲਣਾ ਕਰਨੀ ਲਾਜ਼ਮੀ ਹੈ। ਸਕੂਲ ਵਾਹਨਾਂ ਲਈ ਕੁਝ ਵਿਸ਼ੇਸ ਨਿਯਮ ਵੀ ਤਹਿ ਕੀਤੇ ਗਏ ਹਨ। ਸੇਫ ਸਕੂਲ ਵਾਹਨ ਦਾ ਭਾਵ ਵਿਦਿਆਰਥੀਆਂ ਅਤੇ ਛੋਟੇ ਬੱਚਿਆ ਲਈ ਵਰਤੋਂ ਵਿਚ ਲਿਆਂਦੇ ਜਾਣ ਵਾਲੇ ਵਾਹਨਾਂ ਦਾ ਨਿਰਧਾਰਤ ਮਾਪਦੰਡਾ ਦੇ ਅਨੁਕੂਲ ਹੋਣਾ ਲਾਜ਼ਮੀ ਹੈ। ਉਨ੍ਹਾਂ ਨੇ ਕਿਹਾ ਕਿ ਸੇਫ ਸਕੂਲ ਵਾਹਨ ਦਾ ਅਸਲ ਮਨੋਰਥ ਵਿਦਿਆਰਥੀਆਂ ਨੂੰ ਸੁਰੱਖਿਅਤ ਢੰਗ ਨਾਲ ਘਰਾਂ ਤੋਂ ਲੈ ਕੇ ਜਾਣਾ ਅਤੇ ਵਾਪਸ ਲਿਆਉਣਾ ਹੈ। ਉਨ੍ਹਾਂ ਨੇ ਦੱਸਿਆ ਕਿ ਸਕੂਲ ਬੱਸਾ ਵਿੱਚ ਸੁਰੱਖਿਆ ਸੰਬੰਧੀ ਸਮਾਨ 'ਤੇ ਜ਼ਰੂਰਤ ਤੋਂ ਜਿਆਦਾ ਬੱਚੇ ਬੱਸਾਂ ਵਿੱਚ ਨਾ ਬਿਠਾਏ ਜਾਣ ਤੇ ਡਰਾਈਵਰ ਕਿਸੇ ਵੀ ਤਰ੍ਹਾਂ ਦਾ ਨਸ਼ਾ ਨਾ ਕਰਦਾ ਹੋਵੇ ਤੇ ਬਾਹਰਲੇ ਰਾਜਾ ਤੋਂ ਆਏ ਡਰਾਈਵਰਾਂ ਦੀ ਪੁਲਸ ਵੈਰੀਫਿਕੇਸ਼ਨ ਕਰਵਾ ਕੇ ਉਨ੍ਹਾਂ ਦਾ ਰਿਕਾਰਡ ਵੀ ਸਕੂਲ ਵੱਲੋਂ ਰੱਖਿਆ ਜਾਵੇ। ਉਨ੍ਹਾਂ ਨੇ ਕਿਹਾ ਕਿ ਛੋਟੇ ਛੋਟੇ ਬੱਚਿਆਂ ਦੀਆਂ ਕੀਮਤੀ ਜਾਨਾਂ ਦਾ ਧਿਆਨ ਰੱਖਣਾ ਸਾਡੀ ਸਭ ਦੀ ਜ਼ਿੰਮੇਵਾਰੀ ਹੈ।

# ਸਕੇਪ ਸਾਹਿਤਕ ਸੰਸਥਾ ਦੀ ਚੋਣ, ਕਮਲੇਸ਼ ਸੰਧੂ ਪ੍ਰਧਾਨ ਬਣੇ



**ਫਗਵਾੜਾ (ਡਾ. ਰਮਨ)** ਪੰਜਾਬ 'ਚ ਵਿਲੱਖਣ ਸਾਹਿਤਕ ਸਰਗਰਮੀਆਂ ਲਈ ਜਾਣੀ ਜਾਂਦੀ ਸਕੇਪ ਸਾਹਿਤਕ ਸੰਸਥਾ ਦੀ ਸਾਲਾਨਾ ਚੋਣ ਸਮੇਂ ਕਵਿੱਤਰੀ ਕਮਲੇਸ਼ ਸੰਧੂ ਸਾਲ 2024-25 ਲਈ ਪ੍ਰਧਾਨ ਚੁਣੇ ਗਏ। ਸੰਸਥਾ ਦੀ ਕੋਰ ਕਮੇਟੀ ਦੇ ਫੈਸਲੇ ਨੂੰ ਜਨਰਲ ਬਾਡੀ 'ਚ ਪੇਸ਼ ਕਰਦਿਆਂ ਮੌਜੂਦਾ ਪ੍ਰਧਾਨ ਪਰਵਿੰਦਰਜੀਤ ਸਿੰਘ ਨੇ ਦੱਸਿਆ ਕਿ ਕਵਿੱਤਰੀ ਕਮਲੇਸ਼ ਸੰਧੂ ਨੂੰ ਪ੍ਰਧਾਨ, ਸੋਢੀ ਸੱਤੋਵਾਲੀਆ ਮੀਤ ਪ੍ਰਧਾਨ, ਪਰਵਿੰਦਰਜੀਤ ਸਿੰਘ ਨੂੰ ਜਨਰਲ ਸਕੱਤਰ, ਦਵਿੰਦਰ ਜੱਸਲ ਸਕੱਤਰ, ਮਨਦੀਪ ਸਿੰਘ ਖਜ਼ਾਨਚੀ, ਅਸ਼ੋਕ ਸ਼ਰਮਾ ਪ੍ਰੈਸ ਸਕੱਤਰ ਚੁਣੇ ਗਏ ਹਨ।ਉਹਨਾਂ ਨੇ ਸਾਹਿਤਕ ਸੰਸਥਾ ਦੀਆਂ ਪਿਛਲੇ ਸਾਲ ਦੀਆਂ ਸਰਗਰਮੀਆਂ ਨੂੰ ਇਜਲਾਸ ਵਿਚ ਪੇਸ਼ ਕੀਤਾ। ਉਹਨਾਂ ਦੱਸਿਆ ਕਿ ਸ਼ਬਦ ਸਿਰਜਣਹਾਰੇ -4 ਸੰਪਾਦਿਤ ਪੁਸਤਕ ਸਾਲ 2023 'ਚ ਛਾਪੀ ਗਈ ਹੈ ਅਤੇ ਨਿਰੰਤਰਤਾ ਨਾਲ ਇਸ ਵਰ੍ਹੇ ਵੀ ਛਾਪੀ ਜਾਏਗੀ। ਉਹਨਾਂ ਨੇ ਜਨਰਲ ਇਜਲਾਸ ਮੈਂਬਰਾਂ ਵਲੋਂ ਉਹਨਾਂ ਨੂੰ ਸਾਹਿਤਕ ਸਰਗਰਮੀਆਂ ਵਧਾਉਣ ਲਈ ਧੰਨਵਾਦ ਕੀਤਾ।

# ਸਿੱਖਿਆ ਹੋਵੇ ਲੋਕ ਸਭਾ ਚੋਣਾਂ ਦਾ ਮੁੱਦਾ : ਭੰਡਾਲ



**ਕਰਤਾਰਪੁਰ (ਹਰਮੇਸ਼ ਦੱਤ)** ਸਿੱਖਿਆ ਤੇ ਸਿਹਤ ਜੋ ਸਵਿਧਾਨ ਮੁਤਾਬਿਕ ਭਾਰਤ ਦੇ ਨਾਗਰਿਕ ਦੇ ਮੁਢਲੇ ਅਧਿਕਾਰਾਂ 'ਚ ਸ਼ਾਮਲ ਹਨ। ਪਰੰਤੂ ਅੱਜ ਸਿਹਤ ਤੇ ਸਿੱਖਿਆ ਨਿੱਜੀ ਹੱਥਾਂ 'ਚ ਜਾਣ ਕਾਰਨ ਇੱਕ ਵਪਾਰ ਦਾ ਧੰਦਾ ਬਣ ਕੇ ਰਹਿ ਗਿਆ ਹੈ। ਮੱਧ ਵਰਗੀ ਪਰਿਵਾਰਾਂ ਦੀਆਂ ਜੇਬਾਂ ਤੋਂ ਸਿਹਤ ਤੇ ਸਿੱਖਿਆ ਦੂਰ ਹੁੰਦੀ ਜਾ ਰਹੀ ਹੈ। ਪੰਜਾਬ 'ਚ ਸਿੱਖਿਆ ਤੇ ਸਿਹਤ ਵਿੱਚ ਕ੍ਰਾਂਤੀ ਦਾ ਜੋ ਇਸ਼ਤਿਹਾਰਾਂ 'ਤੇ ਨਾਅਰਾ ਦਿਖਾਈ ਦੇ ਰਿਹਾ ਹੈ। ਉਸ ਦੀ ਜ਼ਮੀਨੀ ਹਕੀਕਤ ਕੁਝ ਹੋਰ ਹੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸੈਂਟ ਫਰਾਂਸਿਸ ਸਕੂਲ ਪਹੁੰਚੇ ਪੰਜਾਬ ਕਿਸਾਨ ਯੂਨੀਅਨ (ਬਾਗੀ) ਦੇ ਸੂਬਾ ਜਨਰਲ ਸਕੱਤਰ ਗੁਰਦੀਪ ਸਿੰਘ ਭੰਡਾਲ ਨੇ ਕਿਹਾ ਕਿ ਡਿਪਟੀ ਕਮਿਸ਼ਨ ਜਲੰਧਰ ਹਿਮਾਂਸ਼ੂ ਅਗਰਵਾਲ ਨੂੰ ਸੈਂਟ ਫਰਾਂਸਿਸ ਕੋਨਵੈਂਟ ਸਕੂਲ ਕਰਤਾਰਪੁਰ 'ਚ ਪੜ੍ਹਦੇ ਬੱਚਿਆਂ ਦੇ ਮਾਪਿਆਂ ਵੱਲੋਂ ਨਜਾਇਜ ਤੇ ਜਬਰੀ ਵਸੂਲੇ ਜਾ ਰਹੇ ਵੱਖ ਵੱਖ ਨਾਵਾਂ ਹੇਠ ਫੰਡਾਂ, ਸਕੂਲ ਬੱਸਾਂ ਦੇ ਵਧਾਏ ਕਿਰਾਏ, ਵਰਦੀਆਂ ਤੇ ਕਿਤਾਬਾਂ ਇੱਕੋ ਦੁਕਾਨ ਤੋਂ ਲੈ ਲਈ ਮਜਬੂਰ ਕਰਨ ਸੰਬੰਧੀ ਦਿੱਤੀ ਸ਼ਿਕਾਇਤ ਤੋਂ ਬਾਅਦ ਸਿੱਖਿਆ ਵਿਭਾਗ ਦੇ ਇਕ ਤਿੰਨ ਮੈਂਬਰੀ ਪੈਨਲ ਵੱਲੋਂ ਸਕੂਲ ਪ੍ਰਸਾਸਨ ਤੇ ਮਾਪਿਆਂ ਦੇ ਬਿਆਨ ਕਲਮਬੰਦ ਕੀਤੇ ਹਨ। ਉਨ੍ਹਾ ਕਿਹਾ ਅੱਜ ਲੋੜ ਹੈ ਸਾਨੂੰ ਇੱਕਠੇ ਹੋ ਸਿੱਖਿਆ ਮਾਫੀਏ ਖਿਲਾਫ ਲੋਕ ਖੜੇ ਹੋਣੀ ਦੀ। ਆਏ ਪੈਨਲ ਵੱਲੋਂ ਬਿਆਨ ਕਲਮਬੰਦ ਕਰਨ ਤੋਂ ਬਾਅਦ ਡਿਪਟੀ ਕਮਿਸ਼ਨਰ ਜਲੰਧਰ ਨੂੰ ਰਿਪੋਰਟ ਭੇਜ ਅਗਲੀ ਕਾਰਵਾਈ ਅਮਲ ਵਿੱਚ ਲਿਆਉਣ ਦਾ ਭਰੋਸਾ ਮਾਪਿਆਂ ਨੂੰ ਦਿੱਤਾ ਗਿਆ। ਇਸ ਮੌਕੇ ਸੋਨੂੰ ਦਿਆਲਪੁਰ, ਕੋਮਲ ਸਿੰਘ , ਰਾਜ ਕੁਮਾਰ , ਸੁਖਬੀਰ ਸਿੰਘ , ਸਤਨਾਮ ਸਿੰਘ ਜਗਜੀਤ ਸਿੰਘ, ਪਰਮਜੀਤ ਸਿੰਘ, ਕਸ਼ਮੀਰੀ ਲਾਲ ਮੈਂਬਰ ਪੰਚਾਇਤ ਅਤੇ ਵਿਦਿਆਰਥੀਆ ਦੇ ਮਾਤਾ ਪਿਤਾ ਹਾਜ਼ਰ ਸਨ।

# ਮਾਤਾ ਮਨਸਾ ਦੇਵੀ ਮੰਦਰ 'ਚ 37 ਸ਼ਰਧਾਲੂਆਂ ਨੇ ਖ਼ੂਨਦਾਨ ਕੀਤਾ

**ਪੰਚਕੂਲਾ (ਕ੍ਰਿਸ਼ਨ ਗਰਗ)** ਵਿਸ਼ਵਾਸ ਫਾਊਂਡੇਸ਼ਨ ਵੱਲੋਂ ਗੁਰੂਦੇਵ ਸਵਾਮੀ ਵਿਸ਼ਵਾਸ ਦੇ ਆਸ਼ੀਰਵਾਦ ਨਾਲ ਸ਼੍ਰੀ ਮਾਤਾ ਮਨਸਾ ਦੇਵੀ ਸ਼ਰਾਈਨ ਬੋਰਡ ਅਤੇ ਇੰਡੀਅਨ ਰੈੱਡ ਕਰਾਸ ਸੋਸਾਇਟੀ ਜਿਲਾ ਸ਼ਾਖਾ ਪੰਚਕੂਲਾ ਦੇ ਸਹਿਯੋਗ ਨਾਲ ਮਾਤਾ ਮਨਸਾ ਦੇਵੀ ਮੰਦਰ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ। ਖ਼ੂਨ ਲੈਣ ਤੋਂ ਪਹਿਲਾਂ ਡਾਕਟਰਾਂ ਦੀ ਟੀਮ ਨੇ ਖ਼ੂਨਦਾਨੀਆਂ ਦਾ ਚੈਕਅੱਪ ਕੀਤਾ, ਡਾਕਟਰਾਂ ਨੇ ਦੱਸਿਆ ਕਿ ਖ਼ੂਨਦਾਨ ਕਰਨ ਵਿੱਚ ਕਿਸੇ ਕਿਸਮ ਦੀ ਕੋਈ ਸਮੱਸਿਆ ਨਹੀਂ ਹੈ। ਇਸ ਦੀ ਬਜਾਇ, ਖ਼ੂਨਦਾਨ ਕਰਨ ਨਾਲ ਵਿਅਕਤੀ ਨੂੰ ਮਾਣ ਮਹਿਸੂਸ ਹੁੰਦਾ ਹੈ।ਵਿਸ਼ਵਾਸ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਿਮਾ ਵਿਸ਼ਵਾਸ ਨੇ ਦੱਸਿਆ ਕਿ ਬਲੱਡ ਬੈਂਕ ਜੀਐਮਸੀਐਚ ਸੈਕਟਰ 32 ਚੰਡੀਗੜ੍ਹ ਦੀ ਟੀਮ ਨੇ ਡਾ: ਵਿਸ਼ਵਜੀਤ ਸਿੰਘ ਦੀ ਦੇਖ-ਰੇਖ ਹੇਠ 37 ਯੂਨਿਟ ਖ਼ੂਨ ਇਕੱਤਰ ਕੀਤਾ। ਸਾਧਵੀ ਨੀਲਿਮਾ ਵਿਸ਼ਵਾਸ ਨੇ ਦੱਸਿਆ ਕਿ ਸਾਡੀ ਸੰਸਥਾ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰਦੀ ਹੈ ਕਿ ਖ਼ੂਨ ਦੀ ਕੋਈ ਕਮੀ ਨਾ ਰਹੇ।ਖ਼ੂਨਦਾਨ ਕੈਂਪ ਵਿੱਚ ਆਏ ਸਾਰੇ ਖ਼ੂਨਦਾਨੀਆਂ ਨੂੰ ਪ੍ਰਸ਼ੰਸਾ ਪੱਤਰ ਅਤੇ ਤੋਹਫੇ ਦੇ ਕੇ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਅਵਿਨਾਸ਼ ਸ਼ਰਮਾ, ਵਰਸ਼ਾ ਸ਼ਰਮਾ, ਰਣਧੀਰ ਸਿੰਘ, ਸਤੀਸ਼ ਗੁਪਤਾ, ਨਰਸਿੰਗ ਅਫਸਰ ਵੀਨਾ ਰਾਣੀ ਅਤੇ ਵਿਸ਼ਵਾਸ ਫਾਊਂਡੇਸ਼ਨ ਦੇ ਹੋਰ ਪਤਵੰਤੇ ਹਾਜ਼ਰ ਸਨ।

# ਸਿਹਤ ਸਟਾਫ਼ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ : ਡਾ. ਚੀਮਾ

**ਮੋਹਾਲੀ, (ਗੁਰਜੀਤ ਬਿੱਲਾ)**- ਈ.ਐਸ.ਆਈ. ਹਸਪਤਾਲ ਹੁਸ਼ਿਆਰਪੁਰ ਦੇ ਐਸ.ਐਮ.ਓ. ਡਾ. ਸੁਨੀਲ ਭਗਤ ਅਤੇ ਉਨ੍ਹਾਂ ਦੇ ਪਰਵਾਰ ਉਤੇ ਮਰੀਜ਼ ਦੇ ਰਿਸ਼ਤੇਦਾਰਾਂ ਵਲੋਂ ਕੀਤੇ ਗਏ ਹਮਲੇ ਦੇ ਵਿਰੋਧ ਵਿਚ ਸਥਾਨਕ ਜ਼ਿਲ੍ਹਾ ਹਸਪਤਾਲ ਅਤੇ ਮੈਡੀਕਲ ਕਾਲਜ ਦੇ ਡਾਕਟਰਾਂ ਤੇ ਹੋਰ ਸਟਾਫ਼ ਨੇ ਇਕਜੁੱਟਤਾ ਮਾਰਚ ਕਢਿਆ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸੀਨੀਅਰ ਮੈਡੀਕਲ ਅਫ਼ਸਰ ਡਾ. ਐਚ.ਐਸ.ਚੀਮਾ ਨੇ ਆਖਿਆ ਕਿ ਪੀ.ਸੀ.ਐਮ.ਐਸ.ਏ. ਅਤੇ ਸਮੁੱਚਾ ਸਿਹਤ ਸਟਾਫ਼ ਡਾ. ਸੁਨੀਲ ਭਗਤ ਅਤੇ ਉਨ੍ਹਾਂ ਦੇ ਪਰਵਾਰ 'ਤੇ ਕੀਤੇ ਗਏ ਹਮਲੇ ਦੀ ਪੁਰਜ਼ੋਰ ਨਿਖੇਧੀ ਕਰਦਾ ਹੈ ਅਤੇ ਪੀੜਤ ਡਾਕਟਰ ਅਤੇ ਉਨ੍ਹਾਂ ਦੇ ਪਰਵਾਰ ਨਾਲ ਖੜਾ ਹੈ। ਉਨ੍ਹਾਂ ਕਿਹਾ ਕਿ ਇਹ ਮੰਦਭਾਗੀ ਗੱਲ ਹੈ ਕਿ ਮਰੀਜ਼ਾਂ ਦਾ ਇਲਾਜ ਕਰਨ ਵਾਲੇ ਡਾਕਟਰਾਂ ਉਤੇ ਹੀ ਮਰੀਜ਼ਾਂ ਦੇ ਰਿਸ਼ਤੇਦਾਰਾਂ ਵਲੋਂ ਹਮਲੇ ਕੀਤੇ ਜਾਣ ਦੀਆਂ ਘਟਨਾਵਾਂ ਸਾਹਮਣੇ ਆਉਂਦੀਆਂ ਹਨ। ਉਨ੍ਹਾਂ ਕਿਹਾ ਕਿ ਇਸ ਘਟਨਾ ਪ੍ਰਤੀ ਸਰਕਾਰ ਵਲੋਂ ਕੀਤੀ ਗਈ ਕਾਰਵਾਈ ਤਸੱਲੀਬਖ਼ਸ਼ ਰਹੀ ਹੈ, ਜਿਸ ਕਾਰਨ ਉਨ੍ਹਾਂ ਨੇ ਤਜਵੀਜ਼ਤ ਹੜਤਾਲ ਰੱਦ ਕਰ ਕੇ ਇਕਜੁੱਟਤਾ ਮਾਰਚ ਕੱਢਿਆ ਹੈ। ਉਨ੍ਹਾਂ ਸਰਕਾਰ ਕੋਲੋਂ ਮੰਗ ਕੀਤੀ ਕਿ ਡਾਕਟਰਾਂ ਸਮੇਤ ਸਮੁੱਚੇ ਸਿਹਤ ਸਟਾਫ਼ ਦੀ ਸੁਰੱਖਿਆ ਲਈ ਜ਼ਰੂਰੀ ਇੰਤਜ਼ਾਮ ਕੀਤੇ ਜਾਣ ਤਾਕਿ ਭਵਿੱਖ ਵਿਚ ਅਜਿਹੀਆਂ ਘਟਨਾਵਾਂ ਨਾ ਵਾਪਰਨ। ਮਾਰਚ ਵਿਚ ਐਸ.ਐਮ.ਓ. ਡਾ. ਵਿਜੇ ਭਗਤ, ਐਮ.ਐਸ. ਡਾ. ਨਵਦੀਪ ਸੈਣੀ ਤੇ ਹੋਰ ਡਾਕਟਰ ਸ਼ਾਮਲ ਸਨ।

# 'ਮੈਂ ਵੀ ਕੇਜਰੀਵਾਲ' ਤੇ 'ਜੇਲ੍ਹ ਦਾ ਜਵਾਬ ਵੋਟ ਨਾਲ'

**ਚੰਡੀਗੜ੍ਹ, 22 ਅਪ੍ਰੈਲ. ( ਗੁਰਜੀਤ ਬਿੱਲਾ )**- ਮਹਾਰਾਜਾ ਯਾਦਵਿੰਦਰਾ ਸਿੰਘ ਕ੍ਰਿਕਟ ਸਟੇਡੀਅਮ ਵਿੱਚ ਐਤਵਾਰ ਨੂੰ ਆਈਪੀਐਲ ਮੈਚ ਦੌਰਾਨ ਆਮ ਆਦਮੀ ਪਾਰਟੀ (ਆਪ) ਦੇ ਸਮਰਥਕਾਂ ਨੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ 'ਮੈਂ ਵੀ ਕੇਜਰੀਵਾਲ' ਅਤੇ 'ਜੇਲ੍ਹ ਦਾ ਜਵਾਬ ਵੋਟ ਨਾਲ' ਦੇ ਨਾਅਰੇ ਲਾਏ। 'ਆਪ' ਸਮਰਥਕਾਂ ਨੇ ਅਰਵਿੰਦ ਕੇਜਰੀਵਾਲ ਦੀ ਰਿਹਾਈ ਦੀ ਮੰਗ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਬਿਨਾਂ ਕਿਸੇ ਘਪਲੇ ਅਤੇ ਸਬੂਤ ਦੇ ਬਾਵਜੂਦ ਗ਼ਲਤ ਤਰੀਕੇ ਨਾਲ ਗ੍ਰਿਫ਼ਤਾਰ ਕਰਕੇ ਜੇਲ੍ਹ ਵਿੱਚ ਰੱਖਿਆ ਗਿਆ ਹੈ।ਸਮਰਥਕਾਂ ਨੇ ਕੇਜਰੀਵਾਲ ਦੀ ਤਸਵੀਰ ਵਾਲੀ ਪੀਲੀ ਟੀ-ਸ਼ਰਟ ਪਾਈ ਹੋਈ ਸੀ, ਜਿੱਥੇ ਉਨ੍ਹਾਂ ਨੂੰ ਸਲਾਖ਼ਾਂ ਦੇ ਪਿੱਛੇ ਦਿਖਾਇਆ ਗਿਆ ਸੀ ਅਤੇ 'ਮੈਂ ਵੀ ਕੇਜਰੀਵਾਲ' ਅਤੇ 'ਜੇਲ੍ਹ ਦਾ ਜਵਾਬ ਵੋਟ ਨਾਲ' ਦੇ ਨਾਅਰੇ ਲਗਾਏ।

ਇਹ ਅਰਵਿੰਦ ਕੇਜਰੀਵਾਲ ਦੇ ਹੱਕ ਵਿੱਚ 'ਆਪ' ਸਮਰਥਕਾਂ ਵੱਲੋਂ ਅਨੋਖਾ ਪ੍ਰਦਰਸ਼ਨ ਸੀ। ਉਨ੍ਹਾਂ ਨੇ ਯਕੀਨੀ ਤੌਰ 'ਤੇ ਆਈ ਪੀ ਐਲ ਵੇਖਣ ਆਏ ਸਾਰੇ ਦਰਸ਼ਕਾਂ ਦਾ ਧਿਆਨ ਆਪਣੇ ਵੱਲ ਖਿੱਚਿਆ।ਇਸ ਵਿਰੋਧ ਪ੍ਰਦਰਸ਼ਨ ਵਿੱਚ ਛੋਟੇ ਬੱਚਿਆਂ ਨੇ ਵੀ ਪੀਲੀਆਂ ਟੀ-ਸ਼ਰਟਾਂ ਪਾ ਕੇ ਦੇਸ਼ ਵਿੱਚ ਲੋਕਤੰਤਰ ਨੂੰ ਖ਼ਤਰੇ ਵਿੱਚ ਪਾਉਣ ਵਾਲਿਆਂ ਵਿਰੁੱਧ ਆਪਣਾ ਇਤਰਾਜ਼ ਦਰਜ ਕਰਵਾਇਆ। ਅਰਵਿੰਦ ਕੇਜਰੀਵਾਲ ਨੂੰ ਆਪਣੀ ਗ੍ਰਿਫ਼ਤਾਰੀ ਦੇ ਖ਼ਿਲਾਫ਼ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸਮਰਥਨ ਮਿਲ ਰਿਹਾ ਹੈ ਅਤੇ ਹੁਣ ਦੇਸ਼ ਦੇ ਕੋਨੇ-ਕੋਨੇ ਤੋਂ ਉਨ੍ਹਾਂ ਦੀ ਰਿਹਾਈ ਲਈ ਨਵੀਆਂ ਆਵਾਜ਼ਾਂ ਜੁੜ ਰਹੀਆਂ ਹਨ।

# 'ਵਿਸ਼ਵ ਧਰਤੀ ਦਿਵਸ' 'ਤੇ ਕਰਵਾਇਆ ਸੈਮੀਨਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-"ਵਿਸ਼ਵ ਧਰਤੀ ਦਿਵਸ" ਦੇ ਮੌਕੇ ਤੇ ਅਲਾਇੰਸ ਕਲੱਬ ਹੁਸ਼ਿਆਰਪੁਰ ਗ੍ਰੇਟਰ ਵਲੋਂ ਇਕ ਸੈਮੀਨਾਰ ਡਿਸਟ੍ਰਿਕ ਗਵਰਨਰ ਐਲੀ ਰਮੇਸ਼ ਕੁਮਾਰ ਦੀ ਪ੍ਰਧਾਨਗੀ ਵਿੱਚ ਕਰਵਾਇਆ ਗਿਆ। ਜਿਸ ਵਿੱਚ ਪਾਸਟ ਡਿਸਟ੍ਰਿਕ ਗਵਰਨਰ ਐਲੀ ਅਸ਼ੋਕ ਪੁਰੀ, ਐਲੀ ਐਡਵੋਕੇਟ ਐਸ.ਪੀ.ਰਾਣਾ, ਐਲੀ ਪੁਸ਼ਪਿੰਦਰ ਸ਼ਰਮਾ ਅਤੇ ਵੀਡਿਓ ਡਾਇਰੈਕਟਰ ਅਸ਼ੋਕ ਖੁਰਾਨਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। "ਆਓ ਧਰਤ ਪੰਜਾਬ ਬਚਾਈਏ" ਗੀਤ, ਗੀਤਕਾਰ ਅਤੇ ਗਾਇਕ ਡਾ.ਜੀਤ ਸਾਜਨ ਨੇ ਪੇਸ਼ ਕੀਤਾ। ਇਸ ਤੋਂ ਬਾਅਦ ਭੌਂ-ਵਿਗਿਆਨੀ ਡਾ.ਸੁਖਦੇਵ ਸਿੰਘ ਢਿੱਲੋਂ ਨੇ ਪੰਜਾਬ ਦੀ ਧਰਤੀ ਸਬੰਧੀ ਸਮੱਸਿਆਵਾਂ ਦੀ ਵਿਸਥਾਰ ਨਾਲ ਚਰਚਾ ਕੀਤੀ। ਧਰਤੀ ਦੀਆ ਸਮੱਸਿਆਵਾਂ ਤੋਂ ਛੁਟਕਾਰਾ ਪਾਉਣ ਦੇ ਲਈ ਧਰਤ ਸੰਸਕ੍ਰਿਤੀ ਦੇ ਲਈ ਸੇਵਾ ਕਰ ਰਹੇ ਨਿਰਦੇਸ਼ਕ ਅਸ਼ੋਕ ਖੁਰਾਨਾ ਨੂੰ ਇੰਟਰਨੈਸ਼ਨਲ ਪ੍ਰੈਜ਼ੀਡੈਂਟ ਐਪਰੀਸੀਏਸ਼ਨ ਸਰਟੀਫਿਕੇਟ ਦੇ ਨਾਲ ਸਨਮਾਨਿਤ ਕੀਤਾ ਗਿਆ। ਐਡਵੋਕੇਟ ਐਸ.ਪੀ.ਰਾਣਾ ਨੇ ਕਿਹਾ ਕਿ ਜੇ ਜਿਸ ਤਰ੍ਹਾਂ ਰਾਜਨੀਤਿਕ ਪਾਰਟੀਆਂ ਚੋਣਾਂ ਦੇ ਸਮੇਂ ਸਰਗਰਮ ਹੁੰਦੀਆਂ ਹਨ ਉਸੀ ਤਰ੍ਹਾਂ ਜੇ ਅਸੀਂ ਵੀ ਧਰਤੀ ਨੂੰ ਜ਼ਹਿਰਾਂ ਤੋਂ ਬਚਾਉਣ ਲਈ ਸਰਗਰਮ ਹੋ ਜਾਈਏ ਤਾਂ ਹੀ ਸਾਡਾ ਬਚਾਓ ਹੋ ਸਕਦਾ ਹੈ। ਐਲੀ ਅਸ਼ੋਕ ਪੁਰੀ ਨੇ ਦੱਸਿਆ ਕਿ ਬਹੁ-ਰੰਗ ਕਲਾ-ਮੰਚ ਵਲੋਂ ਧਰਤੀ ਅਤੇ ਪਾਣੀ ਦੇ ਮਹੱਤਵ ਬਾਰੇ ਵਿੱਚ ਲੋਕਾਂ ਨੂੰ ਸੁਚੇਤ ਕਰਨ ਦੇ ਲਈ ਜਾਗਰੂਕਤਾ ਮੁਹਿਮ ਚਲਾਈ ਜਾਵੇਗੀ।

# ਜ਼ਿਲ੍ਹਾ ਸਵੀਪ ਟੀਮ ਨੇ ਧਰਤ ਦਿਵਸ ਮਨਾਇਆ





**ਨਵਾਂਸ਼ਹਿਰ (ਲਾਡੀ)**-ਲੋਕ ਸਭਾ ਚੋਣਾਂ 2024 ਨੂੰ ਮੁੱਖ ਰੱਖਦੇ ਹੋਏ ਮੁੱਖ ਚੋਣ ਅਫਸਰ ਪੰਜਾਬ ਦੀਆਂ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫਸਰ ਨਵਜੋਤ ਪਾਲ ਸਿੰਘ ਰੰਧਾਵਾ ਦੇ ਹੁਕਮਾਂ ਅਤੇ ਰਾਜੀਵ ਵਰਮਾ ਐਡੀਸ਼ਨਲ ਡਿਪਟੀ ਕਮਿਸ਼ਨਰ-ਕਮ- ਨੋਡਲ ਅਫਸਰ ਸਵੀਪ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਸਵੀਪ ਟੀਮ ਵਲੋਂ ਵੱਖ-ਵੱਖ ਸੰਸਥਾਵਾਂ ਵਿੱਚ ਵੋਟਰ ਜਾਗਰੂਕਤਾ ਦੇ ਨਾਲ਼-ਨਾਲ਼ ਧਰਤ ਦਿਵਸ ਵੀ ਮਨਾਇਆ ਗਿਆ।ਸਵੀਪ ਦੇ ਨੋਡਲ ਅਫਸਰ ਸਤਨਾਮ ਸਿੰਘ, ਬੀ. ਐਲ. ਐਮ.ਗਰਲਜ ਕਾਲਜ ਨਵਾਂ ਸ਼ਹਿਰ ਤੋ ਰਾਜਨੀਤੀ ਵਿਭਾਗ ਦੇ ਸਹਾਇਕ ਪ੍ਰੋਫੈਸਰ ਹਰਦੀਪ ਕੌਰ ਅਤੇ ਉਂਕਾਰ ਸਿੰਘ ਕੰਪਿਊਟਰ ਫੈਕਲਟੀ ਵਲੋਂ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਰਾਂਹੋ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਾਹਲੋਂ ਵਿਖੇ ਹਾਜ਼ਰ ਸਟਾਫ ਮੈਂਬਰਜ਼ ਅਤੇ ਵਿਦਿਆਰਥੀਆਂ ਨੂੰ ਲੋਕ ਸਭਾ ਚੋਣਾਂ ਸੰਬੰਧੀ ਜਾਗਰੂਕ ਕੀਤਾ ਗਿਆ ਅਤੇ ਪੌਦੇ ਵੀ ਲਗਾਏ ਗਏ।ਸਤਨਾਮ ਸਿੰਘ ਦੁਆਰਾ ਵਿਦਿਆਰਥੀਆਂ ਨੂੰ ਭਾਰਤ ਚੋਣ ਕਮਿਸ਼ਨ ਦੇ ਨਾਅਰੇ ਇਸ ਵਾਰ ਸੱਤਰ ਪਾਰ ਬਾਰੇ ਦੱਸਿਆ ਅਤੇ ਕਿਹਾ ਕਿ ਇਸ ਵਾਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਪਝੱਤਰ ਪਾਰ ਮਿਸ਼ਨ 'ਤੇ ਕੰਮ ਕਰ ਰਿਹਾ ਹੈ। ਅਸੀਂ ਸਾਰਿਆਂ ਨੇ ਇਹ ਯਤਨ ਕਰਨੇ ਹਨ ਕਿ ਕੁੱਲ ਵੋਟਰ ਟਰਨ ਆਊਟ ਵਿੱਚ ਸਾਡਾ ਜ਼ਿਲ੍ਹਾ ਅਗਲੀਆਂ ਸਫਾਂ ਵਿੱਚ ਆ ਜਾਵੇ। ਇਸਦੇ ਨਾਲ ਉਨ੍ਹਾਂ ਕਿਹਾ ਕਿ ਧਰਤੀ ਨੂੰ ਵੀ ਪ੍ਰਦੂਸ਼ਣ ਰਹਿਤ ਕਰਨਾ ਹੈ ਜਿਸ ਲਈ ਸਾਨੂੰ ਸਾਰਿਆਂ ਨੂੰ ਅਨੁਕੂਲਿਤ ਮੌਸਮ ਅਤੇ ਆਪਣੇ ਜਨਮ ਦਿਵਸ ਮੌਕੇ ਪੌਦੇ ਜ਼ਰੂਰ ਲਗਾਉਣੇ ਚਾਹੀਦੇ ਹਨ।ਉਨ੍ਹਾਂ ਦੁਆਰਾ ਆਨਲਾਇਨ ਮਾਧਿਅਮ ਰਾਂਹੀ ਵੋਟ ਬਣਾਉਣ ਬਾਰੇ ਵੀ ਦੱਸਿਆ ਗਿਆ।ਇਸ ਮੌਕੇ ਜ਼ਿਲ੍ਹਾ ਸਵੀਪ ਟੀਮ ਵਲੋਂ ਚੋਣ ਦਫਤਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਵੀ ਪੌਦੇ ਲਗਾਏ ਗਏ।ਹਰਦੀਪ ਕੌਰ ਦੁਆਰਾ ਵਿਦਿਆਰਥੀਆਂ ਨੂੰ ਵੋਟਰ ਪ੍ਰਣ ਦੁਆਇਆ ਗਿਆ।ਇਸ ਮੌਕੇ ਇਲੈਕਟੋਰਲ ਲਿਟਰੇਸੀ ਕਲੱਬ ਇੰਚਾਰਜ਼ ਰਾਜਨ ਰਾਣਾ, ਪ੍ਰਿੰਸੀਪਲ ਬਲਜਿੰਦਰ ਸਿੰਘ, ਜਸਵੀਰ ਰਾਜ, ਸਰਬਜੀਤ ਕੌਰ, ਜਸਵੀਰ ਕੌਰ, ਜਸਵਿੰਦਰ ਸਿੰਘ, ਵਰਿੰਦਰ ਸਿੰਘ, ਬਲਜਿੰਦਰ ਸਿੰਘ, ਮਨਜੀਤ ਰਾਮ, ਸੁਮਿਤ ਆਦਿ ਹਾਜ਼ਰ ਸਨ।

# ਲਾਇਲਪੁਰ ਖ਼ਾਲਸਾ ਕਾਲਜ ਦੇ ਐੱਮ ਏ (ਅੰਗਰੇਜ਼ੀ) ਤੀਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ



**ਜਲੰਧਰ (ਸ਼ੈਲੀ ਐਲਬਰਟ)** ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਐਮ ਏ ਅੰਗਰੇਜ਼ੀ ਤੀਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣ ਸਾਕਸ਼ੀ ਸ਼ਰਮਾ ਨੇ 400 'ਚੋਂ 296 ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥਣ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਵਿਦਿਆਰਥਣ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ ਅਤੇ ਕਿਹਾ ਕਿ ਕਾਲਜ ਆਪਣੇ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਅਨੁਕੂਲ ਮਾਹੌਲ ਪ੍ਰਦਾਨ ਕਰਦਾ ਹੈ, ਛੁਪੀ ਪ੍ਰਤਿਭਾ ਨੂੰ ਖੋਜਣ ਲਈ ਉਤਸ਼ਾਹਿਤ ਕਰਦਾ ਹੈ ਅਤੇ ਹੋਣਹਾਰ ਮੈਰਿਟ ਵਾਲੇ ਲੋੜਵੰਦ ਵਿਦਿਆਰਥੀਆਂ ਨੂੰ ਕਾਲਜ ਵਲੋਂ ਹਰ ਤਰ੍ਹਾਂ ਦੀ ਸਹੂਲਤ ਤੋਂ ਇਲਾਵਾ ਫੀਸਾਂ ਵਿਚ ਵੀ ਭਾਰੀ ਰਿਆਇਤ ਦਿੰਦਾ ਹੈ। ਵਾਈਸ ਪ੍ਰਿੰਸੀਪਲ ਅਤੇ ਮੁਖੀ ਵਿਭਾਗ ਪ੍ਰੋ: ਜਸਰੀਨ ਕੌਰ ਨੇ ਕਿਹਾ ਕਿ ਵਿਭਾਗ ਆਪਣੇ ਵਿਦਿਆਰਥੀਆਂ ਦੀ ਅਕਾਦਮਿਕ ਉੱਤਮਤਾ ਲਈ ਕੋਈ ਕਸਰ ਬਾਕੀ ਨਹੀਂ ਛੱਡਦਾ। ਡਾ. ਬਲਰਾਜ ਕੌਰ, ਪ੍ਰੋ. ਆਹੂਜਾ ਸੰਦੀਪ, ਡਾ. ਗੀਤਾਂਜਲੀ ਮਹਾਜਨ, ਡਾ. ਮੰਜੂ ਜੋਸ਼ੀ ਅਤੇ ਪ੍ਰੋ. ਸਤਪਾਲ ਸਿੰਘ ਵੀ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਮਿਸ਼ਨ ਸੇਵਾ ਸੁਸਾਇਟੀ ਦੀ ਹੋਈ ਚੋਣ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਸ੍ਰੀ ਗੁਰੂ ਰਵਿਦਾਸ ਮਿਸ਼ਨ ਸੇਵਾ ਸੁਸਾਇਟੀ ਚਮਕੌਰ ਸਾਹਿਬ ਦੇ ਮੈਂਬਰਾਂ ਦੀ ਮੀਟਿੰਗ ਗੁਰਦੁਆਰਾ ਯਾਦਗਾਰ ਸ਼੍ਰੋਮਣੀ ਸ਼ਹੀਦ ਬਾਬਾ ਸੰਗਤ ਸਿੰਘ ਵਿਖੇ ਚੇਅਰਮੈਨ ਬਖਸ਼ੀਸ਼ ਸਿੰਘ ਕਟਾਰੀਆ ਦੀ ਪ੍ਰਧਾਨਗੀ ਹੇਠ ਹੋਈ। ਸੁਸਾਇਟੀ ਦੇ ਪ੍ਰੈੱਸ ਸਕੱਤਰ ਮਲਾਗਰ ਸਿੰਘ ਨੇ ਦੱਸਿਆ ਕਿ ਕਿ ਸੁਸਾਇਟੀ ਨੂੰ ਸੋਚਾਰੂ ਢੰਗ ਨਾਲ ਚਲਾਉਣ ਲਈ ਸਰਬਸੰਮਤੀ ਨਾਲ ਅਹੁਦੇਦਾਰਾਂ ਵਿੱਚ ਬਦਲਾ ਕੀਤਾ ਗਿਆ । ਜਿਸ ਵਿੱਚ ਗੁਰਚਰਨ ਸਿੰਘ ਮਾਣੇ ਮਾਜਰਾ ਜੋ ਸੁਸਾਇਟੀ ਦੇ ਜਨਰਲ ਸਕੱਤਰ ਸਨ, ਨੂੰ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸੇ ਤਰ੍ਹਾਂ ਬਖਸ਼ੀਸ਼ ਸਿੰਘ ਕਟਾਰੀਆ ਜੋ ਚੇਅਰਮੈਨ ਸਨ , ਨੂੰ ਜਰਨਲ ਸਕੱਤਰ ਅਤੇ ਬਲਦੇਵ ਸਿੰਘ ਨੂੰ ਸੁਸਾਇਟੀ ਦੇ ਚੇਅਰਮੈਨ ਨਿਯੁਕਤ ਕੀਤਾ ਗਿਆ। ਬਾਕੀ ਸਮੁੱਚੇ ਆਹੁਦੇਦਾਰ ਪਹਿਲਾਂ ਵਾਲੇ ਅਹੁਦਿਆਂ ਤੇ ਹੀ ਕੰਮ ਕਰਦੇ ਰਹਿਣਗੇ ਅਤੇ ਸੁਸਾਇਟੀ ਦੇ ਸੰਵਿਧਾਨ ਮੁਤਾਬਕ ਚੋਣ ਦੀ ਟਰਮ ਪੂਰੀ ਹੋਣ ਤੇ ਅਗਲੀ ਚੋਣ ਕੀਤੀ ਜਾਵੇਗੀ । ਇਹ ਫੈਸਲੇ ਸੁਸਾਇਟੀ ਵੱਲੋਂ ਸਰਬਸੰਮਤੀ ਨਾਲ ਕੀਤੇ ਗਏ ।ਉਨ੍ਹਾਂ ਦੱਸਿਆ ਕਿ ਮੀਟਿੰਗ ਵਿੱਚ ਸੁਸਾਇਟੀ ਦੇ ਸਮਾਜ ਭਲਾਈ ਕੰਮਾਂ ਵਿੱਚ ਤੇਜ਼ੀ ਲਿਆਉਣ ਅਤੇ ਪਿਛਲੇ ਛੇ ਮਹੀਨਿਆਂ ਤੋਂ ਚਲਦੇ ਆ ਰਹੇ ਸਿਲਾਈ ਸੈਂਟਰ ਨੂੰ ਇਲਾਕੇ ਦੇ ਲੋਕਾਂ ਦੇ ਸਹਿਯੋਗ ਅਤੇ ਗਰੀਬ ਪਰਵਾਰਾਂ ਦੀ ਮੰਗ ਨੂੰ ਲੈ ਕੇ ਲਗਾਤਾਰ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ । ਇਸ ਮੌਕੇ ਮਾਸਟਰ ਬਾਬੂ ਸਿੰਘ, ਸਤਵਿੰਦਰ ਸਿੰਘ ਨੀਟਾ, ਮਾਸਟਰ ਰਤਨ ਸਿੰਘ, ਗਿਆਨ ਸਿੰਘ , ਜਸਬੀਰ ਸਿੰਘ , ਫੌਜੀ ਗੁਰਮੀਤ ਸਿੰਘ, ਗਿਆਨੀ ਸੁਖਬੀਰ ਸਿੰਘ, ਪ੍ਰਿੰਸੀਪਲ ਮੋਹਣ ਸਿੰਘ, ਅਮਰਜੀਤ ਸਿੰਘ ,ਗੁਰਨਾਮ ਸਿੰਘ, ਲਾਭ ਸਿੰਘ ,ਸੁਖਦੇਵ ਸਿੰਘ ਹਵਾਰਾ ਅਤੇ ਗਿਆਨੀ ਸੁਖਵਿੰਦਰ ਸਿੰਘ ਆਦਿ ਹਾਜਰ ਸਨ ।

# ਸਾਈਂ ਮਹਿੰਦਰ ਸ਼ਾਹ ਦੀ ਤੀਸਰੀ ਬਰਸੀ 'ਤੇ ਸਿੱਧੂ ਪਰਵਾਰ ਨੇਂ ਸ਼ੈਡ ਪਵਾਈ



**ਬਰਸੀ ਮੌਕੇ ਨਵੇਂ ਬਰਾਂਡੇ ਦੀ ਸ਼ੈਡ ਦਾ ਕੰਮ ਸ਼ੁਰੂ ਕਰਵਾਉਣ ਮੌਕੇ ਭੂਸ਼ਨ ਸਿੱਧੂ ਤੇ ਹੋਰ।**

**ਸ਼ਾਹਕੋਟ(ਗਿਆਨ ਸੈਦਪੁਰੀ)** ਸੱਯਦ ਪੀਰ ਸੈਦਰਾਣਾ ਅਤੇ ਗ਼ੁਲਾਮ ਮੁਸਤਫਾ ਉਰਫ ਬਾਬਾ ਮਸਤ ਰਾਮ ਲਾਲ ਦੇ ਦਰਬਾਰ ਦੇ ਗੱਦੀਨਸ਼ੀਨ ਸੱਚਖੰਡ ਵਾਸੀ ਸਾਂਈ ਮਹਿੰਦਰ ਸ਼ਾਹ ਦੀ ਤੀਸਰੀ ਬਰਸੀ ਸ਼ਾਨੋ ਸ਼ੌਕਤ ਨਾਲ ਮਨਾਈ ਗਈ। ਭੂਸ਼ਨ ਸਿੱਧੂ ਦੀ ਅਗਵਾਈ ਵਿੱਚ ਖ਼ੂਨਦਾਨ ਕੈਂਪ ਲਗਾਇਆ ਗਿਆ ਤੇ ਸੇਵਾਦਾਰਾਂ ਅਤੇ ਹੋਰ ਸੰਗਤਾਂ ਨੇ ਖ਼ੂਨਦਾਨ ਕੀਤਾ।ਸਿੱਧੂ ਪਰਵਾਰ ਵੱਲੋਂ ਸਾਂਈ ਮਹਿੰਦਰ ਸ਼ਾਹ ਦੀ ਯਾਦ ਵਿੱਚ ਨਵੇਂ ਬਰਾਂਡੇ ਦੀ ਸ਼ੈਡ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭੂਸ਼ਨ ਸਿੱਧੂ, ਜਸਵੀਰ ਸਿੰਘ ਜੱਸਾ, ਬਲਦੇਵ ਰਾਜ ਪੋਕਾ, ਸਾਂਈ ਠਾਕੁਰ, ਬਾਬਾ ਦਰੋਗਾ ਮੱਟੂ, ਸਾਂਈ ਅਜੈਬ ਸ਼ਾਹ, ਅਬਾਦ ਅਲੀ, ਬਲਵਿੰਦਰ ਸਿੰਘ ਗਿੱਲ, ਐਡਵਨ, ਅਮਨਦੀਪ ਸੈਦਪੁਰੀ, ਮੰਗਾ ਕੋਟਲੀ, ਸਾਬ ਕੋਟਲੀ, ਅਜੈ ਸਹੋਤਾ, ਹੈਪੀ ਗਿੱਲ, ਪ੍ਰੀਤ, ਸੂਰਜ ਸੋਹਤਾ, ਬਿੰਦਰ ਨਾਹਰ, ਮਨੀ ਸ਼ਾਹਕੋਟ, ਰਾਜੂ ਮਨਪ੍ਰੀਤ ਮੱਟੂ, ਤਰਸੇਮ ਲਾਲ ਪੱਪੀ, ਗੁਰਦੀਪ ਸਿੰਘ, ਕਾਲੀ ਰਸੂਲਪੁਰ ਆਦਿ ਹਾਜ਼ਰ ਸਨ।

# ਤਰਕਸ਼ੀਲ ਸੁਸਾਇਟੀ ਵੱਲੋਂ ਮਈ ਦਿਵਸ 'ਤੇ ਸੈਮੀਨਾਰ



**ਸ਼ਾਹਕੋਟ(ਗਿਆਨ ਸੈਦਪੁਰੀ)** ਤਰਕਸ਼ੀਲ ਸੁਸਾਇਟੀ ਪੰਜਾਬ(ਰਜਿ) ਦੀ ਇਕਾਈ ਸ਼ਾਹਕੋਟ ਦੀ ਮੀਟਿੰਗ ਪ੍ਰਿੰਸੀਪਲ ਮਨਜੀਤ ਸਿੰਘ ਦੀ ਪ੍ਰਧਾਨਗੀ ਵਿੱਚ ਅੱਪੂ ਆਰਟ ਪ੍ਰੈਸ ਸ਼ਾਹਕੋਟ ਵਿਖੇ ਹੋਈ। ਮੀਟਿੰਗ ਵਿੱਚ ਮਈ ਦਿਵਸ ਨੂੰ ਮਨਾਉਣ ਬਾਰੇ ਵਿਚਾਰ ਚਰਚਾ ਤੋਂ ਬਾਅਦ ਫੈਸਲਾ ਕੀਤਾ ਗਿਆ ਕਿ ਇਸ ਦਿਨ ਇੱਕ ਸੈਮੀਨਰ ਕੀਤਾ ਜਾਵੇਗਾ। 'ਇਲਮ ਤੋਂ ਇਖਲਾਕ ਤੱਕ' ਕਿਤਾਬ 'ਤੇ ਮਈ ਮਹੀਨੇ ਦੇ ਅੱਧ ਵਿੱਚ ਵਿਚਾਰ ਚਰਚਾ ਕਰਵਾਈ ਜਾਵੇਗੀ। ਬਰਨਾਲਾ ਵਿਖੇ ਤਰਕਸ਼ੀਲ ਸੁਸਾਇਟੀ ਦੀ ਸਾਲਾਨਾ ਇਕੱਤਰਤਾ ਜੋ 6, 7 ਅਪ੍ਰੈਲ ਨੂੰ ਹੋਈ ਬਾਰੇ ਪ੍ਰਿੰਸੀਪਲ ਮਨਜੀਤ ਸਿੰਘ ਨੇ ਜਾਣਕਾਰੀ ਦਿੱਤੀ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪਾਲ ਬਾਗਪੁਰ, ਬਿੱਟੂ ਰੂਪੇਵਾਲੀ, ਡਾ. ਨਗਿੰਦਰ ਸਿੰਘ ਬਾਂਸਲ, ਗਿਆਨ ਸਿੰਘ, ਅਮਨ ਬਾਗਪੁਰ, ਜਿੰਦਰ ਬਾਗਪੁਰ ਅਤੇ ਡਾ. ਰਮੇਸ਼ ਰੂਪੇਵਾਲੀ ਸ਼ਾਮਲ ਸਨ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦਾ ਪ੍ਰਕਾਸ਼ ਪੁਰਬ 29 ਨੂੰ

**ਐਸ ਏ ਐਸ ਨਗਰ : (ਗੁਰਜੀਤ ਬਿੱਲਾ)**- ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁ. ਸਿੰਘ ਸ਼ਹੀਦਾਂ ਵਿਖੇ ਹਿੰਦ ਦੀ ਚਾਦਰ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 403 ਸਾਲਾ ਪ੍ਰਕਾਸ਼ ਪੁਰਬ ਮਿਤੀ 29 ਅਪ੍ਰੈਲ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਏ ਜਾ ਰਹੇ ਹਨ। ਇਸ ਅਸਥਾਨ ਦੇ ਬੁਲਾਰੇ ਨੇ ਦੱਸਿਆ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਸਵੇਰੇ 9 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਇਸ ਉਪਰੰਤ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ, ਜਥੇ ਇੰਟਰਨੈਸ਼ਨਲ ਪੰਥਕ ਢਾਡੀ ਜਥੇ ਅਤੇ ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਸੰਗਤਾਂ ਨੂੰ ਇਨ੍ਹਾਂ ਸਮਾਗਮਾਂ ਵਿੱਚ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ । ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਸਰਕਾਰੀ ਸਕੂਲ ਬੋੜਾ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋੜਾ ਦੇ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਇੰਦਰਜੀਤ ਕੌਰ ਨੇ ਦੱਸਿਆ ਕਿ ਸਿੱਖਿਆ ਵਿਭਾਗ ਪੰਜਾਬ ਵਲੋਂ ਪਿਛਲੇ ਦਿਨੀਂ ਦਸਵੀਂ ਜਮਾਤ ਦਾ ਨਤੀਜਾ ਘੋਸ਼ਿਤ ਕੀਤਾ ਗਿਆ ਜਿਸ ਵਿੱਚ ਸਸਸ ਸਕੂਲ ਬੋੜਾ ਦਾ ਸਾਲਾਨਾ ਨਤੀਜਾ ਸੌ ਪ੍ਰਤੀਸ਼ਤ ਰਿਹਾ।ਪਲਕ ਸ਼ਰਮਾ ਨੇ 650 ਵਿੱਚੋਂ 577 ਅੰਕ, ਸਾਨੀਆ ਨੇ 571 ਅਤੇ ਕ੍ਰਿਸ਼ ਕੁਮਾਰ ਨੇ 555 ਅੰਕ ਪ੍ਰਾਪਤ ਕ੍ਰਮਵਾਰ ਪਹਿਲਾ ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ। ਸਕੂਲ ਵਿੱਚ ਕਰਵਾਏ ਸਮਾਗਮ ਦੌਰਾਨ ਅੱਜ ਪਹਿਲੇ ਦੂਸਰੇ ਅਤੇ ਤੀਸਰੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਇਨਾਮਾਂ ਦੀ ਵੰਡ ਕਰਕੇ ਹੌਸਲਾ ਅਫਜਾਈ ਕੀਤੀ ਗਈ।ਇਸ ਮੌਕੇ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਇੰਦਰਜੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਹੋਰ ਵੀ ਮਿਹਨਤ ਲਈ ਪ੍ਰੇਰਿਤ ਕੀਤਾ।ਇਸ ਮੌਕੇ ਲੈਕਚਰਾਰ ਮਨਜੀਤ ਸਿੰਘ, ਲੈਕਚਰਾਰ ਅਰਵਿੰਦਰ ਪਾਲ ਕੌਰ, ਸੁਨੀਤਾ ਕੁਮਾਰੀ, ਰੀਟਾ ਰਾਣੀ, ਪਰਮਿੰਦਰ ਸਿੰਘ, ਸ਼ਾਮ ਸਿੰਘ, ਪੂਜਾ ਰਾਣੀ, ਸ਼ਮਿੰਦਰ ਕੌਰ, ਜਸਬੀਰ ਕੌਰ, ਸੰਦੀਪ ਕੌਰ,ਮਨਦੀਪ ਕੌਰ, ਮਮਤਾ ਰਾਣੀ, ਜਤਿੰਦਰ ਸਿੰਘ, ਅਜੇ ਕੁਮਾਰ, ਯੋਗਰਾਜ, ਤੀਰਥ ਸਿੰਘ, ਗੁਰਮੁੱਖ ਸਿੰਘ, ਨਵਰੋਜ ਕਾਲੀਆ ਅਤੇ ਬਾਕੀ ਸਟਾਫ ਹਾਜਿਰ ਰਿਹਾ ।

# ਹਰਮਨਜੋਤ ਸਿੰਘ ਖਾਬੜਾ ਦਾ ਕਾਲਜ ਪੁੱਜਣ 'ਤੇ ਸਨਮਾਨ



**ਮਾਹਿਲਪੁਰ (ਸਫਰੀ)**—ਈਸਟ ਬੰਗਾਲ ਫੁੱਟਬਾਲ ਕਲੱਬ ਦੇ ਚਰਚਿਤ ਖਿਡਾਰੀ ਅਤੇ ਫੁੱਟਬਾਲ ਕੋਚ ਹਰਨੰਦਨ ਸਿੰਘ ਖਾਬੜਾ ਦੇ ਸਪੁੱਤਰ ਹਰਮਨਜੋਤ ਸਿੰਘ ਖਾਬੜਾ ਦਾ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿੱਚ ਪੁੱਜਣ 'ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਖਾਬੜਾ ਨੇ ਕਾਲਜ ਦੀ ਫੁੱਟਬਾਲ ਟੀਮ ਦੇ ਖਿਡਾਰੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਆਪਣੇ ਜੱਦੀ ਪਿੰਡ ਕਹਾਰਪੁਰ ਤੋਂ ਉੱਠ ਕੇ ਈਸਟ ਬੰਗਾਲ ਫੁੱਟਬਾਲ ਕਲੱਬ ਵਰਗੇ ਨਾਮੀ ਫੁੱਟਬਾਲ ਕਲੱਬ ਵਿੱਚ ਆਪਣੀ ਥਾਂ ਬਣਾਉਣ ਪਿੱਛਲੇ ਸੰਘਰਸ਼ ਬਾਰੇ ਅਤੇ ਮਾਹਿਲਪੁਰ ਇਲਾਕੇ ਵਿੱਚ ਫੁੱਟਬਾਲ ਦੀ ਹੋਰ ਪ੍ਰਫੁੱਲਤਾ ਬਾਰੇ ਆਪਣੇ ਵਿਚਾਰ ਰੱਖੇ। ਇਸ ਮੌਕੇ ਪ੍ਰਿੰ. ਡਾ. ਪਰਵਿੰਦਰ ਸਿੰਘ ਨੇ ਹਰਮਨਜੋਤ ਸਿੰਘ ਖਾਬੜਾ ਦੀ ਖੇਡ ਪ੍ਰਤਿਭਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦੇਸ਼ ਦੇ ਪ੍ਰਸਿੱਧ ਖੇਡ ਕਲੱਬਾਂ ਵਿੱਚ ਮਾਹਿਲਪੁਰ ਇਲਾਕੇ ਦੇ ਖਿਡਾਰੀਆਂ ਦਾ ਪ੍ਰਦਰਸ਼ਨ ਹੀ ਇਸ ਇਲਾਕੇ ਨੂੰ ਫੁੱਟਬਾਲ ਦੀ ਨਰਸਰੀ ਵਜੋਂ ਮਾਨਤਾ ਦਿੰਦਾ ਹੈ।ਇਸ ਦੌਰਾਨ ਸਿੱਖ ਵਿਦਿਅਕ ਕੌਂਸਲ ਦੇ ਮੈਂਬਰ ਹਰਨੇਕ ਸਿੰਘ, ਫੁੱਟਬਾਲਰ ਸੁਮਿਤ ਬਾਲੀ,ਸੰਜੀਵ ਕੁਮਾਰ, ਮਨਜਿੰਦਰ ਸਿੰਘ, ਕੋਚ ਹਰਿੰਦਰ ਸਨੀ ਆਦਿ ਵੀ ਹਾਜ਼ਰ ਸਨ।

# ਅਸ਼ੋਕ ਗਿੱਲ ਦਾ ਟਰੈਕ 'ਜਿੰਦ ਵਾਰੀ ਦੀ' ਰਿਲੀਜ਼



**ਕਾਲਾ ਸੰਘਿਆਂ (ਮਨਜੀਤ ਮਾਨ)** ਪ੍ਰਸਿੱਧ ਗਾਇਕ ਅਸ਼ੋਕ ਗਿੱਲ ਦਾ ਟਰੈਕ 'ਜਿੰਦ ਵਾਰੀ ਦੀ' ਅਨੁਰਾਗ ਪ੍ਰੋਡਕਸ਼ਨ ਦੇ ਪ੍ਰੋਡਿਊਸਰ ਪੂਜਾ ਸੱਭਰਵਾਲ ਤੇ ਡਾਇਰੈਕਟਰ ਅਮਰੀਕ ਮਾਇਕਲ ਦੀ ਨਿਰਦੇਸ਼ਨਾ ਹੇਠ ਵੱਡੇ ਬੈਨਰ ਹੇਠ ਰਿਲੀਜ਼ ਕੀਤਾ ਗਿਆ। ਗੀਤ ਨੂੰ ਰਣਜੀਤ ਦੀਪੀ ਸਰਕਪੁਰੀ ਯੂ ਕੇ ਨੇ ਲਿਖਿਆ ਹੈ ਤੇ ਮਿਊਜ਼ਿਕ ਹਰੀ ਅਮਿਤ ਨੇ ਦਿੱਤਾ ਹੈ।

# ਐਕਸਾਈਜ਼ ਐਕਟ ਤਹਿਤ 5 ਖਿਲਾਫ ਮਾਮਲਾ ਦਰਜ

**ਨਵਾਂਸ਼ਹਿਰ (ਮਨੋਜ ਲਾਡੀ)**- ਥਾਣਾ ਬਲਾਚੌਰ ਦੀ ਪੁਲਸ ਨੇ ਆਂਡਾ ਵਿਕਰੇਤਾ ਅਤੇ ਨਾਜਾਇਜ਼ ਤੌਰ 'ਤੇ ਸ਼ਰਾਬ ਵੇਚਣ ਵਾਲੇ 2 ਦੁਕਾਨਦਾਰਾਂ ਸਮੇਤ 5 ਵਿਅਕਤੀਆਂ ਖਿਲਾਫ਼ ਐਕਸਾਈਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਏ. ਐੱਸ. ਆਈ. ਨਿਰਮਲ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਮੁਖਬਰ ਖਾਸ ਨੇ ਸੂਚਨਾ ਦਿੱਤੀ ਸੀ ਕਿ ਕਾਲਾ ਅਤੇ ਰਾਮ ਬਹਾਦਰ ਵਾਸੀ ਬਲਾਚੌਰ ਜੋ ਕਿ ਉਬਲੇ ਆਂਡੇ ਵੇਚਦੇ ਹਨ, ਉਹ ਆਪਣੇ ਰੇਹੜੀ-ਫੜ੍ਹੀ ਵਾਲਿਆਂ ਕੋਲ ਆਉਣ ਵਾਲੇ ਗਾਹਕਾਂ ਨੂੰ ਗਲਾਸ ਅਤੇ ਪਾਣੀ ਆਦਿ ਦੇ ਕੇ ਨਾਜਾਇਜ਼ ਸ਼ਰਾਬ ਪਿਆਉਂਦੇ ਹਨ। ਪੁਲਸ ਨੇ ਰੇਹੜੀ ਵਾਲਿਆਂ ਕਾਲਾ ਅਤੇ ਰਾਮ ਬਹਾਦਰ ਤੇ ਗਲੀ 'ਚ ਸ਼ਰਾਬ ਵੇਚਣ ਵਾਲੇ ਜਸਵਿੰਦਰ ਪਾਲ, ਗੁਰਪ੍ਰੀਤ ਸਿੰਘ ਤੇ ਨਰੇਸ਼ ਕੁਮਾਰ ਖਿਲਾਫ ਐਕਸਾਈਜ਼ ਐਕਟ ਤਹਿਤ ਮਾਮਲਾ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸੰਜੀਵ ਤਲਵਾਰ ਮੀਤ ਪ੍ਰਧਾਨ ਨਿਯੁਕਤ



**ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ)**-ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਡਾਕਟਰ ਦਲਜੀਤ ਸਿੰਘ ਚੀਮਾ ਵੱਲੋਂ ਜਾਰੀ ਕੀਤੇ ਗਏ ਇੱਕ ਪੱਤਰ ਰਾਹੀਂ ਹੁਸ਼ਿਆਰਪੁਰ ਜ਼ਿਲ੍ਹੇ ਦੀ ਰਾਜਨੀਤਿਕ ਪ੍ਰਮੁੱਖ ਸ਼ਖਸ਼ੀਅਤ ਸੰਜੀਵ ਤਲਵਾੜ ਨੂੰ ਪਾਰਟੀ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ। ਦੱਸਣਾ ਬਣਦਾ ਹੈ ਕਿ ਭਾਰਤੀ ਜਨਤਾ ਪਾਰਟੀ ਵਿੱਚ ਕਈ ਦਹਾਕੇ ਇੱਕ ਮਿਹਨਤੀ ਅਤੇ ਸਿਰੜੀ ਵਰਕਰ ਅਤੇ ਆਗੂ ਵੱਲੋਂ ਕੰਮ ਕਰਨ ਵਾਲੇ ਸੰਜੀਵ ਤਲਵਾਰ ਪਿਛਲੇ ਦਿਨੀ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਏ ਸਨ ।ਆਪਣੀ ਇਸ ਨਿਯੁਕਤੀ 'ਤੇ ਤਲਵਾਰ ਨੇ ਕਿਹਾ ਕਿ ਪਾਰਟੀ ਵੱਲੋਂ ਜੋ ਭਰੋਸਾ ਉਹਨਾਂ ਉੱਪਰ ਪ੍ਰਗਟਾ ਕੇ ਇਸ ਮਹੱਤਵਪੂਰਨ ਅਹੁਦੇ ਨਾਲ ਉਹਨਾਂ ਨੂੰ ਨਿਵਾਜਿਆ ਗਿਆ ਹੈ ਉਹ ਪਾਰਟੀ ਦੀਆਂ ਆਸਾਂ ਤੋਂ ਵੱਧ ਕੰਮ ਕਰਨ ਦੀ ਕੋਸ਼ਿਸ਼ ਕਰਨਗੇ।

# ਪਵਨ ਕੁਮਾਰ ਨੇ ਸੀਚੇਵਾਲ ਨਾਲ ਕੀਤੀ ਮੁਲਾਕਾਤ



**ਜਲੰਧਰ (ਸ਼ੈਲੀ ਐਲਬਰਟ)**:- ਆਮ ਆਦਮੀ ਪਾਰਟੀ ਦੇ ਜਲੰਧਰ ਲੋਕ ਸਭਾ ਉਮੀਦਵਾਰ ਪਵਨ ਕੁਮਾਰ ਟੀਨੂੰ ਨੇ ਕੀਤੀ ਵਾਤਾਵਰਣ ਪ੍ਰੇਮੀ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵਾਲ਼ ਨਾਲ ਕੀਤੀ ਮੁਲਾਕਾਤ ।ਇਸ ਮੌਕੇ ਲੋਕ ਸਭਾ ਚੋਣਾਂ ਦੇ ਸੰਬੰਧ ਵਿੱਚ ਵਿਚਾਰ ਚਰਚਾ ਕੀਤੀ ਗਈ।ਸੰਤ ਸੀਚੇਵਾਲ ਨੇ ਕਿਹਾ ਕਿ ਜਿਵੇਂ ਪਿਛਲੀਆਂ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਬਹੁਮਤ ਨਾਲ ਜਲੰਧਰ ਵਿੱਚੋਂ ਜਿੱਤੀ ਸੀ। ਇਸੇ ਤਰ੍ਹਾਂ 2024 ਲੋਕਾ ਸਭਾ ਚੋਣਾਂ ਵਿੱਚ ਵੀ ਜਿੱਤ ਪ੍ਰਾਪਤ ਕਰੇਗੀ, ਲੋਕ ਸੀ ਐੱਮ ਭਗਵੰਤ ਸਿੰਘ ਮਾਨ ਦੇ ਕੰਮਾਂ ਨੂੰ ਵੋਟ ਦੇਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਪਾਲ ਸਿੰਘ ਨੌਲੀ,ਬਾਬਾ ਸੋਹਣ ਸਿੰਘ ਸੂਦ, ਹਰਭਜਨ ਸਿੰਘ, ਵਿਜੇ ਪਾਲ ਯਾਦਵ, ਅਮਰੀਕ ਸੰਧੂ, ਜੋਗਾ ਸਿੰਘ, ਗੁਰਮੀਤ ਸਿੰਘ, ਪ੍ਰਭਦਿਆਲ ਰਾਮਪੁਰ ਹਾਜ਼ਰ ਸਨ

# ਸੈਣੀ ਵੈੱਲਫੇਅਰ ਸੁਸਾਇਟੀ ਦੀ ਮੀਟਿੰਗ 'ਚ ਲੋਕ ਹਿੱਤ ਦੇ ਮਤੇ ਪਾਸ



**ਅੱਡਾ ਸਰਾਂ (ਕਾਜਲ)**- ਸੈਣੀ ਵੈੱਲਫੇਅਰ ਸੋਸਾਇਟੀ ਟਾਂਡਾ ਉੜਮੜ ਦੀ ਮੀਟਿੰਗ ਮੁੱਖ ਸਰਪ੍ਰਸਤ ਮਾਸਟਰ ਅੰਮ੍ਰਿਤ ਪਾਲ ਦੇ ਦਿਸ਼ਾ ਨਿਰਦੇਸ਼ਾਂ ਦਾ ਅਨੁਸਾਰ ਮਾਸਟਰ ਲਛਮਣ ਸਿੰਘ ਦੀ ਪ੍ਰਧਾਨਗੀ ਹੇਠ ਪਿੰਡ ਮਸੀਤਪਲ ਕੋਟ ਵਿਚ ਹੋਈ। ਮਹਾਂਵੀਰ ਸਿੰਘ ਸਰਪੰਚ ਦੀ ਦੇਖ ਰਹੀ ਵਿਚ ਹੋਈ ਇਸ ਮੀਟਿੰਗ ਵਿਚ ਟਾਂਡਾ ਉੜਮੜ ਹਲਕੇ ਦੇ ਨਾਲ ਸੰਬੰਧਿਤ ਸੋਸਾਇਟੀ ਦੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸੋਸਾਇਟੀ ਦੇ ਸੰਗਠਨ ਦੀ ਮਜ਼ਬੂਤੀ ਪ੍ਰਤੀ ਚਰਚਾ ਕਰਨ ਦੇ ਨਾਲ ਨਾਲ ਲੋਕ ਹਿੱਤ ਨਾਲ ਜੁੜੇ ਕਈ ਮਤੇ ਪਾਸ ਕੀਤੇ ਗਏ। ਮਾਸਟਰ ਲਛਮਣ ਸਿੰਘ ਨੇ ਦੱਸਿਆ ਕਿ ਮੀਟਿੰਗ ਵਿਚ ਮਤਾ ਪਾਸ ਕੀਤਾ ਗਿਆ ਕਿ ਪਿੰਡਾਂ ਵਿੱਚ ਹੋਣ ਵਾਲੇ ਲੜਾਈ ਝਗੜਿਆਂ ਤੇ ਪਿੰਡਾਂ ਦੀਆਂ ਸਮੱਸਿਆਵਾਂ ਦਾ ਰਲ ਮਿਲ ਕੇ ਬੈਠ ਕੇ ਹੱਲ ਕੱਢਿਆ ਜਾਵੇ। ਇਸ ਦੇ ਨਾਲ ਮੰਗ ਕੀਤੀ ਗਈ ਕਿ ਟਾਂਡਾ ਧੂਤ ਕਲਾ ਸੜਕ ਦੀ ਖਸਤਾ ਹਾਲਤ ਦੇ ਮੱਦੇ ਨਜ਼ਰ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਦੇ ਹੱਲ ਲਈ ਰੋਡ ਨੂੰ ਜਲਦ ਤੋਂ ਜਲਦ ਰਿਪੇਅਰ ਕੀਤਾ ਜਾਵੇ। ਇਸ ਦੇ ਨਾਲ ਹੀ ਸੋਸਾਇਟੀ ਵੱਲੋਂ ਮੰਗ ਕੀਤੀ ਗਈ ਕਿ ਇਲਾਕੇ ਵਿਚ ਦੋ ਵਾਰ ਗੜੇਮਾਰੀ ਹੁਣ ਤੋਂ ਬਾਅਦ ਕੜਕ ਦਾ ਝਾੜ ਬਹੁਤ ਘੱਟ ਗਿਆ ਹੈ। ਇਸ ਲਈ ਸਰਕਾਰ ਗਰਦਾਵਰੀ ਕਰਵਾ ਕੇ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦੇਵੇ। ਇਸ ਮੌਕੇ ਪਿੰਡਾਂ ਵਿਚ ਸੋਸਾਇਟੀ ਦੀਆਂ ਕਮੇਟੀਆਂ ਗਠਨ ਕਰਨ ਦਾ ਪ੍ਰੋਗਰਾਮ ਵੀ ਉਲੀਕਿਆ ਗਿਆ, ਜਿਸ ਦੇ ਤਹਿਤ ਪਿੰਡ ਮਸੀਤਪਲ ਕੋਟ ਦੀ ਚੁਣੀ ਗਈ ਕਮੇਟੀ ਵਿਚ ਮਹਾਂਵੀਰ ਸਿੰਘ, ਮਨਜੀਤ ਸਿੰਘ ਮੰਨਾ, ਗੁਰਦੇਵ ਸਿੰਘ, ਹਰਜੀਤ ਸਿੰਘ ਨੰਬਰਦਾਰ, ਮਾਸਟਰ ਅਵਤਾਰ ਸਿੰਘ, ਦਲਜੀਤ ਸਿੰਘ, ਦਵਿੰਦਰ ਸਿੰਘ, ਡਾਕਟਰ ਸਿੰਘ, ਸੁਰਿੰਦਰ ਸਿੰਘ, ਬਲਜਿੰਦਰ ਸਿੰਘ, ਇੰਦਰਜੀਤ ਸਿੰਘ, ਹਰਪਾਲ ਸਿੰਘ ਅਤੇ ਬਰਿੰਦਰ ਸਿੰਘ ਨੂੰ ਸ਼ਾਮਲ ਕੀਤਾ ਗਿਆ। ਚੇਅਰਮੈਨ ਜਰਨੈਲ ਸਿੰਘ ਜਾਜਾ, ਚੇਅਰਮੈਨ ਸਿਮਰਨ ਸਿੰਘ ਹਰਸੀ ਪਿੰਡ, ਸ਼ਿਵ ਪੂਰਨ ਸਿੰਘ, ਨੰਬਰਦਾਰ ਤਰਲੋਚਨ ਸਿੰਘ ਕੁਰਾਲਾ, ਅਸ਼ੋਕ ਕੁਮਾਰ, ਮੰਗਜੀਤ ਸਿੰਘ ਯੂਥ ਪ੍ਰਧਾਨ, ਧਰਮ ਸਿੰਘ ਖੁੱਡਾ, ਜਗੀਰ ਸਿੰਘ ਹਰਸੀ ਪਿੰਡ, ਮਾਸਟਰ ਹਰਦੀਪ ਸਿੰਘ, ਪ੍ਰੋਫੈਸਰ ਮਲਕੀਤ ਸਿੰਘ ਓਹੜਪੁਰ, ਰਜਿੰਦਰ ਪ੍ਰਸਾਦ ਸੈਣੀ ਟਾਂਡਾ, ਅਮਰਜੀਤ ਸਿੰਘ ਝੱਜੀ ਪਿੰਡ, ਪ੍ਰੀਤਮ ਸਿੰਘ, ਸੁਰਿੰਦਰ ਸਿੰਘ, ਚੰਚਲ ਸਿੰਘ ਮਸੀਤੀ, ਦਵਿੰਦਰ ਸਿੰਘ ਮਸੀਤੀ, ਅਰਵਿੰਦ ਸਿੰਘ ਕਲੋਟੀ, ਰਵਿੰਦਰ ਸਿੰਘ ਐੱਸ. ਡੀ.ਓ., ਮਨਜੀਤ ਸਿੰਘ, ਮਾਸਟਰ ਗੁਰਸ਼ਰਨ ਸਿੰਘ, ਮਾਸਟਰ ਅਵਤਾਰ ਸਿੰਘ ਆਦੀ ਮੌਜੂਦ ਸਨ।

# ਡਾ. ਅੰਬੇਡਕਰ ਦਾ 133ਵਾਂ ਜਨਮ ਦਿਨ ਮਨਾਇਆ

**ਫਗਵਾੜਾ ( ਡਾ. ਰਮਨ )** ਭਾਰਤੀ ਸੰਵਿਧਾਨ ਦੇ ਨਿਰਮਾਤਾ, ਸਮੁੱਚੀ ਮਾਨਵਤਾ ਦੇ ਮਸੀਹਾ, ਭਾਰਤ ਰਤਨ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਜੀ ਦਾ 133ਵਾਂ ਜਨਮ ਦਿਨ ਪਿੰਡ ਅਠੋਲੀ ਵਿਖੇ ਮਨਾਇਆ ਗਿਆ। ਇਸ ਮੌਕੇ ਮੈਡਮ ਪੁਸ਼ਪਿੰਦਰ ਕੌਰ ਇੰਚਾਰਜ ਮਹਿਲਾ ਵਿੰਗ ਨੇ ਬਾਬਾ ਸਾਹਿਬ ਦੇ ਜਨਮ ਦਿਨ ਦੀ ਖੁਸ਼ੀ 'ਚ ਕੇਕ ਕੱਟ ਕੇ ਲੱਡੂ ਵੰਡੇ ਅਤੇ ਬੱਚਿਆਂ ਨੂੰ ਬਾਬਾ ਸਾਹਿਬ ਜੀ ਦੀ ਕਾਪੀ ਅਤੇ ਪੈੱਨ ਦੇ ਕੇ ਸਨਮਾਨਿਤ ਕੀਤਾ ਗਿਆ। ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਫਗਵਾੜਾ ਦੇ ਪ੍ਰਧਾਨ ਚਿਰੰਜੀ ਲਾਲ ਕਾਲਾ, ਲੇਖਰਾਜ ਜਮਾਲਪੁਰੀ ਇੰਚਾਰਜ, ਸੁਰਿੰਦਰ ਢੰਡਾ ਪ੍ਰਧਾਨ ਅੰਬੇਡਕਰ ਸੈਨਾ ਪੰਜਾਬ, ਸੀਨੀਅਰ ਆਗੂ ਪਰਮਜੀਤ ਖਲਵਾੜਾ, ਅਮਰਜੀਤ ਖੁੱਤਣ ਆਦਿ ਸ਼ਾਮਲ ਹੋਏ। ਮੰਗਤ ਭਾਰਤੀ, ਮੈਡਮ ਪੁਸ਼ਪਿੰਦਰ ਕੌਰ ਅਤੇ ਬਸਪਾ ਪ੍ਰਧਾਨ ਚਿਰੰਜੀ ਲਾਲ ਕਾਲਾ ਨੇ ਕਿਹਾ ਕਿ ਸਾਨੂੰ ਬਾਬਾ ਸਹਿਬ ਦੇ ਮਿਸ਼ਨ 'ਤੇ ਚਲਦੇ ਹੋਏ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਉਣਾ ਚਾਹੀਦਾ ਹੈ ਅਤੇ ਬਾਬਾ ਸਾਹਿਬ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਨੌਜਵਾਨ ਸਭਾ ਦੇ ਮੈਂਬਰ ਸੁਨੀਲ ਕਨੈਡਾ ਨੇ ਖੁਸ਼ੀ 'ਚ ਕੱਟੇ ਕੇਕ, ਲੱਡੂਆਂ ਅਤੇ ਪੂੜੀ ਛੋਲਿਆਂ ਦੇ ਲੰਗਰ ਵਿੱਚ ਆਪਣਾ ਵਡਮੁੱਲਾ ਯੋਗਦਾਨ ਦਿੱਤਾ। ਇਸ ਸਮਾਗਮ ਵਿੱਚ ਹਨੀ ਅਠੋਲੀ, ਰਾਕੇਸ਼ ਕੁਮਾਰ, ਪਰਮਜੀਤ ਨਿਗਾਹ, ਸੁਰਜੀਤ ਨਿਗਾਹ, ਧਰਮਪ੍ਰੀਤ ਨਿਗਾਹ, ਮੰਗਾ ਅਠੋਲੀ, ਗ਼ੈਵੀ ਨਿਗਾਹ, ਕਿੰਦੀ ਅਠੋਲੀ, ਗੀਤਾ ਅਠੋਲੀ, ਵਿਨੋਦ ਨਿਗਾਹ, ਬਲਦੇਵ ਰਾਜ ਅਠੋਲੀ, ਹਰਮੇਸ਼ ਲਾਲ ਹਰਦਾਸਪੁਰ, ਲਹਿੰਬਰ ਬਾਲਾਲੋਂ ਤੋਂ ਇਲਾਵਾ ਪਿੰਡ ਦੀਆ ਬੀਬੀਆ ਭੈਣਾਂ, ਬਜ਼ੁਰਗਾਂ ਅਤੇ ਬੱਚੇ ਹਾਜਰ ਸਨ।

# ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਵਾਤਾਵਰਨ ਦਿਵਸ ਮਨਾਇਆ



**ਕਪੂਰਥਲਾ, ( ਹਨੀ )**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਵਾਤਾਵਰਣ ਦਿਵਸ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ ਸਕੂਲ ਦੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਅਤੇ ਸਟਾਫ ਮੈਂਬਰਾਂ ਵੱਲੋਂ ਵਿਦਿਆਰਥੀਆਂ ਨਾਲ ਮਿਲ ਕੇ ਸਕੂਲ ਦੇ ਵਿਹੜੇ ਵਿੱਚ ਛਾਂਦਾਰ ਤੇ ਫਲਦਾਰ ਪੌਦੇ ਲਗਾਏ ।

ਇਸ ਦੌਰਾਨ ਉਚੇਚੇ ਤੌਰ 'ਤੇ ਪਹੁੰਚੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਸਾਡੀ ਨੌਜਵਾਨ ਪੀੜੀ ਨੂੰ ਰੁੱਖਾਂ ਦੀ ਮਹੱਤਤਾ ਨੂੰ ਸਮਝਣਾ ਚਾਹੀਦਾ ਹੈ । ਰੁੱਖ ਹੀ ਮਨੁੱਖੀ ਜੀਵਨ ਦਾ ਆਧਾਰ ਹਨ ਤੇ ਇਹ ਸਾਨੂੰ ਬਿਮਾਰੀਆਂ ਤੋਂ ਵੀ ਬਚਾਉਂਦੇ ਹਨ । ਇੰਜੀਨੀਅਰ ਹਰਨਿਆਮਤ ਕੌਰ ਡਾਇਰੈਕਟਰ ਅਤੇ ਇੰਜੀਨੀਅਰ ਨਿਮਰਤਾ ਕੌਰ ਪ੍ਰਸਾਸ਼ਕ ਨੇ ਸਮੂਹ ਸਟਾਫ ਮੈਂਬਰਾਂ ਤੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਘਰਾਂ ਦੇ ਆਸ ਪਾਸ ਅਤੇ ਖਾਲੀ ਸਥਾਨਾਂ 'ਤੇ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜੀਆਂ ਨੂੰ ਤਾਜ਼ਾ ਅਤੇ ਸ਼ੁੱਧ ਵਾਤਾਵਰਨ ਮਿਲ ਸਕੇ।

# ਵਿਕਟੋਰੀਆ ਇੰਟਰਨੈਸ਼ਨਲ ਸਕੂਲ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ

**ਅੱਡਾ ਸਰਾਂ (ਕਾਜਲ)**- ਵਿਕਟੋਰੀਆ ਇੰਟਰਨੈਸ਼ਨਲ ਸਕੂਲ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਇਹ ਦਿਵਸ ਸਕੂਲ ਦੇ ਡਾਇਰੈਕਟਰ ਪ੍ਰੋ. ਜੀ ਐੱਸ ਮੁਲਤਾਨੀ ਅਤੇ ਨੀਰੂ ਮੁਲਤਾਨੀ ਅਤੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਪੂਜਾ ਪਟਿਆਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਨਾਇਆ ਗਿਆ। ਦਿਨ ਦੀ ਸ਼ੁਰੂਆਤ ਵਿਸ਼ੇਸ਼ ਸਭਾ ਨਾਲ ਹੋਈ। ਜਿਸ ਵਿੱਚ ਬੱਚਿਆਂ ਨੇ ਕਵਿਤਾਵਾਂ ਵੀ ਸੁਣਾਈਆਂ ਅਤੇ ਧਰਤੀ ਦਿਵਸ ਸੰਬੰਧੀ ਭਾਸ਼ਣ ਵੀ ਦਿੱਤੇ। ਬੱਚਿਆਂ ਨੇ ਬਹੁਤ ਹੀ ਖੂਬਸੂਰਤ ਗੀਤ ਗਾਇਆ ਜਿਸ ਨੂੰ ਸਕੂਲ ਦੀ ਵਿਦਿਆਰਥਣ ਸਿਮਰਨਜੀਤ ਕੌਰ ਨੇ ਸੰਗੀਤਬੱਧ ਕੀਤਾ ਅਤੇ ਸੰਗੀਤ ਅਧਿਆਪਕ ਸਕੂਲ ਪ੍ਰਿੰਸੀਪਲ ਪਟਿਆਲ ਨੇ ਬੱਚਿਆਂ ਨੂੰ ਇਸ ਦਿਨ ਦੀ ਮਹੱਤਤਾ ਬਾਰੇ ਦੱਸਿਆ। ਸਕੂਲ ਵਿੱਚ ਪੇਪਰ ਬੈਗ ਮੇਕਿੰਗ ਅਤੇ ਬੈਸਟ ਆਊਟ ਆਫ ਵੇਸਟ ਦੇ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿੱਚ ਪੇਪਰ ਬੈਗ ਮੇਕਿੰਗ ਮੁਕਾਬਲੇ ਵਿੱਚ ਸਿਮਰਨਪ੍ਰੀਤ ਕੌਰ ਨੇ ਪਹਿਲਾ ਸਥਾਨ, ਜਸਨੂਰ ਕੌਰ ਨੇ ਦੂਜਾ ਅਤੇ ਸੁਪ੍ਰੀਤ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ ਅਰਪਨ ਦੀਪ ਕੌਰ ਨੇ ਦੂਜਾ ਅਤੇ ਸ਼ਹਿਰੀ ਜੋਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਕੋਆਰਡੀਨੇਟਰ ਵਿਨੀਤਾ ਬਲੌਰੀਆ ਅਤੇ ਸੁਜਾਤਾ ਛਾਬੜਾ ਅਤੇ ਹੋਰ ਸਟਾਫ ਹਾਜ਼ਰ ਸੀ।

# ਮੰਡੀਆਂ 'ਚੋਂ ਕਣਕ ਦੀ ਲਿਫਟਿੰਗ ਨਾ ਹੋਣ ਕਾਰਨ ਕਿਸਾਨ, ਆੜ੍ਹਤੀਏ ਤੇ ਡਰਾਈਵਰ ਪ੍ਰੇਸ਼ਾਨ

**ਦਿੜ੍ਹਬਾ (ਜਸਵੀਰ ਲਾਡੀ)**

ਕਣਕ ਦੀ ਮੰਡੀਆਂ 'ਚੋਂ ਲਿਫਟਿੰਗ ਨਾ ਹੋਣ ਕਾਰਨ ਜਿੱਥੇ ਕਿਸਾਨ ਤੇ ਆੜ੍ਹਤੀਏ ਪ੍ਰੇਸ਼ਾਨ ਹਨ, ਉਥੇ ਹੀ ਦੂਰੋਂ ਦੁਰਾਡੇ ਦੀਆਂ ਮੰਡੀਆਂ ਤੋਂ ਕਣਕ ਦੀ ਢੋਆ ਢੁਆਈ ਲਈ ਸਾਇਲੋ ਗੁਦਾਮਾਂ 'ਚ ਆਏ ਟਰੱਕ ਡਰਾਈਵਰ ਵੀ ਪ੍ਰੇਸ਼ਾਨ ਹਨ।ਛਾਜਲੀ ਸਥਿਤ ਸਾਇਲੋ ਗੁਦਾਮਾਂ ਦੇ ਬਾਹਰ ਢੋਆ ਢੁਆਈ ਲਈ ਆਏ ਟਰੱਕਾਂ ਦੀਆਂ ਤਕਰੀਬਨ ਦੋ ਕਿਲੋਮੀਟਰ ਲੰਮੀਆਂ ਕਤਾਰਾਂ ਦਿਖਾਈ ਦੇ ਰਹੀਆਂ ਹਨ ਤੇ ਦੋ ਦਿਨਾਂ ਤੋਂ ਆਪਣੀ ਵਾਰੀ ਦੀ ਉਡੀਕ ਕਰ ਰਹੇ ਹਨ।ਦੂਰ ਦੁਰਾਡੇ ਤੋਂ ਆਏ ਟਰੱਕ ਡਰਾਈਵਰ ਰੋਟੀ, ਪਾਣੀ ਤੇ ਹੋਰ ਮੁਢਲੀਆਂ ਲੋੜਾਂ ਲਈ ਵੀ ਤਰਸ ਰਹੇ ਹਨ, ਇਥੋਂ ਤੱਕ ਕਿ ਟਰੱਕ ਡਰਾਈਵਰ ਪ੍ਰਦੂਸ਼ਤ ਪਾਣੀ ਪੀਣ ਲਈ ਵੀ ਮਜਬੂਰ ਹਨ, ਪਰ ਪ੍ਰਸ਼ਾਸਨ ਤੇ ਸਾਇਲੋ ਗੁਦਾਮ ਦੇ ਅਧਿਕਾਰੀ ਕੁੰਭਕਰਨੀ ਨੀਂਦ ਸੁੱਤੇ ਪਏ ਹਨ ਤੇ ਗੇਟ 'ਤੇ ਤਾਇਨਾਤ ਸੁਰੱਖਿਆ ਕਰਮਚਾਰੀ ਬਾਹੂਬਲ ਦਾ ਪ੍ਰਯੋਗ ਕਰਦੇ ਹਨ।ਟਰੱਕ ਡਰਾਈਵਰ ਗੁਪਾਲ ਦਾਸ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਇਲੋ ਗੁਦਾਮ ਪਿੰਡ ਤੋਂ ਤਕਰੀਬਨ ਤਿੰਨ-ਚਾਰ ਕਿਲੋਮੀਟਰ ਦੂਰ ਹੋਣ ਕਰਕੇ ਇਥੇ ਕੋਈ ਚਾਹ ਤੇ ਰੋਟੀ ਦਾ ਪ੍ਰਬੰਧ ਨਹੀਂ ਹੈ ਅਤੇ ਨਾ ਹੀ ਪੀਣ ਵਾਲੇ ਸਾਫ਼ ਪਾਣੀ ਦਾ ਕੋਈ ਪ੍ਰਬੰਧ ਹੈ, ਇਥੋਂ ਤੱਕ ਕਿ ਜਦੋਂ ਸਾਫ਼ ਪਾਣੀ ਲੈਣ ਲਈ ਸਾਇਲੋ ਗੁਦਾਮ ਜਾਂਦੇ ਹਾਂ ਤਾਂ ਉਨ੍ਹਾਂ ਦੇ ਸੁਰੱਖਿਆ ਕਰਮਚਾਰੀ ਟਰੱਕ ਡਰਾਈਵਰਾਂ ਨੂੰ ਪਾਣੀ ਲੈਣ ਲਈ ਵੀ ਅੰਦਰ ਨਹੀਂ ਵੜਨ ਦਿੱਤਾ ਜਾਂਦਾ। ਉਨ੍ਹਾਂ ਕਿਹਾ ਕਿ ਅੱਤ ਦੀ ਗਰਮੀ 'ਚ ਉਹ ਖੇਤਾਂ 'ਚ ਮੋਟਰਾਂ 'ਤੇ ਬਣੀਆਂ ਪਾਣੀ ਦੀਆਂ ਖੇਲਾਂ ਵਿੱਚੋਂ ਕਈ ਕਈ ਦਿਨਾਂ ਦਾ ਖੜ੍ਹਾ ਪਾਣੀ ਪੀਣ ਲਈ ਮਜਬੂਰ ਹਨ।

ਦੂਜੇ ਪਾਸੇ ਟਰੱਕ ਮਾਲਕ ਵੀ ਸਰਕਾਰ ਦੀ ਕਾਰਗੁਜ਼ਾਰੀ ਤੋਂ ਨਾ ਖ਼ੁਸ਼ ਹਨ। ਉਨ੍ਹਾਂ ਕਿਹਾ ਕਿ ਜਾਣਬੁੱਝ ਕੇ ਟਰੱਕ ਖਾਲੀ ਨਹੀਂ ਕੀਤੇ ਜਾਂਦੇ, ਟਰੱਕ ਮਾਲਕਾਂ ਨੂੰ ਡਰਾਈਵਰ ਤੇ ਟਰੱਕ ਦਾ ਖ਼ਰਚ ਆਪਣੇ ਜੇਬ ਵਿੱਚੋਂ ਦੇਣਾ ਪੈਂਦਾ ਹੈ, ਟਰਾਂਸਪੋਰਟ ਦਾ ਧੰਦਾ ਘਾਟੇ ਦਾ ਸੌਦਾ ਬਣ ਕੇ ਰਹਿ ਗਿਆ।ਇਸ ਸਬੰਧੀ ਜਦੋਂ ਸਾਇਲੋ ਗੁਦਾਮ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ। ਪੱਤਰਕਾਰਾਂ ਨੂੰ ਦੇਖਦਿਆਂ ਹੀ ਅਧਿਕਾਰੀ ਇਧਰ ਉਧਰ ਖਿਸਕ ਗਏ ਤੇ ਡਿਊਟੀ 'ਤੇ ਤਾਇਨਾਤ ਸੁਰੱਖਿਆ ਕਰਮਚਾਰੀ ਕਿਸੇ ਨੂੰ ਵੀ ਅੰਦਰ ਦੀ ਜਾਣਕਾਰੀ ਲੈਣ ਤੋਂ ਰੋਕ ਰਿਹਾ ਸੀ।ਸੀਲੋ ਛਾਜਲੀ ਵਿਖੇ 2-2 ਕਿਲੋਮੀਟਰ ਲਗਦੀਆਂ ਟਰੱਕਾਂ ਦੀਆਂ ਲਾਈਨਾਂ ਬਾਰੇ ਜਦੋਂ ਇਸ ਸਬੰਧੀ ਗੁਰੂ ਨਾਨਕ ਦੇਵ ਟਰੱਕ ਯੂਨੀਅਨ ਦੇ ਪ੍ਰਧਾਨ ਸ਼ਿਆਮ ਸਿੰਘ ਵਿੱਕੀ ਨਾਲ ਗੱਲਬਾਤ ਕੀਤੀ ਤਾਂ ਉਨ੍ਹਾ ਕਿਹਾ ਕਿ ਗੱਡੀ ਦੋ ਦੋ ਦਿਨ ਲਾਈਨ ਵਿੱਚ ਖੜੀ ਰਹਿੰਦੀ ਹੈ, ਗੱਡੀ ਦੇ ਗੇੜੇ ਨੂੰ 900 ਰੁਪਏ ਦੇ ਕਰੀਬ ਮਿਲਦਾ ਹੈ, ਜਦੋਂ ਕਿ ਦੋ ਦਿਨ ਦਾ ਡਰਾਈਵਰ ਖ਼ਰਚਾ 1000 ਰੁਪਏ ਹੈ, ਗੱਡੀਆਂ ਦੇ ਖਰਚੇ ਅਲੱਗ ਹਨ।

ਉਨ੍ਹਾਂ ਪੰਜਾਬ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਪੰਜਾਬ ਦੀਆਂ ਟਰੱਕ ਯੂਨੀਅਨਾਂ ਵੱਲੋਂ ਮੋਹਾਲੀ ਵਿਖੇ 37 ਦਿਨ ਧਰਨਾ ਦਿੱਤਾ ਗਿਆ ਸੀ, ਧਰਨੇ ਵਿੱਚ ਅਰਵਿੰਦ ਕੇਜਰੀਵਾਲ, ਭਗਵੰਤ ਮਾਨ, ਹਰਪਾਲ ਸਿੰਘ ਚੀਮਾ ਸਾਰੇ ਆਏ ਸਨ ਤੇ ਉਨ੍ਹਾਂ ਵਾਅਦਾ ਕਰਦਿਆਂ ਕਿਹਾ ਸੀ ਕਿ ਸਾਡੀ ਸਰਕਾਰ ਆਉਣ ਤੇ ਟਰੱਕਾਂ ਵਾਲਿਆਂ ਦੀਆਂ ਸਾਰੀਆਂ ਮੰਗਾਂ ਮੰਨੀਆਂ ਜਾਣ ਗਈਆ, ਪਰ ਪਰਨਾਲਾ ਉਥੇ ਦਾ ਉਥੇ ਰਿਹਾ, ਟਰੱਕਾਂ ਵਾਲੇ ਆਪਣੇ ਟਰੱਕ ਵੇਚ ਕੇ ਹੋਰ ਕੰਮ ਧੰਦੇ ਕਰਨ ਲੱਗ ਪਏ ਹਨ, ਪਰ ਕੁਝ ਲੋਕ ਮਜਬੂਰਨ ਟਰੱਕਾਂ ਦਾ ਕਿੱਤਾ ਕਰਕੇ ਹੀ ਪਰਿਵਾਰ ਪਾਲਦੇ ਹਨ।

# ਕੋਈ ਵੀ ਅਖ਼ਬਾਰ/ਚੈਨਲ ਮੇਰੇ ਪੁੱਛੇ ਤੋਂ ਬਿਨਾਂ ਮੇਰਾ ਕੋਈ ਵੀ ਬਿਆਨ ਨਾ ਛਾਪੇ : ਗੋਰਾ ਫਿਰੋਜ਼ਸ਼ਾਹ

*ਨਰਾਜ਼ਗੀ ਜ਼ੂਰੂਰ ਹੈ, ਪਰ ਪਾਰਟੀ ਤੋਂ ਬਾਹਰ ਨਹੀਂ ਹਾਂ*



**ਮਮਦੋਟ (ਜਸਬੀਰ ਸਿੰਘ ਕੰਬੋਜ)**-ਕੋਈ ਵੀ ਅਖ਼ਬਾਰ ਜਾਂ ਚੈਨਲ ਮੇਰੇ ਪੁੱਛੇ ਤੋਂ ਬਿਨਾਂ ਮੇਰੀ ਅਗਲੀ ਰਣਨੀਤੀ ਬਾਰੇ ਆਪਣੇ ਕੋਲੋਂ ਕਿਆਫ਼ੇ ਲਗਾ ਕੇ ਮੇਰਾ ਕੋਈ ਬਿਆਨ ਨਾ ਛਾਪੇ। ਇਸ ਗੱਲ ਦਾ ਪ੍ਰਗਟਾਵਾ ਸੁਖਰਾਜ ਸਿੰਘ ਗੋਰਾ ਫਿਰੋਜ਼ਸ਼ਾਹ ਨੇ ਆਪਣੀ ਇੱਕ ਪੋਸਟ ਰਾਹੀਂ ਚਿਤਾਵਨੀ ਦਿੰਦਿਆਂ ਕੀਤਾ ਹੈ। ਜ਼ਿਕਰਯੋਗ ਹੈ ਕਿ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਖਰਾਜ ਸਿੰਘ ਗੋਰਾ ਫਿਰੋਜ਼ਸ਼ਾਹ ਵੱਲੋਂ ਲੋਕ ਸਭਾ ਹਲਕਾ ਫਿਰੋਜ਼ਪੁਰ ਤੋਂ ਹਾਈ ਕਮਾਂਡ ਕੋਲੋਂ ਮਜ਼ਬੂਤ ਦਾਅਵੇਦਾਰੀ ਜਿਤਾਉਂਦਿਆ ਟਿਕਟ ਦੀ ਮੰਗ ਕੀਤੀ ਜਾ ਰਹੀ ਸੀ, ਪਰ ਹਾਈ ਕਮਾਂਡ ਵੱਲੋਂ ਮੁਕਤਸਰ ਤੋਂ ਐੱਮ ਐੱਲ ਏ ਜੁਗਰਾਜ ਸਿੰਘ ਕਾਕਾ ਬਰਾੜ ਨੂੰ ਲੋਕ ਸਭਾ ਹਲਕਾ ਫਿਰੋਜ਼ਪੁਰ ਤੋਂ ਟਿਕਟ ਦੇ ਕੇ ਮੈਦਾਨ ਵਿੱਚ ਉਤਾਰਿਆ ਗਿਆ ਹੈ। ਗੋਰਾ ਫਿਰੋਜ਼ਸ਼ਾਹ ਨੇ ਫੋਨ 'ਤੇ ਜਾਣਕਾਰੀ ਦਿੰਦੇ ਦੱਸਿਆ ਕਿ ਉਹ ਨਰਾਜ਼ ਜ਼ਰੂਰ ਹਨ, ਪਰ ਪਾਰਟੀ ਦੇ ਖਿਲਾਫ ਨਹੀਂ ਹਨ। ਉਨ੍ਹਾ ਦਾ ਲੋਕ ਸਭਾ ਹਲਕਾ ਫਿਰੋਜ਼ਪੁਰ ਦੇ ਸਾਰੇ ਵਿਧਾਨ ਸਭਾ ਹਲਕਿਆਂ ਵਿੱਚ ਵੱਡਾ ਜਨ ਅਧਾਰ ਹੈ। ਉਨ੍ਹਾ ਸਪੱਸ਼ਟ ਕੀਤਾ ਕਿ ਕੁਝ ਅਖ਼ਬਾਰਾਂ 'ਤੇ ਉਨ੍ਹਾਂ ਤੋਂ ਬਿਨਾਂ ਪੁੱਛੇ ਕੁਝ ਪੱਤਰਕਾਰਾਂ ਵੱਲੋਂ ਉਨ੍ਹਾਂ ਦੇ ਬੇਬੁਨਿਆਦ ਤੇ ਨਿਰਧਾਰ ਬਿਆਨ ਛਾਪੇ ਗਏ ਹਨ, ਜੋ ਕਿ ਸੱਚਾਈ ਤੋਂ ਕੋਹਾਂ ਦੂਰ ਹਨ।ਉਨ੍ਹਾ ਵਾਰਨਿੰਗ ਦਿੰਦੇ ਹੋਏ ਕਿਹਾ ਕਿ ਕੋਈ ਵੀ ਚੈਨਲ ਜਾਂ ਅਖ਼ਬਾਰ ਉਨ੍ਹਾਂ ਦੀ ਮਰਜ਼ੀ ਜਾਂ ਉਨ੍ਹਾਂ ਦੇ ਪੁੱਛੇ ਤੋਂ ਬਿਨਾਂ ਉਨ੍ਹਾਂ ਦਾ ਕੋਈ ਵੀ ਬਿਆਨ ਜਾਂ ਸਟੇਟਮੈਂਟ ਨਾ ਛਾਪੇ। ਉਨ੍ਹਾ ਕਿਹਾ ਕਿ ਉਨ੍ਹਾ ਨੇ ਹੁਣ ਤੱਕ ਕੋਈ ਵੀ ਅਜਿਹਾ ਬਿਆਨ ਨਹੀਂ ਦਿੱਤਾ ਕਿ ਉਹ ਪਾਰਟੀ ਤੋਂ ਬਾਹਰ ਹਨ ਜਾਂ ਪਾਰਟੀ ਖਿਲਾਫ ਹਨ।

# ਵਿਗਿਆਨਕ ਦ੍ਰਿਸ਼ਟੀ ਬਣਾਉਣਾ ਵਕਤ ਦੀ ਮੁੱਖ ਲੋੜ : ਤਰਕਸ਼ੀਲ



**ਸੰਗਰੂਰ (ਪ੍ਰਵੀਨ ਸਿੰਘ)**

ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਦੀ ਇਕੱਤਰਤਾ ਜ਼ੋਨ ਮੁਖੀ ਮਾਸਟਰ ਪਰਮਵੇਦ ਤੇ ਇਕਾਈ ਮੁਖੀ ਸੁਰਿੰਦਰ ਪਾਲ ਉਪਲੀ ਦੀ ਅਗਵਾਈ ਵਿੱਚ ਸੰਗਰੂਰ ਵਿਖੇ ਹੋਈ।ਮੀਟਿੰਗ ਦੀ ਕਾਰਵਾਈ ਪ੍ਰੈੱਸ ਨਾਲ ਸਾਂਝੀ ਕਰਦਿਆਂ ਤਰਕਸ਼ੀਲ ਆਗੂ ਸੀਤਾ ਰਾਮ ਬਾਦਲ ਕਲਾਂ ਤੇ ਗੁਰਦੀਪ ਸਿੰਘ ਲਹਿਰਾ ਨੇ ਦੱਸਿਆ ਕਿ ਮੀਟਿੰਗ ਵਿੱਚ ਸਮਾਜ ਵਿੱਚ ਦਿਨੋਂ ਦਿਨ ਵਧ ਰਹੀਆਂ ਮਾਨਸਿਕ ਸਮੱਸਿਆਵਾਂ ਤੇ ਉਨ੍ਹਾਂ ਦੇ ਹੱਲ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਵਿਚਾਰਿਆ ਗਿਆ ਕਿ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਨਾਲ ਸੰਬੰਧਤ ਸਕੂਲਾਂ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਤਰਕਸ਼ੀਲ ਸੁਸਾਇਟੀ ਵੱਲੋਂ ਕੀਤੇ ਜਾਂਦੇ ਸੈਮੀਨਾਰਾਂ ਤੇ ਸਟੱਡੀ ਸਰਕਲ ਦਾ ਹਿੱਸਾ ਬਣਾ ਕੇ ਉਨ੍ਹਾਂ ਨਾਲ ਵਿਚਾਰ ਵਟਾਂਦਰਾ ਕੀਤਾ ਜਾਣਾ ਚਾਹੀਦਾ ਹੈ। ਤਰਕਸ਼ੀਲ ਮੈਗਜ਼ੀਨ ਸੁਸਾਇਟੀ ਦੀ ਵਿਗਿਆਨਕ ਵਿਚਾਰਧਾਰਾ ਦਾ ਮੁੱਖ ਬੁਲਾਰਾ ਹੋਣ ਦੇ ਨਾਤੇ ਇਸ ਨੂੰ ਹਰ ਪਿੰਡ, ਕਸਬੇ, ਲਾਇਬ੍ਰੇਰੀ, ਦਫਤਰ ਤੇ ਕਾਰਖਾਨਿਆਂ ਤੱਕ ਪਹੁੰਚਾਉਣ ਲਈ ਵਿਸ਼ੇਸ਼ ਯਤਨ ਜੁਟਾਉਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਵਿੱਚ ਵਿਚਾਰਿਆ ਗਿਆ ਕਿ ਤਰਕਸ਼ੀਲ ਕਾਰਕੁਨਾਂ ਵਿੱਚ ਚਿੰਤਨ, ਅਧਿਐਨ ਤੇ ਸਵੈ ਚਿੰਤਨ ਦੀ ਭਾਵਨਾ ਵਿਕਸਤ ਕਰਨ ਦੀ ਲੋੜ ਹੈ।ਤਰਕਸ਼ੀਲ ਕਾਰਕੁਨਾਂ ਵਿਚ ਸਮਰਪਣ ਅਤੇ ਚਿੰਤਨ ਦੀ ਭਾਵਨਾ ਪੈਦਾ ਕਰਨ ਲਈ ਵਿਗਿਆਨਕ ਸਾਹਿਤ ਦੇ ਇਲਾਵਾ ਵਿਰੋਧੀ ਵਿਚਾਰਧਾਰਾ ਦੇ ਸਾਹਿਤ ਦਾ ਅਧਿਐਨ ਕਰਨ ਦੀ ਵੀ ਲੋੜ ਹੈ ਤਾਂ ਕਿ ਵਿਰੋਧੀਆਂ ਵੱਲੋਂ ਫੈਲਾਏ ਜਾਂਦੇ ਗੁੰਮਰਾਹਕੁਨ ਫ਼ਿਰਕੂ ਪ੍ਰਚਾਰ ਦਾ ਵਿਗਿਆਨਕ ਦ੍ਰਿਸ਼ਟੀਕੋਣ ਤੋਂ ਜਵਾਬ ਦਿੱਤਾ ਜਾ ਸਕੇ।ਮੀਟਿੰਗ ਵਿੱਚ ਭਾਰਤ ਵਿੱਚ ਧਰਮ ਤੇ ਰਾਜਨੀਤੀ ਨੂੰ ਵੱਖ ਕਰਨ, ਫ਼ਿਰਕੂ ਨਫ਼ਰਤੀ ਭਾਸ਼ਣ ਕਰਨ 'ਤੇ ਸਖ਼ਤ ਪਾਬੰਦੀ ਲਗਾਉਣ, ਤਰਕਸ਼ੀਲ ਆਗੂਆਂ ਤੇ ਸਮਾਜਿਕ ਕਾਰਕੁਨਾਂ 'ਤੇ ਧਾਰਾ 295 ਤੇ 295 ਏ ਹੇਠ ਦਰਜ ਝੂਠੇ ਤੇ ਨਜਾਇਜ਼ ਕੇਸਾਂ ਨੂੰ ਤੁਰੰਤ ਬਿਨਾਂ ਸ਼ਰਤ ਰੱਦ ਕਰਨ ਦੀ ਮੰਗ ਕਰਦਿਆਂ ਪੰਜਾਬ ਵਿੱਚ ਅੰਧ ਵਿਸ਼ਵਾਸ ਰੋਕੂ ਕਾਨੂੰਨ ਬਣਾਉਣ ਦੀ ਜ਼ੋਰਦਾਰ ਮੰਗ ਕੀਤੀ ਗਈ।ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਪਰਮਿੰਦਰ ਸਿੰਘ ਮਹਿਲਾਂ, ਸੁਖਵਿੰਦਰ ਸਿੰਘ, ਗੁਰਦੀਪ ਸਿੰਘ, ਕ੍ਰਿਸ਼ਨ ਸਿੰਘ, ਸੁਖਦੇਵ ਸਿੰਘ ਕਿਸ਼ਨਗੜ੍ਹ ਨੇ ਸ਼ਮੂਲੀਅਤ ਕੀਤੀ।

## ਕਾਤਰਾਂ

### ਸਤਲੁਜ 'ਚ ਬੇੜਾ ਤਾਰਨ ਗਏ ਨੌਜਵਾਨ ਦੀ ਡੁੱਬਣ ਕਾਰਨ ਮੌਤ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਥਾਣਾ ਕੂੰਮਕਲਾਂ ਅਧੀਨ ਪੈਂਦੇ ਪਿੰਡ ਮਾਹਲ ਘੁਮਾਣਾ ਨੇੜੇ ਸਤਲੁਜ ਦਰਿਆ ਵਿੱਚ ਡੁੱਬਣ ਕਾਰਨ ਨੌਜਵਾਨ ਹਰਜਿੰਦਰ ਸਿੰਘ ਉਰਫ਼ ਲੱਕੀ (32) ਵਾਸੀ ਚਣਕੋਈ, ਬਲਾਚੌਰ, ਜ਼ਿਲ੍ਹਾ ਨਵਾਂਸ਼ਹਿਰ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਹਰਜਿੰਦਰ ਸਿੰਘ, ਜੋ ਕਿ ਇੱਕ ਧਾਰਮਿਕ ਅਸਥਾਨ 'ਤੇ ਸੇਵਾ ਕਰਦਾ ਸੀ ਤੇ ਸ਼ਨੀਵਾਰ ਦੇਰ ਸ਼ਾਮ ਉਹ ਕੁਝ ਸੰਗਤ ਨਾਲ ਸਤਲੁਜ ਦਰਿਆ ਵਿੱਚ ਧਾਰਮਿਕ ਰਿਵਾਜ਼ਾਂ ਅਨੁਸਾਰ ਖਵਾਜ਼ਾ ਪੀਰ ਦਾ ਬੇੜਾ ਤਾਰਨ ਲਈ ਆਇਆ ਸੀ। ਸਤਲੁਜ ਦਰਿਆ ਦੇ ਪਾਣੀ ਵਿੱਚ ਜਦੋਂ ਉਹ ਬੇੜਾ ਤਾਰਨ ਲਈ ਉੱਤਰਿਆ ਤਾਂ ਉਹ ਗਹਿਰੇ ਪਾਣੀ ਵਿੱਚ ਚਲਾ ਗਿਆ, ਜਿਸ ਕਾਰਨ ਉਹ ਡੁੱਬ ਗਿਆ। ਜਦੋਂ ਤੱਕ ਹਰਜਿੰਦਰ ਸਿੰਘ ਨੂੰ ਬਾਹਰ ਕੱਢਿਆ ਗਿਆ, ਉਦੋਂ ਤੱਕ ਉਸ ਦੀ ਮੌਤ ਹੋ ਚੁੱਕੀ ਸੀ। ਥਾਣਾ ਕੂੰਮਕਲਾਂ ਦੇ ਮੁਖੀ ਗੁਰਪ੍ਰਤਾਪ ਸਿੰਘ ਨੇ ਦੱਸਿਆ ਕਿ ਲਾਸ਼ ਦਾ ਪੋਸਟ ਮਾਰਟਮ ਕਰਵਾਉਣ ਉਪਰੰਤ ਵਾਰਿਸਾਂ ਨੂੰ ਸੌਂਪ ਦਿੱਤਾ ਗਿਆ ਹੈ ਅਤੇ ਮ੍ਰਿਤਕ ਦੀ ਮਾਤਾ ਵਿਧਵਾ ਰਾਮ ਪਿਆਰੀ ਦੇ ਬਿਆਨਾਂ ਦੇ ਅਧਾਰ 'ਤੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ।

### ਸਿਵਲ ਹਸਪਤਾਲ ਨੂੰ ਪੰਜਾਬ 'ਚੋਂ ਮਿਲਿਆ ਪਹਿਲਾ ਸਥਾਨ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਐੱਚ ਐੱਮ ਆਈ ਐੱਸ ਇੰਡੀਕੇਟਰ ਦੇ ਅਨੁਸਾਰ ਕਲੀਨੀਕਲ ਕਾਰਗੁਜ਼ਾਰੀ ਦੇ ਆਧਾਰ 'ਤੇ ਜ਼ਿਲ੍ਹਾ ਸਿਵਲ ਹਸਪਤਾਲ ਫਰੀਦਕੋਟ ਨੇ ਪੰਜਾਬ ਵਿੱਚੋਂ ਪਹਿਲਾ ਦਰਜਾ ਪ੍ਰਾਪਤ ਕੀਤਾ ਹੈ।ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਮਨਿੰਦਰ ਪਾਲ ਸਿੰਘ ਸਿਵਲ ਸਰਜਨ ਫਰੀਦਕੋਟ ਤੇ ਡਾ. ਵਿਸ਼ਵਦੀਪ ਗੋਇਲ ਕਾਰਜਕਾਰੀ ਸੀਨੀਅਰ ਮੈਡੀਕਲ ਅਫਸਰ ਸਿਵਲ ਹਸਪਤਾਲ ਫਰੀਦਕੋਟ ਨੇ ਦੱਸਿਆ ਕਿ ਸਿਵਲ ਹਸਪਤਾਲ ਦੇ ਵੱਖ-ਵੱਖ ਵਿੰਗਾਂ ਜਿਵੇਂ ਓ.ਪੀ.ਡੀ., ਆਈ.ਪੀ.ਡੀ., ਸਾਰੇ ਤਰ੍ਹਾਂ ਦੀਆਂ ਸਰਜਰੀਆਂ, ਜਣੇਪਾ ਸੇਵਾਵਾਂ, ਐਕਸਰੇ, ਅਲਟ੍ਰਾ ਸਾਊਂਡ, ਈ.ਸੀ.ਜੀ., ਲੈਬ ਟੈਸਟ, ਡੀ.ਐੱਨ.ਬੀ. ਆਦਿ ਸੇਵਾਵਾਂ ਵਿੱਚ ਸਿਵਲ ਹਸਪਤਾਲ ਫਰੀਦਕੋਟ ਨੂੰ ਪੂਰੇ ਪੰਜਾਬ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਹੋਇਆ ਹੈ।ਇਸ ਮੌਕੇ ਉਨ੍ਹਾਂ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਇਸ ਪ੍ਰਾਪਤੀ ਦਾ ਸਮੁੱਚਾ ਸਿਹਰਾ ਸਮੂਹ ਸਟਾਫ ਦੇ ਸਿਰ ਜਾਂਦਾ ਹੈ, ਜਿਨ੍ਹਾਂ ਦੀ ਮਿਹਨਤ ਤੇ ਲਗਨ ਨਾਲ ਇਹ ਗੌਰਵ ਪ੍ਰਾਪਤ ਹੋਇਆ। ਉਨ੍ਹਾਂ ਕਿਹਾ ਕਿ ਹਸਪਤਾਲ ਵਿਖੇ ਆਉਣ ਵਾਲੇ ਹਰ ਲੋੜਵੰਦ ਵਿਅਕਤੀ ਦੇ ਇਲਾਜ ਵਿੱਚ ਕੋਈ ਕਸਰ ਨਹੀਂ ਰਹਿਣ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਹਸਪਤਾਲ ਵਿੱਚ ਸਾਫ ਸਫਾਈ, ਬਾਇਓ ਮੈਡੀਕਲ ਵੇਸਟ ਤੇ ਹੋਰ ਰੱਖ ਰਖਾਵ ਦੇ ਕੰਮ ਵੀ ਸੁੱਚਜੇ ਤਰੀਕੇ ਨਾਲ ਚੱਲ ਰਹੇ ਹਨ।

### ਕੇਂਦਰੀ ਮਾਡਰਨ ਜੇਲ੍ਹ 'ਚੋਂ 13 ਮੋਬਾਈਲ ਤੇ ਹੈਰੋਇਨ ਬਰਾਮਦ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਫਰੀਦਕੋਟ ਦੀ ਕੇਂਦਰੀ ਮਾਡਰਨ ਜੇਲ੍ਹ ਅਕਸਰ ਹੀ ਚਰਚਾ ਦਾ ਵਿਸ਼ਾ ਬਣੀ ਰਹਿੰਦੀ ਹੈ, ਹੁਣ ਫੇਰ ਕੇਂਦਰੀ ਮਾਡਰਨ ਜੇਲ੍ਹ ਵਿੱਚ ਤਲਾਸ਼ੀ ਦੌਰਾਨ ਇੱਕ ਬੈਰਕ ਵਿੱਚੋਂ 13 ਮੋਬਾਈਲ ਫ਼ੋਨ ਤੇ 3 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਇਸ ਸਬੰਧੀ ਜੇਲ੍ਹ ਪ੍ਰਸ਼ਾਸਨ ਦੀ ਸ਼ਿਕਾਇਤ 'ਤੇ ਕੁੱਲ 14 ਹਵਾਲਾਤੀਆਂ ਖ਼ਿਲਾਫ਼ ਕੇਸ ਦਰਜ ਕਰਕੇ ਕਾਰਵਾਈ ਕੀਤੀ ਜਾ ਰਹੀ ਹੈ। ਥਾਣਾ ਸਿਟੀ ਪੁਲਸ ਨੂੰ ਭੇਜੀ ਸ਼ਿਕਾਇਤ 'ਚ ਜੇਲ੍ਹ ਦੇ ਸਹਾਇਕ ਸੁਪਰਡੈਂਟ ਕਰਮਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਜਦੋਂ ਰਾਤ ਸਮੇਂ ਜੇਲ੍ਹ ਸਟਾਫ਼ ਵੱਲੋਂ ਬਲਾਕ ਡੀ ਦੀ ਬੈਰਕ ਨੰਬਰ 8 ਦੀ ਅਚਾਨਕ ਤਲਾਸ਼ੀ ਲਈ ਗਈ ਤਾਂ 13 ਹਵਾਲਾਤੀਆਂ ਤੋਂ 7 ਟੱਚ ਸਕਰੀਨ ਮੋਬਾਈਲ ਤੇ 6 ਕੀਪੈਡ ਮੋਬਾਈਲ ਬਰਾਮਦ ਹੋਏ, ਜਦਕਿ ਇਕ ਹਵਾਲਾਤੀ ਪਾਸੋਂ 3 ਗ੍ਰਾਮ ਹੈਰੋਇਨ ਬਰਾਮਦ ਹੋਈ।ਡੀ ਐੱਸ ਪੀ ਸ਼ਮਸ਼ੇਰ ਸਿੰਘ ਸ਼ੇਰਗਿੱਲ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤ ਦੇ ਆਧਾਰ 'ਤੇ ਥਾਣਾ ਸਿਟੀ ਵਿੱਚ 14 ਹਵਾਲਾਤੀਆਂ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ ਤੇ ਹੁਣ ਉਨ੍ਹਾਂ ਨੂੰ ਪ੍ਰੋਡਕਸ਼ਨ ਵਾਰੰਟ 'ਤੇ ਲਿਆ ਕੇ ਪੁੱਛਗਿੱਛ ਕੀਤੀ ਜਾਵੇਗੀ।

### ਡੀ ਸੀ ਤੇ ਐੱਸ ਐੱਸ ਪੀ ਵੱਲੋਂ ਕਣਕ ਮੰਡੀਆਂ ਦਾ ਦੌਰਾ

**ਸ੍ਰੀ ਮੁਕਤਸਰ ਸਾਹਿਰ (ਸ਼ਮਿੰਦਰਪਾਲ, ਪੂਜਾ)**-ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਸੂਦਨ ਆਈ ਏ ਐਸ ਅਤੇ ਐਸ ਐਸ ਪੀ ਸ੍ਰੀ ਭਗੀਰਥ ਮੀਨਾ ਵੱਲੋਂ ਜ਼ਿਲ੍ਹੇ ਦੀਆਂ ਵੱਖ-ਵੱਖ ਮੰਡੀਆਂ ਦਾ ਦੌਰਾ ਕਰਕੇ ਇੱਥੇ ਕਣਕ ਦੀ ਖਰੀਦ ਪ੍ਰਕ੍ਰਿਆ ਦਾ ਜਾਇਜ਼ਾ ਲਿਆ।ਡਿਪਟੀ ਕਮਿਸ਼ਨਰ ਨੇ ਖਰੀਦ ਏਜੰਸੀਆਂ ਨੂੰ ਸਖਤੀ ਨਾਲ ਤਾੜਨਾ ਕੀਤੀ ਕਿ ਖਰੀਦੀ ਗਈ ਕਣਕ ਦੀ ਨਾਲੋ-ਨਾਲ ਲਿਫਟਿੰਗ ਕੀਤੀ ਜਾਵੇ ਤਾਂ ਜੁ ਮੰਡੀ ਵਿੱਚ ਹੋਰ ਕਣਕ ਆਉਣ ਲਈ ਥਾਂ ਦੀ ਉਪਲਬੱਧਤਾ ਬਣੀ ਰਹੇ।ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਸੂਦਨ ਨੇ ਸ੍ਰੀ ਮੁਕਤਸਰ ਸਾਹਿਬ ਅਤੇ ਬਰੀਵਾਲਾ ਮੰਡੀ ਦੇ ਦੌਰੇ ਦੌਰਾਨ ਆਖਿਆ ਕਿ ਹੁਣ ਟਰਾਂਸਪੋਰਟਰਾਂ ਤੇ ਲੇਬਰ ਦੀ ਹੜਤਾਲ ਦੀ ਸਮੱਸਿਆ ਹੱਲ ਹੋ ਗਈ ਹੈ ਤੇ ਹੁਣ ਲਿਫਟਿੰਗ ਪੂਰੀ ਤੇਜ਼ੀ ਨਾਲ ਹੋਵੇਗੀ।ਉਨ੍ਹਾਂ ਕਿਸਾਨਾਂ, ਆੜ੍ਹਤੀਆਂ ਅਤੇ ਲੇਬਰ ਦੀਆਂ ਮੁਸ਼ਕਲਾਂ ਸੁਣੀਆਂ।

# ਮਹਿਮਾ ਭਗਵਾਨਾ 'ਚ ਕਿਸਾਨ ਸਿਖਲਾਈ ਕੈਂਪ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮੁੱਖ ਖੇਤੀਬਾੜੀ ਅਫਸਰ ਡਾ. ਕਰਨਜੀਤ ਸਿੰਘ ਗਿੱਲ ਤੇ ਖੇਤੀਬਾੜੀ ਅਫ਼ਸਰ ਡਾ. ਬਲਜਿੰਦਰ ਸਿੰਘ ਦੀ ਰਹਿਨੁਮਾਈ ਹੇਠ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਨਰਮੇ ਦੀ ਫਸਲ ਨੂੰ ਕਾਮਯਾਬ ਕਰਨ ਲਈ ਜ਼ਿਲ੍ਹੇ ਦੇ ਪਿੰਡ ਮਹਿਮਾ ਭਗਵਾਨਾ ਵਿਖੇ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ।ਕੈਂਪ ਦੌਰਾਨ ਡਾ. ਸਰਬਜੀਤ ਸਿੰਘ ਨੇ ਨਰਮੇ ਦੀ ਫ਼ਸਲ ਵਿੱਚ ਗੁਲਾਬੀ ਸੁੰਡੀ ਦੇ ਹਮਲੇ ਦੀ ਰੋਕਥਾਮ ਸਬੰਧੀ ਵਿਸਥਾਰ ਨਾਲ ਦੱਸਿਆ ਕਿ ਨਰਮੇ ਦੀਆਂ ਪੁਰਾਣੀਆਂ ਛਿਟੀਆਂ ਨੂੰ ਖੇਤਾਂ ਦੇ ਕਿਨਾਰੇ ਨਹੀਂ ਰੱਖਣਾ ਚਾਹੀਦਾ ਤੇ ਛਿਟੀਆਂ ਝਾੜ ਕੇ ਦੁਬਾਰਾ ਢੇਰ ਲਗਾ ਕੇ, ਛਿਟੀਆਂ ਦੀ ਰਹਿੰਦ-ਖੂੰਹਦ ਨੂੰ ਨਸ਼ਟ ਕਰ ਦਿੱਤਾ ਜਾਵੇ।ਉਨ੍ਹਾਂ ਆਉਂਦੇ ਸਮੇਂ ਵਿੱਚ ਝੋਨੇ ਹੇਠਾਂ ਰਕਬਾ ਘਟਾ ਕੇ ਨਰਮਾ ਤੇ ਸਾਉਣੀ ਰੁੱਤ ਦੀ ਮੱਕੀ ਦੀ ਬਿਜਾਈ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡਾ. ਹਰਦੀਪ ਸਿੰਘ ਨੇ ਕਿਸਾਨਾਂ ਨੂੰ ਖੇਤੀ ਸਾਹਿਤ ਤੇ ਖੇਤੀਬਾੜੀ ਵਿਭਾਗ ਨਾਲ ਜੁੜਨ ਲਈ ਪ੍ਰੇਰਿਤ ਕੀਤਾ।ਉਨ੍ਹਾ ਕਿਸਾਨਾਂ ਨੂੰ ਕਣਕ ਦਾ ਬੀਜ ਆਪਣੇ ਪੱਧਰ 'ਤੇ ਆਪਣੇ ਖੇਤ ਵਿੱਚ ਹੀ ਤਿਆਰ ਕਰਨ ਲਈ ਪ੍ਰਰਿਆ।ਇਸ ਦੌਰਾਨ ਉਨ੍ਹਾਂ ਨਾੜ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ ਤੇ ਇਸ ਨੂੰ ਖੇਤ ਵਿੱਚ ਵਹਾਈ ਲਈ ਪ੍ਰੇਰਿਤ ਕੀਤਾ।ਇਸਦੇ ਨਾਲ ਹੀ ਉਨ੍ਹਾ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਵਿਸਥਾਰ ਨਾਲ ਦੱਸਿਆ ਤਾਂ ਜੋ ਧਰਤੀ ਦੇ ਡੂੰਘੇ ਹੋ ਰਹੇ ਪਾਣੀ ਨੂੰ ਬਚਾਇਆ ਜਾ ਸਕੇ।ਇਸ ਮੌਕੇ ਖੇਤੀਬਾੜੀ ਸਬ ਇੰਸਪੈਕਟਰ ਗੁਰਮੀਤ ਸਿੰਘ, ਸਵਰਨਜੀਤ ਸਿੰਘ ਤੇ ਪਿੰਡਾਂ ਦੇ ਅਗਾਂਹਵਧੂ ਕਿਸਾਨ ਆਦਿ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀ ਹਫਤਾਵਾਰੀ ਮੀਟਿੰਗ



**ਮੱਖੂ (ਰਛਪਾਲ ਸਿੰਘ ਸੰਧੂ)**-ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਅਹੁਦੇਦਾਰਾਂ ਤੇ ਵਰਕਰਾਂ ਵੱਲੋਂ ਹਫਤਾਵਾਰੀ ਹੰਗਾਮੀ ਮੀਟਿੰਗ ਗੁਰਦੁਆਰਾ ਸਾਹਿਬ ਬਾਬਾ ਬਾਠਾਂ ਵਾਲਾ ਮਖੂ ਵਿਖੇ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਜੋਗਿੰਦਰ ਸਿੰਘ ਸਭਰਾ ਦੀ ਅਗਵਾਈ ਹੇਠ ਹੋਈ।ਇਸ ਮੀਟਿੰਗ ਵਿੱਚ ਕਿਸਾਨ ਆਗੂਆਂ ਤੇ ਵਰਕਰਾਂ ਵੱਲੋਂ ਬੀਤੇ ਦਿਨੀਂ ਦੁਨੀਆ ਨੂੰ ਅਲਵਿਦਾ ਕਹਿ ਚੁੱਕੇ ਕਿਸਾਨ ਆਗੂ ਸਵ: ਗੁਰਦੇਵ ਸਿੰਘ ਸਭਰਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਤੇ ਕਿਹਾ ਕਿ ਇਸ ਜਰਨੈਲ ਆਗੂ ਦੇ ਜਾਣ ਨਾਲ ਯੂਨੀਅਨ ਨੂੰ ਵੱਡਾ ਘਾਟਾ ਪਿਆ ਹੈ, ਕਿਉਂਕਿ ਇਹ ਨਿਧੜਕ ਕਿਸਾਨ ਜਿੱਥੇ ਵੀ ਖੜਦਾ ਸੀ, ਪੂਰੀ ਜੁਰਅਤ ਨਾਲ ਖੜਦਾ ਸੀ।ਹਫਤਾਵਾਰੀ ਮੀਟਿੰਗ ਦੌਰਾਨ ਕਿਸਾਨ ਆਗੂਆਂ ਵੱਲੋਂ ਕਣਕ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਆਉਣ ਵਾਲੀਆਂ ਮੁਸ਼ਕਲਾਂ ਬਾਰੇ ਵਿਚਾਰਾਂ ਸਾਂਝੀਆਂ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਦਾਣਾ ਮੰਡੀਆਂ ਤੇ ਖਰੀਦ ਕੇਂਦਰਾਂ 'ਤੇ ਕਿਸਾਨਾਂ ਦੀ ਕਣਕ ਦੀ ਫਸਲ ਦੀ ਭਰਾਈ ਲਈ ਬਾਰਦਾਨੇ ਦਾ ਪ੍ਰਬੰਧ ਪੂਰੀ ਤਰ੍ਹਾਂ ਕੀਤਾ ਜਾਵੇ ਤੇ ਸਰਕਾਰੀ ਖਰੀਦ ਏਜੰਸੀਆਂ ਵੱਲੋਂ ਖਰੀਦੀਆਂ ਹੋਈਆਂ ਕਣਕ ਦੀਆਂ ਬੋਰੀਆਂ ਦੀ ਲਿਫਟਿੰਗ ਕਰਵਾਈ ਜਾਵੇ ਤਾਂ ਜੋ ਕਿਸਾਨਾਂ ਨੂੰ ਕਣਕ ਦੀ ਫਸਲ ਮੰਡੀਆਂ ਤੇ ਖਰੀਦ ਕੇਂਦਰਾਂ ਵਿੱਚ ਉਤਾਰਨ ਲਈ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਜੋਗਿੰਦਰ ਸਿੰਘ ਸਭਰਾ ਤੋਂ ਇਲਾਵਾ ਗੁਰਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਫਿਰੋਜ਼ਪੁਰ, ਡਾ. ਬਲਵੰਤ ਸਿੰਘ ਸਿੱਧੂ ਮੀਤ ਪ੍ਰਧਾਨ ਤਹਿਸੀਲ ਜ਼ੀਰਾ, ਬਲਦੇਵ ਸਿੰਘ ਵਾਈਆ, ਗਿਆਨ ਸਿੰਘ ਟਿੱਬੀ, ਨਿਰਮਲ ਸਿੰਘ, ਅਮਰੀਕ ਸਿੰਘ ਨੰਬਰਦਾਰ, ਗੁਰਲਾਲ ਸਿੰਘ ਸਿੱਧੂ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਕਿਸਾਨ ਆਗੂ ਹਾਜ਼ਰ ਸਨ।

# ਚੇਅਰਮੈਨ ਸਤਿੰਦਰ ਚੱਠਾ ਨੇ ਸੁਨੀਤਾ ਕੇਜਰੀਵਾਲ ਨਾਲ ਕੀਤੀ ਮੁਲਾਕਾਤ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਕਨਵੇਅਰ ਦੇ ਚੇਅਰਮੈਨ ਸਤਿੰਦਰ ਸਿੰਘ ਚੱਠਾ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਧਰਮ ਪਤਨੀ ਸੁਨੀਤਾ ਕੇਜਰੀਵਾਲ ਨਾਲ ਉਨ੍ਹਾਂ ਦੇ ਨਿਵਾਸ ਸਥਾਨ ਦਿੱਲੀ ਵਿਖੇ ਮੁਲਾਕਾਤ ਕੀਤੀ।ਉਨ੍ਹਾਂ ਕੋਲੋਂ ਝੂਠੇ ਕੇਸਾਂ 'ਚ ਜੇਲ੍ਹ ਅੰਦਰ ਬੰਦ ਈਮਾਨਦਾਰ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਪ੍ਰਤੀ ਕੇਂਦਰ ਸਰਕਾਰ ਵੱਲੋਂ ਵਰਤੇ ਜਾ ਰਹੇ ਮਾੜੇ ਵਤੀਰੇ ਦੀ ਨਿੰਦਾ ਕੀਤੀ। ਉਨ੍ਹਾਂ ਸੁਨੀਤਾ ਕੇਜਰੀਵਾਲ ਨੂੰ ਵਿਸ਼ਵਾਸ ਦਵਾਇਆ ਕਿ ਇਸ ਸੰਕਟ ਤੇ ਸੰਘਰਸ਼ ਦੀ ਘੜੀ 'ਚ ਸਮੁੱਚੇ ਪੰਜਾਬ ਦੇ ਲੋਕ ਅਤੇ ਆਮ ਆਦਮੀ ਪਾਰਟੀ ਦੇ ਵਾਲੰਟੀਅਰ ਮੁੱਖ ਮੰਤਰੀ ਭਗਵੰਤ ਰੂਪ ਮਾਨ ਦੀ ਅਗਵਾਈ ਹੇਠ ਅਰਵਿੰਦ ਕੇਜਰੀਵਾਲ ਦੇ ਪਰਿਵਾਰ ਨਾਲ ਚੱਟਾਨ ਵਾਂਗ ਖੜੇ ਹਨ।ਉਨ੍ਹਾ ਕਿਹਾ ਕਿ ਅਰਵਿੰਦ ਕੇਜਰੀਵਾਲ ਦਾ ਕਸੂਰ ਸਿਰਫ਼ ਐਨਾ ਹੈ ਕਿ ਉਹ ਆਮ ਲੋਕਾਂ ਨੂੰ ਸੁਵਿਧਾਵਾਂ ਦੇਣਾ ਚਾਹੁੰਦੇ ਸਨ।ਉਹ ਲੋਕਾਂ ਨੂੰ ਚੰਗੀ ਸਿੱਖਿਆ ਤੇ ਚੰਗੀ ਇਲਾਜ ਦੇਣਾ ਚਾਹੁੰਦੇ ਸਨ।ਉਹ ਲੋਕਾਂ ਨੂੰ ਮੁਫ਼ਤ ਬਿਜਲੀ, ਪਾਣੀ ਤੇ ਸਰਕਾਰੀ ਸੇਵਾਵਾਂ ਦੇਣਾ ਚਾਹੁੰਦੇ ਸਨ।ਉਹ ਬੇਰੁਜ਼ਗਾਰੀ ਨੂੰ ਜੜ੍ਹਾਂ ਤੋਂ ਖ਼ਤਮ ਕਰਨਾ ਚਾਹੁੰਦੇ ਸਨ, ਇਸ ਲਈ ਉਨ੍ਹਾਂ ਨੂੰ ਜੇਲ੍ਹ ਵਿੱਚ ਪਾ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਭਾਜਪਾ ਦਾ 400 ਸੀਟ ਦਾ ਨਾਅਰਾ ਵੀ ਇੱਕ ਜੁਮਲਾ ਹੀ ਹੈ।ਦੇਸ਼ ਵਿੱਚ ਕੋਈ ਮੋਦੀ ਲਹਿਰ ਨਹੀਂ ਹੈ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਰਵਿੰਦ ਕੇਜਰੀਵਾਲ ਦੀ ਲੋਕਪ੍ਰਿਅਤਾ ਤੋਂ ਡਰਦੇ ਹਨ, ਕਿਉਂਕਿ ਉਹ ਜਿੱਥੇ ਵੀ ਜਾਂਦੇ ਹਨ ਭਾਜਪਾ ਦਾ ਸੂਪੜਾ ਸਾਫ਼ ਹੋ ਜਾਂਦਾ ਹੈ।

# ਟਰੇਡ ਯੂਨੀਅਨ ਦਫਤਰ ਵਿਖੇ ਪਹਿਲੀ ਨੂੰ ਮਜ਼ਦੂਰ ਦਿਵਸ ਮਨਾਉਣ ਦਾ ਫੈਸਲਾ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਟਰੇਡ ਯੂਨੀਅਨ ਕੌਂਸਲ ਮਾਲੇਰਕੋਟਲਾ ਦੀ ਮੀਟਿੰਗ ਯੂਨੀਅਨ ਦਫਤਰ ਵਿਖੇ ਰਣਜੀਤ ਸਿੰਘ ਰਾਣਵਾਂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਮਜ਼ਦੂਰਾਂ, ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਫੈਸਲਾ ਕੀਤਾ ਕਿ 1 ਮਈ ਨੂੰ ਮਜ਼ਦੂਰ ਦਿਵਸ ਕਮਲ ਸਿਨੇਮਾ ਰੋਡ ਟਰੇਡ ਯੂਨੀਅਨ ਦਫਤਰ ਮਾਲੇਰਕੋਟਲਾ ਵਿਖੇ ਮਨਾਉਣ ਦਾ ਫੈਸਲਾ ਕੀਤਾ। ਮੀਟਿੰਗ ਵਿੱਚ ਵਿੱਛੜੇ ਆਗੂਆਂ ਰਣਜੀਤ ਸਿੰਘ ਬਿੰਝੋਕੀ, ਰਣਜੀਤ ਸਿੰਘ ਕਲਿਆਣ, ਅਬਦੁਲ ਵਹੀਦ, ਪ੍ਰਕਾਸ਼ ਸਿੰਘ ਮਾਹੋਰਾਣਾ ਤੇ ਕਾਮਰੇਡ ਹਰਿੰਦਰ ਸਿੰਘ ਸਾਹੀ ਮਾਹੋਰਾਣਾ ਸਮੇਤ ਹੋਰਾਂ ਵਿਛੜੇ ਆਗੂਆਂ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸਰਧਾਂਜਲੀ ਭੇਟ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਭਰਪੂਰ ਸਿੰਘ ਬੂਲਾਪੁਰ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਿਰਤੀਆਂ ਦੀਆਂ ਜਥੇਬੰਦੀਆਂ ਵੱਲੋਂ ਕੁਰਬਾਨੀਆਂ ਦੇ ਕੇ ਬਣਵਾਏ ਮਜ਼ਦੂਰ ਪੱਖੀ 29 ਕਿਰਤ ਕਾਨੂੰਨਾਂ ਨੂੰ ਚਾਰ ਕੋਡਾਂ ਵਿੱਚ ਬਦਲ ਦਿੱਤਾ ਗਿਆ ਹੈ, ਕੰਮ ਦਿਹਾੜੀ ਸਮਾਂ 8 ਘੰਟੇ ਤੋਂ ਵਧਾ ਕੇ 12 ਘੰਟੇ ਕਰ ਦਿੱਤਾ ਹੈ, ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਵੀ ਮੋਦੀ ਦੇ ਪੈਰ 'ਚ ਪੈਰ ਧਰਦਿਆਂ 12 ਘੰਟੇ ਦਾ ਨੋਟੀਫਿਕੇਸ਼ਨ ਕਰ ਦਿੱਤਾ ਸੀ, ਪੰਜਾਬ ਸਰਕਾਰ ਵੱਲੋਂ 12 ਸਾਲ ਤੋਂ ਕਿਰਤੀਆਂ ਦੀਆਂ ਉਜਰਤਾਂ ਵਿੱਚ ਨਾ ਹੀ ਵਾਧਾ ਕੀਤਾ ਗਿਆ ਹੈ ਤੇ ਨਾ ਹੀ ਤਨਖਾਹ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ, ਜਦੋਂਕਿ 5 ਸਾਲ ਬਾਅਦ ਕਿਰਤੀਆਂ ਦੀਆਂ ਉਜ਼ਰਤਾਂ ਸੋਧਣ ਲਈ ਤਨਖਾਹ ਕਮਿਸ਼ਨ ਦਾ ਗਠਨ ਕਰਨਾ ਲਾਜ਼ਮੀ ਹੁੰਦਾ ਹੈ।ਰਣਜੀਤ ਸਿੰਘ ਰਾਣਵਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਪੁਰਾਣੀਆਂ ਸਰਕਾਰਾਂ ਦੀ ਤਰਜ਼ 'ਤੇ ਮੁਲਾਜ਼ਮਾਂ-ਮਜ਼ਦੂਰਾਂ ਤੇ ਪੈਨਸ਼ਨਰਾਂ ਦੀਆਂ ਦੀਆਂ ਹੱਕੀ ਮੰਗਾਂ ਨੂੰ ਦੋ ਸਾਲ ਤੋਂ ਅਣਗੌਲਿਆ ਕਰਦੀ ਆ ਰਹੀ ਹੈ, ਜਿਵੇਂ ਪੁਰਾਣੀ ਪੈਨਸ਼ਨ ਬਹਾਲ ਕਰਨਾ, 12% ਡੀ ਏ ਦੀਆਂ ਕਿਸ਼ਤਾਂ ਤੇ ਸਾਢੇ 5 ਸਾਲਾਂ ਦਾ ਤਨਖਾਹ/ਪੈਨਸ਼ਨ ਰਵੀਜ਼ਨ ਤੇ ਡੀ ਏ ਦਾ ਬਕਾਇਆ ਦੇਣਾ, ਹਰ ਤਰ੍ਹਾਂ ਦੇ ਕੱਚੇ, ਠੇਕਾ ਤੇ ਆਊਟ ਸੋਰਸ਼ ਮੁਲਾਜ਼ਮਾਂ ਨੂੰ ਪੱਕਾ ਕਰਨਾ, 200 ਰੁਪੈ ਜਜੀਆ ਟੈਕਸ ਬੰਦ ਕਰਨਾ, 15-01-2015 ਤੇ 17 ਜੁਲਾਈ 2020 ਦੇ ਮੁਲਾਜ਼ਮ ਵਿਰੋਧੀ ਪੱਤਰ ਵਾਪਸ ਕਰਨਾ, ਬਰਾਬਰ ਕੰਮ ਬਰਾਬਰ ਉਜ਼ਰਤ ਦਾ ਕਾਨੂੰਨ ਲਾਗੂ ਕਰਨਾ ਆਦਿ। ਮੀਟਿੰਗ ਵਿੱਚ ਫੈਸਲਾ ਕੀਤਾ ਕਿ ਸਮੂਹ ਜਥੇਬੰਦੀਆਂ ਆਪੋ ਅਪਣੇ ਝੰਡੇ ਲਹਿਰਾ ਕੇ ਟਰੇਡ ਯੂਨੀਅਨ ਦਫਤਰ ਸਵੇਰੇ 10 ਵਜੇ ਪੁੱਜਣਗੀਆਂ। ਇਸ ਮੌਕੇ ਝੰਡਾ ਲਹਿਰਾ ਕੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ ਤੇ ਰੈਲੀ ਉਪਰੰਤ ਬਜ਼ਾਰਾਂ ਵਿੱਚ ਝੰਡਾ ਮਾਰਚ ਕੀਤਾ ਜਾਵੇਗਾ।

# ਗੁਰਮੀਤ ਖੁੱਡੀਆਂ ਨੇ ਕੀਤੀ ਨਿਹੰਗ ਮੁਖੀ ਬਾਬਾ ਬਲਬੀਰ ਸਿੰਘ ਨਾਲ ਮੁਲਾਕਾਤ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਬਠਿੰਡਾ ਲੋਕ ਸਭਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ੍ਰ. ਗੁਰਮੀਤ ਸਿੰਘ ਖੁਡੀਆਂ ਨੇ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨਾਲ ਗੁਰਦੁਆਰਾ ਬੇਰ ਸਾਹਿਬ ਦੇਗਸਰ ਸਾਹਿਬ ਪਾਤਸ਼ਾਹੀ ਦਸਵੀਂ ਗੁਰੂ ਦੀ ਕਾਸ਼ੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਮੁਲਾਕਾਤ ਕੀਤੀ।

ਰਾਜਨੀਤਕ ਹਲਕਿਆਂ ਵਿੱਚ ਬੁੱਢਾ ਦਲ ਮੁਖੀ ਨਾਲ ਹੋਈ ਇਸ ਮੁਲਾਕਾਤ ਨੂੰ ਅਹਿਮ ਮੰਨਿਆ ਜਾ ਰਿਹਾ ਹੈ, ਕਿਉਂਕਿ ਬੁੱਢਾ ਦਲ ਦਾ ਹੈਡਕੁਆਰਟਰ ਹੋਣ ਕਰਕੇ ਇਥੇ ਨਿਹੰਗ ਸਿੰਘਾਂ ਦੀਆਂ ਬਾਰਾਂ ਸੌ ਤੋਂ ਉੱਪਰ ਵੋਟਾਂ ਹਨ, ਜੋ ਤਲਵੰਡੀ ਸਾਬੋ ਸ਼ਹਿਰ ਦੀ ਰਾਜਨੀਤੀ ਨੂੰ ਪ੍ਰਭਾਵਿਤ ਕਰਦੀਆਂ ਹਨ।ਮੰਨਿਆ ਜਾ ਰਿਹਾ ਹੈ ਕਿ ਜਿਸ ਪਾਸੇ ਬੁੱਢਾ ਦਲ ਦੇ ਨਿਹੰਗ ਸਿੰਘਾਂ ਦੀ ਵੋਟ ਪੈ ਜਾਂਦੀ ਹੈ, ਉਹੀ ਰਾਜਨੀਤਕ ਪਾਰਟੀ ਤਲਵੰਡੀ ਸਾਬੋ ਹਲਕੇ ਵਿੱਚ ਰਾਜਭਾਗ ਦਾ ਸੁੱਖ ਮਾਣਦੀ ਹੈ।ਬੁੱਢਾ ਦਲ ਮੁਖੀ ਬਾਬਾ ਬਲਬੀਰ ਸਿੰਘ ਨਾਲ ਮੁਲਾਕਾਤ ਸਮੇਂ ਗੱਲਬਾਤ ਕਰਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਵਿਸਾਖੀ ਜੋੜ ਮੇਲੇ ਮੌਕੇ ਉਹ ਪੰਥ ਬੁੱਢਾ ਦਲ ਵਿੱਚ ਹਾਜ਼ਰੀ ਨਹੀਂ ਭਰ ਸਕੇ, ਜਦੋਂ ਉਨ੍ਹਾਂ ਨੂੰ ਪਤਾ ਲੱਗਿਆ ਕਿ ਬਾਬਾ ਬਲਬੀਰ ਸਿੰਘ ਬੁੱਢਾ ਦਲ ਆਪਣੇ ਹੈਡਕੁਆਰਟਰ 'ਤੇ ਆਏ ਹੋਏ ਹਨ ਤਾਂ ਉਹ ਉਨ੍ਹਾਂ ਦੇ ਦਰਸ਼ਨ ਲਈ ਇਥੇ ਪਹੁੰਚੇ ਹਨ।ਉਨ੍ਹਾ ਬੁੱਢਾ ਦਲ ਦੇ ਮੁਖੀ ਨਾਲ ਪੰਥਕ ਵਿਚਾਰਾਂ ਤੇ ਪੰਜਾਬ ਦੀ ਮੌਜੂਦਾ ਰਾਜਨੀਤਕ ਸਥਿਤੀ 'ਤੇ ਅਹਿਮ ਵਿਚਾਰ ਵਟਾਂਦਰਾ ਕੀਤਾ।ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਕਿਹਾ ਕਿ ਪੰਥ ਬੁੱਢਾ ਦਲ ਹਰ ਇੱਕ ਰਾਜਨੀਤਕ ਪਾਰਟੀ ਦੇ ਨੁਮਾਇੰਦੇ ਦਾ ਸਤਿਕਾਰ ਕਰਦਾ ਹੈ।ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਸਾਜੇ ਨਿਵਾਜੇ ਇਸ ਪੰਥ ਬੁੱਢਾ ਦਲ ਦਾ ਮੁੱਖ ਮਕਸਦ ਪਿੰਡਾਂ ਤੇ ਸ਼ਹਿਰਾਂ 'ਚ ਜਾ ਕੇ ਧਰਮ ਪ੍ਰਚਾਰ ਤੇ ਅੰਮ੍ਰਿਤ ਸੰਚਾਰ ਕਰਨਾ ਹੈ।ਬੁੱਢਾ ਦਲ ਦੇ ਲੰਗਰ 'ਚ ਸ੍ਰ. ਖੁੱਡੀਆਂ ਨੇ ਗੁਰੂ ਕਾ ਲੰਗਰ ਵੀ ਛਕਿਆ।ਜਥੇਦਾਰ ਬਾਬਾ ਬਲਬੀਰ ਸਿੰਘ ਨੇ ਇਕੱਤਰ ਹੋਈਆਂ ਨਿਹੰਗ ਸਿੰਘ ਫੌਜਾਂ ਵੱਲੋਂ ਗਜਾਏ ਜੈਕਾਰਿਆਂ ਦੀ ਗੂੰਜ ਵਿੱਚ ਸ੍ਰ. ਖੁੱਡੀਆਂ ਨੂੰ ਸਿਰੋਪਾ, ਲੋਈ ਤੇ ਨਿਹੰਗ ਸਿੰਘ ਸੰਦੇਸ਼ ਦੇ ਕੇ ਸਨਮਾਨਤ ਕੀਤਾ।

# ਸਿਵਲ ਸਰਜਨ ਦਫਤਰ 'ਚ ਵਿਸ਼ਵ ਧਰਤੀ ਦਿਵਸ ਮੌਕੇ ਬੂਟੇ ਲਗਾਏ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਹਰ ਸਾਲ 22 ਅਪ੍ਰੈਲ ਵਿਸ਼ਵ ਧਰਤੀ ਦਿਵਸ ਮਨਾਉਣ ਦੇ ਰੂਪ ਵਿੱਚ ਖਾਸ ਹੁੰਦਾ ਹੈ।ਧਰਤੀ ਦਿਵਸ ਕੁਦਰਤ ਪ੍ਰਤੀ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਮਨਾਇਆ ਜਾਂਦਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਾ. ਚੰਦਰ ਸ਼ੇਖਰ ਕੱਕੜ ਨੇ ਸਥਾਨਕ ਸਿਵਲ ਸਰਜਨ ਦਫਤਰ ਵਿਖੇ ਵਿਸ਼ਵ ਧਰਤੀ ਦਿਵਸ ਮੌਕੇ ਬੂਟੇ ਲਗਾਉਂਦਿਆਂ ਕੀਤਾ।ਇਸ ਮੌਕੇ ਉਨ੍ਹਾਂ ਨਾਲ ਡੀਐੱਫਪੀਓ ਡਾ. ਕਵਿਤਾ ਸਿੰਘ, ਡੀਪੀਐੱਮ ਰਾਜੇਸ਼ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਸਿਵਲ ਸਰਜਨ ਡਾ. ਕੱਕੜ ਨੇ ਕਿਹਾ ਕਿ ਸਮੇਂ ਦੇ ਨਾਲ ਨਵੀਆਂ ਚੁਣੌਤੀਆਂ ਦੇ ਵਿਚਕਾਰ ਕੁਦਰਤ ਤੇ ਧਰਤੀ ਨੂੰ ਬਚਾਉਣ ਦੀ ਲੋੜ ਹੈ।

ਧਰਤੀ ਦਿਵਸ ਦੀ ਭੂਮਿਕਾ ਹੋਰ ਵੀ ਅਹਿਮ ਹੋ ਜਾਂਦੀ ਹੈ ਤਾਂ ਜੋ ਵਿਕਾਸ ਦੀ ਦੌੜ ਵਿੱਚ ਵਾਤਾਵਰਨ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਧੁੰਦਲੀ ਨਾ ਹੋ ਜਾਵੇ।ਹਾਲਾਂਕਿ, ਕੁਦਰਤ ਨੂੰ ਬਚਾਉਣ ਵਿੱਚ ਬਹੁਤ ਸਾਰੀਆਂ ਚੁਣੌਤੀਆਂ ਹਨ।ਇਨ੍ਹਾਂ ਵਿੱਚ ਤੇਜ਼ੀ ਨਾਲ ਆਬਾਦੀ ਦਾ ਵਾਧਾ, ਮਿੱਟੀ ਦੀ ਕਟੌਤੀ, ਜਲ ਪ੍ਰਦੂਸ਼ਣ, ਜੰਗਲਾਂ ਦੀ ਕਟਾਈ ਵਰਗੀਆਂ ਚੁਣੌਤੀਆਂ ਮੁੱਖ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹੋਰਨਾਂ ਤੋਂ ਇਲਾਵਾ ਸੁਪਰਡੈਂਟ ਸੰਦੀਪ ਕੁਮਾਰ ਖੁਰਾਣਾ, ਮਾਸ ਮੀਡੀਆ ਤੋਂ ਦਿਵੇਸ਼ ਕੁਮਾਰ, ਹਰਮੀਤ ਸਿੰਘ, ਸਟੈਨੋ ਰੋਹਿਤ ਸਚਦੇਵਾ ਆਦਿ ਹਾਜ਼ਰ ਸਨ।

# ਸੰਵਿਧਾਨ ਦੀ ਰੱਖਿਆ ਲਈ ਗੰਭੀਰ ਯਤਨਾਂ ਦੀ ਲੋੜ : ਮੰਗਤ ਰਾਏ

**ਡਾ. ਬੀ ਆਰ ਅੰਬੇਡਕਰ ਸਭਾ ਵੱਲੋਂ ਯਾਦਗਾਰੀ ਸੈਮੀਨਾਰ**



**ਕਾਲਾਂਵਾਲੀ (ਸੁਰਿੰਦਰ ਪਾਲ ਸਿੰਘ)**

ਮੰਡੀ ਕਾਲਾਂਵਾਲੀ ਦੇ ਸੰਤ ਕਬੀਰ ਆਸ਼ਰਮ ਵਿਖੇ ਡਾ: ਬੀ ਆਰ ਅੰਬੇਡਕਰ ਸਭਾ ਕਾਲਾਂਵਾਲੀ ਵੱਲੋਂ ਇਕ ਰੋਜ਼ਾ ਸੈਮੀਨਾਰ ਦੌਰਾਨ ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਅਹੁਦੇਦਾਰਾਂ ਤੇ ਸਮਾਜ ਸੇਵੀਆਂ ਨੇ ਇਨ੍ਹਾਂ ਕ੍ਰਾਂਤੀਕਾਰੀ ਮਹਾਪੁਰਸ਼ਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਅੰਬੇਡਕਰ ਸਭਾ ਕਾਲਾਂਵਾਲੀ ਦੇ ਪ੍ਰਧਾਨ ਮੰਗਤ ਨਾਗਰ ਨੇ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਇਸ ਮੌਕੇ ਸਮਰਾਟ ਅਸ਼ੋਕ ਦੇ ਜੀਵਨ 'ਤੇ ਚਾਨਣਾ ਪਾਉਂਦੇ ਹੋਏ ਸਭਾ ਦੇ ਉੱਪ ਪ੍ਰਧਾਨ ਮੰਗਤ ਰਾਏ ਤੇ ਰਾਜਪਾਲ ਮਾਸਟਰ ਨੇ ਕਿਹਾ ਕਿ ਕਲਿੰਗਾ ਦੇ ਯੁੱਧ ਵਿੱਚ ਜਿੱਤ ਦਾ ਝੰਡਾ ਲਹਿਰਾਉਣ ਤੇ ਇਸ ਯੁੱਧ ਦੀ ਹਿੰਸਾ ਤੇ ਕਤਲੇਆਮ ਤੋਂ ਦੁਖੀ ਹੋ ਕੇ ਸਮਰਾਟ ਅਸ਼ੋਕ ਨੇ ਬੁੱਧ ਧਰਮ ਅਪਣਾਇਆ ਤੇ ਸ਼ਾਂਤੀ, ਦਇਆ, ਦੋਸਤੀ, ਭਾਈਚਾਰਾ ਤੇ ਅਹਿੰਸਾ ਦਾ ਸੰਦੇਸ਼ ਫੈਲਾਇਆ। ਜ਼ਿਲ੍ਹਾ ਕੌਂਸਲਰ ਕਰਮਜੀਤ ਕੌਰ ਰਾਣੀ ਦੇਵੀ ਨੇ ਡਾ: ਅੰਬੇਡਕਰ ਵੱਲੋਂ ਔਰਤਾਂ ਲਈ ਕੀਤੇ ਸੰਘਰਸ਼ ਬਾਰੇ ਦਸਦਿਆਂ ਕਿਹਾ ਕਿ ਕਿ ਔਰਤਾਂ ਆਪਣੇ ਬੱਚਿਆਂ ਨੂੰ ਸਿੱਖਿਅਤ ਕਰਨ ਤਾਂ ਹੀ ਸਮਾਜ ਸੁਧਰੇਗਾ।ਇਸ ਮੌਕੇ ਆਪਣੇ ਵਿਚਾਰ ਪੇਸ਼ ਕਰਦਿਆਂ ਰਿਟਾਇਰ ਅਧਿਆਪਕ ਸੁਰਿੰਦਰ ਪਾਲ ਸਿੰਘ ਨੇ ਕਿਹਾ ਕਿ ਅਜੋਕੇ ਦੌਰ ਵਿੱਚ ਮਜ਼ਦੂਰ ਤੇ ਮੁਲਾਜ਼ਮ ਅਤੇ ਕਿਸਾਨ ਜਥੇਬੰਦੀਆਂ ਨੂੰ ਸੁਚੇਤ ਹੋ ਕੇ ਕੰਮ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਘੱਟ ਗਿਣਤੀ ਕੌਮਾਂ ਵਿੱਚ ਦਹਿਸ਼ਤ ਪੈਦਾ ਕੀਤੀ ਜਾ ਰਹੀ ਹੈ। ਉਨ੍ਹਾਂ ਭਾਰਤੀ ਸੰਵਿਧਾਨ 'ਤੇ ਡੱਟ ਕੇ ਪਹਿਰਾ ਦੇਣ ਦੀ ਗੱਲ ਕਹੀ। ਅਧਿਆਪਕ ਸਤੀਸ਼ ਬਿਰਾਟ ਤੇ ਰਾਜੇਸ਼ ਪਚਰਵਾਲ ਨੇ ਦੱਸਿਆ ਕਿ ਮਹਾਤਮਾ ਜੋਤੀਰਾਓ ਫੂਲੇ ਮਹਾਨ ਸਮਾਜ ਸੁਧਾਰਕ ਸਨ, ਉਨ੍ਹਾਂ ਨੇ ਔਰਤਾਂ ਤੇ ਦਲਿਤਾਂ ਅਤੇ ਸ਼ੋਸ਼ਤਾਂ ਦੇ ਸੁਧਾਰ ਲਈ ਅਣਥੱਕ ਲੜਾਈ ਲੜੀ।ਸਮਾਜ ਸੇਵੀ ਹਰਮੰਦਰ ਝੋਰੜ ਰੋਹੀ, ਲੈਕਚਰਾਰ ਮਨੋਹਰ ਖਨਗਵਾਲ, ਸਮਾਜ ਸੇਵਕਾ ਬੀਬਾ ਦਰਸ਼ਨ ਕੌਰ ਜੌੜਾ ਨੇ ਵੀ ਆਪਣੇ ਵਿਚਾਰ ਰੱਖੇ। ਰਮੇਸ਼ ਨੂਨਾ ਨੇ ਬਾਬਾ ਸਾਹਿਬ ਬਾਰੇ ਕਵਿਤਾ ਪੇਸ਼ ਕੀਤੀ ਤੇ ਮੰਚ ਸੰਚਾਲਨ ਮਾਸਟਰ ਪਰਮਾਨੰਦ, ਜਤਿੰਦਰ ਨੇ ਕੀਤਾ। ਡਾ: ਸ਼ਮਸ਼ੇਰ ਸਿੰਘ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ।

# ਅਕਾਲੀ ਉਮੀਦਵਾਰ ਰਣਜੀਤ ਢਿੱਲੋਂ ਸ਼ਾਨ ਨਾਲ ਜਿੱਤੇਗਾ ਚੋਣ : ਗਿੱਲ, ਬਵੇਜਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਲੋਕ ਸਭਾ ਹਲਕਾ ਲੁਧਿਆਣਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਰਣਜੀਤ ਸਿੰਘ ਢਿੱਲੋਂ ਨੂੰ ਉਮੀਦਵਾਰ ਐਲਾਨਣ 'ਤੇ ਉਨ੍ਹਾਂ ਦੇ ਸਮਰਥਕਾਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਦਲਜੀਤ ਸਿੰਘ ਗਿੱਲ ਤੇ ਪਾਰਟੀ ਦੇ ਕੌਂਸਲ ਮੈਂਬਰ ਦਵਿੰਦਰ ਸਿੰਘ ਬਵੇਜਾ ਨੇ ਕਿਹਾ ਕਿ ਇਹ ਚੋਣ ਅਕਾਲੀ ਦਲ ਇੱਥੋਂ ਸ਼ਾਨ ਨਾਲ ਜਿੱਤੇਗਾ। ਉਕਤ ਆਗੂਆਂ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਲੁਧਿਆਣਾ ਹਲਕੇ ਤੋਂ ਇੱਕ ਸੂਝਵਾਨ ਤੇ ਬੇਦਾਗ਼ ਸ਼ਖ਼ਸੀਅਤ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ, ਜਿਸ ਨਾਲ ਵਰਕਰਾਂ ਦੇ ਹੌਸਲੇ ਬੁਲੰਦ ਦਿਖਾਈ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਰਣਜੀਤ ਸਿੰਘ ਢਿੱਲੋਂ ਦੇ ਅਕਾਲੀ ਦਲ ਵਜੋਂ ਚੋਣ ਮੈਦਾਨ ਵਿੱਚ ਆਉਣ 'ਤੇ ਹਰੇਕ ਵਰਗ ਵੱਲੋਂ ਸਵਾਗਤ ਕੀਤਾ ਜਾ ਰਿਹਾ ਹੈ, ਕਿਉਂਕਿ ਉਨ੍ਹਾਂ ਹਮੇਸ਼ਾ ਉਦਯੋਗਪਤੀਆਂ, ਮਜ਼ਦੂਰਾਂ, ਗਰੀਬਾਂ ਦੇ ਹਿੱਤਾਂ ਲਈ ਕੰਮ ਕੀਤੇ। ਅਕਾਲੀ ਆਗੂ ਗਿੱਲ ਤੇ ਬਵੇਜਾ ਨੇ ਕਿਹਾ ਕਿ ਲੋਕ ਅੱਜ ਸ਼੍ਰੋਮਣੀ ਅਕਾਲੀ ਦਲ ਸਰਕਾਰ ਵੇਲੇ ਕਰਵਾਏ ਵਿਕਾਸ ਕਾਰਜਾਂ ਨੂੰ ਯਾਦ ਕਰ ਰਹੇ ਹਨ, ਜਦਕਿ ਆਮ ਆਦਮੀ ਪਾਰਟੀ ਨੇ ਆਪਣੇ 2 ਸਾਲਾ ਕਾਰਜਕਾਲ ਦੌਰਾਨ ਲੁਧਿਆਣਾ ਸ਼ਹਿਰ ਵਿੱਚ ਵਿਕਾਸ ਵਜੋਂ ਇੱਕ ਵੀ ਕੰਮ ਨਹੀਂ ਕਰਵਾਇਆ, ਜਿਸ ਨੂੰ ਉਹ ਆਪਣੀ ਪ੍ਰਾਪਤੀ ਵਜੋਂ ਦੱਸ ਸਕਣ। ਉਕਤ ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਸਾਰੇ ਆਗੂ ਤੇ ਵਰਕਰ ਪਾਰਟੀ ਉਮੀਦਵਾਰਾਂ ਨੂੰ ਜਿਤਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ।

# ਬਾਬਾ ਫ਼ਰੀਦ ਲਾਅ ਕਾਲਜ 'ਚ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਪਾਇਆ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਬਾਬਾ ਫ਼ਰੀਦ ਲਾਅ ਕਾਲਜ ਵਿੱਚ ਚੇਅਰਮੈਨ ਸਵ. ਇੰਦਰਜੀਤ ਸਿੰਘ ਖਾਲਸਾ ਦੀ ਚਲਾਈ ਰੀਤ ਨੂੰ ਅਗਾਂਹ ਵਧਾਉਂਦੇ ਹੋਏ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਸ੍ਰੀ ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਕਾਲਜ ਦੇ ਸਮੂਹ ਵਿਦਿਆਰਥੀਆਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਪ੍ਰਕਾਸ਼ ਕਰਾਇਆ ਗਿਆ। ਅਖੰਡ ਪਾਠ ਸਾਹਿਬ ਕਰਾਉਣ ਲਈ ਕਾਲਜ ਦੇ ਵਿਦਿਆਰਥੀਆਂ ਦੀ ਇੱਕ ਕਮੇਟੀ ਬਣਾਈ ਗਈ, ਜਿਸ ਵਿੱਚ ਅੰਕੁਸ਼ ਕੰਬੋਜ, ਧਰਵਿੰਦਰ ਸਿੰਘ, ਰਿਪਨਜੋਤ ਸਿੰਘ, ਰਿਪਜੀਤ ਸਿੰਘ, ਗੁਰਿੰਦਰਜੀਤ ਸਿੰਘ, ਅਨਮੋਲ ਜੋਸਨ ਤੇ ਗੁਰਸੇਵਕ ਸਿੰਘ ਸਨ।ਇਹ ਅਖੰਡ ਪਾਠ ਕਾਲਜ ਦੀ ਮੈਨੇਜਿੰਗ ਕਮੇਟੀ ਅਤੇ ਸਟਾਫ ਜੀ ਚੜ੍ਹਦੀ ਕਲਾ ਅਤੇ ਵਿਦਿਆਰਥੀਆਂ ਦੇ ਉਜਵਲੇ ਭਵਿੱਖ ਲਈ ਕਰਾਇਆ ਗਿਆ।ਇਸ ਮੌਕੇ ਦਸਤਾਰਬੰਦੀ ਤੇ ਲੇਖ (ਸਿੱਖ ਇਤਿਹਾਸ ਅਤੇ ਸੱਭਿਆਚਾਰ) ਦੇ ਮੁਕਾਬਲੇ ਕਰਾਏ ਗਏ, ਜਿਨ੍ਹਾਂ ਵਿੱਚੋਂ ਦਸਤਾਰਬੰਦੀ ਮੁਕਾਬਲੇ (ਲੜਕਿਆਂ) ਵਿੱਚੋਂ ਅਮਨਜੋਤ ਸਿੰਘ ਨੇ ਪਹਿਲਾ, ਰਸ਼ਪਾਲ ਸਿੰਘ ਤੇ ਸਰਵੀਰ ਸਿੰਘ ਨੇ ਦੂਜਾ ਅਤੇ ਗੁਰਕੀਰਤ ਸਿੰਘ ਆਹਲੂਵਾਲੀਆ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਵਿਦਿਆਰਥੀ ਗੁਰਿੰਦਰਜੀਤ ਸਿੰਘ ਨੇ ਸਭ ਤੋਂ ਘੱਟ ਸਮੇਂ ਵਿੱਚ ਦਸਤਾਰ ਸਜਾਉਣ ਦਾ ਵਿਸ਼ੇਸ਼ ਸਨਮਾਨ ਹਾਸਲ ਕੀਤਾ।ਲੜਕੀਆਂ ਦੇ ਦਸਤਾਰਬੰਦੀ ਮੁਕਾਬਲੇ ਵਿੱਚ ਜਸਪਾਲ ਕੌਰ ਨੇ ਪਹਿਲਾ, ਨਵਨੀਤ ਕੌਰ ਨੇ ਦੂਜਾ ਤੇ ਹਰਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਲੇਖ ਮੁਕਾਬਲੇ ਵਿੱਚ ਜਸ਼ਨਪ੍ਰੀਤ ਕੌਰ ਨੇ ਪਹਿਲਾ, ਪਾਰਸ ਨੇ ਦੂਜਾ ਤੇ ਨਾਜ਼ਮੀਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਸਮੇਂ ਕਾਲਜ ਦੀ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ, ਅਹੁਦੇਦਾਰ ਸਾਹਿਬਾਨ ਡਾ. ਗੁਰਇੰਦਰ ਮੋਹਨ ਸਿੰਘ, ਸੁਰਿੰਦਰ ਸਿੰਘ ਰੋਮਾਣਾ ਤੇ ਦੀਪਇੰਦਰ ਸਿੰਘ ਸੇਖੋਂ ਨੇ ਦਸਤਾਰਬੰਦੀ ਤੇ ਲੇਖ ਲਿਖਣ ਮੁਕਾਬਲੇ ਵਿੱਚ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਤੇ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ।ਪ੍ਰੋਗਰਾਮ ਦੇ ਅੰਤ ਵਿੱਚ ਕਾਲਜ ਦੇ ਪ੍ਰਿੰਸੀਪਲ ਸ੍ਰੀ ਪੰਕਜ ਕੁਮਾਰ ਗਰਗ ਵੱਲੋਂ ਕਾਲਜ ਦੇ ਵਿਦਿਆਰਥੀਆਂ ਦੁਆਰਾ ਹਾਸਲ ਕੀਤੀਆਂ ਵਿਲੱਖਣ ਪ੍ਰਾਪਤੀਆਂ ਬਾਰੇ ਜਾਣੂ ਕਰਾਇਆ ਗਿਆ ਤੇ ਕਾਲਜ ਵਿੱਚ ਪਹੁੰਚੀ ਹੋਈ ਮੈਨੇਜਮੈਂਟ ਕਮੇਟੀ ਦਾ ਧੰਨਵਾਦ ਕੀਤਾ।

# ਰਾਸ਼ਟਰੀ ਸੁਰੱਖਿਆ ਅਭਿਆਨ ਤਹਿਤ ਫਾਇਰ ਐਂਡ ਸੇਫਟੀ ਅਭਿਆਨ ਦਾ ਸਮਾਪਤੀ ਸਮਾਰੋਹ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

53ਵੇਂ ਰਾਸ਼ਟਰੀ ਸੁਰੱਖਿਆ ਅਭਿਆਨ ਤਹਿਤ ਐੱਚ.ਪੀ.ਸੀ.ਐੱਲ.-ਮਿੱਤਲ ਐਨਰਜੀ ਲਿਮ: ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਲਗਾਤਾਰ ਡੇਢ ਮਹੀਨੇ ਤੱਕ ਚਲਾਈ ਗਈ ਫਾਇਰ ਐਂਡ ਸੇਫਟੀ ਮੁਹਿੰਮ ਦਾ ਸਮਾਪਤੀ ਸਮਾਰੋਹ ਬਹੁਤ ਹੀ ਉਤਸ਼ਾਹ ਭਰਿਆ ਮਾਹੌਲ ਸਿਰਜਿਆ ਗਿਆ। ਡੇਢ ਮਹੀਨੇ ਤੱਕ ਚੱਲੀ ਇਸ ਫਾਇਰ ਅਤੇ ਸੁਰੱਖਿਆ ਮੁਹਿੰਮ ਦੀ ਸ਼ੁਰੂਆਤ ਸ੍ਰੀ ਏ.ਐਸ. ਬਾਸੂ, ਸੀਓਓ, ਐਚਐਮਈਐਲ ਤੇ ਸ੍ਰੀ ਐਮ ਬੀ ਗੋਹਿਲ, ਹੈੱਡ ਆਫ ਓਪਰੇਸ਼ਨ ਨੇ 4 ਮਾਰਚ ਨੂੰ ਕੀਤਾ ਸੀ, ਜਿਸ ਵਿੱਚ 3 ਹਜ਼ਾਰ ਤੋਂ ਵੱਧ ਕ੍ਰਮਚਾਰੀ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਇਸ ਮੁਹਿੰਮ ਦੇ ਸਮਾਪਤੀ ਸਮਾਰੋਹ ਦੌਰਾਨ ਡਿਪਟੀ ਡਾਇਰੈਕਟਰ ਆਫ਼ ਫੈਕਟਰੀਆ ਸ੍ਰੀ ਸਾਹਿਲ ਗੋਇਲ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ, ਜਿਨ੍ਹਾਂ ਨੂੰ ਸ੍ਰੀ ਅੰਸ਼ੂ ਸ਼ਰਮਾ, ਵੀਪੀ-ਪੈਟਰੋ ਕੈਮੀਕਲ ਓਪਰੇਸ਼ਨਜ਼, ਐਚਐਮਈਐਲ ਨੇ ਇੱਕ ਬੂਟਾ ਭੇਟ ਕਰਕੇ ਵਾਤਾਵਰਣ ਪ੍ਰਤੀ ਕੰਪਨੀ ਦੀ ਵਚਨਬੱਧਤਾ ਨੂੰ ਦੁਹਰਾਇਆ। ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਸਾਹਿਲ ਗੋਇਲ, ਡਿਪਟੀ ਡਾਇਰੈਕਟਰ ਆਫ਼ ਫੈਕਟਰੀਆ ਨੇ 53ਵੇਂ ਰਾਸ਼ਟਰੀ ਸੁਰੱਖਿਆ ਅਭਿਆਨ ਨੂੰ 45 ਦਿਨਾਂ ਤੱਕ ਪੂਰੀ ਇਮਾਨਦਾਰੀ ਤੇ ਵਚਨਬੱਧਤਾ ਨਾਲ ਮਨਾਉਣ ਤੇ ਸੁਰੱਖਿਆ ਦੇ ਹਰ ਪਹਿਲੂ ਨੂੰ ਕਵਰ ਕਰਨ ਲਈ ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਪ੍ਰਬੰਧਨ ਦੀ ਸ਼ਲਾਘਾ ਕੀਤੀ। ਸ੍ਰੀ ਅੰਸ਼ੂ ਸ਼ਰਮਾ, ਵੀਪੀ-ਪੈਟਰੋ ਕੈਮੀਕਲ ਓਪਰੇਸਨਜ ਨੇ ਪਿਛਲੇ ਸਾਲ ਦੌਰਾਨ ਆਕੂਪੇਸ਼ਨਲ ਹੈਲਥ ਸੇਫਟੀ ਅਤੇ ਫਾਇਰ ਡਿਪਾਰਟਮੈਂਟ ਵਿੱਚ ਮਹੱਤਵਪੂਰਨ ਪ੍ਰਾਪਤੀਆਂ ਨੂੰ ਉਜਾਗਰ ਕੀਤਾ। ਇਸ ਸਮੇਂ ਦੌਰਾਨ ਕ੍ਰਮਚਾਰੀ ਉਨ੍ਹਾਂ ਦੇ ਪਰਵਾਰਕ ਮੈਂਬਰ, ਉਨ੍ਹਾਂ ਨੂੰ ਕਾਰੋਬਾਰੀ ਭਾਈਵਾਲਾਂ ਤੇ ਨੇੜਲੇ ਪਿੰਡਾਂ ਦੇ ਸਕੂਲਾਂ 'ਚ ਫਾਇਰ ਤੇ ਸੁਰੱਖਿਆ ਨਾਲ ਸਬੰਧਤ ਸਮਾਗਮ ਕਰਕੇ ਜਾਗਰੂਕ ਕੀਤਾ ਗਿਆ। ਇਸ ਮੌਕੇ ਦਵਿੰਦਰ ਮਿੱਤਲ, ਅਤੁਲ ਸਕਸੈਨਾ ਤੇ ਵੈਂਕਟਸੁਬਰਾਮਨੀਅਮ ਵਿਸ਼ਵਨਾਥਨ, ਸਾਹਿਲ ਗੋਇਲ ਤੇ ਅੰਸ਼ੂ ਸ਼ਰਮਾ ਦੇ ਨਾਲ ਫਾਇਰ ਤੇ ਸੇਫਟੀ ਅਭਿਆਨ ਤਹਿਤ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚ ਜੇਤੂਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ।

# ਦੇਸ਼ ਭਗਤ ਯੂਨੀਵਰਸਿਟੀ 'ਚ ਵਿਸ਼ਵ ਧਰਤੀ ਦਿਵਸ ਮਨਾਇਆ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ ਨੇ ਫੈਕਲਟੀ ਆਫ਼ ਫਾਰਮੇਸੀ ਤੇ ਫੈਕਲਟੀ ਆਫ ਐਗਰੀਕਲਚਰ ਐਂਡ ਲਾਈਫ਼ ਸਾਇੰਸਜ਼ ਦੇ ਸਹਿਯੋਗ ਨਾਲ ਪਲੇਸਬੋ ਕਲੱਬ ਰਾਹੀਂ ਵਿਸ਼ਵ ਧਰਤੀ ਦਿਵਸ ਮਨਾਇਆ।ਇਸ ਦਾ ਮਕਸਦ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਸਮਾਗਮ ਦੌਰਾਨ ਕਰਾਏ ਗੈਸਟ ਲੈਕਚਰ ਵਿੱਚ ਸਕੂਲ ਆਫ਼ ਫਾਰਮੇਸੀ, ਲਾਲ ਸਿੰਘ ਮੈਮੋਰੀਅਲ ਕਾਲਜ ਆਫ ਫਾਰਮੇਸੀ ਅਤੇ ਮਾਤਾ ਜਰਨੈਲ ਕੌਰ ਕਾਲਜ ਆਫ ਫਾਰਮੇਸੀ ਦੇ ਵਿਦਿਆਰਥੀ ਵਾਤਾਵਰਣ ਦੀਆਂ ਚੁਣੌਤੀਆਂ ਬਾਰੇ ਚਰਚਾ ਕਰਨ ਲਈ ਸ਼ਾਮਲ ਹੋਏ।ਸਮਾਗਮ ਦੇ ਮੁੱਖ ਬੁਲਾਰੇ ਕਾਰਜਕਾਰੀ ਨਿਰਦੇਸ਼ਕ, ਖੇਤੀ ਵਿਰਾਸਤ ਮਿਸ਼ਨ ਉਮੇਂਦਰ ਦੱਤ ਨੇ ਵਾਤਾਵਰਣ ਸੰਬੰਧੀ ਮੁੱਦਿਆਂ ਨੂੰ ਹੱਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਪਲੈਨੇਟ ਬਨਾਮ ਪਲਾਸਟਿਕ ਥੀਮ 'ਤੇ ਆਧਾਰਤ ਰੰਗੋਲੀ ਬਣਾਉਣ ਅਤੇ ਸਲੋਗਨ ਲਿਖਣ ਵਰਗੇ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਦੀ ਉਤਸ਼ਾਹ ਭਰਪੂਰ ਭਾਗੀਦਾਰੀ ਦੀ ਸ਼ਲਾਘਾ ਕੀਤੀ। ਪ੍ਰੋਗਰਾਮ ਦਾ ਉਦਘਾਟਨ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਕੀਤਾ। ਯੂਨੀਵਰਸਿਟੀ ਦੇ ਵਾਈਸ ਪ੍ਰੈਜ਼ੀਡੈਂਟ ਡਾ ਹਰਸ਼ ਸਦਾਵਰਤੀ ਨੇ ਵਾਤਾਵਰਣ ਪ੍ਰਤੀ ਆ ਰਹੀਆਂ ਚੁਣੌਤੀਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਤੋਂ ਬਾਅਦ ਸਹਾਇਕ ਪ੍ਰੋਫੈਸਰ ਸ਼੍ਰੀਮਤੀ ਕੀਰਤੀ ਤੇ ਸ਼੍ਰੀਮਤੀ ਓਸ਼ੀਨਾ ਨੇ ਸਵਾਗਤੀ ਭਾਸ਼ਣ ਦਿੱਤਾ।ਵਿਸ਼ਾਲ ਤੇ ਚੰਦਨ ਸਵਪਨਿਲ ਪ੍ਰੋਗਰਾਮ ਦੇ ਕੋਆਰਡੀਨੇਟਰ ਸਨ।ਯੂਨੀਵਰਸਿਟੀ ਦੇ ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਨੇ ਧਰਤੀ ਦਿਵਸ ਦੀ ਭਾਵਨਾ ਨਾਲ ਮੇਲ ਖਾਂਦਾ ਇੱਕ ਸਫ਼ਲ ਸਮਾਗਮ ਆਯੋਜਤ ਕਰਨ ਲਈ ਪਲੇਸਬੋ ਕਲੱਬ, ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸਮਰਪਤ ਯਤਨਾਂ ਲਈ ਵਧਾਈ ਦਿੱਤੀ।ਡਾ. ਪੂਜਾ ਗੁਲਾਟੀ ਨੇ ਵਾਤਾਵਰਣ ਦੇ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਤੇ ਨੌਜਵਾਨਾਂ ਵਿੱਚ ਟਿਕਾਊ ਜੀਵਨ ਅਭਿਆਸਾਂ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਦੇ ਮਹੱਤਵ 'ਤੇ ਜ਼ੋਰ ਦਿੱਤਾ।

24-April-PAGE-11-Majha-24.qxd 4/23/2024 10:57 PM Page 1



# ਪਠਾਨਕੋਟ ਕਾਲਜ ਆਫ਼ ਐਜੂਕੇਸ਼ਨ ਪਠਾਨਕੋਟ ਵਿਖੇ ਧਰਤੀ ਦਿਵਸ ਮਨਾਇਆ



ਗੁਰਦਾਸਪੁਰ (ਜਨਕ ਮਹਾਜਨ)- ਪਠਾਨਕੋਟ ਕਾਲਜ ਆਫ਼ ਐਜੂਕੇਸ਼ਨ ਪਠਾਨਕੋਟ ਵਿਖੇ ਮਿਸ਼ਨ ਵਾਤਾਵਰਣ ਪ੍ਰੋਗਰਾਮ ਤਹਿਤ ਈਕੋ ਕਲੱਬ ਦੁਆਰਾ ਸਟੇਟ ਨੋਡਲ ਏਜੰਸੀ ਪੰਜਾਬ ਸਟੇਟ ਕਾਊਂਸਲ ਫਾਰ ਸਾਇੰਸ, ਟੈਕਨਾਲੌਜੀ ਚੰਡੀਗੜ੍ਹ ਐੱਨਸੀਐੱਸਟੀਸੀ., ਡੀਐੱਸਟੀ ਭਾਰਤ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਧਰਤੀ ਦਿਵਸ 'ਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਇਸ ਮੌਕੇ ਬੀਐੱਡ. ਅਤੇ ਈਟੀਟੀ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।

ਈਕੋ ਕਲੱਬ ਦੇ ਇੰਚਾਰਜ ਅਨੂ ਸੈਣੀ ਨੇ ਪ੍ਰੋਗਰਾਮ ਦਾ ਆਗਾਜ਼ ਮੁੱਖ ਮਹਿਮਾਨਾਂ ਕਾਲਜ ਮੈਨੇਜਮੈਂਟ ਕਮੇਟੀ ਮੈਂਬਰ ਡਾ. ਵਿਨੋਦ ਮਹਾਜਨ, ਪ੍ਰੋਫੈਸਰ ਰਵੀਸ਼ੰਕਰ ਦਾ ਸਵਾਗਤ ਕਰਦੇ ਹੋਏ ਕੀਤਾ। ਇਸ ਮੌਕੇ ਪ੍ਰਿੰਸੀਪਲ ਡਾ. ਰੁਪਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸਾਂਭ-ਸੰਭਾਲ ਸਬੰਧੀ ਜਾਗਰੂਕ ਕੀਤਾ। ਪ੍ਰਿੰਸੀਪਲ ਮੈਡਮ ਨੇ ਗਲੋਬਲ ਵਾਰਮਿੰਗ ਨਾਲ ਸਬੰਧਿਤ ਵਿਸ਼ੇਸ਼ ਮੁੱਦਿਆਂ ਬਾਰੇ ਗੰਭੀਰਤਾ ਨਾਲ ਸੋਚਣ ਲਈ ਕਿਹਾ। ਉਨ੍ਹਾਂ ਕਿਹਾ ਕਿ ਜੇਕਰ ਸਾਨੂੰ ਧਰਤੀ 'ਤੇ ਰਹਿਣਾ ਹੈ ਤਾਂ ਇਸ ਨੂੰ ਆਪਣੇ ਬੱਚਿਆਂ ਦੀ ਤਰ੍ਹਾਂ ਸੰਭਾਲਣਾ ਹੈ ਅਤੇ ਇਸ ਦੀ ਦੇਖ-ਭਾਲ ਰੱਖਣੀ ਪੈਣੀ ਹੈ। ਡਾ. ਵਿਨੋਦ ਮਹਾਜਨ ਅਤੇ ਪ੍ਰੋਫੈਸਰ ਰਵੀਸ਼ੰਕਰ ਨੇ ਬੱਚਿਆਂ ਵਲੋਂ ਬਣਾਏ ਗਏ ਪੋਸਟਰਾਂ ਦੀ ਸ਼ਲਾਘਾ ਕੀਤੀ ਅਤੇ ਵਾਤਾਵਰਣ ਨੂੰ ਸਾਫ਼ ਰੱਖਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਜੱਜ ਦੀ ਭੂਮਿਕਾ ਪ੍ਰੋਫੈਸਰ ਉਮਾ ਸ਼ਰਮਾ, ਰਜਨੀਸ਼ ਬਾਲਾ ਅਤੇ ਅਤੁਲ ਅਗਰਵਾਲ ਨੇ ਨਿਭਾਈ। ਪੋਸਟਰ ਮੇਕਿੰਗ ਮੁਕਾਬਲੇ ਵਿਚ ਈਟੀਟੀ ਦੀ ਅਦਿਤੀ ਨੇ ਪਹਿਲਾ ਸਥਾਨ, ਚੰਚਲ ਬੀ.ਐਡ ਨੇ ਦੂਜਾ ਸਥਾਨ ਅਤੇ ਅੰਜਲੀ ਬੀ.ਐੱਡ. ਨੇ ਤੀਸਰਾ ਸਥਾਨ ਹਾਸਲ ਕੀਤਾ। ਪ੍ਰੋਗਰਾਮ ਵਿਚ ਪ੍ਰੋਫੈਸਰ ਉਮਾ ਸ਼ਰਮਾ, ਰਜਨੀਸ਼ ਬਾਲਾ, ਅਤੁਲ ਅਗਰਵਾਲ, ਅਨੂ ਸੈਣੀ, ਪੂਜਾ, ਨਿਧੀ, ਜੋਤੀ ਆਦਿ ਹਾਜ਼ਰ ਸਨ।

# ਐੱਸ ਐੱਸ ਪੀ ਤਰਨਤਾਰਨ ਨੇ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਦੀ ਮੀਟਿੰਗ ਸੱਦੀ

## * ਭਾਜਪਾ ਨੇ ਕਿਸਾਨਾਂ ਤੇ ਮਜ਼ਦੂਰਾਂ ਦੇ ਹੱਕ ਖੋਹੇ: ਕਿਸਾਨ ਆਗੂ



ਝਬਾਲ (ਹਰਜਿੰਦਰ ਸਿੰਘ ਸੋਨੀ)-ਐੱਸ ਐੱਸ ਪੀ ਤਰਨ ਤਾਰਨ ਵਲੋਂ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਦੀ ਮੀਟਿੰਗ ਆਪਣੇ ਦਫ਼ਤਰ ਵਿੱਚ ਸੱਦੀ। ਉਨ੍ਹਾਂ ਨੇ ਕਿਸਾਨ ਆਗੂਆਂ ਨੂੰ ਭਾਜਪਾ ਉਮੀਦਵਾਰ ਨੂੰ ਸਵਾਲ ਕਰਨ ਸਬੰਧੀ ਕਿਸਾਨ ਆਗੂਆਂ ਨੂੰ ਕੁੱਝ ਸਲਾਹਾਂ ਦੇਣ ਦੀ ਕੋਸ਼ਿਸ਼ ਕੀਤੀ।

ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਪ੍ਰਗਟ ਸਿੰਘ ਮਹਿੰਦੀਪੁਰ, ਦਲਜੀਤ ਸਿੰਘ ਦਿਆਲਪੁਰਾ, ਪੂਰਨ ਸਿੰਘ ਮਾੜੀਮੇਘਾ, ਦਲੇਰ ਸਿੰਘ ਰਾਜੋਕੇ, ਬਲਵਿੰਦਰ ਸਿੰਘ ਸਖੀਰਾ, ਭੁਪਿੰਦਰ ਸਿੰਘ ਪੰਡੋਰੀ, ਤਰਸੇਮ ਸਿੰਘ ਲੁਹਾਰ, ਨਿਰਪਾਲ ਸਿੰਘ ਜਿਓਣੇਕੇ, ਸੁਖਦੇਵ ਸਿੰਘ ਤੁੜ, ਸਾਹਿਬ ਸਿੰਘ ਸੈਦੋ, ਫਤਿਹ ਸਿੰਘ ਵੜਿੰਗ, ਪ੍ਰਗਟ ਸਿੰਘ ਬਾਰਡਰ ਏਰੀਆ ਤੇ ਤਰਸੇਮ ਸਿੰਘ ਕਲਸੀ ਨੇ ਐੱਸਐੱਸਪੀ ਨੂੰ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਵੱਲੋਂ ਦਿੱਤੇ ਪ੍ਰੋਗਰਾਮ ਅਨੁਸਾਰ ਅਸੀਂ ਸ਼ਾਂਤਮਈ ਢੰਗ ਨਾਲ ਭਾਜਪਾ ਉਮੀਦਵਾਰ ਨੂੰ ਸਵਾਲ ਪੁੱਛਣ ਲਈ ਜਾਂਦੇ ਹਾਂ ਪਰ ਭਾਜਪਾ ਉਮੀਦਵਾਰ ਗੱਡੀ 'ਚੋਂ ਉਤਰਨ ਲਈ ਤਿਆਰ ਨਹੀਂ ਹੁੰਦਾ।ਭਿੱਖੀਵਿੰਡ ਵਿਖੇ ਤਾਂ ਭਾਜਪਾ ਉਮੀਦਵਾਰ ਵਲੋਂ ਕਿਸਾਨਾਂ 'ਤੇ ਗੱਡੀ ਚੜ੍ਹਾਉਣ ਦੀ ਕੋਸ਼ਿਸ਼ ਵੀ ਕੀਤੀ ਗਈ।

ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਕਾਰਪੋਰੇਟ ਘਰਾਣਿਆਂ ਦੇ ਅਰਬਾਂ ਰੁਪਏ ਦੇ ਕਰਜ਼ੇ ਵੱਟੇ ਖਾਤੇ ਪਾਏ ਜਾ ਸਕਦੇ ਹਨ ਤਾਂ ਗਰੀਬ ਮਜ਼ਦੂਰਾਂ ਕਿਸਾਨਾਂ ਦੇ ਕਰਜ਼ੇ ਕਿਉਂ ਨਹੀਂ ਮੁਆਫ਼ ਕੀਤੇ ਜਾ ਸਕਦੇ।ਉਨ੍ਹਾਂ ਕਿਹਾ ਕਿ ਭਾਜਪਾ ਦੀ ਮੋਦੀ ਸਰਕਾਰ ਸਭ ਮਿਹਨਤਕਸ਼ ਅਵਾਮ ਦੇ ਵਿਰੁੱਧ ਹੈ ਇਸ ਕਰਕੇ ਇਸਨੂੰ ਚੱਲਦਾ ਕਰਨਾ ਸਮੇਂ ਦੀ ਲੋੜ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂ ਬਲਕਾਰ ਸਿੰਘ ਵਲਟੋਹਾ, ਮੇਹਰ ਸਿੰਘ ਸਖੀਰਾ, ਦਿਲਬਾਗ ਸਿੰਘ ਬਾਨੀਆਂ, ਅਮਰਜੀਤ ਸਿੰਘ ਕਾਹਲਵਾਂ, ਅਨੂਪ ਸਿੰਘ, ਅਜੈਬ ਸਿੰਘ, ਦਵਿੰਦਰ ਸੋਹਲ, ਹਰਵਿੰਦਰ ਸਿੰਘ ਵਲੀਪੁਰ, ਕੁਲਦੀਪ ਸਿੰਘ ਬੈਂਕਾ, ਰੋਬਿਨ ਪ੍ਰੀਤ ਸਿੰਘ, ਜਗੀਰ ਸਿੰਘ ਗੰਡੀਵਿੰਡ, ਗੁਰਪ੍ਰਤਾਪ ਸਿੰਘ ਕੈਰੋਂ, ਬਲਜੀਤ ਸਿੰਘ, ਦਿਲਬਾਗ ਸਿੰਘ, ਬਖਸ਼ੀਸ਼ ਸਿੰਘ ਵੀ ਹਾਜ਼ਰ ਸਨ।

# ਖਿਡੌਣਿਆਂ ਦੀ ਦੁਕਾਨ ਨੂੰ ਅੱਗ ਲੱਗਣ ਕਾਰਨ ਕਰੋੜਾਂ ਦਾ ਨੁਕਸਾਨ



ਗੁਰਦਾਸਪੁਰ, (ਜਨਕ ਮਹਾਜਨ)- ਬੀਤੀ ਦੇਰ ਰਾਤ ਬਟਾਲਾ ਰੋਡ ਸਥਿਤ ਖਿਡੌਣਿਆਂ ਦੀ ਰਾਹੁਲ ਹੋਮ ਸ਼ਾਪੀ ਵਿਖੇ ਅੱਗ ਲੱਗਣ ਕਾਰਨ ਕਰੋੜਾਂ ਰੁਪਏ ਦਾ ਨੁਕਸਾਨ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੁਕਾਨ ਮਾਲਕ ਨੇ ਦੱਸਿਆ ਕਿ ਰਾਤ ਲਗਭਗ 12.30 ਵਜੇ ਦੇ ਕਰੀਬ ਉਨ੍ਹਾਂ ਨੂੰ ਕਿਸੇ ਦਾ ਫ਼ੋਨ ਆਇਆ ਕਿ ਤੁਹਾਡੀ ਦੁਕਾਨ ਨੂੰ ਅੱਗ ਲੱਗ ਚੁੱਕੀ ਹੈ ਜਿਸ ਤੋਂ ਬਾਅਦ ਉਹ ਫੌਰਨ ਹੀ ਆਪਣੀ ਦੁਕਾਨ 'ਤੇ ਪਹੁੰਚ ਗਏ।

ਦੁਕਾਨ ਦਾ ਸ਼ਟਰ ਖੋਲ੍ਹਣ 'ਤੇ ਦੁਕਾਨ ਅੰਦਰੋਂ ਅੱਗ ਦੀਆਂ ਲਪਟਾਂ ਨਿਕਲਦੀਆਂ ਦਿਖਾਈ ਦਿੱਤੀਆਂ। ਇਸ ਅੱਗ ਦੀ ਸੂਚਨਾ ਫਾਇਰ ਬ੍ਰਿਗੇਡ ਨੂੰ ਦਿੱਤੀ ਗਈ ਜਿਸ ਤੋਂ ਬਾਅਦ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਆ ਕੇ ਅੱਗ ਬੁਝਾਉਣ ਦਾ ਕੰਮ ਸ਼ੁਰੂ ਕਰ ਦਿੱਤਾ। ਦੁਕਾਨ ਮਾਲਕ ਨੇ ਦੱਸਿਆ ਕਿ ਦੁਕਾਨ ਅੰਦਰ ਪਿਆ ਬੱਚਿਆਂ ਦਾ ਸਾਮਾਨ ਖਿਡੌਣੇ, ਅਲਮਾਰੀ, ਸੋਫੇ, ਬੈੱਡ ਅਤੇ ਹੋਰ ਕਾਫ਼ੀ ਸਮਾਨ ਸੜ ਕੇ ਸੁਆਹ ਹੋ ਗਿਆ।

ਉਨ੍ਹਾਂ ਦੱਸਿਆ ਕਿ ਅੱਗ ਲੱਗਣ ਨਾਲ ਉਨ੍ਹਾਂ ਦਾ ਡੇਢ ਕਰੋੜ ਰੁਪਏ ਦੇ ਕਰੀਬ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਅੱਗ ਲੱਗਣ ਦਾ ਕਾਰਨ ਸ਼ਾਇਦ ਸ਼ਾਰਟ ਸਰਕਟ ਹੋ ਸਕਦਾ ਹੈ।

ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਦੁਕਾਨ ਨੂੰ ਲੱਗੀ ਅੱਗ ਨਾਲ ਹੋਣ ਵਾਲੇ ਨੁਕਸਾਨ ਦਾ ਢੁਕਵਾਂ ਮੁਆਵਜ਼ਾ ਦਿੱਤਾ ਜਾਵੇ।

# ਭੱਠਿਆਂ, ਪਥੇਰਾਂ ਤੇ ਸਲੱਮ ਏਰੀਏ 'ਚ ਹੋਇਆ ਫੀਵਰ ਸਰਵੇ




ਮਜੀਠਾ ( ਸੋਇਮ ਆਨੰਦ)-ਅੰਮ੍ਰਿਤਸਰ ਦੇ ਸਿਵਲ ਸਰਜਨ ਡਾ. ਵਿਜੇ ਕੁਮਾਰ ਅਤੇ ਜ਼ਿਲਾ ਐਪੀਡੀਮੋਲੋਜਿਸਟ ਡਾ. ਹਰਜੋਤ ਕੌਰ ਦੇ ਦਿਸ਼ਾ ਨਿਰਦੇਸ਼ ਤਹਿਤ ਸੀਨੀਅਰ ਮੈਡੀਕਲ ਅਧਿਕਾਰੀ ਡਾ. ਸਤਨਾਮ ਸਿੰਘ ਗਿੱਲ ਦੀ ਅਗਵਾਈ ਹੇਠ ਪੀਐੱਚਸੀ ਥਰੀਏਵਾਲ ਦੇ ਅਲੱਗ-ਅਲੱਗ ਭੱਠਿਆਂ, ਪਥੇਰਾ ਅਤੇ ਸਲੱਮ ਏਰੀਏ ਵਿੱਚ ਸਿਹਤ ਵਿਭਾਗ ਦੇ ਕਰਮਚਾਰੀਆਂ ਵੱਲੋਂ ਫੀਵਰ ਸਰਵੇ ਕੀਤਾ ਗਿਆ।ਇਸ ਦੌਰਾਨ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਮਲੇਰੀਆ, ਡੇਂਗੂ ਅਤੇ ਚਿਕਨਗੁਨੀਆ ਨੂੰ ਹਲਕੇ ਵਿੱਚ ਨਹੀਂ ਲੈਣਾ ਚਾਹੀਦਾ ਹੈ, ਇਹ ਮੌਤ ਦਾ ਸਬੱਬ ਵੀ ਬਣ ਸਕਦਾ ਹੈ।ਉਨ੍ਹਾਂ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਕਿਹਾ ਕਿ ਪਾਣੀ ਦਾ ਖੜ੍ਹਾ ਰਹਿਣਾ ਉਪ੍ਰੋਕਤ ਬਿਮਾਰੀਆਂ ਦਾ ਮੁੱਖ ਕਾਰਨ ਬਣਦਾ ਹੈ ਕਿਉਂਕਿ ਇਨ੍ਹਾਂ ਵਿੱਚ ਪੈਦਾ ਹੋਇਆ ਮੱਛਰ ਉਪਰੋਕਤ ਬਿਮਾਰੀਆਂ ਨੂੰ ਸੱਦਾ ਦਿੰਦਾ ਹੈ।ਇਸ ਲਈ ਆਪਣੇ ਘਰਾਂ, ਛੱਤਾਂ ਅਤੇ ਹੋਰ ਥਾਵਾਂ ਤੇ ਖੁੱਲੇ ਬਰਤਨ ਦੇ ਵਿੱਚ ਪਾਣੀ ਖੜਾ ਹੁੰਦਾ ਹੈ ਤਾਂ ਉਸਨੂੰ ਖਾਲੀ ਰੱਖੋ। ਗਮਲੇ, ਫਰਿਜਾਂ ਦੀਆਂ ਟਰੇਆਂ, ਟੈਰ ਅਤੇ ਹੋਰ ਅਜਿਹੀਆਂ ਵਸਤੂਆਂ ਜਿਨ੍ਹਾਂ ਵਿੱਚ ਪਾਣੀ ਖੜਾ ਹੋ ਸਕਦਾ ਹੈ, ਨੂੰ ਸਮੇਂ-ਸਮੇਂ ਖਾਲੀ ਕੀਤਾ ਜਾਵੇ। ਇਸਦੇ ਨਾਲ ਨਾ ਮੱਛਰ ਪੈਦਾ ਹੋਵੇਗਾ ਅਤੇ ਨਾ ਹੀ ਲੋਕ ਉਪਰੋਕਤ ਬਿਮਾਰੀਆਂ ਦਾ ਲੋਕ ਸ਼ਿਕਾਰ ਹੋਣਗੇ।

# ਪੁਲਸ ਵੱਲੋਂ 1,12,500 ਐੱਮ ਐੱਲ ਨਾਜਾਇਜ਼ ਸ਼ਰਾਬ ਬਰਾਮਦ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਥਾਣਾ ਧਾਰੀਵਾਲ ਦੀ ਪੁਲਸ ਨੇ 1,12,500 ਐੱਮ ਐੱਲ ਨਜਾਇਜ਼ ਸ਼ਰਾਬ ਬਰਾਮਦ ਕੀਤੀ ਹੈ।

ਥਾਣਾ ਧਾਰੀਵਾਲ ਦੇ ਏਐੱਸਆਈ ਨਿਰਮਲ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਬਾਈਪਾਸ ਪੁਲ ਖੁੰਡਾ ਹੇਠਾਂ ਨਾਕਾਬੰਦੀ ਕਰਕੇ ਵਹੀਕਲਾਂ ਦੀ ਚੈਕਿੰਗ ਕਰ ਰਹੇ ਸੀ ਕਿ ਇੱਕ ਨਾਮਾਲੂਮ ਵਿਅਕਤੀ ਸਪਲੈਂਡਰ ਮੋਟਰਸਾਈਕਲ ਨੰਬਰੀ ਪੀਬੀ 06 ਏ ਡੀ 0427 ਤੇ ਸਵਾਰ ਹੋ ਕੇ ਪਿੰਡ ਖੁੰਡਾ ਸਾਇਡ ਤੋ ਆਉਂਦਾ ਦਿਖਾਈ ਦਿੱਤਾ ਜਿਸਨੇ ਇਕ ਬੋਰੀ ਮੋਟਰਸਾਈਕਲ ਦੇ ਪਿੱਛੇ ਅਤੇ ਇੱਕ ਬੋਰੀ ਮੋਟਰਸਾਈਕਲ ਦੇ ਅੱਗੇ ਰੱਖੀ ਹੋਈ ਸੀ ਜੋ ਪੁਲਸ ਪਾਰਟੀ ਨੂੰ ਦੇਖ ਕੇ ਆਪਣਾ ਮੋਟਰਸਾਈਕਲ ਸੜਕ ਤੇ ਛੱਡ ਕੇ ਮੌਕੇ ਤੋਂ ਫਰਾਰ ਹੋ ਗਿਆ।

ਜਦੋਂ ਮੋਟਰਸਾਈਕਲ ਤੇ ਰੱਖੀਆਂ ਪਲਾਸਟਿਕ ਦੀਆਂ ਦੋ ਬੋਰੀਆਂ ਨੂੰ ਚੈੱਕ ਕੀਤਾ ਤਾਂ ਉਸ ਵਿੱਚੋਂ ਪਲਾਸਟਿਕ ਦੀਆਂ ਥੈਲੀਆਂ ਵਿੱਚ ਪਾਈ ਹੋਈ 1,12,500 ਐੱਮਐੱਲ ਨਾਜਾਇਜ਼ ਸ਼ਰਾਬ ਬਰਾਮਦ ਹੋਈ। ਪੁਲਸ ਨੇ ਮੋਟਰਸਾਈਕਲ ਸਮੇਤ ਨਾਜਾਇਜ਼ ਸ਼ਰਾਬ ਬਰਾਮਦ ਕਰਕੇ ਅਣਪਛਾਤੇ ਵਿਅਕਤੀ ਵਿਰੁੱਧ ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ।

# ਫੂਡ ਸੇਫਟੀ ਟੀਮ ਅੰਮ੍ਰਿਤਸਰ ਨੇ ਦੁਕਾਨਾਂ ਦੇ ਸੈਂਪਲ ਭਰੇ



ਮੱਤੇਵਾਲ (ਦਵਿੰਦਰ ਸਿੰਘ ਤਰਸਿੱਕਾ)-ਫੂਡ ਸੇਫਟੀ ਟੀਮ ਅੰਮ੍ਰਿਤਸਰ ਦੀ ਟੀਮ ਵੱਲੋਂ ਸਥਾਨਕ ਇਲਾਕੇ ਦੇ ਲੋਕਾਂ ਵੱਲੋਂ ਮਿਲੀਆਂ ਸ਼ਿਕਾਇਤਾਂ 'ਤੇ ਕਾਰਵਾਈ ਕਰਦਿਆਂ ਚਿਕਨ ਅਤੇ ਪਕੌੜਿਆਂ ਦੀਆਂ ਦੁਕਾਨਾਂ ਦੇ ਸੈਂਪਲ ਭਰੇ ਗਏ।

ਫੂਡ ਸੇਫਟੀ ਟੀਮ ਅੰਮ੍ਰਿਤਸਰ ਵੱਲੋਂ ਦੁਕਾਨਦਾਰਾਂ ਨੂੰ ਦੋ ਸੁਧਾਰ ਨੋਟਸ ਜਾਰੀ ਕੀਤੇ ਗਏ। ਇਸ ਤੋਂ ਇਲਾਵਾ ਫੂਡ ਸੇਫਟੀ ਟੀਮ ਵੱਲੋਂ ਚਵਿੰਡਾ ਦੇਵੀ ਖੇਤਰ ਵਿੱਚ ਲਾਇਸੰਸ ਅਤੇ ਰਜਿਸਟਰੇਸ਼ਨ ਬਾਰੇ ਜਾਗਰੂਕਤਾ ਕੈਂਪ ਲਗਾਇਆ ਗਿਆ ਜਿਸ ਵਿੱਚ 25 ਚਿਕਨ ਅਤੇ ਪਕੌੜੇ ਦੀਆਂ ਦੁਕਾਨਾਂ ਦੇ ਮਾਲਕਾਂ ਵੱਲੋਂ ਭਾਗ ਲਿਆ ਗਿਆ।

ਜਿਹੜੇ ਦੁਕਾਨਦਾਰਾਂ ਕੋਲ ਪਹਿਲਾਂ ਲਾਈਸੰਸ ਨਹੀਂ ਸਨ ਦਸਤਾਵੇਜ਼ ਦਿੱਤੇ ਗਏ। ਉਨ੍ਹਾਂ ਸਾਰੇ ਦੁਕਾਨਦਾਰਾਂ ਨੂੰ ਚਿਤਾਵਨੀ ਦਿੱਤੀ ਕਿ ਕਿਸੇ ਵੀ ਗਾਹਕ ਨੂੰ ਕੋਈ ਮਿਆਦ ਪੁੱਗਣ ਵਾਲਾ ਸਾਮਾਨ ਨਾ ਵੇਚਿਆ ਜਾਵੇ।

# ਸੰਤ ਬਾਬਾ ਸੱਜਣ ਸਿੰਘ ਵੱਲੋਂ ਪੱਤਰਕਾਰਾਂ ਦਾ ਸਨਮਾਨ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਇਲਾਕੇ ਦੇ ਪੱਤਰਕਾਰਾਂ ਦਾ ਸਨਮਾਨ ਕੀਤਾ ਗਿਆ ਅਤੇ ਮੀਡੀਆ ਤੋਂ ਸਹਿਯੋਗ ਦੀ ਮੰਗ ਕੀਤੀ ਕਿ ਸਕੂਲ ਅਤੇ ਗੁਰਦੁਆਰਾ ਸਾਹਿਬ ਦੀ ਚੜ੍ਹਦੀ ਕਲਾ ਲਈ ਹਰ ਸੰਭਵ ਮਦਦ ਕੀਤੀ ਜਾਵੇ ਤਾਂ ਕਿ ਇਹ ਸੰਸਥਾ ਹੋਰ ਵੀ ਵਧ-ਚੜ੍ਹ ਕੇ ਸੰਗਤਾਂ ਦੀ ਸੇਵਾ ਕਰ ਸਕੇ। ਸੰਤ ਬਾਬਾ ਸੱਜਣ ਸਿੰਘ ਨੇ ਕਿਹਾ ਕਿ ਸਮਾਜ ਦੀ ਸਿਰਜਣਾ ਵਿੱਚ ਮੀਡੀਆ ਦਾ ਅਹਿਮ ਯੋਗਦਾਨ ਹੈ। ਇਸ ਲਈ ਪ੍ਰੈੱਸ ਨੂੰ ਚੌਥਾ ਥੰਮ੍ਹ ਕਹਿੰਦੇ ਹਨ।

ਪੱਤਰਕਾਰਾਂ ਵੱਲੋਂ ਗੁਰਦੁਆਰਾ ਸਾਹਿਬ ਅਤੇ ਸਕੂਲ ਦੀ ਹਰ ਸੰਭਵ ਸਹਾਇਤਾ ਕਰਨ ਦਾ ਐਲਾਨ ਕੀਤਾ ਗਿਆ। ਇਸ ਮੌਕੇ ਗੁਰਦੇਵ ਸਿੰਘ ਯੂਐੱਸਏ, ਤਰਸੇਮ ਸਿੰਘ, ਸੁਖਵਿੰਦਰ ਸਿੰਘ, ਗੁਰਮੇਜ ਸਿੰਘ, ਸਰਬਜੀਤ ਸਿੰਘ, ਜਗਰੂਪ ਸਿੰਘ, ਬਚਿੱਤਰ ਸਿੰਘ, ਤਰਸੇਮ ਸਿੰਘ ਸਾਧਪੁਰ, ਦਲੇਰ ਸਿੰਘ ਜੌਹਲ, ਗੁਰਪ੍ਰੀਤ ਸਿੰਘ ਮੱਤੇਵਾਲ, ਕੈਪਟਨ ਸਿੰਘ, ਬਾਬਾ ਜੱਸਾ ਸਿੰਘ, ਬਾਬਾ ਰਾਜਾ, ਬਾਬਾ ਸੁੱਖਾ ਸਿੰਘ, ਰਣਜੀਤ ਸਿੰਘ ਬਾਠ ਬਾਬੋਵਾਲ, ਨਿੰਦਰ ਸਿੰਘ ਭੋਏ, ਜੋਬਨ ਬੁਲਾਰਾ, ਗੁਰਬਾਜ ਸਿੰਘ, ਜਸਵਿੰਦਰ ਸਿੰਘ, ਪਲਵਿੰਦਰ ਸਿੰਘ, ਵੀਰ ਸਿੰਘ, ਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਮੈਡਮ ਗਗਨਦੀਪ ਕੌਰ, ਮੈਡਮ ਸਿਮਰਜੀਤ ਕੌਰ, ਮੈਡਮ ਸੁਖਵਿੰਦਰ ਕੌਰ ਆਦਿ ਹਾਜ਼ਰ ਸਨ।

# ਸੀ ਕੇ ਡੀ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਜੌਬ ਕੈਂਪਸ ਪਲੇਸਮੈਂਟ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਸੀ.ਕੇ.ਡੀ. ਇੰਸਟੀਚਿਊਟ ਆਫ ਟੈਕਨਾਲੋਜੀ ਦੇ ਪ੍ਰਿੰ. ਡਾ. ਸੁਦੇਸ਼ ਕੁਮਾਰ ਦੀ ਯੋਗ ਅਗਵਾਈ ਹੇਠ ਰੁਜ਼ਗਾਰ ਕੈਂਪ ਲਗਾਇਆ ਗਿਆ।

ਇਸ ਕੈਂਪ ਵਿੱਚ ਪ੍ਰਸਿੱਧ ਕੰਪਨੀਆਂ ਸਟਾਰ ਹੈਲਪ, ਆਈਸੀਆਈਸੀਆਈ ਬੈਂਕ, ਐਕਸਿਸ ਬੈਂਕ, ਫਲਿਪਕਾਰਟ, ਅਪੋਲੋ ਫਾਰਮੇਸੀ, ਵੈਬਰਜ਼ , ਫਲੋਰਮ ਹਸਪਤਾਲ ਸਮੇਤ 13 ਬਹੁ ਚਰਚਿਤ ਕੰਪਨੀਆਂ ਨੇ ਸ਼ਿਰਕਤ ਕੀਤੀ ਜਿਸ ਵਿੱਚ ਅੰਮ੍ਰਿਤਸਰ ਦੇ ਵੱਖ-ਵੱਖ ਕਾਲਜਾਂ ਦੇ ਐਮਬੀਏ, ਬੀਐੱਸਸੀ, ਏਟੀਐੱਚਐੱਮ, ਬੀਸੀਏ ਬੀਕਾਮ, ਬੀਬੀਏ ਦੇ ਕਰੀਬ 150 ਵਿਦਿਆਰਥੀਆਂ ਨੇ ਭਾਗ ਲਿਆ। ਵੱਖ-ਵੱਖ ਕੰਪਨੀਆਂ ਤੋ ਆਏ ਸੀਨੀਅਰ ਨੁਮਾਇੰਦਿਆਂ ਨੇ ਵਿਦਿਆਰਥੀਆਂ ਦੀ ਰਜਿਸਟਰੇਸ਼ਨ ਤੋਂ ਬਾਅਦ ਪਹਿਲਾਂ ਪ੍ਰੀ-ਪਲੇਸਮੈਂਟ ਟਾਕ ਅਤੇ ਗਰੁੱਪ ਡਿਸਕਸ਼ਨ ਦੇ ਇੰਟਰਵਿਊ ਹੋਏ ਜਿਨ੍ਹਾਂ ਵਿਚੋਂ 66 ਵਿਦਿਆਰਥੀਆਂ ਨੂੰ ਸ਼ਾਰਟ ਲਿਸਟ/ਸਿਲੈਕਟ ਕੀਤਾ ਗਿਆ।

ਇਨ੍ਹਾਂ ਸ਼ਾਰਟ ਲਿਸਟ ਵਿਦਿਆਰਥੀਆਂ ਨੂੰ ਕੰਪਨੀਆਂ ਵੱਲੋਂ ਅਗਲੇ ਪੜਾਅ ਵਿਚ ਅਖੀਰਲੇ ਪਰਸਨਲ ਇੰਟਰਵਿਊ ਲਈ ਚੁਣਿਆ ਗਿਆ ਹੈ।

# ਵਿਸ਼ਵ ਪੁਸਤਕ ਤੇ ਕਾਪੀ ਰਾਈਟ ਦਿਵਸ ਮਨਾਇਆ ਗਿਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜੀ. ਟੀ. ਰੋਡ ਦੇ ਸੀਨੀਅਰ ਵਿੰਗ ਵੱਲੋਂ ਵਿਦਿਆਰਥੀਆਂ ਵਿੱਚ ਪੁਸਤਕਾਂ ਪੜ੍ਹਨ ਅਤੇ ਲਿਖਣ ਦੀ ਰੁਚੀ ਪੈਦਾ ਕਰਨ ਲਈ 'ਵਿਸ਼ਵ ਪੁਸਤਕ ਅਤੇ ਕਾਪੀ ਰਾਈਟ' ਦਿਵਸ ਮਨਾਇਆ ਗਿਆ ਜਿਸ ਵਿੱਚ ਕਲਾ ਵਿਭਾਗ ਦੇ ਅਧਿਆਪਕਾਂ ਵੱਲੋਂ ਨੌਵੀਂ ਜਮਾਤ ਦੇ ਵਿਦਿਆਰਥੀਆਂ ਦੀ 'ਵਿਸ਼ਵ ਪੁਸਤਕ ਅਤੇ ਕਾਪੀ ਰਾਈਟ' ਦਿਵਸ ਦੇ ਸੰਬੰਧ ਵਿੱਚ ਪੋਸਟਰ ਬਨਾਉਣ ਦੀ ਗਤੀਵਿਧੀ ਕਰਵਾਈ ਗਈ। ਇਸੇ ਲੜੀ ਤਹਿਤ ਨੌਵੀਂ ਅਤੇ ਦੱਸਵੀਂ ਜਮਾਤ ਦੇ ਵਿਦਿਆਰਥੀਆਂ ਨੇ 'ਪੁਸਤਕ ਸਮੀਖਿਆ' ਰਾਹੀਂ ਵੱਖ-ਵੱਖ ਲੇਖਕਾਂ ਦੀਆਂ ਕਿਤਾਬਾਂ ਨੂੰ ਦਿਲਚਸਪ ਦੱਸਦੇ ਹੋਏ ਕਹਾਣੀਆਂ ਸੁਣਾਈਆਂ। ਕੁਝ ਵਿਦਿਆਰਥੀਆਂ ਨੇ ਆਪਣੇ ਮਨਪਸੰਦ ਲੇਖਕਾਂ ਦੇ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਲਾਇਬ੍ਰੇਰੀਅਨ ਰਣਜੋਤ ਕੌਰ ਨੇ 'ਕਿਤਾਬਾਂ ਦੀ ਸ਼ਕਤੀ' ਵਿਸ਼ੇ ਤੇ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ ਅਤੇ ਵੱਧ ਤੋਂ ਵੱਧ ਕਿਤਾਬਾਂ ਪੜ੍ਹਨ ਲਈ ਪ੍ਰੇਰਿਤ ਕੀਤਾ ।

ਸੀਨੀਅਰ ਵਿੰਗ ਦੀ ਮੁੱਖ ਅਧਿਆਪਕਾ ਕਵਲਪ੍ਰੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਲਾਇਬ੍ਰੇਰੀ ਦੇ ਮਹੱਤਵ ਅਤੇ ਉਸ ਦੇ ਨਿਯਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦੇ ਹੋਏ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਲਾਇਬ੍ਰੇਰੀਅਨ ਅਮਰਜੀਤ ਕੌਰ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ 'ਪੁਸਤਕ ਵਿਅਕਤੀ ਦੀ ਸ਼ਭ ਤੋਂ ਚੰਗੀ ਸਾਥੀ ਹੁੰਦੀ ਹੈ'।

ਉਨ੍ਹਾਂ ਵਿਦਿਆਰਥੀਆਂ ਨੂੰ ਤੋਹਫੇ ਵਿੱਚ ਪੁਸਤਕਾਂ ਦੇਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀ ਹਾਜ਼ਰ ਸਨ।

# ਦਿਹਾਤੀ ਮਜ਼ਦੂਰ ਸਭਾ ਇਕਾਈ ਸੇਰੋਂ ਦੀ ਭਰਵੀਂ ਮੀਟਿੰਗ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਦਿਹਾਤੀ ਮਜ਼ਦੂਰ ਸਭਾ ਦੀ ਭਰਵੀਂ ਮੀਟਿੰਗ ਪਿੰਡ ਸੇਰੋਂ ਦੇ ਮਨਰੇਗਾ ਵਰਕਰਾਂ ਦੀ ਮੀਟਿੰਗ ਨੌਸ਼ਹਿਰਾ ਪੰਨੂਆਂ ਬਲਾਕ ਵਿੱਚ ਕੀਤੀ ਗਈ। ਮੀਟਿੰਗ ਵਿੱਚ ਮਨਰੇਗਾ ਦਾ ਕੰਮ ਲੈਣ ਲਈ ਅਤੇ ਪਿਛਲਾ ਮਿਹਨਤਾਨਾ ਨਾ ਮਿਲਣ ਤੇ ਵਿਚਾਰ ਚਰਚਾ ਕੀਤੀ ਗਈ। ਮਨਰੇਗਾ ਦੇ ਅਧਿਕਾਰੀਆਂ ਨਾਲ ਮਿਲ ਕੰਮ ਅਤੇ ਪਿਛਲੇ ਬਕਾਏ ਸਬੰਧੀ ਜਾਣੂ ਕਰਾਇਆ ਗਿਆ। ਇਸ ਮੌਕੇ ਦਿਹਾਤੀ ਮਦਜ਼ਦੂਰ ਸਭਾ ਦੇ ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਤਹਿਸੀਲ ਪ੍ਰਧਾਨ ਨਰਿੰਦਰ ਸਿੰਘ ਰਟੌਲ ਨੇ ਬੋਲਦਿਆ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਮਜ਼ਦੂਰਾਂ ਨੂੰ ਰੁਜ਼ਗਾਰ ਦੇਣ ਦੇ ਵਾਅਦੇ ਖੋਖਲੇ ਸਾਬਤ ਹੋਏ ਹਨ। ਮਜ਼ਦੂਰਾਂ ਨੂੰ ਰੁਜ਼ਗਾਰ ਦੇਣ ਦੀ ਕੋਈ ਯੋਜਨਾਬੰਦੀ ਨਹੀਂ ਕੀਤੀ ਜਾ ਰਹੀ। ਮਨਰੇਗਾ ਸਕੀਮ ਦਾ ਬਜਟ ਘੱਟ ਕੀਤਾ ਜਾ ਰਿਹਾ ਹੈ। ਪਿੰਡਾਂ ਵਿੱਚ ਮਨਰੇਗਾ ਸਕੀਮ ਪਾਰਦਰਸ਼ੀ ਢੰਗ ਨਾਲ ਨਹੀਂ ਚੱਲ ਰਹੀ। ਇਨ੍ਹਾਂ ਆਗੂਆਂ ਨੇ ਮੰਗ ਕਰਦਿਆਂ ਕਿਹਾ ਕਿ ਸਰਕਾਰ ਮਨਰੇਗਾ ਮਜ਼ਦੂਰਾਂ ਨੂੰ ਸਾਰਾ ਸਾਲ ਕੰਮ ਦੇਵੇ ਅਤੇ ਦਿਹਾੜੀ ਪ੍ਰਤੀ ਦਿਨ 1000 ਰੁਪਏ ਕੀਤੀ ਜਾਵੇ। ਸ਼ੈਡਾਂ ਦੇ ਪੈਸੇ ਪੈਂਡਿੰਗ ਪਏ ਤੁਰੰਤ ਪਾਏ ਜਾਣ। ਬੇਘਰੇ ਮਜ਼ਦੂਰਾਂ ਨੂੰ 10-10 ਮਰਲੇ ਦੇ ਪਲਾਟ ਜਾਰੀ ਕੀਤੇ ਜਾਣ ਅਤੇ ਘਰ ਬਣਾਉਣ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਜਾਵੇ, ਮਨਰੇਗਾ ਮਜ਼ਦੂਰਾਂ ਦੇ ਪ੍ਰਵਾਰ ਸਮੇਤ ਡਾਕਟਰੀ ਇਲਾਜ ਦੀ ਯੋਜਨਾ ਬਣਾ ਕੇ ਤੁਰੰਤ ਲਾਗੂ ਕੀਤੀ ਜਾਵੇ। ਇਸ ਮੌਕੇ ਕੁਲਦੀਪ ਸਿੰਘ ਰਟੌਲ, ਸਰਦੂਲ ਸਿੰਘ, ਹੀਰਾ ਸਿੰਘ, ਗੁਰਭੇਜ ਸਿੰਘ, ਰੋਹਲ ਸਿੰਘ, ਸੁਰਜੀਤ ਸਿੰਘ, ਹਰਜੀਤ ਸਿੰਘ, ਦਲਜੀਤ ਸਿੰਘ, ਜਸਬੀਰ ਕੌਰ, ਰਾਜਵਿੰਦਰ ਕੌਰ, ਪਲਵਿੰਦਰ ਕੌਰ, ਦਰਸ਼ਨ ਕੌਰ ਪਰਮਜੀਤ ਕੌਰ ਆਦਿ ਹਾਜ਼ਰ ਸਨ।

# ਵਿਸ਼ਵ ਟੀਕਾਕਰਨ ਸੰਬੰਧੀ ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਵਿਖੇ ਮੀਟਿੰਗ



ਸਰਹਾਲੀ ਕਲਾਂ (ਰਮਨ ਚੱਢਾ)-ਸਿਵਲ ਸਰਜਨ ਤਰਨ ਤਾਰਨ ਡਾ. ਕਮਲਪਾਲ ਅਤੇ ਜਿਲ੍ਹਾ ਟੀਕਾਕਰਨ ਅਫਸਰ ਡਾ. ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾ. ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਵਿਖੇ 24 ਅਪ੍ਰੈਲ 2024 ਤੋਂ 30 ਅਪ੍ਰੈਲ ਤੱਕ ਮਨਾਏ ਵਿਸ਼ਵ ਟੀਕਾਕਰਨ ਦਿਵਸ ਦੇ ਸਬੰਧ ਵਿੱਚ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸਮੂਹ ਐੱਲਐੱਚਵੀ, ਏਐਨਐੱਮਜ਼ ਅਤੇ ਸੀਐੱਚਓਜ਼ ਨੇ ਭਾਗ ਲਿਆ। ਇਸ ਸਮੇਂ ਸੰਬੋਧਨ ਕਰਦਿਆਂ ਡਾ. ਜਤਿੰਦਰ ਸਿੰਘ ਗਿੱਲ ਨੇ ਕਿਹਾ ਕਿ 24 ਅਪ੍ਰੈਲ 2024 ਤੋਂ 30 ਅਪ੍ਰੈਲ 2024 ਤੱਕ ਵਿਸ਼ਵ ਟੀਕਾਕਰਨ ਦਿਵਸ ਪੂਰੇ ਭਾਰਤ ਵਿੱਚ ਮਨਾਇਆ ਜਾ ਰਿਹਾ ਹੈ। ਜਿਹੜੇ ਬੱਚੇ ਕਿਸੇ ਵੀ ਕਾਰਨਾਂ ਕਰਕੇ ਟੀਕਾਕਰਨ ਤੋਂ ਵਾਂਝੇ ਰਹਿ ਚੁੱਕੇ ਹਨ ਉਨ੍ਹਾਂ ਨੂੰ ਇਸ ਹਫ਼ਤੇ ਸਪੈਸ਼ਲ ਇਮੂਨਾਈਜ਼ੇਸਨ ਸ਼ੈਸ਼ਨ ਬਣਾਕੇ ਟੀਕਾਕਰਨ ਕੀਤਾ ਜਾਵੇਗਾ ਅਤੇ ਇਨ੍ਹਾਂ ਸੈਸ਼ਨਾਂ ਨੂੰ ਨਾਲ ਦੀ ਨਾਲ ਹੀ ਆਨਲਾਈਨ ਵੀ ਕੀਤਾ ਜਾਵੇਗਾ। ਇਸ ਸਮੇਂ ਹਰਦੀਪ ਸਿੰਘ ਸੰਧੂ ਬੀਈਈ, ਵਿਸ਼ਾਲ ਕੁਮਾਰ ਵਰਮਾਂ ਬੀਐੱਸਏ, ਸੀਐੱਚਓ ਪ੍ਰਭਜੋਤ ਕੌਰ, ਸੀਐੱਚਓ ਹਰਵੰਤ ਕੌਰ, ਏਐੱਨਐੱਮ ਪ੍ਰਮਜੀਤ ਕੌਰ, ਏਐੱਨਐੱਮ ਰਜਵੰਤ ਕੌਰ, ਏਐੱਨਐੱਮ ਕੁਲਜੀਤ ਕੌਰ, ਏਐੱਨਐੱਮ ਸੁਖਜੀਤ ਕੌਰ, ਏਐੱਨਐੱਮ ਇੰਦਰਜੀਤ ਕੌਰ, ਸੀਐੱਚਓ ਅਨੁਰਾਧਾ, ਸੀਐੱਚਓ ਰਾਜਬੀਰ ਕੌਰ ਆਦਿ ਹਾਜ਼ਰ ਸਨ।

# ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਵਿਸਾਖ ਮਹੀਨੇ ਦੀ ਪੁੰਨਿਆ ਦਾ ਦਿਹਾੜਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਗੁਰਦੁਆਰਾ ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਅੱਜ ਬਾਬਾ ਅਵਤਾਰ ਸਿੰਘ ਜੀ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਵਿਸਾਖ ਮਹੀਨੇ ਦੀ ਪੁੰਨਿਆ ਦਾ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਦੇਸ਼-ਵਿਦੇਸ਼ ਤੋਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰ ਹੋ ਕੇ ਬਾਬਾ ਜੀ ਦਾ ਅਸ਼ੀਰਵਾਦ ਲਿਆ।ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਵੱਲੋਂ ਸੰਗਤਾਂ ਸਮੇਤ ਬਾਬਾ ਸ੍ਰੀਚੰਦ ਜੀ ਦਾ ਆਰਤਾ ਗਾਇਨ ਕਰਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਭਾਈ ਸ਼ਾਮ ਸਿੰਘ ਜੌੜੀਆਂ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਵਿਸਾਖੀ ਦੇ ਪਾਵਨ ਦਿਹਾੜੇ ਦੀ ਵਧਾਈ ਦਿੱਤੀ ਤੇ ਕਿਹਾ ਕਿ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਨੂੰ ਆਪਣੇ ਜੀਵਨ ਵਿੱਚ ਅਪਨਾ ਕੇ ਉਸ ਵਿੱਚੋਂ ਮਿਲੀਆਂ ਸਿੱਖਿਆਵਾ ਤੇ ਚੱਲਦਿਆਂ ਗੁਰਬਾਣੀ ਦੇ ਲੜ ਲੱਗ ਕੇ ਮਨੁੱਖਾ ਜੀਵਨ ਬਤੀਤ ਕਰਨਾ ਚਾਹੀਦਾ ਹੈ। ਸਾਨੂੰ 84 ਲੱਖ ਜੂਨਾਂ ਭੋਗ ਕੇ ਇਹ ਮਨੁੱਖਾ ਜੀਵਨ ਨਸੀਬ ਹੋਇਆ ਹੈ, ਇਸ ਲਈ ਸਾਨੂੰ ਵੱਧ ਤੋਂ ਵੱਧ ਨਾਮ ਸਿਮਰਨ ਕਰਨਾ ਚਾਹੀਦਾ ਹੈ ।

ਉਨ੍ਹਾਂ ਕਿਹਾ ਕਿ ਗੁਰੂ ਹੀ ਗਿਆਨ ਹੈ ਤੇ ਗਿਆਨ ਹੀ ਪ੍ਰਕਾਸ਼ ਹੈ ।ਇਸ ਲਈ ਸਾਨੂੰ ਕੇਵਲ ਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਹੀ ਆਪਣਾ ਗੁਰੂ ਮੰਨਣਾ ਚਾਹੀਦਾ ਹੈ ।ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ ।

# 31ਵੀਂ ਫੈਡਰੇਸ਼ਨ ਕੱਪ ਟੈਨਿਸ ਬਾਲ ਕ੍ਰਿਕਟ ਚੈਂਪੀਅਨਸ਼ਿਪ ਕਰਵਾਈ



ਅੰਮ੍ਰਿਤਸਰ (ਜਸਬੀਰ ਪੱਟੀ)-31ਵੀਂ ਫੈਡਰੇਸ਼ਨ ਕੱਪ ਟੈਨਿਸ ਬਾਲ ਕ੍ਰਿਕਟ ਚੈਂਪੀਅਨਸ਼ਿਪ ਲੜਕੇ/ ਲੜਕੀਆਂ ਸਥਾਨਕ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਕਰਵਾਈ ਗਈ। ਐਸੋਸੀਏਸ਼ਨ ਦੇ ਜਨਰਲ ਸਕੱਤਰ ਅਰਵਿੰਦਰ ਕੁਮਾਰ ਨੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਦਿੱਲੀ, ਯੂਪੀ, ਮਹਾਰਾਸ਼ਟਰ, ਜੰਮੂ-ਕਸ਼ਮੀਰ, ਉਤਰਾਖੰਡ, ਕੇਰਲ, ਰਾਜਸਥਾਨ ਦੀਆਂ ਟੀਮਾਂ ਨੇ ਹਿੱਸਾ ਲਿਆ ਹੈ। ਉਨ੍ਹਾਂ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ 300 ਦੇ ਕਰੀਬ ਖਿਡਾਰੀਆਂ ਨੇ ਭਾਗ ਲਿਆ। ਐਸੋਸੀਏਸ਼ਨ ਦੇ ਪੰਜਾਬ ਪ੍ਰਧਾਨ ਗੁਰਜਿੰਦਰ ਸਿੰਘ ਨੇ ਵੱਖ-ਵੱਖ ਟੀਮਾਂ ਦੇ ਨਾਲ ਆਏ ਕੋਚਾਂ, ਖਿਡਾਰੀਆਂ ਤੇ ਮੈਨੇਜਰ ਸਾਹਿਬਾਨ ਦਾ ਸਵਾਗਤ ਕੀਤਾ।

ਇਸ ਮੌਕੇ ਟੈਨਿਸ ਬਾਲ ਕ੍ਰਿਕਟ ਫੈਡਰੇਸ਼ਨ ਆਫ ਇੰਡੀਆ ਦੇ ਮੁੱਖ ਸੱਕਤਰ ਇਮਰਾਨ ਅਹਿਮਦ ਲਾਰੀ, ਖੁਸਰੋ ਲਾਰੀ, ਜੰਮੂ-ਕਸ਼ਮੀਰ ਤੇ ਫਾਰਕ ਸ਼ਾਹ ਅੰਮ੍ਰਿਤਸਰ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਆਸ਼ੂ ਵਿਸ਼ਾਲ, ਕੇਸ਼ਵ ਕੋਹਲੀ, ਧੰਨਾ ਸਿੰਘ, ਡਾਕਟਰ ਚੇਤਨ ਸ਼ਰਮਾ, ਵਰਣ ਖੰਨਾ, ਅਮਨਦੀਪ ਸਿੰਘ ਖਹਿਰਾ, ਹਿਮਾਂਸ਼ੂ ਸ਼ਰਮਾ, ਸੌਰਵ ਰਾਏ, ਫੁੱਟਬਾਲ ਕੋਚ ਪ੍ਰਦੀਪ ਕੁਮਾਰ, ਪਰਵਿੰਦਰ ਕੁਮਾਰ ਆਦਿ ਹਾਜ਼ਰ ਸਨ।

# ਹਨੂੰਮਾਨ ਜਯੰਤੀ ਮੌਕੇ ਲੰਗਰ ਲਗਾਇਆ



**ਕਲਾਨੌਰ (ਮਨਦੀਪ ਕੋਹਲੀ)**-ਕਲਾਨੌਰ ਦੇ ਮੁੱਖ ਬਾਜ਼ਾਰ ਵਿੱਚ ਹਨੂੰਮਾਨ ਦੇ ਭਗਤਾਂ ਵੱਲੋਂ ਹਨੂੰਮਾਨ ਜੀ ਦਾ ਜਨਮ ਦਿਹਾੜਾ ਬੜੀ ਧੂਮਧਾਮ ਅਤੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਸ਼ਰਧਾਲੂਆਂ ਵੱਲੋਂ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ ਅਤੇ ਸ਼ਰਧਾਲੂਆਂ ਨੇ ਭਗਵਾਨ ਹਨੂੰਮਾਨ ਦੇ ਮਨੋਹਰ ਭਜਨ ਵੀ ਗਾਏ।ਇਸ ਮੌਕੇ ਸੁਰਿੰਦਰ ਵਰਮਾ, ਦੀਪਕ ਵਰਮਾ, ਗਗਨਦੀਪ ਗੱਗੂ, ਵਰਿੰਦਰ ਸ਼ਰਮਾ, ਮਾਨਸ ਕਾਲੀਆ, ਨਵੀਨ ਸ਼ਰਮਾ, ਡਾ: ਪ੍ਰਵੀਨ ਆਦਿ ਵੱਡੀ ਗਿਣਤੀ 'ਚ ਹਨੂੰਮਾਨ ਦੇ ਸ਼ਰਧਾਲੂ ਹਾਜ਼ਰ ਸਨ।

# ਪਸ਼ੂਆਂ ਨੂੰ ਸ਼ਰੇਆਮ ਸੜਕਾਂ ਤੇ ਜਨਤਕ ਥਾਵਾਂ 'ਤੇ ਛੱਡਣ ਦੀ ਮਨਾਹੀ

**ਜਲੰਧਰ (ਸੁਰਿੰਦਰ ਕੁਮਾਰ)** -ਵਧੀਕ ਜ਼ਿਲ੍ਹਾ ਮੈਜਿਸਟਰੇਟ ਮੇਜਰ ਡਾ.ਅਮਿਤ ਮਹਾਜਨ ਵਲੋਂ ਫੌਜਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਗਏ ਹਨ ਕਿ ਜ਼ਿਲ੍ਹਾ ਜਲੰਧਰ (ਦਿਹਾਤੀ) ਦੀ ਹਦੂਦ ਅੰਦਰ ਭਾਰਤੀ ਮਿਲਟਰੀ, ਪੁਲਸ ਅਧਿਕਾਰੀਆਂ ਨੂੰ ਛੱਡ ਕੇ ਕੋਈ ਵੀ ਵਿਅਕਤੀ ਪੁਲਸ, ਆਰਮੀ, ਸੀ.ਆਰ.ਪੀ.ਐਫ. ਅਤੇ ਬੀ.ਐਸ.ਐਫ. ਆਦਿ ਫੋਰਸਾਂ ਦੀਆਂ ਵਰਦੀਆਂ ਅਤੇ ਓਲੀਵ ਰੰਗ (ਮਿਲਟਰੀ) ਰੰਗ ਦੇ ਵਹੀਕਲ/ਮੋਟਰ ਸਾਈਕਲਜ਼ ਦੀ ਵਰਤੋਂ ਨਹੀਂ ਕਰੇਗਾ। ਵਧੀਕ ਜ਼ਿਲ੍ਹਾ ਮੈਜਿਸਟਰੇਟ ਵਲੋਂ ਜਾਰੀ ਇਕ ਹੋਰ ਹੁਕਮ ਅਨੁਸਾਰ ਕੋਈ ਵੀ ਵਿਅਕਤੀ ਜ਼ਿਲ੍ਹਾ ਜਲੰਧਰ (ਦਿਹਾਤੀ) ਦੀ ਹਦੂਦ ਅੰਦਰ ਪੈਂਦੇ ਹਲਕੇ ਵਿੱਚ ਆਪਣੇ ਪਸ਼ੂਆਂ ਨੂੰ ਸ਼ਰੇਆਮ ਸੜਕਾਂ ਅਤੇ ਜਨਤਕ ਥਾਵਾਂ 'ਤੇ ਨਹੀਂ ਛੱਡੇਗਾ। ਇਹ ਦੋਵੇਂ ਹੁਕਮ ਹੁਕਮ 23.04.2024 ਤੋਂ 22.06.2024 ਤੱਕ ਲਾਗੂ ਰਹਿਣਗੇ।

# ਅੰਮ੍ਰਿਤਧਾਰੀ ਸਿੱਖ ਦੇ ਸ੍ਰੀ ਸਾਹਿਬ ਪਾਉਣ 'ਤੇ ਦਰਜ ਕੇਸ ਦੀ ਨਿਖੇਧੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਨੇ ਇਟਲੀ ਦੇ ਮਿਲਾਨ ਸ਼ਹਿਰ ਵਿਖੇ ਅੰਮ੍ਰਿਤਧਾਰੀ ਸਿੱਖ ਗੁਰਬਚਨ ਸਿੰਘ ਖਾਲਸਾ ਦੇ ਸ੍ਰੀ ਸਾਹਿਬ ਪਹਿਨਣ ਕਰਕੇ ਪੁਲਸ ਵੱਲੋਂ ਦਰਜ ਕੀਤੇ ਕੇਸ ਦੀ ਸਖਤ ਸ਼ਬਦਾਂ ਵਿਚ ਨਿੰਦਾ ਕੀਤੀ । ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਕਿਹਾ ਕਿ ਦੇਸ਼ਾਂ-ਵਿਦੇਸ਼ਾਂ ਵਿਚ ਸਮਾਜਿਕ, ਰਾਜਨੀਤਿਕ ਅਤੇ ਧਾਰਮਿਕ ਖੇਤਰ ਵਿਚ ਸਿੱਖਾਂ ਨੇ ਤਰੱਕੀ ਦੀਆਂ ਬੁਲੰਦੀਆਂ ਛੂਹ ਕੇ ਬਹੁਤ ਨਾਮਣਾ ਖੱਟਿਆ ਹੈ ਅਤੇ ਸੰਸਾਰ ਭਰ ਵਿਚ ਮਾਨਵਤਾ ਦੀ ਸੇਵਾ ਲਈ ਸਿੱਖ ਕੌਮ ਨੇ ਮੋਹਰੀ ਭੂਮਿਕਾ ਨਿਭਾਈ ਹੈ। ਉਨ੍ਹਾਂ ਨੇ ਅਫਸੋਸ ਪ੍ਰਗਟ ਕਰਦਿਆਂ ਕਿਹਾ ਕਿ ਜਿਥੇ ਦੇਸ਼ਾਂ-ਵਿਦੇਸ਼ਾਂ ਵਿਚ ਵੱਡੇ ਪੱਧਰ 'ਤੇ ਮਨਾਏ ਜਾ ਰਹੇ ਖ਼ਾਲਸਾ ਸਿਰਜਨਾ ਦਿਵਸ ਸਮੁੱਚੀ ਦੁਨੀਆਂ ਦਾ ਧਿਆਨ ਖਿਚ ਰਹੇ ਹਨ, ਪਰ ਫਿਰ ਵੀ ਸਿੱਖਾਂ ਦੀ ਪਹਿਚਾਣ ਅਤੇ ਉਨ੍ਹਾਂ ਦੇ ਧਾਰਮਿਕ ਚਿੰਨ੍ਹਾਂ ਦੀ ਮਹੱਤਤਾ ਨੂੰ ਲੈ ਕੇ ਸਮਾਜ ਵਿਚ ਅਜੇ ਵੀ ਜਾਗਰੂਕਤਾ ਨਹੀਂ ਹੈ। ਉਨ੍ਹਾਂ ਨੇ ਕਿਹਾ ਕਿ ਅੰਮ੍ਰਿਤਧਾਰੀ ਸਿੱਖ ਲਈ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਪੰਜ ਕਕਾਰ ਧਾਰਨ ਕਰਨਾ ਬਹੁਤ ਲਾਜ਼ਮੀ ਹਨ ਅਤੇ ਇਟਲੀ ਸਰਕਾਰ ਨੂੰ ਸਿੱਖਾਂ ਦੀ ਧਾਰਮਿਕ ਸੁਤੰਤਰਤਾ ਦੇ ਮੱਦੇਨਜ਼ਰ ਉਨ੍ਹਾਂ ਦੇ ਧਾਰਮਿਕ ਚਿੰਨ੍ਹਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਨੇ ਇਟਲੀ ਦੀਆਂ ਸਥਾਨਕ ਸਿੱਖ ਜੱਥੇਬੰਦੀਆਂ ਨੂੰ ਦੇਸ਼ ਵਿਚ ਸਿੱਖਾਂ ਦੀ ਪਹਿਚਾਣ, ਸਿੱਖ ਰਹਿਤ ਮਰਿਆਦਾ ਅਤੇ ਪੰਜ ਕਕਾਰ, ਖ਼ਾਲਸੇ ਦੇ ਪਹਿਰਾਵੇ, ਗੁਰੂ ਸਿੱਖਿਆਵਾਂ ਅਤੇ ਸਿਧਾਂਤਾਂ, ਖ਼ਾਲਸੇ ਦੇ ਸ਼ਾਨਾਮੱਤੇ ਇਤਿਹਾਸ ਬਾਬਤ ਵਿਸਥਾਪੂਰਵਕ ਜਾਣਕਾਰੀ ਦੇਣ ਹਿੱਤ ਵਿਸ਼ੇਸ਼ ਯਤਨ ਕਰਨ ਦੀ ਲੋੜ ਤੇ ਜ਼ੋਰ ਦਿੱਤਾ ਅਤੇ ਭਾਰਤ ਦੇ ਵਿਦੇਸ਼ ਮੰਤਰੀ ਜੈ. ਐੱਸ ਸ਼ੰਕਰ ਨੂੰ ਮਾਮਲੇ ਨੂੰ ਸੰਜੀਦਗੀ ਨਾਲ ਲੈਂਦਿਆਂ ਇਟਲੀ ਸਰਕਾਰ ਨਾਲ ਰਾਬਤਾ ਕਾਇਮ ਕਰਕੇ ਅੰਮ੍ਰਿਤਧਾਰੀ ਸਿੱਖ ਵਿਰੁੱਧ ਦਰਜ ਕੀਤੇ ਗਏ ਕੇਸ ਨੂੰ ਰੱਦ ਕਰਵਾਉਣ ਦੀ ਅਪੀਲ ਕੀਤੀ।

# ਰਿਆੜਕੀ ਕਾਲਜ ਤੁਗਲਵਾਲਾ ਵਿਖੇ ਮਨਾਈ ਬਾਬਾ ਆਇਆ ਸਿੰਘ ਜੀ ਦੀ 56ਵੀਂ ਬਰਸੀ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਬਾਬਾ ਆਇਆ ਸਿੰਘ ਜੀ ਦੀ 56ਵੀਂ ਬਰਸੀ ਬੜੀ ਸ਼ਰਧਾ ਭਾਵਨਾ ਨਾਲ ਵਿਦਿਆਰਥਣਾਂ ਵੱਲੋਂ ਮਨਾਈ ਗਈ। ਸਮਾਗਮ ਦੇ ਪਹਿਲੇ ਸੈਸ਼ਨ ਵਿੱਚ ਹੋਸਟਲ ਦੀਆਂ ਵਿਦਿਆਰਥਣਾਂ ਵੱਲੋਂ ਸਹਿਜ ਪਾਠ ਦੇ ਭੋਗ ਪਾਏ ਗਏ। ਉਪਰੰਤ ਬੀਬੀ ਮੁਸਕਾਨ ਪ੍ਰੀਤ ਕੌਰ ਯੋਧੇ ਅਤੇ ਪ੍ਰਭਜੋਤ ਕੌਰ ਤੁਗਲਵਾਲ ਦੇ ਕੀਰਤਨੀ ਜਥੇ ਵੱਲੋਂ ਰਸ-ਭਿੰਨਾ ਕੀਰਤਨ ਕਰਕੇ ਬਾਬਾ ਆਇਆ ਸਿੰਘ ਜੀ ਨੂੰ ਅਕੀਦਤ ਦੇ ਫੁੱਲ ਭੇਟ ਕੀਤੇ ਗਏ। ਸੰਸਥਾ ਦੇ ਵੱਖ-ਵੱਖ ਵਿੰਗਾਂ ਦੇ ਵਿਦਿਆਰਥੀਆਂ ਦੁਆਰਾ ਬਾਬਾ ਜੀ ਦੀ ਜੀਵਨੀ ਤੇ ਲੈਕਚਰ ਅਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਵਿਦਿਆਰਥੀਆਂ ਦੁਆਰਾ ਬਾਬਾ ਜੀ ਦੀ ਜੀਵਨੀ ਨੂੰ ਪੇਸ਼ ਕਰਦੇ ਬਹੁਤ ਖੂਬਸੂਰਤ ਮੈਗਜ਼ੀਨ, ਵਾਲ ਮੈਗਜ਼ੀਨ ਤੇ ਕਾਰਡ ਦੀ ਨੁਮਾਇਸ਼ ਵੀ ਲਗਾਈ ਗਈ। ਸਮਾਗਮ ਦੇ ਦੂਸਰੇ ਸੈਸ਼ਨ ਵਿੱਚ ਇੱਕ ਖਾਸ ਸੈਮੀਨਾਰ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਸੰਸਥਾ ਵਿੱਚੋਂ ਪੜ੍ਹ ਚੁੱਕੀਆਂ ਪੁਰਾਣੀਆਂ ਵਿਦਿਆਰਥਣਾਂ ਉਚੇਚੇ ਤੌਰ ਤੇ ਪਹੁੰਚੀਆਂ। ਜਿੱਥੇ ਉਨ੍ਹਾਂ ਬਾਬਾ ਆਇਆ ਸਿੰਘ ਜੀ ਪ੍ਰਤੀ ਆਪਣੀ ਸ਼ਰਧਾ ਦੇ ਹਾਵ ਭਾਵ ਪ੍ਰਗਟ ਕੀਤੇ, ਉੱਥੇ ਹੀ ਉਨ੍ਹਾਂ ਨੇ ਇਸ ਗੱਲ ਬਾਰੇ ਖੁੱਲ੍ਹ ਕੇ ਦੱਸਿਆ ਕਿ ਕਿਸ ਪ੍ਰਕਾਰ ਇਸ ਸੰਸਥਾ ਨੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਅਹਿਮ ਰੋਲ ਅਦਾ ਕੀਤਾ ਹੈ। ਉਨਾਂ ਦਾ ਕਹਿਣਾ ਹੈ ਕਿ ਉਹ ਇਸ ਸੰਸਥਾ ਦੀਆਂ ਕਰਜ਼ਦਾਰ ਹਨ ਜਿਸ ਦੀ ਬਦੌਲਤ ਉਹ ਅੱਜ ਸਰਕਾਰੀ ਪ੍ਰਿੰਸੀਪਲ, ਲੈਕਚਰਾਰ, ਅਧਿਆਪਕ ਤੇ ਹੋਰ ਬਹੁਤ ਸਾਰੇ ਮਾਣ-ਮੱਤੇ ਅਹੁਦਿਆਂ ਦੀਆਂ ਮਾਲਕ ਹਨ। ਸਨਮਾਨ ਸਮਾਰੋਹ ਦੌਰਾਨ ਸਲਾਨਾ ਪ੍ਰੀਖਿਆ 2024 ਵਿੱਚੋਂ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਸੰਸਾ ਪੱਤਰ ਨਾਲ ਸਨਮਾਨਿਆ ਗਿਆ। ਇਸ ਮੌਕੇ ਪ੍ਰਿੰ. ਸਵਰਨ ਸਿੰਘ ਵਿਰਕ ਨੇ ਕਿਹਾ ਕਿ ਜੋ ਸੁਪਨਾ ਬਾਬਾ ਆਇਆ ਸਿੰਘ ਜੀ ਨੇ ਲਿਆ ਸੀ ਉਸ ਸੁਪਨੇ ਨੂੰ ਮਿਹਨਤ, ਤਰੱਕੀ, ਕਾਮਯਾਬੀ ਤੇ ਕਿਰਤ- ਕਿਰਸ ਨਾਲ ਪੂਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਸੇਵਾ ਮੁਕਤ ਸਰਕਾਰੀ ਪ੍ਰਿੰ. ਕਮਲੇਸ਼ ਕੌਰ, ਨੀਲਮ ਬਾਲਾ, ਬਲਜੀਤ ਕੌਰ ਪੰਜਾਬੀ ਲੈਕਚਰਾਰ ਬੁੱਟਰ ਕਲਾਂ, ਹਰਮੀਤ ਕੌਰ ਪੰਜਾਬੀ ਮਿਸਟਰੈਸ, ਸਤਨਾਮ ਕੌਰ ਪੰਜਾਬੀ ਮਿਸਟਰੈਸ, ਲਕਸ਼ਮੀ ਕਾਲੀਆ, ਹਰਮਿੰਦਰ ਕੌਰ ਅਧਿਆਪਕਾ, ਮਨਜਿੰਦਰ ਸਿੰਘ ਸਾਬੀ, ਡਾਕਟਰ ਜਗਜੀਤ ਸਿੰਘ ਤੁਗਲਵਾਲ, ਬਲਜਿੰਦਰ ਕੌਰ, ਅਕਰਮ, ਸਈਅਦ ਜ਼ੁਬੈਰ, ਡਾ. ਵਿਸ਼ਾਲਦੀਪ ਸਿੰਘ ਬਟਾਲਾ, ਮਾਤਾ ਦਲਜੀਤ ਕੌਰ, ਹੈੱਡਮਾਸਟਰ ਕੁਲਦੀਪ ਸਿੰਘ, ਮਾਸਟਰ ਮੰਗਲ ਸਿੰਘ, ਗਗਨਦੀਪ ਸਿੰਘ ਵਿਰਕ ਅਤੇ ਹੋਰ ਪਤਵੰਤੇ ਸੱਜਣਾਂ ਨੇ ਵੀ ਹਾਜ਼ਰੀ ਭਰੀ। ਅਖੀਰ ਪ੍ਰਿੰ. ਸਵਰਨ ਸਿੰਘ ਵਿਰਕ ਵੱਲੋਂ ਸੰਸਥਾ ਦੀਆਂ ਪੁਰਾਣੀਆਂ ਵਿਦਿਆਰਥਣਾਂ ਅਤੇ ਹੋਰ ਮਹਿਮਾਨਾਂ ਦਾ ਫੁਲਕਾਰੀ, ਸਿਰਪਾਓ ਅਤੇ ਕਾਲਜ ਦੇ ਆਰਗੈਨਿਕ ਗੁੜ ਤੇ ਚੌਲਾਂ ਨਾਲ ਸਨਮਾਨ ਕੀਤਾ ਗਿਆ।

# ਰਵਾਇਤੀ ਪਾਰਟੀਆਂ ਨੇ ਲੋਕਾਂ ਨਾਲ ਸਦਾ ਧਰੋਹ ਹੀ ਕਮਾਇਆ : ਮਾੜੀਮੇਘਾ



ਚੋਹਲਾ ਸਾਹਿਬ (ਨਜ਼ਸ)-ਪਾਰਲੀਮੈਂਟ ਹਲਕਾ ਖਡੂਰ ਸਾਹਿਬ ਤੋਂ ਸੀਪੀਆਈ ਦੇ ਉਮੀਦਵਾਰ ਗੁਰਦਿਆਲ ਸਿੰਘ ਖਡੂਰ ਸਾਹਿਬ ਦੇ ਹੱਕ ਵਿੱਚ ਸੀਪੀਆਈ ਵੱਲੋਂ ਗ਼ਦਰੀ ਬਾਬਾ ਵਿਸਾਖਾ ਸਿੰਘ ਦੇ ਜਨਮ ਸਥਾਨ ਪਿੰਡ ਦਦੇਹਰ ਸਾਹਿਬ, ਹਰੀਕੇ ਦਾਣਾ ਮੰਡੀ ਤੇ ਗੁਰੂਆਂ ਦੀ ਚਰਨਛੋਹ ਧਰਤੀ ਚੋਹਲਾ ਸਾਹਿਬ ਵਿਖੇ ਮੀਟਿੰਗ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਤੇ ਹਲਕਾ ਇੰਚਾਰਜ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਬੀਜੇਪੀ, ਕਾਂਗਰਸ, ਅਕਾਲੀ ਤੇ 'ਆਪ' ਦੀ ਸਰਕਾਰ ਨੇ ਲੋਕਾਂ ਦੀਆਂ ਵੋਟਾਂ ਲੈ ਕੇ ਉਨ੍ਹਾਂ ਨਾਲ ਧ੍ਰੋਹ ਕਮਾਇਆ ਹੈ।ਵੋਟਾਂ ਲੈਣ ਵੇਲੇ ਜੋ ਲੁਕਾਈ ਨਾਲ ਵਾਅਦੇ ਕੀਤੇ ਹੁੰਦੇ ਹਨ, ਜਦੋਂ ਇਹ ਤਾਕਤਾਂ ਤੱਖਤ ਤੇ ਬੈਠ ਜਾਂਦੀਆਂ ਹਨ ਉਦੋਂ ਉਹ ਸਭ ਵਾਅਦਿਆਂ ਨੂੰ ਪੂਰੇ ਕਰਨ ਤੋਂ ਮੁੱਕਰ ਜਾਂਦੀਆਂ ਹਨ।ਮਹਿੰਗਾਈ ਨੇ ਲੋਕਾਂ ਦਾ ਜਿਊਣਾ ਮੁਸ਼ਕਲ ਬਣਾਇਆ ਹੋਇਆ ਹੈ।ਗ਼ਰੀਬ ਤੇ ਕਿਰਤੀ ਲੋਕ ਦੋ ਵਕਤ ਦੀ ਰੋਟੀ ਖਾਣ ਤੋਂ ਆਤੁਰ ਹਨ। ਪਿੰਡਾਂ ਵਿੱਚ ਡਿਪੂਆਂ ਵਾਲਾ ਰਾਸ਼ਨ ਲੋਕਾਂ ਨੂੰ ਨਹੀਂ ਮਿਲ ਰਿਹਾ।ਥਾਣਿਆਂ, ਦਫ਼ਤਰਾਂ ਆਦਿ ਸਰਕਾਰੀ ਦਫ਼ਤਰਾਂ ਵਿੱਚ ਰਿਸ਼ਵਤ ਦਾ ਬੋਲਬਾਲਾ ਹੈ।ਪੰਜਾਬ ਦੀ ਕਿਸਾਨੀ ਦਾ ਪੁੱਤ ਕੰਮ ਦੀ ਭਾਲ ਵਿੱਚ ਵਿਦੇਸ਼ਾਂ ਵਿੱਚ ਹੋਟਲਾਂ 'ਤੇ ਬਰਤਨ ਸਾਫ਼ ਕਰਨ ਲਈ ਮਜਬੂਰ ਹੈ।ਜ਼ਮੀਨਾਂ ਵੇਚ ਕੇ ਮਾਂ ਪਿਓ ਬੱਚਿਆਂ ਨੂੰ ਵਿਦੇਸ਼ ਭੇਜੀ ਜਾ ਰਹੇ ਹਨ ਅਤੇ ਇਥੋਂ ਦੀਆਂ ਹਕੂਮਤਾਂ ਜੁਆਨੀ ਨੂੰ ਰੁਜ਼ਗਾਰ ਨਹੀਂ ਦੇ ਰਹੀਆਂ।ਜੁਆਨੀ ਨੂੰ ਰੁਜ਼ਗਾਰ ਦੇਣ ਵਾਸਤੇ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ (ਬਨੇਗਾ) ਬਣਾਇਆ ਜਾਵੇ।ਹਰੇਕ ਬੱਚੇ ਨੂੰ ਵਿੱਦਿਆ ਮੁਫ਼ਤ ਤੇ ਲਾਜ਼ਮੀ ਦਿੱਤੀ ਜਾਵੇ।ਹਰੇਕ ਗਰੀਬ ਨੂੰ ਮੁਫ਼ਤ ਘਰ ਬਣਾ ਕੇ ਦਿੱਤੇ ਜਾਣ ਅਤੇ ਹਰੇਕ ਨੂੰ ਮੁਫ਼ਤ ਸਿਹਤ ਸਹੂਲਤ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਗੁਰਦਿਆਲ ਸਿੰਘ ਪਾਰਲੀਮੈਂਟ ਵਿੱਚ ਪਹੁੰਚ ਕੇ ਉਕਤ ਮੁੱਦੇ ਜ਼ੋਰ-ਸ਼ੋਰ ਨਾਲ ਉਠਾਏਗਾ।ਸਭ ਹਲਕਾ ਵਾਸੀਆਂ ਨੂੰ ਪੁਰਜ਼ੋਰ ਅਪੀਲ ਹੈ ਕਿ ਗੁਰਦਿਆਲ ਸਿੰਘ ਨੂੰ ਵੋਟ ਪਾ ਕੇ ਕਾਮਯਾਬ ਬਣਾਓ।ਮੀਟਿੰਗ ਨੂੰ ਸੀਪੀਆਈ ਬਲਾਕ ਨੌਸ਼ਹਿਰਾ-ਚੋਹਲਾ ਦੇ ਸਕੱਤਰ ਬਲਵਿੰਦਰ ਸਿੰਘ, ਸੇਵਾ ਤੇ ਲੇਖ ਸਿੰਘ ਦਦੇਹਰ ਸਾਹਿਬ, ਜਸਬੀਰ ਸਿੰਘ ਜੀਊਣੇਕੇ, ਕੁਲਵੰਤ ਸਿੰਘ ਜਿੰਦਾਂਵਾਲ, ਕੁਲਦੀਪ ਸਿੰਘ ਤੇ ਅਨਵਰ ਸਿੰਘ, ਰਵੇਲ ਸਿੰਘ ਬੂਹ, ਜੱਸਾ ਸਿੰਘ, ਤਰਸੇਮ ਸਿੰਘ, ਸੋਨਾ ਸਿੰਘ ਮਾੜੀ ਉਧੋਕੇ, ਪਰਮਜੀਤ, ਕਸ਼ਮੀਰ ਸਿੰਘ ਹਰੀਕੇ, ਬਾਬਾ ਪਰਮਜੀਤ ਸਿੰਘ , ਰਜਿੰਦਰ ਸਿੰਘ, ਗੁਰਪਾਲ ਸਿੰਘ ਫੌਜੀ, ਪਰਸਿੰਨ ਸਿੰਘ, ਵਿਨੋਦ ਕੁਮਾਰ, ਲਖਬੀਰ ਸਿੰਘ ਠੇਕੇਦਾਰ, ਚਰਨਜੀਤ ਹਲਵਾਈ, ਜਗਤਾਰ ਸਿੰਘ, ਗੁਰਲਾਲ ਸਿੰਘ, ਜੁਗਿੰਦਰ ਸਿੰਘ ਚੋਹਲਾ ਸਾਹਿਬ ਨੇ ਵੀ ਸੰਬੋਧਨ ਕੀਤਾ।

# ਸੇਫ ਸਕੂਲ ਵਾਹਨ ਪਾਲਸੀ ਤਹਿਤ 15 ਸਕੂਲੀ ਬੱਸਾਂ ਦੇ ਕੱਟੇ ਚਲਾਨ



ਬੰਗਾ (ਅਵਤਾਰ ਕਲੇਰ) ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਦੀ ਰਹਿਨੁਮਾਈ ਹੇਠ ਨਵਾਂ ਸ਼ਹਿਰ ਜ਼ਿਲ੍ਹੇ ਦੇ ਬੰਗਾ ਬਲਾਕ ਵਿੱਚ ਸੇਫ ਸਕੂਲ ਵਾਹਨ ਪਾਲਸੀ ਨੂੰ ਯਕੀਨੀ ਬਣਾਉਣ ਲਈ ਸਮੁੱਚੀ ਟੀਮ ਵੱਲੋਂ ਸਕੂਲ ਬੱਸਾਂ ਦੀ ਚੈਕਿੰਗ ਕੀਤੀ ਗਈ।ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਨੇ ਦੱਸਿਆ ਕਿ ਟੀਮ ਵੱਲੋਂ ਬੰਗਾ ਬਲਾਕ ਵਿੱਚ ਐਫਸੀਐਸ ਅਦਰ ਸੀਨੀਅਰ ਸੈਕੰਡਰੀ ਸਕੂਲ ਦੀਆਂ ਬੱਸਾਂ ਦੀ ਚੈਕਿੰਗ ਕੀਤੀ ਗਈ ਅਤੇ ਸਕੂਲ ਵਿੱਚ ਉਪਲਬਧ 17 ਬੱਸਾਂ ਵਿੱਚੋਂ ਤਕਰੀਬਨ 13 ਬੱਸਾਂ ਦੇ ਚਲਾਨ ਕੀਤੇ ਗਏ ਅਤੇ ਮੌਕੇ 'ਤੇ ਦੋ ਸਕੂਲੀ ਬੱਸਾਂ ਬੰਦ ਵੀ ਕੀਤੀਆਂ ਗਈਆਂ। ਇਸ ਦੇ ਨਾਲ ਹੀ ਡੇਰਿਕ ਪਬਲਿਕ ਸਕੂਲ ਅਤੇ ਐਸ ਐਲ ਆਰ ਜੈਨ ਪਬਲਿਕ ਸਕੂਲ ਦੀਆਂ ਦੋ ਸਕੂਲੀ ਬੱਸਾਂ ਦੇ ਚਲਾਨ ਵੀ ਕੀਤੇ ਗਏ। ਉਪਰੋਕਤ ਸਕੂਲ ਦੀ ਬੱਸਾਂ ਵਿੱਚ ਫੀਮੇਲ ਅਟੈਂਡੈਂਟ ਨਹੀਂ ਪਾਈ ਗਈ, ਕਈ ਬੱਸਾਂ ਵਿੱਚ ਡਰਾਈਵਰਾਂ ਕੋਲ ਲਾਈਸੰਸ ਅਤੇ ਗੱਡੀ ਦੇ ਕਾਗਜਾਦ ਮੌਜੂਦ ਨਹੀਂ ਸਨ। ਇਸ ਦੇ ਨਾਲ ਹੀ ਸੀਸੀਟੀਵੀ ਕੈਮਰੇ ਵਰਕਿੰਗ ਕੰਡੀਸ਼ਨ ਵਿੱਚ ਨਹੀਂ ਸਨ। ਕੁਝ ਬੱਸਾਂ ਵਿੱਚ ਸਪੀਡ ਗਵਰਨਰ ਨਹੀਂ ਲੱਗੇ ਹੋਏ ਸਨ ਅਤੇ ਇਸ ਦੇ ਨਾਲ ਹੀ ਕੁਝ ਬੱਸਾਂ 'ਤੇ ਸਕੂਲ ਦਾ ਨਾਂਅ ਹੀ ਨਹੀਂ ਲਿਖਿਆ ਸੀ। ਚੈਕਿੰਗ ਉਪਰੰਤ ਡਰਾਈਵਰਾਂ ਅਤੇ ਕੰਡਕਟਰਾਂ ਨੂੰ ਸੇਫ ਵਾਹਨ ਪਾਲਸੀ ਦੀਆਂ ਸ਼ਰਤਾਂ ਜਿਵੇਂ ਕਿ ਬੱਸਾਂ ਦੇ ਡਰਾਈਵਰ ਦਾ ਡਰਾਈਵਿੰਗ ਲਾਇਸੰਸ ਪੂਰੇ ਕਾਗਜਾਤ ਰਜਿਸਟਰੇਸ਼ਨ ਸਰਟੀਫਿਕੇਟ, ਬਸ ਦਾ ਪਰਮਿਟ, ਮੈਡੀਕਲ ਕਿਟ, ਅੱਗ ਬੁਝਾਊ ਯੰਤਰ, ਸਪੀਡ ਗਵਰਨਰ, ਜੀਪੀਐਸ, ਪੀਣ ਲਾਇਕ ਪਾਣੀ ਸਬੰਧੀ ਜਾਣੂ ਕਰਵਾਇਆ ਅਤੇ ਸਕੂਲ ਪ੍ਰਬੰਧਨ ਨੂੰ ਅਪੀਲ ਕੀਤੀ ਗਈ ਕਿ ਬੱਚਿਆਂ ਦੀ ਸੁਰੱਖਿਆ ਨੂੰ ਸਰਵ ਉਪਰੀ ਰੱਖਦੇ ਹੋਏ ਸਕੂਲੀ ਬੱਸਾਂ ਨੂੰ 30 ਅਪ੍ਰੈਲ ਤੱਕ ਅਪਡੇਟ ਕੀਤਾ ਜਾਵੇ । ਚੈਕਿੰਗ ਟੀਮ 'ਚ ਟਰਾਂਸਪੋਰਟ ਵਿਭਾਗ ਤੋਂ ਰਮਨਦੀਪ ਸਿੰਘ ਏਟੀਓ, ਇੰਦਰਜੀਤ ਸਿੰਘ ਡੀਈਓ, ਅਤੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਤੋਂ ਸੋਨੂੰ ਰਾਣਾ ਅਕਾਊਂਟੈਂਟ , ਟਰੈਫਿਕ ਪੁਲਸ ਬੰਗਾ ਤੋਂ ਗੁਰਦੇਵ ਸਿੰਘ ਅਤੇ ਰੂਪ ਲਾਲ ਮੌਜੂਦ ਸਨ।

# ਐੱਲ ਪੀ ਯੂ ਇੰਜਿਨੀਅਰਿੰਗ ਦੇ ਵਿਦਿਆਰਥੀਆਂ ਨੂੰ ਭਵਿੱਖ ਦੇ ਪੁਲਾੜ ਇਨੋਵੇਟਰਾਂ ਵਜੋਂ ਚੁਣਿਆ



ਜਲੰਧਰ (ਸ਼ੈਲੀ ਐਲਬਰਟ)- ਹਾਲ ਹੀ 'ਚ ਅਹਿਮਦਾਬਾਦ 'ਚ ਆਪਣੀ ਕਿਸਮ ਦੇ ਦੋ ਰੋਜ਼ਾ ਸਨਮਾਨਯੋਗ ਰਾਸ਼ਟਰੀ ਸਮਾਗਮ ਇਨ-ਸਪੇਸ ਕੈਨਸੈਟ ਇੰਡੀਆ ਸਟੂਡੈਂਟ ਮੁਕਾਬਲੇ 'ਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ. ਪੀ. ਯੂ.) ਦੀ ਟੀਮ ਵਿਹੰਗਾ ਨੂੰ ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਵੱਲੋਂ ਚੋਟੀ ਦੀ ਜੇਤੂ ਐਲਾਨੀ ਗਈ। ਇਸ ਵਿਚ ਦੇਸ਼ ਭਰ ਦੀਆਂ 28 ਟੀਮਾਂ ਨੂੰ ਪਿੱਛੇ ਛੱਡਦੇ ਹੋਏ, ਐਲਪੀਯੂ ਦੇ ਸੱਤ ਬੇਮਿਸਾਲ ਇੰਜੀਨੀਅਰਿੰਗ ਵਿਦਿਆਰਥੀਆਂ ਨੇ ਕੈਨ (31©)-ਆਕਾਰ ਦੇ ਸੈਟੇਲਾਈਟਾਂ ਨੂੰ ਡਿਜ਼ਾਈਨ ਕਰਨ, ਵਿਕਸਤ ਕਰਨ ਅਤੇ ਲਾਂਚ ਕਰਕੇ ਆਪਣੀ ਚਤੁਰਾਈ ਦਾ ਪ੍ਰਦਰਸ਼ਨ ਕੀਤਾ ।ਇਹ ਇੰਡੀਅਨ ਨੈਸ਼ਨਲ ਸਪੇਸ ਪ੍ਰਮੋਸ਼ਨ ਐਂਡ ਆਥੋਰਾਈਜ਼ੇਸ਼ਨ ਸੈਂਟਰ ਅਤੇ ਐਸਟ੍ਰੋਨਾਟਿਕਲ ਸੋਸਾਇਟੀ ਆਫ ਇੰਡੀਆ , ਇਸਰੋ ਦੁਆਰਾ ਪਹਿਲੀ ਵਾਰ ਆਯੋਜਿਤ ਇੰਡੀਆ ਸਟੂਡੈਂਟ ਮੁਕਾਬਲਾ ਸੀ , ਜਿਸਦਾ ਉਦੇਸ਼ ਭਵਿੱਖ ਦੇ ਪੁਲਾੜ ਖੋਜਕਾਰਾਂ ਨੂੰ ਪੋਸ਼ਣ ਅਤੇ ਸ਼ਕਤੀ ਪ੍ਰਦਾਨ ਕਰਨਾ ਹੈ। ਇਸ ਇਵੈਂਟ ਨੇ ਵਿਦਿਆਰਥੀਆਂ ਨੂੰ ਸੈਟੇਲਾਈਟ ਬਿਲਡਿੰਗ ਦੇ ਵੱਖ-ਵੱਖ ਪਹਿਲੂਆਂ ਦੀ ਪੜਚੋਲ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕੀਤਾ, ਅਤੇ ਭਾਰਤ ਵਿੱਚ ਨਵੀਨਤਾ ਅਤੇ ਵਿਗਿਆਨਕ ਖੋਜ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕੀਤਾ । ਈਵੈਂਟ ਤੇ ਬੋਲਦੇ ਹੋਏ, ਇਸਰੋ ਦੇ ਚੇਅਰਮੈਨ, ਡਾ. ਐਸ. ਸੋਮਨਾਥ ਨੇ ਨਵੀਨਤਾ ਅਤੇ ਵਿਗਿਆਨਕ ਖੋਜ ਲਈ ਭਾਰਤ ਦੀ ਵਚਨਬੱਧਤਾ ਨੂੰ ਮਜ਼ਬੂਤ ਕਰਨ ਲਈ ਕੈਨਸੈਟ ਮੁਕਾਬਲੇ ਦੀ ਮਹੱਤਤਾ 'ਤੇ ਜ਼ੋਰ ਦਿੱਤਾ । ਉਨਾਂ ਐਲਪੀਯੂ ਦੀ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਇਸਦੀ ਸ਼ਾਨਦਾਰ ਪ੍ਰਾਪਤੀ ਨੂੰ ਸਵੀਕਾਰ ਕੀਤਾ । ਡਾ. ਸੋਮਨਾਥ ਨੇ ਯੂਨੀਵਰਸਿਟੀ ਦੇ ਏਰੋਸਪੇਸ ਪ੍ਰੋਗਰਾਮ ਅਤੇ ਅਤਿ-ਆਧੁਨਿਕ ਸੈਟੇਲਾਈਟ ਲੈਬ ਦਾ ਹਵਾਲਾ ਦਿੰਦੇ ਹੋਏ ਪੁਲਾੜ ਖੋਜ ਲਈ ਐਲਪੀਯੂ ਦੀ ਵਚਨਬੱਧਤਾ ਨੂੰ ਭਾਰਤ ਦੀ ਪੁਲਾੜ ਟੈਕਨਾਲੋਜੀ ਤਰੱਕੀ ਵਿੱਚ ਮਹੱਤਵਪੂਰਨ ਯੋਗਦਾਨ ਵਜੋਂ ਮਾਨਤਾ ਦਿੱਤੀ ।ਐਲਪੀਯੂ ਦੇ ਸੰਸਥਾਪਕ ਚਾਂਸਲਰ ਅਤੇ ਪ੍ਰਸਿੱਧ ਰਾਜ ਸਭਾ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਐਲਪੀਯੂ ਦੇ ਸ਼ਾਨਦਾਰ ਇੰਜੀਨੀਅਰਿੰਗ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ। ਐਲਪੀਯੂ ਦੀ ਜੇਤੂ-ਵਿਦਿਆਰਥੀਆਂ ਦੀ ਟੀਮ ਵਿੱਚ ਐਰੋਸਪੇਸ ਇੰਜੀਨੀਅਰਿੰਗ ਅਤੇ ਸੀ ਐਸ ਈ ਪ੍ਰੋਗਰਾਮਾਂ ਦੇ ਸੱਤ ਵਿਦਿਆਰਥੀ-ਚੈਤਨਯ ਖੰਨਾ, ਵਿਨੈ ਰੈੱਡੀ, ਰਿਸ਼ਿਕ ਅਵਸਥੀ, ਰਿਧੀ ਮਲਹੋਤਰਾ, ਆਦਿਯੰਤੀ, ਮੱਲਿਕਾਰਜੁਨ ਅਤੇ ਆਸ਼ੂਤੋਸ਼ ਨੇ ਐਲਪੀਯੂ ਦੇ ਸੈਂਟਰ ਫਾਰ ਸਪੇਸ ਰਿਸਰਚ ਦੇ ਪ੍ਰੋਫੈਸਰ ਡਾ: ਸੁਮਿਤ ਕੁਮਾਰ ਦੀ ਦੇਖਰੇਖ 'ਚ ਦੇਸ਼ ਦੇ ਕੀ ਟਾਪ ਸੰਸਥਾਨਾਂ ਦੇ ਵਿਦਿਆਰਥੀਆਂ ਨੂੰ ਪਿੱਛੇ ਛੱਡ ਦਿੱਤਾ ।

# 'ਸੰਵਿਧਾਨ ਨੂੰ ਚੁਣੌਤੀਆਂ' ਵਿਸ਼ੇ 'ਤੇ ਕਰਵਾਇਆ ਸੈਮੀਨਾਰ



ਖਰੜ (ਹਰਨਾਮ ਸਿੰਘ ਡੱਲਾ)-ਸ਼ਹਿਰ ਦੀ ਪ੍ਰਸਿੱਧ ਸਮਾਜਿਕ ਸੰਸਥਾ ਸ੍ਰੀ ਗੁਰੂ ਰਵਿਦਾਸ ਸਭਾ ਰਜਿ: ਖਰੜ ਵਲੋਂ ਸੰਵਿਧਾਨ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਦੇ 133ਵੇਂ ਜਨਮ ਦਿਨ ਨੂੰ ਸਮਰਪਿਤ ਇੱਕ ਸੈਮੀਨਾਰ ਦਾ ਆਯੋਜਨ ਕਰਵਾਇਆ ਗਿਆ। ਜਿਸ ਦੀ ਪ੍ਰਧਾਨਗੀ ਕਰਨਲ ਪ੍ਰਿਥਵੀ ਰਾਜ ਕੁਮਾਰ ਨੇ ਕੀਤੀ।'ਭਾਰਤੀ ਸੰਵਿਧਾਨ ਅਤੇ ਬਾਬਾ ਸਾਹਿਬ ਦਾ ਮਿਸ਼ਨ' ਵਿਸ਼ੇ ਉੱਤੇ ਕਰਵਾਏ ਗਏ ਇਸ ਸੈਮੀਨਾਰ ਵਿੱਚ ਪ੍ਰੋ: ਕਮਲਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਬਤੌਰ ਮੁੱਖ ਮਹਿਮਾਨ ਅਤੇ ਡਾ: ਅਜੈ ਰੰਗਾਂ ਨੇ ਮੁੱਖ ਬੁਲਾਰੇ ਦੇ ਤੌਰ 'ਤੇ ਹਾਜ਼ਰੀ ਭਰੀ। ਸਮਾਗਮ ਦੀ ਸ਼ੁਰੂਆਤ ਬੱਚਿਆਂ ਦੀਆਂ ਕਵਿਤਾਵਾਂ ਨਾਲ ਹੋਈ। ਜਿਸ ਵਿੱਚ ਰਣਵਿਜੈ ਸਿੰਘ ਚੌਧਰੀ,ਬੇਬੀ ਪ੍ਰਾਚੀ, ਖੁਸ਼ੀ ,ਯੱਸ਼ਵੀ ਅਤੇ ਮਨਿੰਦਰ ਵਲੋਂ ਪੇਸ਼ਕਾਰੀ ਕੀਤੀ ਗਈ।ਉਪਰੰਤ ਡਾਕਟਰ ਅਜੈ ਰੰਗਾਂ ਨੇ ਸਰੋਤਿਆਂ ਦੇ ਰੂਬਰੂ ਹੁੰਦਿਆਂ ਕਿਹਾ ਕਿ ਬਾਬਾ ਸਾਹਿਬ ਨੇ ਸੰਵਿਧਾਨ ਨਿਰਮਾਤਾ ਹੋਣ ਦੀ ਵੱਡੀ ਭੂਮਿਕਾ ਨਿਭਾ ਕੇ ਦੇਸ਼ ਦੇ ਲੋਕਾਂ ਨੂੰ ਸਮਾਜਵਾਦੀ, ਆਰਥਿਕ ਬਰਾਬਰਤਾ ਅਤੇ ਧਰਮ ਨਿਰਪੱਖਤਾ ਦੀ ਬੁਨਿਆਦ ਰੱਖੀ ਸੀ।ਖੁਸ਼ਹਾਲ ਲੋਕਾਂ ਦਾ ਫਰਜ਼ ਬਣਦਾ ਹੈ ਕਿ ਸਾਥੋਂ ਪਿੱਛੇ ਰਹਿ ਗਏ ਲੋਕਾਂ ਦੇ ਨਾਲ ਖੜ੍ਹਿਆ ਜਾਵੇ।

ਕਰਨਲ ਪ੍ਰਿਥਵੀ ਰਾਜ ਕੁਮਾਰ, ਹਰਬੰਸ ਲਾਲ ਮਹਿਮੀ, ਫਤਿਹਜੰਗ ਸਿੰਘ, ਰਾਜ ਕੁਮਾਰ ਤੇ ਮਾਰਕੀਟ ਕਮੇਟੀ ਖਰੜ ਦੇ ਚੇਅਰਮੈਨ ਹਾਕਮ ਸਿੰਘ ਵਾਲੀਆ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਰਾਮ ਸਰੂਪ ਸ਼ਰਮਾਂ,ਪੱਤਰਕਾਰ ਪੰਕਜ ਚੱਢਾ, ਕੌਂਸਲਰ ਨਵਦੀਪ ਸਿੰਘ ਬੱਬੂ, ਅਮਨਦੀਪ ਸਿੰਘ ਪੁੱਤਰ ਬੀਬੀ ਪਰਮਜੀਤ ਕੌਰ ਘੜੂੰਆਂ,ਰਾਜਵੀਰ ਸਿੰਘ ਰਾਜੀ, ਪਰਮਜੀਤ ਕੌਰ,ਮੇਵਾ ਸਿੰਘ ਪੁਰਖਾਲੀ,ਜੰਗ ਸਿੰਘ, ਜੈਪਾਲ ਸਿੰਘ,ਜੰਗ ਸਿੰਘ ਭੱਟੀ,ਬਲਦੇਵ ਸਿੰਘ ਰਡਿਆਲਾ,ਹਰਕਾਦਾਸ,ਚਰਨ ਸਿੰਘ ਕੰਗ,ਜਗਪਾਲ ਸਿੰਘ, ਕੈਪਟਨ ਚੰਦਰ ਗੇਰਾ,ਹਰਿੰਦਰ ਸਿੰਘ ਐੱਸ ਡੀ ਓ,ਕਿਰਪਾਲ ਸਿੰਘ ਮੁੰਡੀ ਖਰੜ, ਸੁੱਖਾ ਸਿੰਘ ਆਦਿ ਹਾਜਰ ਸਨ।

# ਦਾਨਾਸ਼ਾਹ ਸ਼ਖ਼ਸੀਅਤ ਸਨ ਅਜੀਤ ਸਿੰਘ ਭੰਮਰਾ ਮੀਆਂਵਾਲ



ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )-ਅਜੀਤ ਸਿੰਘ ਭੰਮਰਾ ਸੱਚਮੁੱਚ ਦਾਨਾਸ਼ਾਹ ਸਖਸ਼ੀਅਤ ਸਨ। ਉਹ 14 ਅਪ੍ਰੈਲ ਦੀ ਰਾਤ ਇਸ ਫ਼ਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿ ਗਏ। ਉਹ 90 ਵਰ੍ਹਿਆਂ ਤੋਂ ਵੱਧ ਉਮਰ ਦੇ ਸਨ। ਉਹ ਰਾਤ ਨੂੰ ਖਾਣਾ ਖਾ ਕੇ ਸੁੱਤੇ, ਰਾਤ ਨੂੰ ਕੋਈ ਡੇਢ ਵਜੇ ਦੇ ਕਰੀਬ ਉਨ੍ਹਾਂ ਨੂੰ ਥੋੜੀ ਖਾਂਸੀ ਹੋਈ ਅਤੇ ਆਪਣੇ ਸਪੁੱਤਰ ਐਡਵੋਕੇਟ ਗੁਰਦੀਪ ਸਿੰਘ ਲਾਲੀ ਜੋ ਕਿ ਇਕ ਸੀਨੀਅਰ ਪੱਤਰਕਾਰ ਵੀ ਹਨ, ਦੀ ਬੁੱਕਲ ਵਿਚ ਸਦਾ ਲਈ ਸ਼ਾਂਤ ਹੋ ਗਏ। ਭੰਮਰਾ 1990 'ਚ ਰੇਲਵੇ ਦੇ ਬ੍ਰਿਜ ਵਿਭਾਗ ਚੋਂ ਕਲਾਸ ਵਨ ਅਫ਼ਸਰ ਰਿਟਾਇਰ ਹੋਏ ਅਤੇ ਦੂਸਰੇ ਹੀ ਦਿਨ ਆਪਣੇ ਪਿੰਡ ਮੀਓਵਾਲ ਦੇ ਬੱਸ ਅੱਡੇ 'ਚ ਹਾਰਡਵੇਅਰ ਦੀ ਦੁਕਾਨ ਖੋਲ ਕੇ ਬੈਠ ਗਏ। ਵੇਹਲੇ ਰਹਿਣਾ ਉਨ੍ਹਾਂ ਦਾ ਸੁਭਾਅ ਨਹੀਂ ਸੀ। ਹਰ ਵੇਲੇ ਆਪਣੇ ਕੰਮ ਵਿਚ ਰੁੱਝੇ ਰਹਿਣਾ ਹੀ ਸ਼ਾਇਦ ਉਨ੍ਹਾਂ ਦੀ ਤੰਦਰੁਸਤੀ ਅਤੇ ਲੰਬੀ ਉਮਰ ਦਾ ਰਾਜ ਸੀ। । ਉਹ ਹਮੇਸ਼ਾ ਸਾਰਥਕ, ਦਮ ਦਾਰ ਅਤੇ ਅਸਰਦਾਰ ਗੱਲ ਕਰਦੇ ਸਨ, ਬਹੁਤੇ ਨੂੰ ਥੋੜੇ 'ਚ ਕਹਿਣ ਦੇ ਉਹ ਮਾਹਿਰ ਸਨ।ਉਨ੍ਹਾਂ ਦੇ ਸੁਖੀ ਰਹਿਣ ਦਾ ਸਭ ਤੋਂ ਵੱਡਾ ਰਾਜ ਸੀ ਕਿ ਉਨ੍ਹਾਂ ਨੇ ਹਮੇਸ਼ਾ ਆਪਣੀਆਂ ਲੋੜਾਂ ਘੱਟ ਤੋਂ ਘੱਟ ਰੱਖੀਆਂ। ਅਜੀਤ ਸਿੰਘ ਦੇ ਬਚਪਨ 'ਚ ਮੱਝਾਂ ਚਾਰਨ ਤੋਂ ਲੈ ਕੇ ਰੇਲਵੇ ਦੇ ਨੰਬਰ ਵਨ ਅਫਸਰ ਬਣਨਾਂ, ਜਵਾਨੀ ਵੇਲੇ ਆਪਣੇ ਜ਼ੋਰ ਨਾਲ ਦਰਿਆ ਵਿੱਚ ਭਾਰੀ ਤੋਂ ਭਾਰੀ ਸਮਾਨ ਲੈ ਕੇ ਤੈਰਨਾ ਅਤੇ ਖੇਡ ਕਬੱਡੀ ਵਿੱਚ ਮੱਲਾਂ ਮਾਰਨ ਵਰਗੀਆਂ ਗੱਲਾਂ ਉਹਨਾਂ ਦੇ ਹਾਣੀ ਅਕਸਰ ਸੱਥਾਂ 'ਚ ਅਤੇ ਰਾਹੇ ਬਗਾਏ ਸਾਂਝੀਆਂ ਕਰਦੇ ਰਹੇ ਹਨ । ਉਨ੍ਹਾਂ ਦੇ ਇਸ ਸੰਸਾਰ ਤੋਂ ਵਿਦਾ ਹੋ ਜਾਣ ਨਾਲ ਸੱਚਮੁੱਚ ਇਕ ਸਦੀ ਦਾ ਅੰਤ ਹੋ ਗਿਆ ਅਤੇ ਪਰਵਾਰ ਤੋਂ ਇਲਾਵਾ ਸਮਾਜ ਵਿਚ ਵੀ ਖਲਾਅ ਪੈਦਾ ਹੋ ਗਿਆ ਜੋ ਭਰਨਾ ਸ਼ਾਇਦ ਸੰਭਵ ਨਹੀਂ। ਉਹ ਆਪਣੇ ਪਿੱਛੇ 3 ਧੀਆਂ ਅਤੇ ਇਕ ਸਪੁੱਤਰ ਵਾਲਾ ਭਰਿਆ ਪੂਰਾ ਪਰਵਾਰ ਛੱਡ ਗਏ। ਅਜੀਤ ਸਿੰਘ ਭੰਮਰਾ ਨਮਿਤ ਰਖਾਏ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ 24 ਅਪ੍ਰੈਲ ਨੂੰ 12 ਤੋਂ 2 ਵਜੇ ਤੱਕ ਗੁਰਦੁਆਰਾ ਸਿੰਘ ਸਭਾ ਸਾਹਿਬ ਪਿੰਡ ਮੀਆਂ ਵਾਲ ਵਿਖੇ ਹੋਣਗੇ।

# ਬੱਚਿਆਂ ਕੱਢੀ ਵੋਟਰ ਜਾਗਰੂਕਤਾ ਰੈਲੀ

ਆਦਮਪੁਰ (ਪਰਮਜੀਤ ਸਿੰਘ ) -ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਦਮਪੁਰ (ਸਕੂਲ ਆਫ ਐਮੀਨੈਂਸ) ਵਿਖੇ ਸਵੀਪ ਗਤੀਵਿਧੀਆਂ ਤਹਿਤ ਪ੍ਰਿੰਸੀਪਲ ਰਾਮ ਆਸਰਾ ਸਟੇਟ ਐਵਾਰਡੀ ਦੀ ਅਗਵਾਈ ਹੇਠ ਸਕੂਲੀ ਬੱਚਿਆਂ ਵੱਲੋਂ ਵੋਟਰ ਜਾਗਰੂਕਤਾ ਰੈਲੀ ਕੱਢੀ ਗਈ। ਪ੍ਰਿੰਸੀਪਲ ਰਾਮ ਆਸਰਾ ਨੇ ਦੱਸਿਆ ਕਿ ਰੈਲੀ ਵਿੱਚ ਸਕੂਲੀ ਬੱਚਿਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਉਨ੍ਹਾਂ ਕਿਹਾ ਕਿ ਵੋਟ ਪਾਉਣਾ ਸਾਡਾ ਸੰਵਿਧਾਨਕ ਅਧਿਕਾਰ ਹੈ ਇਸ ਲਈ ਸਾਨੂੰ ਆਪਣੀ ਵੋਟ ਦਾ ਇਸਤੇਮਾਲ ਜ਼ਰੂਰ ਕਰਨਾ ਚਾਹੀਦਾ ਹੈ। ਉਹ ਸਕੂਲ ਦੇ ਬੱਚਿਆਂ ਨੂੰ ਵੀ ਇਸ ਸਬੰਧੀ ਜਾਗਰੂਕ ਕਰਦੇ ਰਹਿੰਦੇ ਹਨ ਤੇ ਬੱਚਿਆਂ ਨੇ ਵੀ ਉਨ੍ਹਾਂ ਨੂੰ ਭਰੋਸਾ ਦਿੱਤਾ ਕੇ ਉਹ ਆਪਣੇ ਰਿਸ਼ਤੇਦਾਰਾਂ, ਭੈਣ ਭਰਾਵਾਂ ਤੇ ਆਸ ਪਾਸ ਦੇ ਲੋਕਾ ਨੂੰ ਵੋਟ ਪਾਉਣ ਦੀ ਮਹਤੱਤਾ ਵਾਰੇ ਜਾਗਰੂਕ ਕਰਨਗੇ। ਇਸ ਮੌਕੇ ਲੈਕਚਰਾਰ

# ਮਹਿੰਦਰਾ ਪਬਲਿਕ ਸਕੂਲ ਦਾ 10ਵੀਂ ਦਾ ਨਤੀਜਾ ਰਿਹਾ ਸ਼ਾਨਦਾਰ



ਕਰਤਾਰਪੁਰ (ਹਰਮੇਸ਼ ਦੱਤ) ਮਹਿੰਦਰਾ ਪਬਲਿਕ ਸੀਨੀਅਰ ਸਕੈਂਡਰੀ ਸਕੂਲ ਦਿਆਲਪੁਰ ਜ਼ਿਲ੍ਹਾ ਕਪੂਰਥਲਾ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਦੀ ਹੋਣਹਾਰ ਵਿਦਿਆਰਥਣ ਵੈਸ਼ਨਵੀ ਸੇਠੀ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮੈਰਿਟ ਦੀ ਸੂਚੀ ਵਿੱਚੋਂ ਸੂਬੇ ਭਰ 'ਚੋਂ 19ਵਾਂ ਰੈਂਕ ਹਾਸਿਲ ਕੀਤਾ ਅਤੇ 96.4% ਅੰਕਾਂ ਨਾਲ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਮਾਤਾ- ਪਿਤਾ ਦਾ ਨਾਂਅ ਰੋਸ਼ਨ ਕੀਤਾ। ਰੁਪਿੰਦਰ ਕੌਰ ਨੇ 93.5% ਅੰਕਾਂ ਨਾਲ ਦੂਸਰਾ ਸਥਾਨ ਅਤੇ ਸਿਮਰਨਜੀਤ ਕੌਰ ਨੇ 91.2% ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ। ਸਕੂਲ ਸੰਚਾਲਕ ਮੈਡਮ ਮਹਿੰਦਰ ਕੌਰ ਪੱਡਾ ਤੇ ਚੇਅਰਪਰਸਨ ਹਰਮਨ ਸਿੰਘ ਪੱਡਾ ਨੇ ਹੋਣਹਾਰ ਵਿਦਿਆਰਥੀਆ ਨੂੰ ਵਧਾਈ ਦਿੱਤੀ।

# ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵੱਲੋਂ ਅਧਿਆਪਕ ਸਿਖਲਾਈ ਵਰਕਸ਼ਾਪ



ਜਲੰਧਰ (ਇਕਬਾਲ ਸਿੰਘ ਉੱਭੀ)-ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵੱਲੋਂ ਪ੍ਰੀ-ਨਰਸਰੀ ਅਧਿਆਪਕਾਂ ਲਈ ਅਧਿਆਪਕ ਸਿਖਲਾਈ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਦਾ ਆਯੋਜਨ ਐਲੀਟ ਸਕੂਲ ਦੀ ਪ੍ਰਿੰਸੀਪਲ ਗੀਤੂ ਚਾਵਲਾ ਦੀ ਅਗਵਾਈ ਹੇਠ ਕੀਤਾ ਗਿਆ। ਜਿਸ ਵਿੱਚ ਵੱਖ-ਵੱਖ ਰਾਜਾਂ ਤੋਂ ਗਰੁੱਪ ਦੁਆਰਾ ਪੇਸ਼ੇਵਰ ਟ੍ਰੇਨਰਾਂ ਨੂੰ ਸੱਦਾ ਦਿੱਤਾ ਗਿਆ ਸੀ, ਉਹ ਸਨ ਲਖਨਊ ਤੋਂ 'ਨਿਦਾ ਫਾਤਿਮਾ' ਅਤੇ ਹੈਦਰਾਬਾਦ ਤੋਂ 'ਸੁਰਭੀ ਅਰੋੜਾ'।

ਇਸ ਸੈਮੀਨਾਰ ਦਾ ਮੁੱਖ ਉਦੇਸ਼ ਸਟਾਫ਼ ਮੈਂਬਰਾਂ ਨੂੰ ਅੱਪਡੇਟ ਤਕਨੀਕਾਂ ਬਾਰੇ ਜਾਣੂ ਕਰਵਾਉਣਾ ਸੀ। ਟ੍ਰੇਨਰ 'ਨਿਦਾ ਫਾਤਿਮਾ' ਨੇ ਫੀਨਿਕਸ, ਜੌਲੀ-ਫੋਨਿਕਸ ਐਨ.ਈ.ਪੀ ਅਤੇ ਐਨ.ਸੀ.ਐਫ ਬਾਰੇ ਸਿਖਾਇਆ ਅਤੇ ਪ੍ਰੀ-ਪ੍ਰਾਇਮਰੀ ਸਿਲੇਬਸ ਬਾਰੇ ਵੀ ਚਰਚਾ ਕੀਤੀ। ਟ੍ਰੇਨਰ ਮਜ਼ੇਦਾਰ ਗਤੀਵਿਧੀਆਂ ਨਾਲ ਸਾਰੇ ਅਧਿਆਪਕਾਂ ਨੂੰ ਸਮਝਾਇਆ। ਟ੍ਰੇਨਰ 'ਸੁਰਭੀ ਅਰੋੜਾ' ਨੇ ਲਾਈਫ ਸਕਿੱਲ, ਪ੍ਰਯੋਗਾਤਮਕ ਅਧਿਆਪਨ, ਅਧਿਆਪਕਾਂ ਦੀ ਭੂਮਿਕਾ, ਅਧਿਆਪਕਾਂ ਤੋਂ ਸਮਾਜ ਦੀ ਉਮੀਦ, ਔਫਲਾਈਨ ਅਧਿਆਪਕਾਂ ਵਿਚਕਾਰ ਔਨਲਾਈਨ ਅਧਿਆਪਕਾਂ ਦੇ ਮੁਕਾਬਲਿਆਂ ਬਾਰੇ ਚਰਚਾ ਕੀਤੀ।ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ-ਚੇਅਰਪਰਸਨ ਸੰਗੀਤਾ ਚੋਪੜਾ ਨੇ ਸਮੂਹ ਅਧਿਆਪਕਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਕਿਹਾ ਕਿ ਗਰੁੱਪ ਹਮੇਸ਼ਾ ਤੁਹਾਡੇ ਨਾਲ ਰਹੇਗਾ ਅਤੇ ਉਨ੍ਹਾਂ ਨੂੰ ਇਨ੍ਹਾਂ ਸਮਾਗਮਾਂ ਨੂੰ ਇੱਕ ਮੌਕੇ ਵਜੋਂ ਲੈਣ ਲਈ ਪ੍ਰੇਰਿਤ ਕੀਤਾ।

# ਸਮਾਜਿਕ ਕੁਰੀਤੀਆਂ ਤੋਂ ਬਚਣ ਲਈ ਗੁਰਬਾਣੀ ਪੜ੍ਹਨਾ ਜ਼ਰੂਰੀ- ਸੰਤ ਕੁਲਵਿੰਦਰ ਸਿੰਘ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) =ਭਗਤ ਧੰਨਾ ਜੀ ਚੈਰੀਟੇਬਲ ਟਰੱਸਟ ਵੱਲੋਂ ਬਾਬਾ ਜੈ ਸਿੰਘ ਵੱਲੋਂ ਅਰੰਭੇ ਕਾਰਜਾਂ ਨੂੰ ਅੱਗੇ ਵਧਾਉਂਦੇ ਹੋਏ ਨਕੋਦਰ-ਮੱਲੀਆਂ ਰੋਡ ਤੇ ਪਿੰਡ ਜਹਾਂਗੀਰ ਦੇ ਅੱਡੇ 'ਤੇ ਗੁਰਦੁਆਰਾ ਸਾਹਿਬ ਭਗਤ ਧੰਨਾ ਦੀ ਨਵੀਂ ਇਮਾਰਤ ਦੀ ਉਸਾਰੀ ਦਾ ਟੱਕ ਸੰਤ ਕੁਲਵਿੰਦਰ ਸਿੰਘ ਟੁੱਟ ਕਲਾਂ ਵਾਲਿਆਂ ਵੱਲੋਂ ਲਾ ਕੇ ਕੰਮ ਸ਼ੁਰੂ ਕਰਵਾਇਆ ਗਿਆ। ਉਨ੍ਹਾਂ ਨਾਲ ਸਰਪੰਚ ਹਰਦੇਵ ਸਿੰਘ ਔਜਲਾ ਵੀ ਪਹੁੰਚੇ ਸਨ।ਉਨ੍ਹਾਂ ਵਧ ਰਹੇ ਨਸ਼ਿਆਂ ਦੇ ਰੁਝਾਨ ਉੱਤੇ ਚਿੰਤਾ ਪ੍ਰਗਟ ਕਰਦਿਆਂ ਨੌਜਵਾਨ ਪੀੜ੍ਹੀ ਨੂੰ ਗੁਰੂ ਘਰ ਨਾਲ ਜੁੜਨ ਲਈ ਪ੍ਰੇਰਿਤ ਕੀਤਾ।ਉਹਨਾਂ ਕਿਹਾ ਕਿ ਸਮਾਜਿਕ ਕੁਰੀਤੀਆਂ ਤੋਂ ਬਚਣ ਲਈ ਗੁਰਬਾਣੀ ਪੜ੍ਹਨ ਤੇ ਉਸ ਨਾਲ ਜੁੜਨਾ ਜ਼ਰੂਰੀ ਹੈ।ਇਸ ਸਮਾਗਮ ਦੇ ਸ਼ੁਰੂਆਤ ਵਿੱਚ ਸਵੇਰ ਵੇਲੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਅਰਦਾਸ ਕਰਕੇ ਕਾਰ ਸੇਵਾ ਸ਼ੁਰੂ ਕਰ ਦਿੱਤੀ ਗਈ। ਟਰੱਸਟ ਦੇ ਆਗੂਆਂ ਨੇ ਦੱਸਿਆ ਕਿ ਨਵੀਂ ਇਮਾਰਤ 'ਤੇ ਇਕ ਕਰੋੜ ਦੇ ਕਰੀਬ ਰਾਸ਼ੀ ਖਰਚ ਹੋਵੇਗੀ। ।ਇਸ ਮੌਕੇ ਤੇਜਾ ਸਿੰਘ ਸਪੁੱਤਰ ਬਾਬਾ ਜੈ ਸਿੰਘ, ਬਲਕੀਸ ਮੁਹੰਮਦ ਬੱਗਾ ਮੱਲੀ, ਬਲਵਿੰਦਰ ਸਿੰਘ ਧਾਲੀਵਾਲ, ਕੁਲਵਿੰਦਰ ਸਿੰਘ ਬਾਸੀ, ਸੁਰਜੀਤ ਸਿੰਘ ਬਿੱਟਾ, ਗੁਰਪ੍ਰੀਤ ਸਿੰਘ ਬਾਸੀ ਨੰਬਰਦਾਰ, ਐਡਵੋਕੇਟ ਜਸਵੰਤ ਸਿੰਘ ਬਲੱਗਣ, ਕੁਲਵਿੰਦਰ ਸਿੰਘ ਕਿੰਦਾ ਜਵੰਦਾ, ਜੱਥੇਦਾਰ ਹਰਜਿੰਦਰ ਸਿੰਘ ਜਹਾਂਗੀਰ, ਗੁਰਬਖਸ਼ ਸਿੰਘ ਨੰਬਰਦਾਰ, ਸ. ਚੂਹੜ ਸਿੰਘ, ਅਵਤਾਰ ਸਿੰਘ, ਨਿਰਮਲ ਸਿੰਘ, ਸਿਵਨਿੰਦਰ ਸਿੰਘ, ਮਨਸੁੱਖ ਸਿੰਘ, ਆਗਿਆਕਾਰ ਸਿੰਘ, ਮਨਵੀਰ ਸਿੰਘ , ਹਰਜੋਤ ਸਿੰਘ, ਅਮਰੀਕ ਸਿੰਘ ਮੱਲ੍ਹੀ ਨੰਬਰਦਾਰ, ਮਾਸਟਰ ਗੁਰਦੀਪ ਸਿੰਘ, ਗੁਰਪਾਲ ਸਿੰਘ, ਭਜਨ ਸਿੰਘ, ਗੁਰਮੀਤ ਸਿੰਘ ਠੇਕੇਦਾਰ, ਆਦਿ ਹਾਜ਼ਰ ਸਨ।

# ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਧਰਤੀ ਦਿਵਸ ਮਨਾਇਆ



ਸੁਲਤਾਨਪੁਰ ਲੋਧੀ (ਹਨੀ ) ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿਚ ਧਰਤੀ ਦਿਵਸ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ ਵਿਦਿਆਰਥੀਆਂ ਨੂੰ ਧਰਤੀ ਅਤੇ ਵਾਤਾਵਰਨ ਨੂੰ ਹਰਿਆ ਭਰਿਆ ਅਤੇ ਖੁਸ਼ਹਾਲ ਰੱਖਣ ਲਈ ਜਾਗਰੂਕ ਕੀਤਾ ਗਿਆ । ਸਮਾਗਮ ਵਿਚ ਸ਼ਿਰਕਤ ਕਰਦਿਆਂ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਧਰਤੀ ਨੂੰ ਹਰਿਆ ਭਰਿਆ ਰੱਖਣ ਅਤੇ ਗਲੋਬਲ ਵਾਰਮਿੰਗ ਦੀ ਸਮੱਸਿਆ ਤੋਂ ਬਚਣ ਲਈ ਵੱਡੀ ਗਿਣਤੀ 'ਚ ਸਕੂਲ ਵਿੱਚ ਪੌਦੇ ਲਗਾਏ ਗਏ । ਵਿਦਿਆਰਥੀਆਂ ਨੇ ਧਰਤੀ 'ਤੇ ਪੇਸ਼ ਆ ਰਹੀਆਂ ਵਾਤਾਵਰਨ ਸਮੱਸਿਆਵਾਂ ਨੂੰ ਕਵਿਤਾਵਾਂ ਅਤੇ ਭਾਸ਼ਣ ਦੇ ਰੂਪ ਵਿੱਚ ਪੇਸ਼ ਵੀ ਕੀਤਾ ਗਿਆ । ਪ੍ਰਿੰਸੀਪਲ ਰੇਨੂ ਅਰੋੜਾ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਬਿਜਲੀ, ਪਾਣੀ ਤੇ ਪਲਾਸਟਿਕ ਦੇ ਲਿਫਾਫਿਆਂ ਦੀ ਹੁੰਦੀ ਦੁਰਵਰਤੋਂ ਨੂੰ ਰੋਕਣ ਦਾ ਸੁਨੇਹਾ ਦਿੱਤਾ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਨੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਧਰਤੀ ਤੇ ਵਾਤਾਵਰਣ ਦੀ ਸੰਭਾਲ ਕਰਨ ਅਤੇ ਰੁੱਖ ਲਗਾਉਣ ਦਾ ਸੁਨੇਹਾ ਦਿੱਤਾ।

# ਸਰਕਾਰੀ ਆਦਰਸ਼ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਦਸਵੀਂ ਜਮਾਤ ਦੇ ਐਲਾਨੇ ਗਏ ਨਤੀਜੇ ਵਿੱਚ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਲੋਦੀਪੁਰ ਦਾ ਨਤੀਜਾ ਸ਼ਾਨਦਾਰ ਰਿਹਾ।

ਜਿਸ ਵਿੱਚ ਦਸਵੀ ਜਮਾਤ ਦੀਆਂ ਵਿਦਿਆਰਥਣਾਂ ਨੇ ਮੱਲਾਂ ਮਾਰੀਆਂ ਅਤੇ ਸਕੂਲ ਦੀਆਂ 8 ਵਿਦਿਆਰਥਣਾਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੋਸ਼ਨ ਕੀਤਾ। ਪ੍ਰਿੰ.ਅਵਤਾਰ ਸਿੰਘ ਅਤੇ ਸਮੂਹ ਸਟਾਫ ਸਕੂਲ ਵਿੱਚ ਵਿਸ਼ੇਸ਼ ਸਨਮਾਨ ਸਮਾਰੋਹ ਰੱਖਿਆ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਬੁਲਾ ਕੇ ਸਨਮਾਨਿਤ ਕੀਤਾ ਗਿਆ। ਸੰਜਨਾ ਸ਼ਰਮਾ ਨੇ 626/650 ਅੰਕ ਲੈ ਕੇ ਸਕੂਲ ਪੱਧਰ 'ਤੇ ਪਹਿਲਾ ਸਥਾਨ,ਵੰਸ਼ਿਕਾ ਅਤੇ ਸਿਮਰਪ੍ਰੀਤ ਕੌਰ ਨੇ 622/650 ਅੰਕ ਲੈ ਕੇ ਦੂਜਾ ਸਥਾਨ,ਕਿਰਨਦੀਪ ਕੌਰ ਨੇ 619/650 ਅੰਕ ਲੈ ਕੇ ਤੀਜਾ ਸਥਾਨ,ਜਸਪ੍ਰੀਤ ਕੌਰ 612/650 ਅੰਕ ਲੈ ਕੇ ਚੌਥਾ ਸਥਾਨ , ਇਸ਼ਮੀਤ ਕੌਰ ਨੇ 599/650 ਅੰਕ ਲੈ ਕੇ ਪੰਜਵਾਂ ਸਥਾਨ,ਹਰਮਨਜੋਤ ਕੌਰ ਨੇ 596/650 ਅੰਕ ਲੈ ਕੇ ਛੇਵਾਂ ਸਥਾਨ, ਵੰਦਨਾ ਨੇ 590/650 ਅੰਕ ਲੈ ਕੇ ਸੱਤਵਾਂ ਸਥਾਨ ਪ੍ਰਾਪਤ ਕੀਤਾ।ਇਸ ਤੋ ਇਲਾਵਾ 80-90% ਵਿੱਚ 11 ਵਿਦਿਆਰਥੀ ਅਤੇ 70-80% ਵਿੱਚ 22 ਵਿਦਿਆਰਥੀ 60-70% ਵਿੱਚ 35 ਵਿਦਿਆਰਥੀ ਪਾਸ ਹੋਏ।ਸਕੂਲ ਦਾ ਨਤੀਜਾ 100% ਅਤੇ ਸ਼ਾਨਦਾਰ ਰਿਹਾ।ਇਸ ਮੌਕੇ ਲੈਕ.ਚਰਨਜੀਤ ਸਿੰਘ, ਬਲਕਾਰ ਸਿੰਘ, ਮਨਿੰਦਰ ਕੌਰ, ਬਲਜੀਤ ਕੌਰ , ਗੁਰਚਰਨ ਸਿੰਘ, ਮੁਕੇਸ਼ ਕੁਮਾਰ, ਤਪਿੰਦਰ ਕੌਰ, ਅਜਵਿੰਦਰ ਕੌਰ, ਕਮਲਜੀਤ ਕੌਰ, ਸੁਰਿੰਦਰਪਾਲ ਸਿੰਘ, ਕਮਲਪ੍ਰੀਤ ਸਿੰਘ, ਹਰਸਿਮਰਨ ਸਿੰਘ, ਸੁਸ਼ੀਲ ਕੁਮਾਰ, ਗੁਰਨੈਬ ਸੈਣੀ, ਗੁਰਪ੍ਰੀਤ ਸਿੰਘ, ਪਿੰਕੀ ਰਾਣੀ, ਸੁਖਵਿੰਦਰ ਕੌਰ, ਰਾਜਵੀਰ ਕੌਰ, ਤੇਜਵੰਤ ਕੌਰ, ਲਖਵੀਰ ਕੌਰ, ਨਿਰਮਲ ਕੌਰ, ਚਰਨਜੀਤ ਕੌਰ, ਕੁਲਜਿੰਦਰ ਕੌਰ, ਦਵਿੰਦਰ ਕੌਰ, ਪ੍ਰਦੀਪ ਕੌਰ, ਦੀਪ ਸ਼ਿਖਾ ਸੈਣੀ, ਰੀਨਾ ਰਾਣੀ ਨਿਰਮਲ ਸਿੰਘ , ਗੁਰਮੇਲ ਸਿੰਘ ਆਦਿ ਹਾਜ਼ਰ ਸਨ।

# ਮੇਹਰ ਚੰਦ ਪੋਲੀਟੈਕਨਿਕ ਕਾਲਜ ਵਿਖੇ ਵਿਭਾਗਾਂ ਦੇ ਪੀ ਪੀ ਟੀ ਮੁਕਾਬਲੇ



ਜਲੰਧਰ (ਸ਼ੈਲੀ ਐਲਬਰਟ)- ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਰਹਿਨੁਮਾਈ ਹੇਠ ਮੇਹਰ ਚੰਦ ਪੌਲੀਟੈਕਨਿਕ ਕਾਲਜ ਦੇ ਵੱਖ- ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਪੀ. ਪੀ. ਟੀ ਮੁਕਾਬਲਿਆਂ ਵਿੱਚ ਹਿੱਸਾ ਲਿਆ । ਇਹ ਮੁਕਾਬਲੇ ਕਾਲਜ ਦੇ ਵਿੱਚ ਚਲ ਰਹੀਆਂ ਪਲੈਟਿਨਮ ਜੁਬਲੀ ਸੈਲੀਬ੍ਰੇਸ਼ਨ ਦੀਆਂ 70 ਗਤੀਵਿਧੀਆਂ ਅਧੀਨ ਸਟੂਡੈਂਟ ਚੈਪਟਰ ਵੱਲੋਂ ਕਰਵਾਏ ਗਏ । ਜਿਸ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵਿਦਿਆਰਥੀਆਂ ਨੇ ਵੱਖ- ਵੱਖ ਪੁਜ਼ੀਸ਼ਨਾਂ 'ਤੇ ਆਪਣਾ ਕਬਜ਼ਾ ਜਮਾਇਆ । ਇਨ੍ਹਾਂ ਮੁਕਾਬਲਿਆਂ ਨੂੰ ਜੱਜ ਕਰਨ ਲਈ ਮੇਹਰ ਚੰਦ ਪੌਲੀਟੈਕਨਿਕ ਕਾਲਜ ਦੇ ਹੀ ਪੁਰਾਣੇ ਅਲੂਮਨੀ ਇੰਜ. ਪ੍ਰੇਮ ਦਿਆਲ ਸ਼ਰਮਾ (ਇਲੈਕਟ੍ਰੀਕਲ) ਅਤੇ ਇੰਜ. ਨਰਿੰਦਰ ਕੁਮਾਰ ਸ਼ਰਮਾ ( ਮਕੈਨੀਕਲ) ਨੂੰ ਸੱਦਿਆ ਗਿਆ ਤਾਂ ਜੋ ਨਿਰਪੱਖ ਨਿਰਣਾ ਲਿਆ ਜਾਵੇ । ਇਸ ਇਵੈਂਟ ਵਿੱਚ ਸਿਵਿਲ, ਇਲੈਕਟ੍ਰੀਕਲ, ਮਕੈਨੀਕਲ, ਈ. ਸੀ. ਈ, ਸੀ.ਐਸ.ਈ, ਆਟੋਮੋਬਾਇਲ, ਫਾਰਮੇਸੀ ਅਤੇ ਅਪਲਾਇਡ ਸਾਂਇਸ ਵਿਭਾਗਾਂ ਨੇ ਹਿੱਸਾ ਲਿਆ। ਜਿਸ ਵਿੱਚ ਸੀ.ਐਸ.ਈ (ਨਵਨੀਤ, ਵੈਭਵ), ਈ. ਸੀ. ਈ (ਪ੍ਰਕਾਸ਼ਦੀਪ ਸਿੰਘ) ਅਤੇ ਅਪਲਾਇਡ ਸਾਂਇਸ (ਅਰਜੁਨ ਮਠਾੜੂ) ਵਿਭਾਗਾਂ ਦੇ ਵਿਦਿਆਰਥੀਆਂ ਨੇ ਪਹਿਲਾ, ਦੂਜਾ ਅਤੇ ਤੀਸਰਾ ਸਥਾਨ ਪ੍ਰਾਪਤ ਕਰਕੇ ਆਪਣੇ ਵਿਭਾਗਾਂ ਦਾ ਨਾਂਅ ਰੌਸ਼ਨ ਕੀਤਾ । ਜੇਤੂ ਟੀਮਾਂ ਨੂੰ ਇਨਾਮ ਵੀ ਦਿੱਤੇ ਗਏ । ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਡਾ. ਰਾਜੀਵ ਭਾਟੀਆ, ਮੁੱਖੀ ਸਟੂਡੈਂਟ ਚੈਪਟਰ, ਸਮੁੱਚੇ ਵਿਭਾਗ ਮੁਖੀ, ਟੀਚਰ ਇੰਚਾਰਜ ਅਤੇ ਸਾਰੇ ਵਿਦਿਆਰਥੀਆਂ ਨੂੰ ਇਸ ਉਪਲਭਦੀ ਲਈ ਵਧਾਈ ਦਿੱਤੀ ਅਤੇ ਭਵਿੱਖ ਵਿਚ ਵੀ ਇਸੇ ਹੀ ਤਰ੍ਹਾਂ ਕਾਮਯਾਬੀ ਹਾਸਿਲ ਕਰਨ ਲਈ ਉਤਸ਼ਾਹਿਤ ਕੀਤਾ । ਇਸ ਮੌਕੇ ਮੈਡਮ ਮੰਜੂ ਮਨਚੰਦਾ (ਮੁਖੀ, ਅਪਲਾਇਡ ਸਾਇੰਸ), ਹੀਰਾ ਮਹਾਜਨ, (ਮੁਖੀ, ਆਟੋਮੋਬਾਇਲ), ਪ੍ਰਿੰਸ ਮਦਾਨ (ਮੁਖੀ, ਈ.ਸੀ.ਈ ਤੇ ਸੀ. ਐਸ. ਈ), ਪ੍ਰਭੂ ਦਿਆਲ (ਲੈਕਚਰਾਰ, ਮਕੈਨੀਕਲ), ਮੈਡਮ ਪ੍ਰੀਤ ਕੰਵਲ (ਲੈਕਚਰਾਰ, ਈ. ਸੀ. ਈ) ਅਤੇ ਅੰਕੁਸ਼ ਸ਼ਰਮਾ (ਲੈਕਚਰਾਰ, ਅਪਲਾਇਡ ਸਾਇੰਸ) ਮੌਜੂਦ ਸਨ। ।

# ਵਿਸ਼ਵ ਧਰਤ ਦਿਵਸ ਮਨਾਇਆ

ਭੋਗਪੁਰ (ਕੁਲਵੀਰ ਸਿੰਘ ਕਾਹਲੋਂ) ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਸਨੌਰਾ ਵਿਖੇ ਵਿਸ਼ਵ ਧਰਤ ਦਿਵਸ ਮਨਾਇਆ ਗਿਆ, ਸਪੈਸ਼ਲ ਅਸੈਂਬਲੀ ਕਰਾਈ ਗਈ, ਜਿਸ ਦਾ ਮੁੱਖ ਵਿਸ਼ਾ ਧਰਤ ਸੰਭਾਲ ਰੱਖਿਆ ਗਿਆ । ਮੈਡਮ ਦਵਿੰਦਰ ਕੌਰ ਵੱਲੋਂ ਬੱਚਿਆਂ ਨੂੰ ਧਰਤੀ ਦੀ ਸਾਂਭ -ਸੰਭਾਲ ਵਿਸ਼ੇ ਤੇ ਕਵਿਤਾ ਰੂਪ ਵਿੱਚ ਬਹੁਤ ਹੀ ਸੋਹਣੇ ਢੰਗ ਨਾਲ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਬੱਚਿਆਂ ਵੱਲੋਂ ਵੀ ਕਵਿਤਾ ਉਚਾਰਨ ਕੀਤੀਆਂ ਗਈਆਂ ਅਤੇ ਧਰਤੀ ਨੂੰ ਬਚਾਉਣ ਲਈ ਆਪਣਾ ਬਣਦਾ ਯੋਗਦਾਨ ਪਾਉਣ ਲਈ ਵੱਧ ਤੋਂ ਵੱਧ ਦਰੱਖਤ ਲਗਾਉਣ ਸਬੰਧੀ ਪ੍ਰਣ ਕੀਤਾ ਗਿਆ। ਉਪਰੰਤ ਬੱਚਿਆਂ ਦੇ ਡਿਬੇਟ ਮੁਕਾਬਲੇ ਕਰਵਾਏ ਗਏ। ਇਸ ਉਪਰੰਤ ਸਲੋਗਨ ਪੇਂਟਿੰਗ ਮੁਕਾਬਲੇ, ਅਤੇ ਚਾਰਟ ਮੇਕਿੰਗ ਮੁਕਾਬਲੇ ਕਰਵਾਏ ਗਏ। ਛੋਟੇ ਬੱਚਿਆਂ ਵੱਲੋਂ ਵਾਧੂ ਘਰੇਲੂ ਸਮਾਨ ਦੇ ਨਾਲ ਵੱਖ ਵੱਖ ਤਰ੍ਹਾਂ ਦੇ ਵਸਤਾਂ ਦੇ ਵਰਤੋਂਗ ਨਮੂਨੇ ਤਿਆਰ ਕੀਤੇ ਗਏ। ਸਕੂਲ ਦੀ ਪ੍ਰਿੰਸੀਪਲ ਮੈਡਮ ਨਵਦੀਪ ਕੌਰ ਅਤੇ ਅਧਿਆਪਕਾਂ ਨੇ ਬੱਚਿਆਂ ਨੂੰ ਇਸ ਦਿਨ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਅਤੇ ਸਾਡੀ ਧਰਤੀ ਅਤੇ ਕੁਦਰਤੀ ਸਾਧਨਾਂ ਦੀ ਸੰਭਾਲ ਅਤੇ ਇਹਨਾਂ ਦੇ ਰੱਖ ਰਖਾਵ ਬਾਰੇ ਚੇਤੰਨ ਰਹਿਣ ਦੀ ਸਲਾਹ ਦਿੱਤੀ।



# ਦੋਆਬਾ ਪਬਲਿਕ ਸਕੂਲ ਦੋਹਲਰੋਂ 'ਚ ਮਾਪੇ-ਅਧਿਆਪਕ ਮਿਲਣੀ



ਮਾਹਿਲਪੁਰ (ਸ਼ਫ਼ਰੀ) - ਵਿੱਦਿਅਕ ਸੈਸ਼ਨ 2024-25 ਦੀ ਸ਼ੁਰੂਆਤ ਵਿੱਚ ਅਧਿਆਪਕ-ਮਾਪੇ ਮਿਲਣੀ ਰੱਖੀ ਗਈ।ਪ੍ਰਧਾਨਗੀ ਸੈਕਰੇਟਰੀ ਮੈਡਮ ਸੁਖਵਿੰਦਰ ਕੌਰ ਗਿੱਲ ਨੇ ਕੀਤੀ ।ਇਸ ਵਿੱਚ + 1 ਕਲਾਸ ਦੇ ਸਾਰੇ ਵਿਸ਼ਿਆਂ ਦੇ ਵਿਦਿਆਰਥੀ , ਉਨ੍ਹਾਂ ਦੇ ਮਾਪੇ ਅਤੇ ਅਧਿਆਪਕ ਬਹੁਤ ਹੀ ਸੁਹਿਰਦ ਵਾਤਾਵਰਰਨ ਵਿੱਚ ਇੱਕ ਦੂਜੇ ਦੇ ਰੂ ਬ ਰੂ ਹੋਏ ।ਸਾਰੇ ਅਧਿਆਪਕਾਂ ਨੇ ਆਪਣੇ ਤੇ ਆਪਣੇ ਵਿਸ਼ੇ ਬਾਰੇ ਜਾਣਕਾਰੀ ਦਿੱਤੀ । ਉਸ ਵਿਸ਼ੇ ਵਿੱਚ ਵਿਦਿਆਰਥੀਆਂ ਨੂੰ +2 ਤੋਂ ਬਾਅਦ ਹੋਰ ਕੀ ਕੀ ਲਾਭ ਮਿਲ ਸਕਦੇ ਹਨ , ਇਸ ਬਾਰੇ ਵੀ ਚਾਨਣਾ ਪਾਇਆ ਗਿਆ । ਪ੍ਰਿੰਸੀਪਲ ਅਰੁਣ ਗੁਪਤਾ ਨੇ ਉਹਨਾਂ ਨੂੰ ਸਕੂਲ ਦੇ ਨਿਯਮਾਂ ਤੋਂ ਜਾਣੂ ਕਰਵਾਇਆ । ਉਹਨਾਂ ਨੇ ਮਾਪਿਆਂ ਨੂੰ ਟਿਊਸ਼ਨ 'ਤੇ ਬੱਚੇ ਨਾ ਭੇਜਣ ਲਈ ਪ੍ਰੇਰਿਤ ਕੀਤਾ । ਮੋਟਰ ਸਾਈਕ ਤੇ ਮੋਬਾਇਲ ਫੋਨ ਸਕੂਲ ਵਿੱਚ ਲਿਆਉਂਣ ਦੀ ਆਗਿਆ ਨਾ ਹੋਣ ਕਾਰਨ ਇਹ ਬੱਚਿਆ ਨੂੰ ਨਾ ਦੇਣ ਲਈ ਵੀ ਕਿਹਾ ।ਉਹਨਾਂ ਨੇ ਮਾਪਿਆਂ ਨੂੰ ਕਿਹਾ ਕਿ ਉਹ ਆਪਣੇ ਬੱਚੇ ਨੂੰ ਪੌਸ਼ਟਿਕ ਭੋਜਨ ਦੇਣ , ਸਕੂਲ ਦੇ ਨਾਲ ਮਿਲ ਕੇ ਅਧਿਆਪਕਾਂ ਦਾ ਸਾਥ ਦੇਣ ਤਾਂਕਿ ਤਿੰਨੋ ਮਿਲ ਕੇ ਵਿਦਿਆਰਥੀਆਂ ਨੂੰ ਸਿਹਤਮੰਦ ਸਮਾਜ ਸਿਰਜਣ ਵਾਲੇ ਨਾਗਰਿਕ ਬਣਾ ਸਕਣ । ਮੰਚ ਸੰਚਾਲਨ ਦੀ ਭੂਮਿਕਾ ਸ਼ੈਲੀ ਸ਼ਰਮਾ ਵਲੋਂ ਨਿਭਾਈ ਗਈ । ਇਸ ਮੌਕੇ ਪੂਜਾ ਰਾਣੀ , ਅਜੈ ਕੁਮਾਰੀ , ਵਿਨੈ ਕੁਮਾਰ , ਸੁਨੀਤਾ ਰਾਣੀ , ਲਲਿਤਾ ਸ਼ਰਮਾ , ਗੀਤੀ , ਅਨੂਪ ਕੁਮਾਰ , ਰਵੀ ਕੁਮਾਰ , ਕੁਲਵੰਤ ਸਿੰਘ , ਭਾਵਨਾ , ਰਾਜਵਿੰਦਰ ਕੌਰ , ਪਾਇਲ ਕ੍ਰਿਪਾਲ , ਮੋਨਿਕਾ ਰਾਣੀ , ਸੋਹੇਲ ਗਾਂਧੀ ਸਮੇਤ ਸਮੂਹ ਸਟਾਫ ਹਾਜ਼ਰ ਸੀ।

# ਦੋ ਜ਼ਿੰਦਗੀਆਂ ਨੂੰ ਰੌਸ਼ਨੀ ਪ੍ਰਦਾਨ ਕਰਨਗੇ ਹੇਮਾ ਕੁਮਾਰੀ ਦੇ ਨੇਤਰ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਮੁਹੱਲਾ ਚਾਂਦ ਨਗਰ, ਬਹਾਦਰਪੁਰ, ਹੁਸ਼ਿਆਰਪੁਰ ਨਿਵਾਸੀ ਸ੍ਰੀਮਤੀ ਹੇਮਾ ਕੁਮਾਰੀ ਪਤਨੀ ਹਰਬੰਸ ਸਿੰਘ ਦੇ ਅਕਾਲ ਚਲਾਨਾ ਕਰਨ ਉਪਰੰਤ ਪਰਵਾਰਕ ਮੈਂਬਰਾਂ ਵੱਲੋਂ ਉਹਨਾਂ ਦੇ ਨੇਤਰ ਦਾਨ ਕੀਤੇ ਗਏ! ਇਸ ਸਮੇਂ ਨੇਤਰਦਾਨ ਸੰਸਥਾ ਹੁਸ਼ਿਆਰਪੁਰ ਤੋਂ ਸੁਰੇਸ਼ ਕਪਾਟੀਆ, ਬਲਜੀਤ ਸਿੰਘ ਪਨੇਸਰ, ਹਰਭਜਨ ਸਿੰਘ, ਗੁਰਪ੍ਰੀਤ ਸਿੰਘ, ਮੈਡਮ ਸੰਤੋਸ਼ ਸੈਣੀ, ਮੈਡਮ ਜਤਿੰਦਰ ਕੌਰ, ਮੈਡਮ ਬਲਜੀਤ ਕੌਰ ਅਤੇ ਰਵਿੰਦਰ ਸਿੰਘ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ! ਐਡਵੋਕੇਟ ਲੋਕੇਸ਼ ਓਹਰੀ ਐਮਸੀ ਨੇ ਇਸ ਪਵਿੱਤਰ ਕਾਰਜ ਵਿੱਚ ਹਿੱਸਾ ਪਾਉਣ ਲਈ ਪਰਵਾਰ ਦਾ ਧੰਨਵਾਦ ਕੀਤਾ! ਨੇਤਰਦਾਨ ਦੀ ਪ੍ਰਕਿਰਿਆ ਨੂੰ ਥਿੰਦ ਆਈ ਹਸਪਤਾਲ ਦੀ ਟੀਮ ਨੇ ਸੰਪੂਰਨ ਕਰਵਾਇਆ! ਸੰਸਥਾ ਦੇ ਮੈਂਬਰਾਂ ਨੇ ਦੱਸਿਆ ਕਿ ਸ੍ਰੀਮਤੀ ਹੇਮਾ ਕੁਮਾਰੀ ਜੀ ਦੇ ਨੇਤਰ ਦੋ ਨੇਤਰਹੀਣ ਵਿਅਕਤੀਆਂ ਨੂੰ ਲਗਾਏ ਜਾਣਗੇ ਅਤੇ ਉਹਨਾਂ ਦੀ ਹਨੇਰੀ ਜ਼ਿੰਦਗੀ ਵਿੱਚ ਰੌਸ਼ਨੀ ਭਰੀ ਜਾਵੇਗੀ।

# ਗਿਆਨ ਸਿੰਘ ਸੈਦਪੁਰੀ ਪ੍ਰਧਾਨ ਬਣੇ



ਸ਼ਾਹਕੋਟ(ਪੱਤਰ ਪ੍ਰੇਰਕ) ਪ੍ਰੈੱਸ ਕਲੱਬ ਸ਼ਾਹਕੋਟ ਦੀ ਮੀਟਿੰਗ ਵਿੱਚ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਸਰਬਸੰਮਤੀ ਨਾਲ ਹੋਈ ਚੋਣ ਵਿੱਚ ਨਵਾਂ ਜ਼ਮਾਨਾ ਅਤੇ ਪੰਜਾਬੀ ਜਾਗਰਣ ਦੇ ਸ਼ਾਹਕੋਟ ਤੋਂ ਪ੍ਰਤੀਨਿਧ ਗਿਆਨ ਸਿੰਘ ਸੈਦਪੁਰੀ ਨੂੰ ਪ੍ਰੈੱਸ ਕਲੱਬ ਸ਼ਾਹਕੋਟ- ਮਲਸੀਆ ਦਾ ਪ੍ਰਧਾਨ ਚੁਣਿਆ ਗਿਆ।ਅਜੀਤ ਦੇ ਪੱਤਰਕਾਰ ਦਲਜੀਤ ਸਿੰਘ ਸਚਦੇਵਾ ਨੂੰ ਜਨਰਲ ਸਕੱਤਰ ਅਤੇ ਸਪੋਕਸਮੈਨ ਦੇ ਪੱਤਰ ਪ੍ਰੇਰਕ ਕੁਲਜੀਤ ਸਿੰਘ ਨੂੰ ਵਿੱਤ ਸਕੱਤਰ ਚੁਣਿਆ ਗਿਆ। ਇਸ ਮੌਕੇ ਪ੍ਰਿਤਪਾਲ ਸਿੰਘ, ਡਾ. ਨਰਿੰਦਰ ਸਿੰਘ ਬਾਂਸਲ, ਸੁਰਿੰਦਰ ਸਿੰਘ ਪਦੱਮ, ਸੋਨੂੰ ਮਿੱਤਲ ਅਤੇ ਅਰਸ਼ਦੀਪ ਸਿੰਘ ਆਦਿ ਹਾਜ਼ਰ ਸਨ।

# ਮੈਡੀਕਲ ਚੈੱਕਅੱਪ ਕੈਂਪ ਲਗਾਇਆ



ਬੰਗਾ (ਅਵਤਾਰ ਕਲੇਰ)—ਇਕ ਓਂਕਾਰ ਫੌਂਡੇਸ਼ਨ ਯੂ. ਕੇ ਦੇ ਸੇਵਾਦਾਰ ਦਵਿੰਦਰ ਸਿੰਘ ਸਹੋਤਾ (ਟੈਨੀ ) ਦੇ ਨਿਰਦੇਸ਼ਾਂ ਅਤੇ ਸੰਸਥਾ ਦੀ ਸੇਵਾਦਾਰ ਬਲਦੀਸ਼ ਕੌਰ ਬੰਗਾ ਵੱਲੋਂ ਆਈ ਵੀ ਵਾਈ ਹਸਪਤਾਲ ਦੇ ਸਹਿਯੋਗ ਨਾਲ ਪਿੰਡ ਥਾਂਦੀਆਂ ਵਿਖੇ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ। ਉਦਘਾਟਨ ਸਮਾਜ ਸੇਵਕ ਜੋਗਾ ਸਿੰਘ ਨਵਾਂ ਸ਼ਹਿਰ ਨੇ ਰੀਬਨ ਕੱਟ ਕੇ ਕੀਤਾ।ਆਈ ਵੀ ਵਾਈ ਹਸਪਤਾਲ ਵੱਲੋਂ ਵੀ. ਪੀ. ਸ਼ੂਗਰ, ਈ. ਸੀ. ਜੀ ਮੁਫ਼ਤ ਕੀਤੀ ਗਈ। ਫੌਂਡੇਸ਼ਨ ਵੱਲੋਂ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਫ੍ਰੀ ਦਿਤੀਆਂ ਗਈਆਂ। ਇਸ ਮੌਕੇ ਸਰਪੰਚ ਕੁਲਵਾਰਨ ਸਿੰਘ, ਸੋਖੀ ਰਾਮ ਬਿੰਜੋ,ਰਘਵੀਰ ਸਿੰਘ, ਸਤਨਾਮ ਸੰਧੂ ਆਦਿ ਹਾਜ਼ਰ ਸਨ।

# ਜਨਮ ਦਿਨ ਮੁਬਾਰਕ



ਅਮਰਵੀਰ ਸਿੰਘ ਢਿੱਲੋਂ (ਹੁਸ਼ਿਆਰਪੁਰ)



ਜਸਰਾਜ ਸਿੰਘ (ਹੁਸ਼ਿਆਰਪੁਰ)

# ਡਾ. ਅੰਬੇਡਕਰ ਤੇ ਕਾਂਸ਼ੀ ਰਾਮ ਦਾ ਜਨਮ ਦਿਨ ਮਨਾਇਆ



ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ ) ਬਹੁਜਨ ਸਮਾਜ ਪਾਰਟੀ ਸੁਪੋਰਟਰ ਯੂ ਕੇ ਵੱਲੋਂ ਹਰ ਸਾਲ ਦੀ ਤਰ੍ਹਾਂ ਭਾਰਤ ਰਤਨ ਡਾ:ਬੀ ਆਰ ਅੰਬੇਡਕਰ ਅਤੇ ਸਾਹਿਬ ਸ੍ਰੀ ਕਾਂਸ਼ੀ ਰਾਮ ਦਾ ਜਨਮ ਦਿਨ ਸ਼ਰਧਾ ਪੂਰਵਕ ਨਿਊ ਬ੍ਰਿਟਾਨੀਆਂ ਇੰਨ ਹਾਲ ਵੈਸਟ ਬ੍ਰੋਵਿਚ ਯੂ ਕੇ ਵਿਖੇ ਮਨਾਇਆ ਗਿਆ । ਯੂ ਕੇ ਦੇ ਵੱਖ ਸ਼ਹਿਰਾਂ ਵਿੱਚੋਂ ਬੀ ਐਸ ਪੀ ਸੁਪੋਰਟਰ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਦੁਪਿਹਰ ਇਕ ਵਜੇ ਤੋਂ ਲੈ ਕੇ ਸ਼ਾਮ 7 ਵਜੇ ਤੱਕ ਚਲੇ ਵਿਸ਼ੇਸ਼ ਪ੍ਰੋਗਰਾਮ ਵਿਚ ਆਈਆਂ ਹੋਈਆਂ ਸੰਗਤਾਂ ਲਈ ਚਾਹ ਪਕੌੜੇ ਅਤੇ ਲੰਗਰ ਦਾ ਪ੍ਰਬੰਧਕ ਕੀਤਾ ਗਿਆ ਸੀ । ਸਮਾਜ ਦੇ ਬੁੱਧੀਜੀਵੀ ਬੁਲਾਰਿਆਂ ਤੋਂ ਇਲਾਵਾ ਮਿਸ਼ਨਰੀ ਗਾਇਕਾ ਪ੍ਰਿਆ ਬੰਗਾ ਅਤੇ ਪ੍ਰੇਮ ਚਮਕੀਲਾ ਨੇ ਵੀ ਬਹੁਜਨ ਲਹਿਰ, ਅੰਬੇਡਕਰ ਅਤੇ ਕਾਂਸ਼ੀ ਰਾਮ ਦੀ ਸਮਾਜ ਨੂੰ ਦੇਣ ਸੰਬੰਧੀ ਗੀਤਾਂ /ਗਾਣਿਆਂ ਰਾਹੀਂ ਜਾਣੂੰ ਕਰਵਾਇਆ। ਇਸ ਪ੍ਰੋਗਰਾਮ ਦੇ ਪ੍ਰਬੰਧਕਾਂ ਵਿੱਚ ਪ੍ਰਮੁੱਖ ਲਖਵਿੰਦਰ ਬਸਰਾ, ਰਾਮ ਜੱਖੂ , ਪੰਮਾਂ ਸੁਨਿਆਰਾ , ਕੁਲਦੀਪ ਦੀਪਾ ,ਸੁਰੇਸ਼ ਕੁਮਾਰ , ਕੁਲਦੀਪ ਕੁਮਾਰ,ਮਨਜੀਤ ਰੱਤੂ,ਜਸਪਾਲ ਸੈਂਪਲੇ,ਮਨੀ,ਰਾਮ ਪਾਲ ਅਤੇ ਦਲਵੀਰ ਸਿੰਘ ਸਨ। ਪ੍ਰੋਗਰਾਮ ਦੀ ਸ਼ੁਰੂਆਤ ਭੰਤੇ ਵੱਲੋਂ ਬੁੱਧ ਧਰਮ ਦੀਆਂ ਰਸਮਾਂ ਅਨੁਸਾਰ ਕਰਵਾਈ ਗਈ। ਮੁੱਖ ਬੁਲਾਰਿਆਂ ਵਿੱਚ ਸਤਪਾਲ ਮੰਮਣ, ਸ੍ਰੀਮਤੀ ਕਮਲੇਸ ਅਹੀਰ ਕਨੇਡਾ ਅਤੇ ਬੁੱਧ ਵਿਹਾਰ ਵੁਲਵਰਹੈਂਪਟਨ ਦੇ ਭੰਤੇ ਜੀ ਸਨ। ਸਮਾਗਮ ਵਿੱਚ ਹਾਜਰ ਪ੍ਰਮੁੱਖ ਸਖਸੀਅਤਾਂ ਵਿੱਚ ਗਿਆਨ ਚੰਦ ਦੀਵਾਲੀ ਮੀਤ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ , ਤਰਸੇਮ ਕੌਲਧਾਰ,ਲਾਭ ਸੰਧੀ, ਰੇਸ਼ਮ ਮਹੇ ਅਤੇ ਮਨਜੀਤ ਲਾਲ ਆਦਿ ਸਨ।

# ਜੀ ਆਰ ਡੀ ਸਕੂਲ ਟਾਂਡਾ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ



ਟਾਂਡਾ ਉੜਮੁੜ, ( ਉਂਕਾਰ ਸਿੰਘ ਜਸਵਿੰਦਰ ਸੰਧ )-ਸ੍ਰੀ ਗੁਰੂ ਰਾਮਦਾਸ ਸੇਵਾ ਸਿਮਰਨ ਸੁਸਾਇਟੀ ਵੱਲੋਂ ਚਲਾਏ ਜਾ ਰਹੇ ਜੀ.ਆਰ.ਡੀ ਇੰਟਰਨੈਸ਼ਨਲ ਸਕੂਲ ਟਾਂਡਾ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਸੰਸਥਾ ਦੀ ਚੇਅਰਪਰਸਨ ਪ੍ਰਦੀਪ ਕੌਰ, ਐਮ.ਡੀ ਬਿਕਰਮ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਧੀਨ, ਮੈਨੇਜਰ ਸਰਬਜੀਤ ਸਿੰਘ ਮੋਮੀ ਦੀ ਅਗਵਾਈ ਅਤੇ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਦੀ ਦੇਖ-ਰੇਖ ਹੇਠ ਮਨਾਏ ਗਏ ਧਰਤੀ ਦਿਵਸ ਦੇ ਪ੍ਰੋਗਰਾਮ ਵਿੱਚ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਸਭ ਤੋਂ ਪਹਿਲਾਂ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਧਰਤੀ ਨੂੰ ਹਰਿਆ ਭਰਿਆ ਤੇ ਪ੍ਰਦੂਸ਼ਿਤ ਰਹਿਤ ਬਣਾਉਣ ਲਈ ਸੰਯੁਕਤ ਰੂਪ ਵਿੱਚ ਪ੍ਰਣ ਕੀਤਾ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਦਾ ਵਾਦਾ ਵੀ ਕੀਤਾ।ਇਸ ਮੌਕੇ ਸੰਬੋਧਨ ਕਰਦੇ ਹੋਏ ਸੰਸਥਾਂ ਤੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਦੱਸਿਆ ਕਿ ਹਰ ਸਾਲ ਹੀ 22 ਅਪ੍ਰੈਲ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਵਿਸ਼ਵ ਧਰਤੀ ਦਿਵਸ ਮਨਾਇਆ ਜਾਂਦਾ ਹੈ ਜਿਸ ਦਾ ਮੁੱਖ ਮਕਸਦ ਇਹੀ ਹੈ ਕਿ ਤੁਸੀਂ ਆਪਣੀ ਧਰਤੀ ਨੂੰ ਹਰਿਆ ਭਰਿਆ ਪ੍ਰਦੂਸ਼ਿਤ ਰਹਿਤ ਰੱਖੀਏ ।

ਉਹਨਾਂ ਹੋਰ ਕਿਹਾ ਕਿ ਧਰਤੀ ਨੂੰ ਹਰਿਆ ਭਰਿਆ ਅਤੇ ਪ੍ਰਦੂਸ਼ਿਤ ਰਹਿਤ ਰੱਖਣਾ ਸਾਡਾ ਸਾਰਿਆਂ ਦਾ ਹੀ ਮੁੱਢਲਾ ਫਰਜ਼ ਹੈ ਤੇ ਇਸ ਵਾਸਤੇ ਸਾਨੂੰ ਸਾਰਿਆਂ ਨੂੰ ਹੀ ਰਲ ਮਿਲ ਕੇ ਉਪਰਾਲੇ ਕਰਨੇ ਚਾਹੀਦੇ ਹਨ। ਇਸ ਮੌਕੇ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਮੈਂਬਰਾਂ ਵੱਲੋਂ ਧਰਤੀ ਦਿਵਸ ਦੇ ਪ੍ਰੋਗਰਾਮ ਵਿੱਚ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ ਅਤੇ ਕਹਾ ਕਿ ਜੇਕਰ ਸਮਾਂ ਰਹਿੰਦਿਆਂ ਅਸੀਂ ਨਾ ਸੰਭਲੇ ਤਾਂ ਆਉਣ ਵਾਲੇ ਸਮੇਂ ਵਿੱਚ ਇਸ ਦੇ ਬਹੁਤ ਹੀ ਭਿਆਨਕ ਨਤੀਜੇ ਸਾਹਮਣੇ ਆਉਣਗੇ ਅਤੇ ਲਗਾਤਾਰ ਸਾਨੂੰ ਵਿਸ਼ਵ ਪੱਧਰ 'ਤੇ ਕਈ ਕਈ ਭਿਆਨਕ ਘਟਨਾਵਾਂ ਦੇਖਣ ਨੂੰ ਮਿਲ ਰਹੀਆਂ ਹਨ ਜੋ ਕਿ ਜੋ ਕਿ ਕੁਦਰਤ ਨਾਲ ਕੀਤੀ ਜਾ ਰਹੀ ਛੇੜ ਛਾੜ ਦਾ ਹੀ ਨਤੀਜਾ ਹੈ। ਇਸ ਮੌਕੇ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ ਤੇ ਜੇਤੂ ਰਹੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਗੁਰਪ੍ਰੀਤ ਕੌਰ, ਤਜਿੰਦਰ ਕੌਰ, ਮਨਪ੍ਰੀਤ ਕੌਰ, ਬਲਜੀਤ ਕੌਰ, ਹਰਦੀਪ ਕੌਰ, ਮਨਜੀਤ ਕੌਰ, ਸਿਮਰਨ ਕੌਰ, ਹਰਿੰਦਰ ਕੌਰ, ਨਿਸ਼ਾ ਰਾਣੀ, ਪੈਂਕੀ ਚੌਧਰੀ, ਕਸ਼ਮੀਰ ਕੌਰ, ਗੁਰਪ੍ਰੀਤ ਕੌਰ, ਹਰਦੀਪ ਕੌਰ ਹਾਜ਼ਰ ਸਨ।